ਸ਼ੁੱਕਰਵਾਰ, 27 ਅਕਤੂਬਰ, 2023
11 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 147

# ਨਵਾਂ ਜ਼ਮਾਨਾ

DAILY NAWAN ZAMANA • FRIDAY, 27 OCTOBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

## ਭਾਰਤੀ ਨੇਵੀ ਦੇ 8 ਸਾਬਕਾ ਅਫਸਰਾਂ ਨੂੰ ਕਤਰ 'ਚ ਮੌਤ ਦੀ ਸਜ਼ਾ



ਸਾਬਕਾ ਨੇਵੀ ਅਫਸਰ ਪੂਰਣੇਂਦੂ ਤਿਵਾੜੀ।

**ਦੋਹਾ** : ਕਤਰ ਦੀ ਅਦਾਲਤ ਨੇ ਭਾਰਤ ਦੇ 8 ਸਾਬਕਾ ਨੇਵੀ ਅਫਸਰਾਂ ਨੂੰ ਮੌਤ ਦੀ ਸਜ਼ਾ ਸੁਣਾਈ ਹੈ। ਇਹ ਉੱਥੇ ਇਕ ਸਾਲ ਤੋਂ ਵੱਖ-ਵੱਖ ਜੇਲ੍ਹਾਂ ਵਿਚ ਬੰਦ ਹਨ। ਭਾਰਤੀ ਵਿਦੇਸ਼ ਮੰਤਰਾਲੇ ਨੇ ਫੈਸਲੇ 'ਤੇ ਹੈਰਾਨੀ ਤੇ ਪ੍ਰੇਸ਼ਾਨੀ ਪ੍ਰਗਟ ਕਰਦਿਆਂ ਕਿਹਾ ਕਿ ਉਹ ਪੂਰੇ ਫੈਸਲੇ ਦੀ ਉਡੀਕ ਕਰ ਰਿਹਾ ਹੈ। ਭਾਰਤ ਸਰਕਾਰ ਇਸ ਬਾਰੇ ਕਤਰ ਦੀ ਸਰਕਾਰ ਨਾਲ ਗੱਲ ਕਰੇਗੀ। ਕਤਰ ਸਰਕਾਰ ਨੇ ਨੇਵੀ ਅਫਸਰਾਂ 'ਤੇ ਲੱਗੇ ਦੋਸ਼ ਜਨਤਕ ਨਹੀਂ ਕੀਤੇ । ਜਿਨ੍ਹਾਂ ਨੂੰ ਸਜ਼ਾ ਸੁਣਾਈ ਗਈ ਹੈ, ਉਨ੍ਹਾਂ ਵਿਚ ਕੈਪਟਨ ਨਵਤੇਜ ਸਿੰਘ ਗਿੱਲ, ਕੈਪਟਨ ਸੌਰਭ ਵਸ਼ਿਸ਼ਟ, ਕੈਪਟਨ ਬੀਰੇਂਦਰ ਕੁਮਾਰ ਵਰਮਾ, ਕਮਾਂਡਰ ਪੂਰਣੇਂਦੂ ਤਿਵਾੜੀ, ਕਮਾਂਡਰ ਸੁਗਨਾਕਰ ਪਕਾਲਾ, ਕਮਾਂਡਰ ਸੰਜੀਪ ਗੁਪਤਾ, ਕਮਾਂਡਰ ਅਮਿਤ ਨਾਗਪਾਲ ਤੇ ਸੇਲਰ ਰਾਗੇਸ਼ ਸ਼ਾਮਲ ਹਨ।

ਕਤਰ ਦੀ ਇੰਟੈਲੀਜੈਂਸ ਏਜੰਸੀ ਦੇ ਸਟੇਟ ਸਕਿਉਰਿਟੀ ਬਿਊਰੋ ਨੇ ਇਨ੍ਹਾਂ ਨੂੰ 30 ਅਗਸਤ 2022 ਨੂੰ ਗ੍ਰਿਫਤਾਰ ਕੀਤਾ ਸੀ। ਭਾਰਤੀ ਦੂਤਘਰ ਨੂੰ ਸਤੰਬਰ ਦੇ ਅੱਧ ਵਿਚ ਪਹਿਲੀ ਵਾਰ ਗ੍ਰਿਫਤਾਰੀਆਂ ਬਾਰੇ ਦੱਸਿਆ ਗਿਆ। 30 ਸਤੰਬਰ ਨੂੰ ਇਨ੍ਹਾਂ ਨੂੰ ਪਰਵਾਰਕ ਮੈਂਬਰਾਂ ਨਾਲ ਥੋੜ੍ਹੀ ਦੇਰ ਲਈ ਫੋਨ 'ਤੇ ਗੱਲਬਾਤ ਕਰਨ ਦੀ ਆਗਿਆ ਦਿੱਤੀ ਸੀ। ਦੂਤਘਰ ਵਾਲਿਆਂ ਨੂੰ ਇਕ ਮਹੀਨੇ ਬਾਅਦ ਤਿੰਨ ਅਕਤੂਬਰ ਨੂੰ ਮਿਲਣ ਦਿੱਤਾ ਗਿਆ। ਇਸ ਦੇ ਬਾਅਦ ਇਨ੍ਹਾਂ ਨੂੰ ਹਰ ਹਫਤੇ ਪਰਵਾਰਕ ਮੈਂਬਰਾਂ ਨਾਲ ਫੋਨ 'ਤੇ ਗੱਲਬਾਤ ਦੀ ਆਗਿਆ ਦਿੱਤੀ ਗਈ ਅਤੇ ਦੂਤਘਰ ਵਾਲਿਆਂ ਨੂੰ ਦੂਜੀ ਵਾਰ ਦਸੰਬਰ ਵਿਚ ਮਿਲਣ ਦਿੱਤਾ ਗਿਆ। ਇਹ ਕਤਰ ਵਿਚ ਦਾਹਰਾ ਗਲੋਬਲ ਟੈਕਨਾਲੋਜੀਜ਼ ਐਂਡ ਕੰਸਲਟੈਂਸੀ ਨਾਂਅ ਦੀ ਨਿੱਜੀ ਕੰਪਨੀ ਵਿਚ ਕੰਮ ਕਰਦੇ ਸਨ। ਇਹ ਕੰਪਨੀ ਡਿਫੈਂਸ ਸਰਵਿਸ ਦਿੰਦੀ ਹੈ। ਓਮਾਨ ਏਅਰ ਫੋਰਸ ਦਾ ਰਿਟਾਇਰਡ ਸਕੁਐਡਰਨ ਲੀਡਰ ਖਮਿਸ ਅਲ ਆਜ਼ਮੀ ਇਸ ਦਾ ਮੁਖੀ ਹੈ। ਉਸ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਸੀ, ਪਰ ਨਵੰਬਰ ਵਿਚ ਛੱਡ ਦਿੱਤਾ ਗਿਆ। ਭਾਰਤੀਆਂ ਦੀ ਗ੍ਰਿਫਤਾਰੀ ਤੋਂ ਬਾਅਦ ਕੰਪਨੀ ਦੀ ਵੈੱਬਸਾਈਟ ਬੰਦ ਹੋ ਗਈ ਸੀ। ਨਵੀਂ ਵੈੱਬਸਾਈਟ ਦਾ ਨਾਂਅ ਦਾਹਰਾ ਗਲੋਬਲ ਹੈ, ਇਸ ਦਾ ਪਹਿਲੀ ਕੰਪਨੀ ਨਾਲ ਕੋਈ ਰਿਸ਼ਤਾ ਨਹੀਂ ਦਿਖਾਇਆ ਗਿਆ। ਦਾਹਰਾ ਕੰਪਨੀ ਵਿਚ ਮੈਨੇਜਿੰਗ ਡਾਇਰੈਕਟਰ ਰਹੇ ਕਮਾਂਡਰ ਪੂਰਣੇਂਦੂ ਤਿਵਾੜੀ ਨੂੰ ਭਾਰਤ ਤੇ ਕਤਰ ਵਿਚਾਲੇ ਦੁਵੱਲੇ ਸੰਬੰਧਾਂ ਨੂੰ ਅੱਗੇ ਵਧਾਉਣ ਲਈ ਉਨ੍ਹਾ ਦੀਆਂ ਸੇਵਾਵਾਂ ਬਦਲੇ 2019 ਵਿਚ ਪ੍ਰਵਾਸੀ ਭਾਰਤੀ ਸਨਮਾਨ ਮਿਲਿਆ ਸੀ।

ਹਾਲਾਂਕਿ ਕਤਰ ਨੇ 8 ਭਾਰਤੀਆਂ ਦੇ ਦੋਸ਼ਾਂ ਬਾਰੇ ਕੁਝ ਨਹੀਂ ਦੱਸਿਆ, ਪਰ ਉਨ੍ਹਾਂ ਨੂੰ ਇਕੱਲੇ-ਇਕੱਲੇ ਜੇਲ੍ਹ ਵਿਚ ਰੱਖਣ ਕਾਰਨ ਚਰਚਾ ਹੈ ਕਿ ਉਨ੍ਹਾਂ ਨੂੰ ਸੁਰੱਖਿਆ ਸੰਬੰਧੀ ਅਪਰਾਧ ਦੇ ਸਿਲਸਿਲੇ ਵਿਚ ਗ੍ਰਿਫਤਾਰ ਕੀਤਾ ਗਿਆ। ਸਥਾਨਕ ਮੀਡੀਆ ਰਿਪੋਰਟਾਂ ਵਿਚ ਦਾਅਵਾ ਕੀਤਾ ਗਿਆ ਸੀ ਕਿ ਇਹ ਲੋਕ ਇਜ਼ਰਾਈਲ ਲਈ ਕਤਰ ਦੇ ਪਣਡੁੱਬੀ ਪ੍ਰੋਜੈਕਟ ਦੀ ਜਾਸੂਸੀ ਕਰ ਰਹੇ ਸਨ। ਹਾਲਾਂਕਿ ਰਿਪੋਰਟਾਂ ਵਿਚ ਕੋਈ ਤੱਥ ਨਹੀਂ ਪੇਸ਼ ਕੀਤੇ ਗਏ।

## ਅਮਰੀਕਾ 'ਚ 22 ਜਿੰਦਾਂ ਗੰਨ ਕਲਚਰ ਦੀ ਭੇਟ ਚੜ੍ਹੀਆਂ

**ਲੈਵਿਸਟਨ** : ਅਮਰੀਕਾ ਦੇ ਮੇਨ ਸੂਬੇ ਦੇ ਲੈਵਿਸਟਨ 'ਚ ਬੁੱਧਵਾਰ ਰਾਤ ਇਕ ਵਿਅਕਤੀ ਨੇ ਤਿੰਨ ਕਮਰਸ਼ੀਅਲ ਸੈਂਟਰਾਂ ਵਿਚ ਗੋਲੀਆਂ ਚਲਾ ਕੇ ਘੱਟੋ-ਘੱਟ 22 ਲੋਕਾਂ ਨੂੰ ਮਾਰ ਦਿੱਤਾ ਤੇ 60 ਨੂੰ ਜ਼ਖਮੀ ਕਰ ਦਿੱਤਾ। ਕਈਆਂ ਦੀ ਹਾਲਤ ਗੰਭੀਰ ਬਣੀ ਹੋਈ ਸੀ। ਇਸ ਘਟਨਾ ਨਾਲ ਸੂਬੇ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ 'ਚ ਹਫੜਾ-ਦਫੜੀ ਮਚ ਗਈ।



ਹਮਲਾਵਰ ਦੀ ਤਸਵੀਰ।

ਪੁਲਸ ਨੇ ਹਮਲਾਵਰ ਦੀ ਪਛਾਣ ਰੌਬਰਟ ਕਾਰਡ ਵਜੋਂ ਕੀਤੀ, ਜਿਹੜਾ ਫੜਿਆ ਨਹੀਂ ਗਿਆ । ਹਮਲਾਵਰ ਨੇ ਇਹ ਕਾਰਾ ਉਦੋਂ ਕੀਤਾ, ਜਦੋਂ ਰਾਤ 8 ਵਜੇ ਦੇ ਕਰੀਬ ਲੋਕ ਪਰਵਾਰਾਂ ਤੇ ਦੋਸਤਾਂ ਨਾਲ ਸਪੇਅਰ ਟਾਈਮ ਗੀਕ੍ਰਿਏਸ਼ਨ, ਸਕੀਮੇਂਜੀਸ ਬਾਰ ਐਂਡ ਗਰਿਲ ਰੈਸਟਰੈਂਟ ਤੇ ਵਾਲਮਾਰਟ ਸੈਂਟਰ ਵਿਚ ਸਨ।

ਅਮਰੀਕਾ ਦੀ ਆਬਾਦੀ 33 ਕਰੋੜ ਹੈ ਤੇ ਉੱਥੋਂ ਦੇ ਲੋਕਾਂ ਕੋਲ ਕਰੀਬ 40 ਕਰੋੜ ਬੰਦੂਕਾਂ ਹਨ। ਸਵਿਟਜ਼ਰਲੈਂਡ ਦੇ ਸਮਾਲ ਆਰਮਜ਼ ਸਰਵੇ ਦੀ ਰਿਪੋਰਟ ਮੁਤਾਬਕ ਦੁਨੀਆ ਵਿਚ ਕੁਲ 85 ਕਰੋੜ 70 ਲੱਖ ਬੰਦੂਕਾਂ ਵਿੱਚੋਂ ਇਕੱਲੇ ਅਮਰੀਕੀਆਂ ਕੋਲ 39 ਕਰੋੜ 30 ਲੱਖ ਬੰਦੂਕਾਂ ਹਨ।

● ਬਾਕੀ ਸਫ਼ਾ 2 'ਤੇ

## ਸੁਰੱਖਿਆ ਕੌਂਸਲ 'ਚ ਮਤੇ ਵੀਟੋ 'ਚ ਰੁਲ ਗਏ

**ਸੰਯੁਕਤ ਰਾਸ਼ਟਰ** : ਰੂਸ ਅਤੇ ਚੀਨ ਨੇ ਗਾਜ਼ਾ ਵਿਚ ਮਨੁੱਖੀ ਸਹਾਇਤਾ ਭੇਜਣ ਲਈ ਜੰਗਬੰਦੀ ਦੀ ਮੰਗ ਕਰਨ ਵਾਲੇ ਅਮਰੀਕਾ ਦੀ ਅਗਵਾਈ ਵਾਲੇ ਮਤੇ ਦੇ ਖਰੜੇ 'ਤੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿਚ ਵੀਟੋ ਦੀ ਵਰਤੋਂ ਕੀਤੀ। ਇਸ ਤੋਂ ਬਾਅਦ ਬਰਤਾਨੀਆ ਅਤੇ ਅਮਰੀਕਾ ਨੇ ਵੀ ਇਜ਼ਰਾਈਲ-ਹਮਾਸ ਸੰਘਰਸ਼ 'ਤੇ ਰੂਸ ਵੱਲੋਂ ਲਿਆਂਦੇ ਮਤੇ ਵਿਰੁੱਧ ਵੀਟੋ ਦੀ ਵਰਤੋਂ ਕੀਤੀ।

ਅਮਰੀਕਾ ਵੱਲੋਂ ਪੇਸ਼ ਕੀਤੇ ਗਏ ਪਹਿਲੇ ਮਤੇ 'ਚ ਕਿਹਾ ਗਿਆ ਸੀ ਕਿ ਮੈਂਬਰ ਦੇਸ਼ਾਂ ਨੂੰ ਅੱਤਵਾਦੀ ਕਾਰਵਾਈਆਂ ਤੋਂ ਪੈਦਾ ਹੋਣ ਵਾਲੇ ਸ਼ਾਂਤੀ ਅਤੇ ਸੁਰੱਖਿਆ ਲਈ ਖਤਰੇ ਤੋਂ ਬਚਾਅ ਕਰਨ ਦਾ ਅਧਿਕਾਰ ਹੈ। ਇਹ ਹਮਾਸ ਦੇ ਅੱਤਵਾਦੀਆਂ ਵੱਲੋਂ ਸ਼ਾਸਤ ਖੇਤਰ ਗਾਜ਼ਾ ਤੱਕ ਪੂਰੀ, ਤੁਰੰਤ, ਸੁਰੱਖਿਅਤ ਅਤੇ ਬਿਨਾਂ ਰੁਕਾਵਟ ਪਹੁੰਚ ਨੂੰ ਯਕੀਨੀ ਬਣਾਉਣ ਲਈ ਸਾਰੇ ਉਪਾਅ ਕਰਨ ਦੀ ਮੰਗ ਕਰਦਾ ਹੈ। ਕੌਂਸਲ ਦੇ ਸਥਾਈ ਮੈਂਬਰ ਰੂਸ ਅਤੇ ਚੀਨ ਨੇ ਇਸ ਮਤੇ 'ਤੇ ਵੀਟੋ ਦੀ ਵਰਤੋਂ ਕੀਤੀ। ਸੰਯੁਕਤ ਅਰਬ ਅਮੀਰਾਤ ਨੇ ਵੀ ਮਤੇ ਖਿਲਾਫ ਵੀਟੋ ਪਾਈ। ਕੌਂਸਲ ਦੇ 10 ਮੁਲਕਾਂ (ਅਲਬਾਨੀਆ, ਫਰਾਂਸ, ਇਕਵਾਡੋਰ, ਗੈਬੋਨ, ਘਾਨਾ, ਜਾਪਾਨ, ਮਾਲਟਾ, ਸਵਿਟਜ਼ਰਲੈਂਡ, ਬਰਤਾਨੀਆ, ਅਮਰੀਕਾ) ਨੇ ਇਸ ਦੇ ਹੱਕ ਵਿਚ ਵੋਟਿੰਗ ਕੀਤੀ ਅਤੇ ਬ੍ਰਾਜ਼ੀਲ ਤੇ ਮੋਜ਼ੰਬੀਕ ਵੋਟਿੰਗ ਤੋਂ ਦੂਰ ਰਹੇ। ਇਸ ਤੋਂ ਬਾਅਦ ਕੌਂਸਲ ਨੇ ਰੂਸ ਦੇ ਮਤੇ 'ਤੇ ਵੋਟਿੰਗ ਕੀਤੀ, ਜਿਸ ਵਿਚ ਮਾਨਵਤਾਵਾਦੀ ਜੰਗਬੰਦੀ, ਗਾਜ਼ਾ ਨੂੰ ਨਿਰਵਿਘਨ ਸਹਾਇਤਾ ਅਤੇ ਗਾਜ਼ਾ ਦੇ ਨਾਗਰਿਕਾਂ ਨੂੰ ਦੱਖਣੀ ਹਿੱਸੇ 'ਚ ਲਿਜਾਣ ਲਈ ਇਜ਼ਰਾਈਲੀ ਫੌਜਾਂ ਦੇ ਆਦੇਸ਼ ਨੂੰ ਤੁਰੰਤ ਰੱਦ ਕਰਨ ਦੀ ਮੰਗ ਸੀ। ਇਸ ਤਜਵੀਜ਼ ਦੇ ਹੱਕ 'ਚ ਲੋੜੀਂਦੀਆਂ ਵੋਟਾਂ ਨਹੀਂ ਪਈਆਂ। ਚਾਰ ਦੇਸ਼ਾਂ ਚੀਨ, ਗੈਬੋਨ, ਰੂਸ ਅਤੇ ਸੰਯੁਕਤ ਅਰਬ ਅਮੀਰਾਤ ਨੇ ਇਸ ਦੇ ਹੱਕ ਵਿੱਚ ਵੋਟਿੰਗ ਕੀਤੀ, ਜਦੋਂ ਕਿ ਬਰਤਾਨੀਆ ਤੇ ਅਮਰੀਕਾ ਨੇ ਇਸ ਉੱਤੇ ਵੀਟੋ ਦੀ ਵਰਤੋਂ ਕੀਤੀ ਅਤੇ 9 ਦੇਸ਼ ਅਲਬਾਨੀਆ, ਬ੍ਰਾਜ਼ੀਲ, ਇਕਵਾਡੋਰ, ਫਰਾਂਸ, ਘਾਨਾ, ਜਾਪਾਨ, ਮਾਲਟਾ, ਮੋਜ਼ੰਬੀਕ ਤੇ ਸਵਿਟਜ਼ਰਲੈਂਡ ਵੋਟਿੰਗ ਤੋਂ ਦੂਰ ਰਹੇ।

### ਇਜ਼ਰਾਈਲ ਵੱਲੋਂ ਜ਼ਮੀਨੀ ਹਮਲਾ

**ਰਾਫਾਹ (ਗਾਜ਼ਾ ਪੱਟੀ)** : ਇਜ਼ਰਾਈਲੀ ਫੌਜਾਂ ਅਤੇ ਟੈਂਕਾਂ ਨੇ ਵੀਰਵਾਰ ਉੱਤਰੀ ਗਾਜ਼ਾ 'ਚ ਜ਼ਮੀਨੀ ਹਮਲਾ ਕੀਤਾ।

ਫੌਜ ਨੇ ਕਿਹਾ ਕਿ ਦੋ ਹਫਤਿਆਂ ਤੋਂ ਵੱਧ ਹਵਾਈ ਹਮਲਿਆਂ ਤੋਂ ਬਾਅਦ ਸੰਭਾਵਤ ਵੱਡੇ ਜ਼ਮੀਨੀ ਹਮਲੇ ਲਈ ਜੰਗ ਦੇ ਮੈਦਾਨ ਨੂੰ ਤਿਆਰ ਕਰਨ ਲਈ ਕਈ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ। ਇਹ ਹਮਲਾ ਉਦੋਂ ਹੋਇਆ ਹੈ, ਜਦੋਂ ਸੰਯੁਕਤ ਰਾਸ਼ਟਰ ਨੇ ਚਿਤਾਵਨੀ ਦਿੱਤੀ ਹੈ ਕਿ ਗਾਜ਼ਾ ਪੱਟੀ 'ਚ ਈਂਧਣ ਖਤਮ ਹੋਣ ਵਾਲਾ ਹੈ।

## ਪਹਿਲੀ ਦੀ ਬਹਿਸ ਰਵਾਇਤੀ ਪਾਰਟੀਆਂ ਪਾਸੋਂ ਸੂਬੇ ਨਾਲ ਕਮਾਏ ਧਰੋਹ ਦਾ ਜਵਾਬ ਮੰਗੇਗੀ : ਮੁੱਖ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਇਕ ਨਵੰਬਰ ਨੂੰ ਲੁਧਿਆਣਾ ਵਿਖੇ ਹੋ ਰਹੀ ਬਹਿਸ 'ਮੈਂ ਪੰਜਾਬ ਬੋਲਦਾ ਹਾਂ' ਦੌਰਾਨ ਲੋਕ ਰਵਾਇਤੀ ਪਾਰਟੀਆਂ ਪਾਸੋਂ ਸੂਬੇ ਨਾਲ ਕੀਤੇ ਗੁਨਾਹਾਂ ਦਾ ਜਵਾਬ ਮੰਗਣਗੇ। ਇਸ ਯਾਦਗਾਰੀ ਮੌਕੇ ਸ਼ਿਰਕਤ ਕਰਨ ਲਈ ਸੂਬੇ ਦੇ ਲੋਕਾਂ ਨੂੰ ਖੁੱਲ੍ਹਾ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਹੁਣ ਤੱਕ ਸੱਤਾ ਵਿੱਚ ਰਹਿ ਰਹੀਆਂ ਸਾਰੀਆਂ ਸਿਆਸੀ ਧਿਰਾਂ ਬਹਿਸ ਦੌਰਾਨ ਆਪਣਾ ਪੱਖ ਰੱਖਣਗੀਆਂ। ਉਨ੍ਹਾ ਕਿਹਾ ਕਿ ਹਰੇਕ ਪਾਰਟੀ ਨੂੰ ਆਪਣਾ ਪੱਖ ਪੇਸ਼ ਕਰਨ ਲਈ 30 ਮਿੰਟ ਦਾ ਸਮਾਂ ਮਿਲੇਗਾ, ਜਿਸ ਵਿੱਚ ਸੂਬੇ ਨਾਲ ਜੁੜੇ ਮਸਲੇ ਉਠਾਏ ਜਾਣਗੇ। ਉਹਨਾ ਕਿਹਾ ਕਿ 'ਮੈਂ ਪੰਜਾਬ ਬੋਲਦਾ ਹਾਂ' ਬਹਿਸ ਦੌਰਾਨ ਪ੍ਰੋਫੈਸਰ ਨਿਰਮਲ ਜੌੜਾ ਮੰਚ ਸੰਚਾਲਨ ਕਰਨਗੇ।

ਮੁੱਖ ਮੰਤਰੀ ਨੇ ਕਿਹਾ-ਖੁੱਲ੍ਹੀ ਬਹਿਸ ਪੰਜਾਬ ਨੂੰ ਹੁਣ ਤੱਕ ਕੀਹਨੇ ਤੇ ਕਿਵੇਂ ਲੁੱਟਿਆ ਦੇ ਆਲੇ-ਦੁਆਲੇ ਕੇਂਦਰਤ ਹੋਵੇਗੀ। ਇਸ ਬਹਿਸ ਵਿੱਚ ਭਾਈ-ਭਤੀਜੇ, ਸਾਲੇ-ਜੀਜੇ, ਮਿੱਤਰ-ਮੁਲਾਹਜ਼ੇ, ਟੋਲ ਪਲਾਜ਼ੇ, ਜਵਾਨੀ-ਕਿਸਾਨੀ, ਵਪਾਰ-ਦੁਕਾਨਦਾਰ, ਗੁਰੂਆਂ ਦੀ ਬਾਣੀ, ਨਹਿਰਾਂ ਦਾ ਪਾਣੀ ਦੀ ਗੱਲ ਹੋਵੇਗੀ।

ਉਨ੍ਹਾ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਲੀਡਰਾਂ ਨੇ ਇਨ੍ਹਾਂ ਸਾਰੇ ਮਸਲਿਆਂ ਉਤੇ ਪੰਜਾਬ ਨਾਲ ਗੱਦਾਰੀ ਕੀਤੀ ਹੈ, ਜਿਸ ਲਈ ਇਨ੍ਹਾਂ ਨੂੰ ਸੂਬੇ ਦੇ ਲੋਕਾਂ ਅੱਗੇ ਜੁਆਬਦੇਹ ਬਣਾਇਆ ਜਾਵੇਗਾ। ਮਾਨ ਨੇ ਇਨ੍ਹਾਂ ਨੇਤਾਵਾਂ ਨੂੰ ਪੰਜਾਬ ਵਾਸੀਆਂ ਅਤੇ

● ਬਾਕੀ ਸਫ਼ਾ 2 'ਤੇ

## ਮਾਨ ਸਰਕਾਰ ਐੱਸ ਵਾਈ ਐੱਲ 'ਤੇ ਬਹਿਸ ਦੀ ਥਾਂ ਸਰਬ ਪਾਰਟੀ ਮੀਟਿੰਗ ਸੱਦੇ : ਬਰਾੜ, ਸੇਖੋਂ

**ਬਹਿਰਾਮ (ਅਵਤਾਰ ਕਲੇਰ)**

ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਤੇ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਐੱਸ ਵਾਈ ਐੱਲ ਦੇ ਮੁੱਦੇ 'ਤੇ ਬਹਿਸ ਕਰਵਾਉਣ ਦੀ ਥਾਂ ਤੁਰੰਤ ਸਰਬ ਪਾਰਟੀ ਮੀਟਿੰਗ ਸੱਦਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਐੱਸ ਵਾਈ ਐੱਲ ਜਿਹੇ ਗੰਭੀਰ ਮੁੱਦੇ ਉੱਤੇ 1 ਨਵੰਬਰ ਨੂੰ ਲੁਧਿਆਣਾ ਵਿਖੇ ਰੱਖੀ ਬਹਿਸ 'ਚ ਸਰਮਾਏਦਾਰ ਪਾਰਟੀਆਂ ਨੂੰ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੀ ਪੀ ਆਈ (ਐੱਮ) ਅਤੇ ਸੀ ਪੀ ਆਈ, ਜੋ ਕਿ ਐੱਸ ਵਾਈ ਐੱਲ ਮੁੱਦੇ 'ਤੇ ਸ਼ੁਰੂ ਤੋਂ ਲੈ ਕੇ ਆਪਣੇ ਇਕੋ ਸਟੈਂਡ 'ਤੇ ਡਟੀਆਂ ਹੋਈਆਂ ਹਨ, ਉਨ੍ਹਾਂ ਨੂੰ ਇਸ ਬਹਿਸ 'ਚ ਸੱਦਾ ਨਾ ਦੇਣਾ ਨਿੰਦਣਯੋਗ ਹੈ। ਇਹ ਹੈਰਾਨੀ ਦੀ ਗੱਲ ਹੈ ਕਿ ਮੁੱਖ ਮੰਤਰੀ ਨੇ ਦੋਵੇਂ



ਖੱਬੀਆਂ ਪਾਰਟੀਆਂ ਨੂੰ ਇਸ ਬਹਿਸ 'ਚ ਹਿੱਸਾ ਲੈਣ ਲਈ ਸਰਕਾਰੀ ਪੱਧਰ 'ਤੇ ਕੋਈ ਸੱਦਾ ਪੱਤਰ ਨਹੀਂ ਭੇਜਿਆ। ਆਗੂਆਂ ਜ਼ੋਰ ਦੇ ਕੇ ਮੰਗ ਕੀਤੀ ਕਿ ਐੱਸ ਵਾਈ ਐੱਲ ਦਾ ਮੁੱਦਾ ਬਹਿਸ ਦਾ ਮੁੱਦਾ ਨਹੀਂ, ਇਸ ਦੇ ਹੱਲ ਲਈ ਸੰਜੀਦਗੀ ਅਤਿ ਜ਼ਰੂਰੀ ਹੈ। ਇਸ ਲਈ ਦੋਵਾਂ ਖੱਬੀਆਂ ਪਾਰਟੀਆਂ ਵੱਲੋਂ ਮੰਗ ਕੀਤੀ ਜਾਂਦੀ ਹੈ ਕਿ ਇਸ ਮੁੱਦੇ 'ਤੇ ਮੁੱਖ ਮੰਤਰੀ ਸਰਬ ਪਾਰਟੀ ਮੀਟਿੰਗ ਸੱਦਣ। ਆਗੂਆਂ ਕਿਹਾ ਕਿ ਇਹ ਬਹੁਤ ਗੰਭੀਰ ਮੁੱਦਾ ਹੈ, ਇਸ ਨੂੰ ਗੰਭੀਰਤਾ ਨਾਲ ਹੀ ਲੈਣਾ ਚਾਹੀਦਾ ਹੈ, ਬਹਿਸਬਾਜ਼ੀ ਕਿਸੇ ਵੀ ਸਮੇਂ ਕੀਤੀ ਜਾ ਸਕਦੀ ਹੈ। ਪਿਛਲੇ ਦਿਨੀਂ ਜੋ ਪੰਜਾਬ ਵਿਧਾਨ ਸਭਾ ਦਾ ਦੋ ਦਿਨਾ ਅਜਲਾਸ ਸੱਦਿਆ ਗਿਆ ਸੀ, ਜਿਸ ਨੂੰ ਕਿ ਪਹਿਲੇ ਦਿਨ ਹੀ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ, ਵਿੱਚ ਐੱਸ ਵਾਈ ਐੱਲ ਦੇ ਮੁੱਦੇ 'ਤੇ ਕੋਈ ਚਰਚਾ ਨਹੀਂ ਕੀਤੀ ਗਈ। ਆਗੂਆਂ ਨੇ ਕਿਹਾ ਕਿ ਇੰਜੀਨੀਅਰ ਪਾਲ ਸਿੰਘ ਢਿੱਲੋਂ, ਜੋ ਕਿ ਪੰਜਾਬ ਇਰੀਗੇਸ਼ਨ ਵਿਭਾਗ 'ਚੋਂ ਚੀਫ਼ ਇੰਜੀਨੀਅਰ ਦੇ ਅਹੁਦੇ ਤੋਂ ਸੇਵਾ-ਮੁਕਤ ਹੋਏ ਸਨ, ਨੇ ਐੱਸ ਵਾਈ ਐੱਲ ਮੁੱਦੇ 'ਤੇ ਬਹੁਤ ਅਧਿਐਨ ਕਰਨ ਤੋਂ ਬਾਅਦ ਕਿਤਾਬ ਲਿਖੀ ਹੈ। ਇਸ ਕਿਤਾਬ ਨੂੰ ਵੀ ਐੱਸ ਵਾਈ ਐੱਲ ਦਾ ਮੁੱਦਾ ਹੱਲ ਕਰਨ ਲਈ ਆਧਾਰ ਬਣਾਇਆ ਜਾ ਸਕਦਾ ਹੈ।

ਦੱਸਣਾ ਬਣਦਾ ਹੈ ਕਿ ਚੀਫ਼ ਇੰਜੀਨੀਅਰ ਪਾਲ ਸਿੰਘ ਸੇਵਾ-ਮੁਕਤੀ ਤੋਂ ਬਾਅਦ ਸੀ ਪੀ ਆਈ (ਐੱਮ)

● ਬਾਕੀ ਸਫ਼ਾ 2 'ਤੇ

## ਦੋ ਸਾਲਾਂ 'ਚ ਉੱਤਰ-ਪੱਛਮੀ ਭਾਰਤ 'ਚ ਗੰਭੀਰ ਪਾਣੀ ਸੰਕਟ ਦਾ ਖਦਸ਼ਾ

**ਨਵੀਂ ਦਿੱਲੀ** : ਸੰਯੁਕਤ ਰਾਸ਼ਟਰ ਦੀ ਨਵੀਂ ਰਿਪੋਰਟ ਅਨੁਸਾਰ ਭਾਰਤ ਵਿਚ ਸਿੰਧੂ-ਗੰਗਾ ਦੇ ਮੈਦਾਨ ਦੇ ਕੁਝ ਖੇਤਰ ਪਹਿਲਾਂ ਹੀ ਧਰਤੀ ਹੇਠਲੇ ਪਾਣੀ ਦੀ ਕਮੀ ਦੇ ਖਤਰਨਾਕ ਪੱਧਰ ਨੂੰ ਪਾਰ ਕਰ ਚੁੱਕੇ ਹਨ ਅਤੇ ਪੂਰੇ ਉੱਤਰ-ਪੱਛਮੀ ਖੇਤਰ ਵਿਚ 2025 ਤੱਕ ਧਰਤੀ ਹੇਠਲੇ ਪਾਣੀ ਦੇ ਖਤਰਨਾਕ ਢੰਗ ਨਾਲ ਡਿੱਗਣ ਕਾਰਨ ਪਾਣੀ ਦਾ ਗੰਭੀਰ ਸੰਕਟ ਪੈਦਾ ਹੋਣ ਦਾ ਖਦਸ਼ਾ ਹੈ। ਸੰਯੁਕਤ ਰਾਸ਼ਟਰ ਯੂਨੀਵਰਸਿਟੀ-ਇੰਸਟੀਚਿਊਟ ਫਾਰ ਇਨਵਾਇਰਨਮੈਂਟ ਐਂਡ ਹਿਊਮਨ ਸਕਿਓਰਿਟੀ ਵੱਲੋਂ ਪ੍ਰਕਾਸ਼ਤ 'ਇੰਟਰਕਨੈਕਟਡ ਡਿਜ਼ਾਸਟਰ ਰਿਸਕ ਰਿਪੋਰਟ 2023' ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਦੁਨੀਆ ਧਰਤੀ ਹੇਠਲੇ ਪਾਣੀ ਦੀ ਕਮੀ, ਪਿਘਲਦੇ ਪਹਾੜੀ ਗਲੇਸ਼ੀਅਰ, ਪੁਲਾੜੀ ਮਲਬੇ, ਅਸਹਿ ਗਰਮੀ ਕਾਰਨ ਅਨਿਸਚਿਤ ਭਵਿੱਖ ਵੱਲ ਵਧ ਰਹੀ ਹੈ।

NAAC GRADE A++

LOVELY PROFESSIONAL UNIVERSITY
Transforming Education Transforming India

A RESEARCH FOCUSSED UNIVERSITY WORKING ON GLOBAL RESEARCH ISSUES
- 3400+ patents published
- 13000+ research publications indexed in WOS/ Scopus
- 22 faculty members are enlisted in the "Stanford world top 2% scientists" for the year 2023.
- Privileged to host the 106th and now the 109th Indian Science Congress- where brilliance meets innovation!
- We foster global collaboration and elevate academic prowess through our 'International Research Exchange' and 'Co-Supervision' programs

ADMISSION NOTICE
Ph.D.
[ FULL TIME/ PART TIME ]

Engineering (ECE, CSE, EE, ME, CE, Chemical Engineering, Aerospace Engineering, Molecular Biology and Genetic Engg.), Geospatial Information Science and Technology, Computer Applications, Agronomy*, Entomology*, Fruit Science*, Genetics and Plant Breeding*, Plant Pathology*, Vegetable Science*, Soil Science*, Food Science and Technology, Environmental Sciences, Biotechnology, Bioinformatics, Microbiology, Biochemistry, Botany, Forensic Sciences, Zoology, Chemistry, Physics, Mathematics, Management, Commerce, Economics, Hotel Management, Tourism Management, Law, Planning, Architecture, Fashion, Interior and Furniture Design, Product and Industrial Design, User Experience, Film and TV Production, Fine Arts, Performing Arts-Music, Psychology, Journalism and Mass Communication, English, Performing Arts-Theatre, Political Science, Sociology, History, Geography, Hindi, Education, Public Administration, Physical Education, Punjabi, Pharmaceutics, Pharmaceutical Chemistry, Pharmacognosy, Pharmacology, Pharmacy Practice, Ayurvedic Pharmacy, Pharmaceutical Analysis, Clinical Microbiology, Clinical Biochemistry, Physiotherapy

*subject to availability and fulfillment of eligibility criteria. *The programme would be offered in Full Time mode only and have regular course work as per ICAR.

FLEXI COURSE WORK
- On every weekend for 1 semester (Jan. - April 2024)
- 4 days every month for 1 semester (Jan. - April 2024)
- 15 days continuously for 1 semester (May/ June 2024)

Individuals who have been awarded a Ph.D. degree in accordance with UGC regulations are exempted from the requirement of the minimum eligibility condition of NET/ SLET/ SET for recruitment/ appointment of Assistant Professor or equivalent positions in Universities/ Colleges/ Institutions

| | |
|---|---|
| Last Date of Application | 22nd November 2023 |
| Dates of Entrance Test (LPUNEST) | 24th & 26th Nov. 2023 |
| Result of LPUNEST (Ph.D.) | 2nd December 2023 |
| Interview Dates | 8th to 13th Dec. 2023 |
| Result for Interview | 18th December 2023 |
| Last Date of Admission | 10th January 2024 |

Scholarship/ Fellowship/ Travel Grant
- Scholarship upto ₹9.6 Lakh per student based on perfomance in LPUNEST Exam and also for Research Associates/ JRFs/ NET/ CSIR/ GATE/ GPAT qualified/ Industry Professionals/ Teaching Fraternity/ Women Candidates^
- LPU Research Fellowship of ₹31000 per month for first four years from the date of registration in Ph.D. Programme^
- Teaching Fellowship of ₹15600 and Travel grant upto ₹35000 to attend National/ International Conference^#

^For application process, scholarship, disciplines, student intake (seats), eligibility, admission criteria, test centres and other details, refer the link https://nest.lpu.in/phd/

LOVELY PROFESSIONAL UNIVERSITY (LPU)
Jalandhar-Delhi G.T. Road, Phagwara, Punjab | www.lpu.in
admissions@lpu.co.in | Contact us: 01824-404403

### 5 ਦਹਿਸ਼ਤਗਰਦ ਹਲਾਕ

**ਕੁਪਵਾੜਾ** : ਕੁਪਵਾੜਾ ਜ਼ਿਲ੍ਹੇ ਦੇ ਮਾਛਲ ਸੈਕਟਰ 'ਚ ਬੁੱਧਵਾਰ ਜਵਾਨਾਂ ਨੇ ਘੁਸਪੈਠ ਨੂੰ ਨਾਕਾਮ ਕਰਦਿਆਂ ਮੁਕਾਬਲੇ 'ਚ ਲਸ਼ਕਰ ਦੇ 5 ਦਹਿਸ਼ਤਗਰਦ ਮਾਰ ਦਿੱਤੇ। ਕਸ਼ਮੀਰ ਜ਼ੋਨ ਪੁਲਸ ਨੇ ਦੱਸਿਆ ਕਿ ਕੁਪਵਾੜਾ ਪੁਲਸ ਵੱਲੋਂ ਦਿੱਤੀ ਸੂਹ ਦੇ ਅਧਾਰ 'ਤੇ ਮੁਕਾਬਲਾ ਸ਼ੁਰੂ ਹੋਇਆ।

### ਵੀਜ਼ਾ ਸੇਵਾਵਾਂ ਮੁੜ ਸ਼ੁਰੂ ਕਰਨੀਆਂ ਚੰਗਾ ਸੰਕੇਤ : ਕੈਨੇਡਾ

**ਟੋਰਾਂਟੋ** : ਕੈਨੇਡਾ ਨੇ ਵੀਰਵਾਰ ਤੋਂ ਦੇਸ਼ ਵਿਚ ਕੁਝ ਵੀਜ਼ਾ ਸੇਵਾਵਾਂ ਮੁੜ ਸ਼ੁਰੂ ਕਰਨ ਦੇ ਭਾਰਤ ਦੇ ਫੈਸਲੇ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਹ ਕਦਮ ਬਹੁਤ ਸਾਰੇ ਕੈਨੇਡੀਅਨਾਂ ਲਈ ਚਿੰਤਾ ਭਰੇ ਸਮੇਂ ਤੋਂ ਬਾਅਦ ਚੰਗਾ ਸੰਕੇਤ ਹੈ। ਕੈਨੇਡਾ ਵਿਚ ਭਾਰਤ ਦੇ ਹਾਈ ਕਮਿਸ਼ਨ ਨੇ ਕਿਹਾ ਕਿ ਭਾਰਤ ਦੇ ਨਾਲ-ਨਾਲ ਵਿਦੇਸ਼ਾਂ ਤੋਂ ਅਪਲਾਈ ਕਰਨ ਵਾਲੇ ਕੈਨੇਡੀਅਨਾਂ ਲਈ ਕੁਝ ਕਿਸਮ ਦੀਆਂ ਵੀਜ਼ਾ ਅਰਜ਼ੀਆਂ ਦੀ ਪ੍ਰਕਿਰਿਆ ਮੁੜ ਸ਼ੁਰੂ ਕਰਨਗੇ।

### ਰਾਜਸਥਾਨ 'ਚ ਈ ਡੀ ਦੇ ਛਾਪੇ

**ਜੈਪੁਰ** : ਈ ਡੀ ਨੇ ਰਾਜਸਥਾਨ 'ਚ ਕਥਿਤ ਪ੍ਰੀਖਿਆ ਪੇਪਰ ਲੀਕ ਮਾਮਲੇ 'ਚ ਮਨੀ ਲਾਂਡਰਿੰਗ ਦੀ ਜਾਂਚ ਦੇ ਸੰਬੰਧ 'ਚ ਵੀਰਵਾਰ ਕਾਂਗਰਸ ਦੇ ਸੂਬਾ ਪ੍ਰਧਾਨ ਗੋਵਿੰਦ ਸਿੰਘ ਡੋਟਾਸਰਾ ਅਤੇ ਮਹੂਆ ਵਿਧਾਨ ਸਭਾ ਸੀਟ ਤੋਂ ਪਾਰਟੀ ਉਮੀਦਵਾਰ ਓਮ ਪ੍ਰਕਾਸ਼ ਹੁੜਲਾ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਸੀਕਰ ਅਤੇ ਜੈਪੁਰ 'ਚ ਸਾਬਕਾ ਸਕੂਲ ਸਿੱਖਿਆ ਮੰਤਰੀ ਡੋਟਾਸਰਾ ਅਤੇ ਦੌਸਾ 'ਚ ਹੁੜਲਾ ਤੇ ਕੁਝ ਹੋਰਨਾਂ ਦੇ ਟਿਕਾਣਿਆਂ ਦੀ ਤਲਾਸ਼ੀ ਲਈ। ਇਸੇ ਦੌਰਾਨ ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਦੇ ਬੇਟੇ ਵੈਭਵ ਗਹਿਲੋਤ ਨੂੰ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ (ਫੇਮਾ) ਦੀ ਕਥਿਤ ਉਲੰਘਣਾ ਦੇ ਮਾਮਲੇ 'ਚ ਪੁੱਛ-ਪੜਤਾਲ ਲਈ ਸੰਮਨ ਭੇਜਿਆ ਗਿਆ ਹੈ। ਵੈਭਵ ਨੂੰ ਸ਼ੁੱਕਰਵਾਰ ਜੈਪੁਰ ਜਾਂ ਨਵੀਂ ਦਿੱਲੀ ਸਥਿਤ ਏਜੰਸੀ ਦੇ ਦਫਤਰ 'ਚ ਪੇਸ਼ ਹੋਣ ਲਈ ਕਿਹਾ ਗਿਆ ਹੈ। ਮੁੱਖ ਮੰਤਰੀ ਗਹਿਲੋਤ ਨੇ ਕਿਹਾ ਹੈ ਕਿ ਜਦੋਂ ਚੋਣਾਂ ਹੁੰਦੀਆਂ ਹਨ, ਕੇਂਦਰੀ ਏਜੰਸੀਆਂ ਵਿਰੋਧੀਆਂ 'ਤੇ ਛਾਪੇ ਮਾਰਨ ਲੱਗ ਪੈਂਦੀਆਂ ਹਨ। ਸੂਬੇ ਦੇ ਸੀਨੀਅਰ ਕਾਂਗਰਸ ਆਗੂ ਸਚਿਨ ਪਾਇਲਟ ਨੇ ਛਾਪੇਮਾਰੀ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਭਾਜਪਾ ਉਨ੍ਹਾਂ ਨੂੰ ਯਰਕਾ ਨਹੀਂ ਸਕਦੀ।

## .ਗਦਰੀ ਬਾਬਿਆਂ ਦੇ ਮੇਲੇ 'ਚ ਕਾ.ਫਲੇ ਬੰਨ੍ਹ ਕੇ ਪੁੱਜਣ ਦਾ ਸੱਦਾ



**ਜਲੰਧਰ (ਕੇਸਰ)**

.ਗਦਰੀ ਬਾਬਿਆਂ ਦੀ ਵਿਰਾਸਤ ਅਤੇ ਵਰਤਮਾਨ ਚੁਣੌਤੀਆਂ ਨੂੰ ਸਮਰਪਤ 32ਵਾਂ ਮੇਲਾ .ਗਦਰੀ ਬਾਬਿਆਂ ਦਾ ਚੁਫ਼ੇਰੇ ਫੈਲੀ ਕਾਲ਼ੀ ਬੋਲ਼ੀ ਰਾਤ 'ਚ ਚਾਨਣ ਦੀ ਲੀਕ ਦਾ ਕੰਮ ਕਰਦਿਆਂ ਸਾਹਿਤ, ਸਮਾਜ, ਕਲਾ ਅਤੇ ਸੰਗਰਾਮ ਦੇ ਰਿਸ਼ਤੇ ਦਾ ਯਾਦਗਾਰੀ ਇਤਿਹਾਸਕ ਉਤਸਵ ਹੋਏਗਾ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਖਜ਼ਾਨਚੀ ਸੀਤਲ ਸਿੰਘ ਸੰਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਕਮੇਟੀ ਮੈਂਬਰ ਮੰਗਤ ਰਾਮ ਪਾਸਲਾ ਨੇ ਵੀਰਵਾਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਮੇਲੇ 'ਚ .ਗਦਰੀ ਬਾਬਿਆਂ ਦੀ ਵਿਰਾਸਤ, ਆਜ਼ਾਦੀ, ਬਰਾਬਰੀ ਅਤੇ ਧਰਮ-ਨਿਰਪੱਖਤਾ ਉਪਰ ਸਾਮਰਾਜੀ, ਸਾਡੇ ਮੁਲਕ ਦੇ ਕਾਰਪੋਰੇਟ ਘਰਾਣਿਆਂ ਅਤੇ ਫ਼ਿਰਕੂ ਤਾਕਤਾਂ ਨੇ ਜੋ ਚੌਤਰਫ਼ਾ ਹੱਲਾ ਬੋਲਿਆ ਹੈ, ਇਸ ਨੂੰ ਪਛਾੜਨ ਲਈ ਸਮੂਹ ਲੋਕਾਂ ਨੂੰ ਇੱਕਜੁੱਟ ਹੋ ਕੇ ਹੱਕ, ਸੱਚ, ਇਨਸਾਫ਼ ਦੀ ਆਵਾਜ਼ ਬੁਲੰਦ ਕਰਨ ਦਾ ਹੋਕਾ ਦਿੱਤਾ ਜਾਏਗਾ। ਦੇਸ਼ ਭਗਤ ਯਾਦਗਾਰ ਹਾਲ ਦਾ ਮੁੱਖ ਪ੍ਰਵੇਸ਼ ਦੁਆਰ .ਗਦਰ ਪਾਰਟੀ ਦੇ ਬਾਨੀਆਂ 'ਚ ਸ਼ੁਮਾਰ ਪ੍ਰੋ. ਬਰਕਤ ਉੱਲਾ ਨਗਰ ਅਤੇ ਮੇਲੇ ਦਾ ਪ੍ਰਮੁੱਖ ਪੰਡਾਲ .ਗਦਰੀ ਗੁਲਾਬ ਬੀਬੀ ਗੁਲਾਬ ਕੌਰ ਦੇ ਨਾਂਅ ਹੋਏਗਾ। ਬੁਲਾਰਿਆਂ ਨੇ ਕਿਹਾ ਕਿ ਫ਼ਲਸਤੀਨ ਦੇ ਬੇਗੁਨਾਹ ਨਿਹੱਥੇ ਲੋਕਾਂ ਲਈ ਆਵਾਜ਼ ਉਠਾਉਂਦੇ ਹੋਏ, ਮਨੀਪੁਰ, ਹਰਿਆਣਾ, ਗੁਜਰਾਤ, ਆਦਿ ਵਾਸੀਆਂ ਅਤੇ ਪੰਜਾਬ ਦੇ ਸਮੂਹ ਮਿਹਨਤਕਸ਼ ਲੋਕਾਂ ਨੂੰ ਆਪਣੀ ਤਕਦੀਰ ਬਦਲਣ ਲਈ .ਗਦਰੀ ਦੇਸ਼ ਭਗਤਾਂ ਦੀ ਵਿਰਾਸਤ ਦੇ ਲੜ ਲੱਗਣ ਦਾ ਹੋਕਾ ਦੇਵੇਗਾ; 'ਮੇਲਾ .ਗਦਰੀ ਬਾਬਿਆਂ ਦਾ।'

ਪ੍ਰੈੱਸ ਕਾਨਫਰੰਸ 'ਚ ਕਮੇਟੀ ਆਗੂਆਂ ਨੇ ਅਪੀਲ ਕੀਤੀ ਕਿ ਪਰਵਾਸ, ਨਸ਼ੇ, ਔਰਤਾਂ 'ਤੇ ਜਬਰ, ਬੇਰੁਜ਼ਗਾਰੀ, ਮਹਿੰਗਾਈ ਤ

● ਬਾਕੀ ਸਫ਼ਾ 2 'ਤੇ

## ਮੋਦੀ ਸਰਕਾਰ 'ਚ ਦਲਿਤਾਂ, ਘੱਟ ਗਿਣਤੀਆਂ ਤੇ ਔਰਤਾਂ 'ਤੇ ਜ਼ੁਲਮ ਵਧੇ : ਗੋਰੀਆ

### ਖੇਤ ਮਜ਼ਦੂਰਾਂ ਦੀ ਰੈਲੀ ਨੂੰ ਸਫਲ ਬਣਾਇਆ ਜਾਵੇ : ਬੰਤ ਬਰਾੜ



**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਕਾਮਰੇਡ ਪ੍ਰੀਤਮ ਸਿੰਘ ਨਿਆਮਤਪੁਰਾ ਦੀ ਪ੍ਰਧਾਨਗੀ ਹੇਠ ਪਾਰਟੀ ਦਫ਼ਤਰ ਲੁਧਿਆਣਾ ਵਿਖੇ ਹੋਈ। ਇਸ ਨੂੰ ਸੰਬੋਧਨ ਕਰਦਿਆਂ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਕਿਹਾ ਕਿ ਪੰਜਾਬ ਖੇਤ ਮਜ਼ਦੂਰ ਸਭਾ ਦਾ 33ਵਾਂ ਸੂਬਾ ਅਜਲਾਸ 25 ਅਤੇ 26 ਨਵੰਬਰ ਨੂੰ ਅਮਰ ਪੈਲੇਸ (ਰੈੱਡ ਕਰਾਸ ਭਵਨ) ਫਰੀਦਕੋਟ ਵਿਖੇ ਹੋਏਗਾ। ਪਹਿਲੇ ਦਿਨ 25 ਨਵੰਬਰ ਨੂੰ ਵਿਸ਼ਾਲ ਖੇਤ ਮਜ਼ਦੂਰ ਰੈਲੀ ਕੀਤੀ ਜਾਏਗੀ। ਇਸ ਨੂੰ ਸੰਬੋਧਨ ਕਰਨ ਲਈ ਕਾਮਰੇਡ ਡੀ ਰਾਜਾ ਜਨਰਲ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ

● ਬਾਕੀ ਸਫ਼ਾ 2 'ਤੇ

## ਬੰਟੀ ਰੋਮਾਣਾ ਗ੍ਰਿਫਤਾਰ

**ਮੁਹਾਲੀ** : ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪਰਮਬੰਸ ਸਿੰਘ ਬੰਟੀ ਰੋਮਾਣਾ ਨੂੰ ਮੁਹਾਲੀ ਪੁਲਸ ਨੇ ਸੂਫ਼ੀ ਗਾਇਕ ਕੰਵਰ ਗਰੇਵਾਲ ਦੇ ਗੀਤ ਦੀ ਵੀਡੀਓ ਨਾਲ ਕਥਿਤ ਛੇੜਖਾਨੀ ਕਰਕੇ ਉਸ ਨੂੰ ਆਪਣੇ ਐੱਕਸ ਅਕਾਊਂਟ 'ਤੇ ਅਪਲੋਡ ਕਰਨ ਦੇ ਦੋਸ਼ ਵਿਚ ਗ੍ਰਿਫ਼ਤਾਰ ਕਰ ਲਿਆ ਹੈ। ਇਸ ਸੰਬੰਧੀ ਮੁਹਾਲੀ ਦੇ ਸੈਕਟਰ-70 ਸਥਿਤ ਮਟੌਰ ਥਾਣੇ 'ਚ ਬੰਟੀ ਰੋਮਾਣਾ ਖਿਲਾਫ ਧਾਰਾ 406, 469, 500, 43 ਅਤੇ 66 ਆਈ ਟੀ ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਹੈ। ਦੱਸਿਆ ਗਿਆ ਹੈ ਅਕਾਲੀ ਆਗੂ ਵੱਲੋਂ ਆਪਣੇ ਐੱਕਸ ਅਕਾਊਂਟ 'ਤੇ ਟੈਂਪਰ ਕਰਕੇ ਅਪਲੋਡ ਕੀਤੇ ਗੀਤ ਦੀ ਵੀਡੀਓ 'ਚ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਕੰਵਰ ਗਰੇਵਾਲ ਨੇ ਪੰਜਾਬ ਸਰਕਾਰ ਅਤੇ ਉੱਚ ਅਧਿਕਾਰੀਆਂ ਨੂੰ ਪਹਿਲਾਂ ਹੀ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਸ ਵੱਲੋਂ ਅਜਿਹਾ ਕੋਈ ਗੀਤ ਨਹੀਂ ਗਾਇਆ ਗਿਆ, ਬਲਕਿ ਉਸ ਦੇ ਗੀਤ ਨਾਲ ਛੇੜਛਾੜ ਕੀਤੀ ਗਈ ਹੈ, ਜਿਸ ਬਾਰੇ ਉਸ ਨੂੰ ਵੀ ਬਾਅਦ 'ਚ ਪਤਾ ਲੱਗਾ ਹੈ।

### ਅੱਜ-ਨਾਮਾ

ਹੁੱਲੜਬਾਜ਼ਾਂ ਨੂੰ ਭੈਅ ਜਿਹਾ ਕੋਈ ਨਾਹੀਂ,
ਹਰ ਕੋਈ ਆਪਣੀ ਧੌਂਸ ਚਲਾਈ ਜਾਂਦਾ।
ਉੱਠੀ ਗਲਤ ਤਰੰਗ ਕੋਈ ਚਿੱਤ ਅੰਦਰ,
ਉਸੇ ਮੁਤਾਬਕ ਹੈ ਪਾਈ ਦੁਹਾਈ ਜਾਂਦਾ।
ਕੋਈ ਕਿਸੇ ਨੂੰ ਚੋਰ ਜੇ ਕਹਿਣ ਲੱਗਦਾ,
ਮੁਹੱਲਾ ਪੂਰਾ ਹੈ ਕੁੱਟੀ-ਕੁਟਾਈ ਜਾਂਦਾ।
ਆਏ ਦਿਨ ਮਾਰੇ ਆ ਲੋਕ ਗਰੀਬ ਜਾਂਦੇ,
ਸੁਣੋਂ ਤਾਂ ਕਾਲਜਾ ਮੂੰਹ ਨੂੰ ਆਈ ਜਾਂਦਾ।
ਰਿਹਾ ਸਮਾਜ ਨਹੀਂ ਕਿਸੇ ਬੰਧੇਜ ਅੰਦਰ,
ਹਰ ਕੋਈ ਆਪੇ ਹੀ ਬਣੀ ਪ੍ਰਧਾਨ ਜਾਂਦਾ।
ਕਰਦਾ ਬੰਦੇ ਦਾ ਬੰਦਾ ਨੁਕਸਾਨ ਫਿਰਦਾ,
ਤੇ ਨਾਲੇ ਦੇਸ਼ ਦਾ ਹੋਈ ਨੁਕਸਾਨ ਜਾਂਦਾ।

-ਤੀਸ ਮਾਰ ਖਾਂ

## ਮੋਦੀ ਸਰਕਾਰ ਨੇ ਹਰ ਵਿਰੋਧੀ ਨੂੰ ਕੁਚਲਣ ਦਾ ਤਹੱਈਆ ਕੀਤਾ : ਰਸ਼ਪਾਲ ਕੈਲੇ

**ਜਲੰਧਰ (ਗਿਆਨ ਸੈਦਪੁਰੀ)**

'ਮੋਦੀ ਸਰਕਾਰ ਨੇ ਹਰੇਕ ਵਿਰੋਧੀ ਨੂੰ ਕੁਚਲ ਦੇਣ ਦਾ ਤਹੱਈਆ ਕੀਤਾ ਹੋਇਆ ਹੈ। ਜਿਹੜਾ ਵੀ ਇਸ ਸਰਕਾਰ ਦੀਆਂ ਕੁਚਾਲਾਂ ਬਾਰੇ ਲਿਖਦਾ ਜਾਂ ਬੋਲਦਾ ਹੈ, ਉਸ ਨੂੰ ਜੇਲ੍ਹ ਵਿੱਚ ਸੁੱਟਿਆ ਜਾ ਰਿਹਾ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਨੇ ਕੀਤਾ। ਉਹ ਸੀ ਪੀ ਆਈ ਦੇ ਜ਼ਿਲ੍ਹਾ ਸਦਰ ਮੁਕਾਮ 'ਤੇ ਕਮਿਊਨਿਸਟ ਕਾਰਕੁਨਾਂ ਨੂੰ ਸੰਬੋਧਨ ਕਰ ਰਹੇ ਸਨ। ਪਾਰਟੀ ਵੱਲੋਂ ਪੱਤਰਕਾਰਾਂ ਅਤੇ ਬੁੱਧੀਜੀਵੀਆਂ ਵਿਰੁੱਧ ਮੋਦੀ ਸਰਕਾਰ ਦੀ ਦਮਨ ਦੀ ਨੀਤੀ ਵਿਰੁੱਧ ਰੋਸ ਪ੍ਰਦਰਸ਼ਨ ਅਤੇ ਪੁਤਲੇ ਫੂਕਣ ਦੇ ਸਿਲਸਿਲੇ ਤਹਿਤ ਪਾਰਟੀ ਕਾਰਕੁਨ ਇੱਥੇ ਇਕੱਤਰ ਹੋਏ ਸਨ। ਕਾਮਰੇਡ ਕੈਲੇ ਨੇ ਕਿਹਾ ਕਿ 'ਨਿਊਜ਼ਕਲਿੱਕ' ਅਦਾਰੇ ਦੇ ਪੱਤਰਕਾਰਾਂ ਨੂੰ ਸੱਚ ਬੋਲਣ ਤੇ ਲਿਖਣ ਤੋਂ ਰੋਕਣ ਲਈ ਉਨ੍ਹਾਂ ਵਿਰੁੱਧ ਪਰਚੇ ਦਰਜ ਕੀਤੇ ਗਏ ਹਨ। ਸੀ ਪੀ ਆਈ ਇਸ ਘਿਨਾਉਣੀ ਕਾਰਵਾਈ ਵਿਰੁੱਧ ਪੱਤਰਕਾਰਾਂ ਨਾਲ ਡਟ ਕੇ ਖੜੀ ਹੈ। ਕਾਮਰੇਡ ਕੈਲੇ ਨੇ ਕਿਹਾ ਕਿ ਸਨਅਤੀ ਮਜ਼ਦੂਰਾਂ ਦੀ ਕੰਮ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨਾ ਤੇ ਉਜਰਤ ਅੱਠ ਘੰਟੇ ਦੀ ਹੀ ਦੇਣੀ, ਮਜ਼ਦੂਰ ਵਰਗ ਨਾਲ ਸਰਾਸਰ ਧੱਕਾ ਹੈ। ਉਨ੍ਹਾ ਕਿਹਾ ਕਿ ਉਨ੍ਹੀਵੀਂ ਸਦੀ ਵਿੱਚ ਮਜ਼ਦੂਰ ਜਮਾਤ ਨੇ ਲਹੂ ਵੀਟਵੇਂ ਸੰਘਰਸ਼ ਨਾਲ ਕੰਮ ਦਿਹਾੜੀ ਦੇ ਘੰਟੇ ਘੱਟ ਕਰਵਾਏ ਸਨ। ਮੌਜੂਦਾ ਕੇਂਦਰ ਅਤੇ ਪੰਜਾਬ ਸਰਕਾਰ ਇਸ ਮਾਮਲੇ ਵਿੱਚ ਪਿਛਲਖੁਰੀ ਚੱਲ ਪਈਆਂ ਹਨ। ਇਸ ਮੌਕੇ ਕਾਮਰੇਡ ਜਸਵਿੰਦਰ ਜੰਡਿਆਲਾ, ਕਾਮਰੇਡ ਕਿਰਪਾਲ ਸਿੰਘ, ਕਾਮਰੇਡ ਹਰਜਿੰਦਰ ਸਿੰਘ ਮੌਜੀ, ਕਾਮਰੇਡ ਵੀਰ ਕੁਮਾਰ ਅਤੇ ਕਾਮਰੇਡ ਸਿਕੰਦਰ ਸੰਧੂ ਨੇ ਵੀ ਸੰਬੋਧਨ ਕੀਤਾ।



ਮੋਦੀ ਸਰਕਾਰ ਦਾ ਪੁਤਲਾ ਫੂਕਦੇ ਹੋਏ ਕਮਿਊਨਿਸਟ ਕਾਰਕੁਨ

ਬਾਅਦ ਵਿੱਚ ਪਾਰਟੀ ਦਫ਼ਤਰ ਤੋਂ ਸ਼ੁਰੂ ਹੋ ਕੇ ਬੀ ਐੱਮ ਸੀ ਚੌਕ ਤੱਕ ਰੋਸ ਮੁਜ਼ਾਹਰਾ ਕੀਤਾ ਗਿਆ। ਚੌਕ ਵਿੱਚ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇੱਥੇ ਵੀ ਵੱਖ-ਵੱਖ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਮੋਦੀ ਤੇ ਮਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਤਰਸੇਮ ਜੰਡਿਆਲਾ, ਕਾਮਰੇਡ ਸੰਦੀਪ ਅਰੋੜਾ, ਸੰਤੋਸ਼ ਬਰਾੜ, ਸੁਖਵਿੰਦਰ ਕੁੱਦੋਵਾਲ, ਪਰਵਿੰਦਰ ਫਲਪੋਤਾ ਤੇ ਜਰਨੈਲ ਸਿੰਘ ਬਾਂਗੀਵਾਲ ਸ਼ਾਮਲ ਸਨ।

27-OCT-PAGE-1.qxd 10/26/2023 10:06 PM Page 2



## ਡੱਬਵਾਲੀ ਢਾਬ ਦੇ ਸਰਕਾਰੀ ਸਕੂਲ ਦੇ ਵਿਦਿਆਰਥੀ ਸਹਿਜਪ੍ਰੀਤ ਸਿੰਘ ਵੱਲੋਂ ਸ਼ਾਨਦਾਰ ਪ੍ਰਦਰਸ਼ਨ



**ਮਲੋਟ (ਗੁਰਮੀਤ ਸਿੰਘ ਮੱਕੜ)**-ਖੇਡਾਂ ਵਤਨ ਪੰਜਾਬ ਦੀਆਂ ਤਹਿਤ ਸਟੇਟ ਪੱਧਰ ’ਤੇ ਜਲੰਧਰ ਵਿਖੇ ਹੋਏ ਖੇਡ ਮੁਕਾਬਲਿਆਂ ਵਿਚ 600 ਮੀਟਰ ਦੌੜ ਉਮਰ ਗਰੁੱਪ ਅੰਡਰ-14 ਵਿਚ ਸਹਿਜ਼ਪ੍ਰੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੂਰੇ ਪੰਜਾਬ ਵਿਚੋਂ ਦੂਸਰੀ ਪੁਜ਼ੀਸ਼ਨ ਹਾਸਲ ਕੀਤੀ। ਸਕੂਲ ਪ੍ਰਿੰਸੀਪਲ ਰਾਜਨ ਗਰੋਵਰ ਨੇ ਦੱਸਿਆ ਕਿ ਇਸ ਵਿਦਿਆਰਥੀ ਨੇ ਸਕੂਲੀ ਖੇਡਾਂ ਵਿਚ ਜ਼ਿਲ੍ਹਾ ਪੱਧਰ ’ਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਟੇਟ ਪੱਧਰ ਦੇ ਮੁਕਾਬਲੇ ਲਈ ਕੁਆਲੀਫਾਈ ਕੀਤਾ ਹੈ। ਇਸ ਸ਼ਾਨਦਾਰ ਸਫਲਤਾ ’ਤੇ ਸਕੂਲ ਦੇ ਪ੍ਰਿੰਸੀਪਲ ਰਾਜਨ ਗਰੋਵਰ ਅਤੇ ਸਮੂਹ ਸਟਾਫ ਵਲੋਂ ਟਰਾਫੀ ਅਤੇ ਨਗਦ ਇਨਾਮ ਦੇ ਕੇ ਹੌਸਲਾ ਅਫਜ਼ਾਈ ਕੀਤੀ ਅਤੇ ਭਵਿੱਖ ਵਿਚ ਹੋਣ ਜਾ ਰਹੇ ਖੇਡ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਐੱਸ ਐੱਫ਼ ਸੀ ਪਬਲਿਕ ਸਕੂਲ ਨੇ ਸਹੋਦਿਆ ਇੰਟਰ ਸਕੂਲ ਕ੍ਰਿਕਟ ਟੂਰਨਾਮੈਂਟ ’ਚ ਮਾਰੀ ਬਾਜ਼ੀ



**ਮੋਗਾ (ਅਮਰਜੀਤ ਬੱਬਰੀ)**-ਐਸ.ਐਫ.ਸੀ ਆਰਥਿਕ ਸਕੂਲ ਦੇ ਵਿਦਿਆਰਥੀਆਂ ਤੇ ਅੰਡਰ-19 ਵਿੱਚ ਸਹੋਦਿਆ ਦੁਆਰਾ ਐਸ ਦੇ ਪਬਲਿਕ ਸਕੂਲ ਤਲਵੰਡੀ ਭਾਈ ਵਿੱਚ ਆਯੋਜਿਤ ਕ੍ਰਿਕਟ ਟੂਰਨਾਮੈਂਟ ਵਿੱਚ ਭਾਗ ਲਿਆ, ਜਿਸ ਵਿੱਚ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ।ਟੂਰਨਾਮੈਂਟ ਵਿੱਚ ਕੁੱਲ 8 ਸਕੂਲਾਂ ਨੇ ਭਾਗ ਲਿਆ, ਜਿਸ ਵਿੱਚ ਐਸਐਫਸੀ ਸਕੂਲ ਦੇ ਬੱਚਿਆਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਹੋਦਿਆ ਵੱਲੋਂ ਖਿਡਾਰੀਆਂ ਨੂੰ ਸਰਟੀਫਿਕੇਟ ਤੇ ਟਰਾਫ਼ੀ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਸੀ.ਈ.ਓ ਅਭਿਸ਼ੇਕ ਜਿੰਦਲ, ਸਕੂਲ ਡਾਇਰੈਕਟਰ ਪ੍ਰਦੀਪ ਪਾਂਡੇ ਤੇ ਪ੍ਰਿੰਸੀਪਲ ਸ਼੍ਰੀਮਤੀ ਸ਼ੀਨਮ ਜਿੰਦਲ ਨੇ ਬੱਚਿਆਂ ਨੂੰ ਵਧਾਈ ਦਿੱਤੀ।

## ਪੰਜਾਬ ਸਾਹਿਤ ਅਕਾਦਮੀ ਵੱਲੋਂ ਅੱਖਰਕਾਰ ਸਾਹਿਬ ਸਿੰਘ ਦਾ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਦਿਨੀਂ ਪੰਜਾਬ ਸਹਿਤਕ ਅਕਾਦਮੀ ਵੱਲੋਂ ਸਿਰਜਣਾਤਮਕ ਸਿੱਖਿਆ ਸੰਸਾਰ ਦਾ ਇਕ ਨਿਵੇਕਲਾ ਉਪਰਾਲਾ ਕਰਦਿਆਂ ਪੰਜਾਬ ਭਰ ਤੋਂ ਪੰਜਾਬੀ ਅੱਖਰਕਾਰਾਂ ਨੂੰ ਇਕ ਮੰਚ ’ਤੇ ਇਕੱਠਾ ਕਰਕੇ ਉਨ੍ਹਾਂ ਅੰਦਰ ਛੁਪੀ ਅੱਖਰਕਾਰੀ ਦੀ ਕਲਾ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਮੌਕੇ ਪੰਜਾਬ ਭਰ ਤੋਂ ਪਹੁੰਚੇ ਵੱਖ ਵੱਖ ਅੱਖਰਕਾਰਾਂ ਨੇ ਦਰਸ਼ਕਾਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ। ਅੱਖਰਕਾਰਾਂ ਦੁਆਰਾ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਕਾਰਜਾਂ ਨੂੰ ਉਤਸ਼ਾਹਿਤ ਕਰਨ ਲਈ ਅਕਾਦਮੀ ਨੇ ਪੰਜਾਬ ਦੇ ਕੁੱਲ 13 ਨਾਮਵਰ ਅੱਖਰਕਾਰਾਂ ਨੂੰ ਸਨਮਾਨਤ ਕੀਤਾ। ਇਹ ਸਨਮਾਨ ਮੁਕਤਸਰ ਦੇ ਅੱਖਰਕਾਰ ਸਾਹਿਬ ਸਿੰਘ ਦੇ ਹਿੱਸੇ ਵੀ ਆਇਆ। ਸਾਹਿਬ ਸਿੰਘ ਮੁਕਤਸਰ ਦੇ ਪਿੰਡ ਜੱਸੇਆਣਾ ਦੇ ਸਰਕਾਰੀ ਸਕੂਲ ਵਿਚ ਸੈਂਟਰ ਮੁੱਖ ਅਧਿਆਪਕ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਅਤੇ ਪਿਛਲੇ ਲੰਬੇ ਸਮੇਂ ਤੋਂ ਉਹ ਖੁਸ਼ਖ਼ਤ ਅੱਖਰਕਾਰੀ ਦੇ ਖੇਤਰ ਵਿਚ ਨਾਮਣਾ ਖੱਟ ਰਹੇ ਹਨ। ਉਹ ਇਸ ਕਲਾ ਦਾ ਸੰਚਾਰ ਸਕੂਲੀ ਵਿਦਿਆਰਥੀਆਂ ਵਿਚ ਪੂਰੀ ਲਗਨ ਤੇ ਉਤਸ਼ਾਹ ਨਾਲ ਕਰਦੇ ਆ ਰਹੇ ਹਨ। ਇਸ ਤੋਂ ਪਹਿਲਾਂ ਵੀ ਲਲਿਤ ਕਲਾ ਅਕਾਦਮੀ ਚੰਡੀਗੜ੍ਹ ਵੱਲੋਂ ਦੋ ਵਾਰ ਅੱਖਰਕਾਰ ਸਾਹਿਬ ਸਿੰਘ ਦਾ ਸਨਮਾਨ ਕੀਤਾ ਜਾ ਚੁੱਕਾ ਹੈ। ਅੱਖਰਕਾਰੀ ਦੇ ਖੇਤਰ ਵਿਚ ਸਨਮਾਨ ਮਿਲਣ ਦੀ ਖੁਸ਼ੀ ਸਾਡੇ ਇਸ ਪ੍ਰਤੀਨਿਧ ਨਾਲ ਸਾਂਝੀ ਕਰਦਿਆਂ ਸਾਹਿਬ ਸਿੰਘ ਨੇ ਪੰਜਾਬ ਸਾਹਿਤਕ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਕੌਰ ਸੋਹਲ, ਸਕੱਤਰ ਡਾ. ਰਵੇਲ ਸਿੰਘ, ਕਨਵੀਨਰ ਡਾ. ਕੁਲਦੀਪ ਸਿੰਘ ਦੀਪ ਅਤੇ ਅਕਾਦਮੀ ਦੀ ਸਮੁੱਚ ਟੀਮ ਵੱਲੋਂ ਪੰਜਾਬ ਭਰ ਦੇ ਅੱਖਰਕਾਰਾਂ ਨੂੰ ਇੱਕ ਮੰਚ ’ਤੇ ਇੱਕਤਰ ਕਰਕੇ ਆਪਸੀ ਸਾਂਝ ਪੁਆਉਣ ਲਈ ਅਕਾਦਮੀ ਦਾ ਧੰਨਵਾਦ ਕੀਤਾ।

## ਸ਼੍ਰੋਮਣੀ ਗੁਰੂ ਘਰ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਫੈਡਰੇਸ਼ਨ ਮਹਿਤਾ ’ਚ ਭਾਰੀ ਉਤਸ਼ਾਹ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਉਣ ਵਾਲੀਆਂ ਚੋਣਾਂ ਦੇ ਸੰਬੰਧ ਵਿੱਚ ਹਰ ਸਿੱਖ ਸੰਗਠਨ ਵਿੱਚ ਵਿਸ਼ਾਲ ਉਤਸ਼ਾਹ ਹੈ। ਪਤਾ ਲੱਗਾ ਹੈ ਕਿ ਲੰਮੇ ਸਮੇਂ ਬਾਅਦ ਉਕਤ ਚੋਣਾਂ ਦਾ ਐਲਾਨ ਹੋਣ ਤੋਂ ਬਾਅਦ ਇਸ ਚੋਣ ਨੂੰ ਲੈ ਕੇ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ। ਚੋਣਾਂ ਨੂੰ ਸਫ਼ਲ ਬਣਾਉਣ ਲਈ ਫੈਡਰੇਸ਼ਨ ਆਗੂ ਭਾਈ ਜਸਪਾਲ ਸਿੰਘ, ਡਾ. ਗੁਰਮੀਤ ਸਿੰਘ ਜ਼ਿਲ੍ਹਾ ਪ੍ਰਧਾਨ, ਸੀਨੀਅਰ ਜ਼ਿਲ੍ਹਾ ਉਪ ਪ੍ਰਧਾਨ ਗੁਰਦਰਸ਼ਨ ਸਿੰਘ ਬੱਬੀ, ਜਰਨੈਲ ਸਿੰਘ, ਕੁਲਦੀਪ ਸਿੰਘ ਤੇ ਹੋਰ ਆਗੂ ਵੱਖ-ਵੱਖ ਥਾਂਵਾਂ ’ਤੇ ਜਾ ਕੇ ਵੋਟਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਪ੍ਰੇਰਤ ਕਰ ਰਹੇ ਹਨ। ਇਸ ਲਈ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ ਅਤੇ ਇਸ ਲਈ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਫਾਰਮ ਭਰ ਕੇ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਫੈਡਰੇਸ਼ਨ ਆਗੂ ਜਸਪਾਲ ਸਿੰਘ ਨੇ ਦੱਸਿਆ ਕਿ ਮੱਖੂ ਗੇਟ ਵਿਖੇ ਜਥੇਬੰਦੀ ਕੀਟ ਰਾਫ਼ ਵੱਲੋਂ ਵੋਟਾਂ ਬਣਾਉਣ ਲਈ ਕੈਂਪ ਲਾਇਆ ਗਿਆ, ਜਿੱਥੇ 150 ਦੇ ਕਰੀਬ ਨੌਜਵਾਨਾਂ ਨੇ ਵੋਟਰ ਬਣਨ ਲਈ ਫਾਰਮ ਭਰੇ। ਇਸ ਮੌਕੇ ਜਗਦੇਵ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

## ਡਾ. ਧੰਨ ਰਾਜ ਮਾਛੀਵਾੜਾ ਬਲਾਕ ਖੇਤੀਬਾੜੀ ਅਫ਼ਸਰ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦਫ਼ਤਰ ਮਾਛੀਵਾੜਾ ਸਾਹਿਬ ਵਿਖੇ ਡਾ. ਧੰਨ ਰਾਜ ਨੂੰ ਬਲਾਕ ਖੇਤੀਬਾੜੀ ਅਫ਼ਸਰ ਨਿਯੁਕਤ ਕੀਤਾ ਗਿਆ ਹੈ, ਜਿਨ੍ਹਾਂ ਦਾ ਸਟਾਫ਼ ਵੱਲੋਂ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਉਪਰੰਤ ਡਾ. ਧੰਨ ਰਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਕਿਸਾਨੀ ਦੀ ਬਿਹਤਰੀ ਵਾਸਤੇ ਪੰਜਾਬ ਸਰਕਾਰ ਵੱਲੋਂ ਜੋ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ, ਉਸ ਨੂੰ ਹਰੇਕ ਕਿਸਾਨ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਈ ਜਾਵੇ, ਤਾਂ ਜੋ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਇਸ ਮੌਕੇ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਜਗਦੇਵ ਸਿੰਘ, ਖੇਤੀਬਾੜੀ ਅਫ਼ਸਰ ਬਲਾਕ ਮਾਂਗਟ ਡਾ. ਜਸਵਿੰਦਰ ਸਿੰਘ, ਡਾ. ਗਗਨਦੀਪ ਸਿੰਘ, ਡਾ. ਸੰਦੀਪ ਸਿੰਘ ਸਮਰਾਲਾ, ਡਾ. ਅਰਸ਼ਦੀਪ ਸਿੰਘ (ਸਾਰੇ ਏ.ਡੀ.ਓ.), ਡਾ. ਦਵਿੰਦਰ ਸਿੰਘ ਏਈਓ, ਜਸਪਾਲ ਸਿੰਘ, ਅਵਤਾਰ ਸਿੰਘ, ਅਭਿਜੀਤ ਸਿੰਘ (ਸਾਰੇ ਏਟੀਐੱਮ), ਸੰਦੀਪ ਸਿੰਘ ਜੂਨੀਅਰ ਸਹਾਇਕ, ਸੌਰਵ ਜੈਨ ਬੀਟੀਐੱਮ, ਸਤਵੀਰ ਸਿੰਘ, ਕੁਲਵਿੰਦਰ ਸਿੰਘ, ਦਿਲਮਨਦੀਪ ਸਿੰਘ, ਅਮਰਜੀਤ ਰਾਣੀ ਹਾਜ਼ਰ ਸਨ।

## ਪੰਜਾਬ ਕੋ-ਐਜੂਕੇਸ਼ਨ ਸਕੂਲ ਵਿਖੇ ਲੇਖ ਮੁਕਾਬਲੇ ਕਰਵਾਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਨੌਵੀਂ ਤੇ ਦਸਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੇ ਪੰਜਾਬੀ ਵਿਸ਼ੇ ਦੇ ਲੇਖ ਮੁਕਾਬਲੇ ਕਰਵਾਏ ਗਏ। ਇਨ੍ਹਾਂ ਲੇਖ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਦਾ ਪੰਜਾਬੀ ਵਿਸ਼ੇ ਦਾ ਗਿਆਨ, ਸੁੰਦਰ ਲਿਖਾਈ ਤੇ ਚਲੰਤ ਮਸਲਿਆਂ ਬਾਰੇ ਜਾਣਕਾਰੀ ਵਧਾਉਣਾ ਹੈ। ਇਸ ਮੁਕਾਬਲੇ ਲਈ ਮੁੱਖ ਵਿਸ਼ੇ ਨਸ਼ਾ ਨਾਸ਼ ਕਰਦਾ ਹੈ। ਪੰਜਾਬ ਦੀਆਂ ਲੋਕ ਖੇਡਾਂ, ਮੋਬਾਇਲ ਫੋਨ ਦਾ ਵਧਦਾ ਰੁਝਾਨ ਆਦਿ ਰੱਖੇ ਗਏ। ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ, ਜਿਸ ਵਿੱਚ ਦਸਵੀਂ ਸ਼੍ਰੇਣੀ ਦੀ ਸ਼ਨਾਇਆ ਮਹਿਤਾ ਤੇ ਕੰਗਨਾ ਅਰੋੜਾ ਨੇ ਪਹਿਲਾ, ਸ਼ਹਿਜਪ੍ਰੀਤ ਕੌਰ ਤੇ ਜੈਸਮੀਨ ਕੌਰ ਬਰਾੜ ਨੇ ਦੂਸਰਾ ਅਤੇ ਗੁਰਵੀਰ ਕੌਰ ਤੇ ਅਮਨੀਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਨੌਵੀਂ ਸ਼੍ਰੇਣੀ ਦੀ ਜਸਮੀਤ ਕੌਰ ਨੇ ਪਹਿਲਾ, ਗੁਰਕੋਮਲ ਕੌਰ ਤੇ ਜੈਸਮੀਨ ਕੌਰ ਨੇ ਦੂਸਰਾ ਅਤੇ ਪਵਨੀਤ ਕੌਰ ਤੇ ਪ੍ਰਵੇਜ਼ ਕੁਮਾਰ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਪ੍ਰਾਪਤੀ ਲਈ ਸੰਸਥਾ ਦੇ ਪ੍ਰਿੰਸੀਪਲ ਗੁਰਦੇਵ ਸਿੰਘ, ਡਾਇਰੈਕਟਰ ਸੰਦੀਪ ਮਹਿਤਾ, ਕੋ-ਆਰਡੀਨੇਟਰ ਮੁਕੇਸ਼ ਅਰੋੜਾ ਤੇ ਕੋ-ਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਨੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਅਗਲੇਰੇ ਹੋਣ ਵਾਲੇ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਉਤਸ਼ਾਹਤ ਕੀਤਾ।

## ਡਵੀਜ਼ਨਲ ਰੇਲਵੇ ਖਪਤਕਾਰ ਸਲਾਹਕਾਰ ਕਮੇਟੀ ਦੀ ਮੀਟਿੰਗ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਵੀਜ਼ਨਲ ਰੇਲਵੇ ਖਪਤਕਾਰ ਸਲਾਹਕਾਰ ਕਮੇਟੀ ਦੀ ਮੀਟਿੰਗ ਡਵੀਜ਼ਨਲ ਰੇਲਵੇ ਮੈਨੇਜਰ ਦਫ਼ਤਰ ਫ਼ਿਰੋਜ਼ਪੁਰ ਦੇ ਆਡੀਟੋਰੀਅਮ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਫ਼ਿਰੋਜ਼ਪੁਰ ਡਵੀਜ਼ਨ ਦੇ ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਨੇ ਕੀਤੀ। ਇਸ ਮੀਟਿੰਗ ਵਿੱਚ ਡਵੀਜ਼ਨ ਦੇ ਵੱਖ-ਵੱਖ ਸਟੇਸ਼ਨਾਂ ਤੋਂ ਡਵੀਜ਼ਨਲ ਰੇਲਵੇ ਖਪਤਕਾਰ ਸਲਾਹਕਾਰ ਕਮੇਟੀ ਦੇ 6 ਮੈਂਬਰ, ਵਧੀਕ ਡਵੀਜ਼ਨਲ ਰੇਲਵੇ ਮੈਨੇਜਰ ਤੇ ਡਵੀਜ਼ਨ ਦੇ ਵੱਖ-ਵੱਖ ਵਿਭਾਗਾਂ ਦੇ ਸ਼ਾਖਾ ਅਧਿਕਾਰੀ ਹਾਜ਼ਰ ਸਨ।ਡਵੀਜ਼ਨਲ ਰੇਲਵੇ ਮੈਨੇਜਰ ਤੇ ਡਵੀਜ਼ਨਲ ਰੇਲਵੇ ਕੰਜ਼ਿਊਮਰ ਐਡਵਾਈਜ਼ਰੀ ਕਮੇਟੀ ਦੇ ਚੇਅਰਮੈਨ ਸੰਜੇ ਸਾਹੂ ਨੇ ਸਾਰੇ ਮੈਂਬਰਾਂ ਦਾ ਸਵਾਗਤ ਕੀਤਾ।ਡਵੀਜ਼ਨਲ ਰੇਲਵੇ ਕੰਜ਼ਿਊਮਰ ਐਡਵਾਈਜ਼ਰੀ ਕਮੇਟੀ ਦੇ ਚੇਅਰਮੈਨ ਸੰਜੇ ਸਾਹੂ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਵੀਜ਼ਨ ਦੀਆਂ ਪ੍ਰਾਪਤੀਆਂ ਤੇ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਮੈਂਬਰਾਂ ਨੂੰ ਜਾਣਕਾਰੀ ਦਿੱਤੀ।ਇਸ ਮੀਟਿੰਗ ਵਿੱਚ ਉੱਤਰੀ ਰੇਲਵੇ ਦੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਯਾਤਰੀ ਸੇਵਾਵਾਂ ਤੇ ਯਾਤਰੀ ਸਹੂਲਤਾਂ ਬਾਰੇ ਰੇਲ ਉਪਭੋਗਤਾਵਾਂ ਦੇ ਨੁਮਾਇੰਦਿਆਂ ਤੋਂ ਕੀਮਤੀ ਸਲਾਹ ਤੇ ਸੁਝਾਅ ਲਏ ਗਏ ਸਨ।ਨੁਮਾਇੰਦਿਆਂ ਨੇ ਜਲੰਧਰ ਸਿਟੀ ਰੇਲਵੇ ਸਟੇਸ਼ਨ ’ਤੇ ਰੇਲਗੱਡੀਆਂ ਦੇ ਵਿਸਤਾਰ, ਡਾਇਵਰਸ਼ਨ, ਸਟਾਪੇਜ, ਸੁਰੱਖਿਆ, ਪੇਅ ਐਂਡ ਯੂਜ਼, ਪਾਰਕਿੰਗ, ਕੇਟਰਿੰਗ, ਲਿਫਟ ਤੇ ਐਸਕੇਲੇਟਰ ਤੇ ਅੰਮ੍ਰਿਤਸਰ-ਹਰਿਦੁਆਰ ਵਿਚਕਾਰ ਚੱਲਣ ਵਾਲੀ ਰੇਲ ਗੱਡੀ ਦੇ ਡੱਬਿਆਂ ਨੂੰ ਐੱਲ ਐੱਚ ਬੀ ਰੇਕਸ਼ ਵਿੱਚ ਤਬਦੀਲ ਕਰਨ ਸੰਬੰਧੀ ਸੁਝਾਅ ਦਿੱਤੇ।ਕਮੇਟੀ ਮੈਂਬਰਾਂ ਦੇ ਵਿਚਾਰਾਂ ਦਾ ਨੋਟਿਸ ਲੈਂਦਿਆਂ ਰੇਲਵੇ ਪ੍ਰਸ਼ਾਸਨ ਨੇ ਜਿੱਥੇ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ, ਉੱਥੇ ਹੀ ਕਮੇਟੀ ਮੈਂਬਰਾਂ ਨੇ ਰੇਲਵੇ ਵੱਲੋਂ ਚੁੱਕੇ ਗਏ ਕਦਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਰੇਲਵੇ ਨੂੰ ਹਰ ਸੰਭਵ ਸਹਿਯੋਗ ਦੇਣਗੇ। ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਨੇ ਭਰੋਸਾ ਦਿੱਤਾ ਕਿ ਮੀਟਿੰਗ ਵਿੱਚ ਰੱਖੀਆਂ ਮੰਗਾਂ ਤੇ ਸੁਝਾਵਾਂ ’ਤੇ ਵਿਚਾਰ ਕੀਤਾ ਜਾਵੇਗਾ, ਜਿਹੜੇ ਸੁਝਾਵਾਂ ਨੂੰ ਡਵੀਜ਼ਨ ਪੱਧਰ ’ਤੇ ਲਾਗੂ ਕੀਤਾ ਜਾ ਸਕਦਾ ਹੈ, ਉਨ੍ਹਾਂ ’ਤੇ ਜਲਦੀ ਤੋਂ ਜਲਦੀ ਕਾਰਵਾਈ ਕੀਤੀ ਜਾਵੇਗੀ ਅਤੇ ਉਹ ਸਾਰੇ ਪ੍ਰਸਤਾਵ, ਜੋ ਮੁੱਖ ਦਫ਼ਤਰ ਪੱਧਰ ’ਤੇ ਤੈਅ ਕੀਤੇ ਜਾਣੇ ਹਨ, ਨੂੰ ਮੁੱਖ ਦਫ਼ਤਰ ਨੂੰ ਭੇਜ ਦਿੱਤਾ ਜਾਵੇਗਾ।ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਸ਼ੁਭਮ ਕੁਮਾਰ ਨੇ ਆਏ ਹੋਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।

## ਨਵੀਂ ਵੋਟ ਬਣਵਾਉਣ, ਕਟਵਾਉਣ ਜਾਂ ਸੋਧ ਕਰਾਉਣ ਲਈ ਭਰੇ ਜਾ ਰਹੇ ਫਾਰਮ : ਐੱਸ ਡੀ ਐੱਮ

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਲਈ ਇਹ 27 ਅਕਤੂਬਰ ਤੋਂ 09 ਦਸੰਬਰ ਤੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਨਵੀਂ ਵੋਟ ਬਣਵਾਉਣ, ਨਵੀਂ ਵੋਟ ਕਟਵਾਉਣ ਜਾਂ ਸੋਧ ਕਰਾਉਣ ਲਈ ਫਾਰਮ ਭਰੇ ਜਾ ਰਹੇ ਹਨ ਤਾਂ ਜੁ ਕੋਈ ਵੀ ਯੋਗ ਨਾਗਰਿਕ ਵੋਟ ਬਣਵਾਉਣ ਤੋਂ ਵਾਂਝਾ ਨਾ ਰਹੇ। ਇਹ ਜਾਣਕਾਰੀ ਐਸ.ਡੀ.ਐਮ. ਸ੍ਰੀ ਗੁਰਵਿੰਦਰ ਸਿੰਘ ਜੌਹਲ ਨੇ ਦਿੰਦਿਆਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ 01-01-2024 ਦੇ ਆਧਾਰ ਤੇ ਫੋਟੋ ਵੋਟਰ ਸੂਚੀਆਂ ਦੀ ਸਪੈਸ਼ਲ ਸਰਸਰੀ ਸੁਧਾਈ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਇਹ ਕੰਮ 9 ਦਸੰਬਰ ਤੱਕ ਚੱਲੇਗਾ। ਇਸ ਲਈ ਜਿਹੜੇ ਨਾਗਰਿਕਾਂ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣੀ ਵੋਟ ਬਣਵਾਉਣ ਲਈ ਫਾਰਮ ਨੰ: 6, ਵੋਟ ਕਟਵਾਉਣ ਲਈ ਫਾਰਮ ਨੰ: 7 ਤੇ ਪਤਾ ਬਦਲਣ, ਸੋਧ ਕਰਾਉਣ, ਡੁਪਲੀਕੇਟ ਵੋਟਰ ਕਾਰਡ ਅਤੇ ਦਿਵਿਆਂਗਤਾ ਮਾਰਕ ਕਰਵਾਉਣ ਲਈ ਫਾਰਮ ਨੰ: 8 ਭਰ ਕੇ ਸਬੰਧਤ ਬੂਥ ਲੈਵਲ ਅਫਸਰ ਜਾਂ ਚੋਣਕਾਰ ਰਜਿਸਟ੍ਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਅਮਲੋਹ ਦੇ ਦਫ਼ਤਰ ਵਿਖੇ ਜਮ੍ਹਾਂ ਕਰਾ ਸਕਦੇ ਹਨ। ਜੌਹਲ ਨੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਹੁਣ 4, 5 ਨਵੰਬਰ, 2, 3 ਦਸੰਬਰ ਨੂੰ ਸਪੈਸ਼ਲ ਕੈਂਪ ਲਾਏ ਜਾ ਰਹੇ ਹਨ। ਇਸ ਦੌਰਾਨ ਜ਼ਿਲ੍ਹੇ ਦੇ ਸਾਰੇ ਬੂਥ ਲੈਵਲ ਅਫ਼ਸਰ ਆਪੋ-ਆਪਣੇ ਪੋਲਿੰਗ ਸਟੇਸ਼ਨਾਂ ਤੇ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਬੈਠ ਕੇ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨਗੇ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1950 ’ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਵਾਉਣ ਲਈ ਚੋਣ ਕਮਿਸ਼ਨ ਦੀ ਵੈੱਬਸਾਈਟ ਐਨ.ਵੀ.ਐਸ.ਪੀ ਜਾਂ ਮੋਬਾਇਲ ਐਪ ਵੋਟਰ ਹੈਲਪ ਲਾਈਨ ’ਤੇ ਆਨਲਾਈਨ ਵੀ ਰਜਿਸਟ੍ਰੇਸ਼ਨ ਕਰਾਈ ਜਾ ਸਕਦੀ ਹੈ।

## ‘ਆਪ’ ਸਰਕਾਰ ਲੋਕਾਂ ਦੀਆਂ ਆਸਾਂ ’ਤੇ ਖਰਾ ਉਤਰਨ ’ਚ ਬੁਰੀ ਤਰ੍ਹਾਂ ਫੇਲ੍ਹ : ਮਾਹਲਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਤਰ੍ਹਾਂ-ਤਰ੍ਹਾਂ ਵਾਅਦੇ ਕਰਕੇ ਵੋਟਾਂ ਬਟੋਰ ਕੇ ਸੂਬੇ ਵਿੱਚ ਆਪਣੀ ਸਰਕਾਰ ਤਾਂ ਬਣਾ ਲਈ, ਪਰ ਇਹ ਵਾਅਦੇ ਸਰਕਾਰ ਬਣਨ ਤੋਂ ਬਾਅਦ ਕੋਰਾ ਝੂਠ ਤੇ ਗੁੰਮਰਾਹਕੁੰਨ ਸਾਬਤ ਹੋਏ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕੇ ਦੇ ਮੁੱਖ ਸੇਵਾਦਾਰ ਅਤੇ ਲੋਕ ਸਭਾ ਹਲਕਾ ਲੁਧਿਆਣਾ ਦਿਹਾਤੀ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕੀਤਾ। ਉਨ੍ਹਾਂ ਦੋਸ਼ ਲਾਇਆ ਕਿ ‘ਆਪ’ ਆਗੂ ਝੂਠ ਬੋਲਣ ਵਿਚ ਬੇਹੱਦ ਮਾਹਿਰ ਹਨ, ਪਰ ਇਹ ਝੂਠ ਬਹੁਤੀ ਦੇਰ ਤੱਕ ਚੱਲ ਨਹੀਂ ਸਕਦਾ, ਕਿਉਂਕਿ ਸੂਬੇ ਦੇ ਲੋਕ ਇਸ ਗੱਲ ਨੂੰ ਭਲੀ ਭਾਂਤ ਜਾਣਦੇ ਹਨ ਕਿ ‘ਆਪ’ ਸਰਕਾਰ ਸੂਬੇ ਵਿੱਚ ਇੱਕ ਐਮੀਨੈਂਸ ਸਕੂਲ ਬਣਾ ਕੇ ਵੱਡਾ ਪ੍ਰਚਾਰ ਕਰ ਰਹੀ ਹੈ, ਜਦ ਅਕਾਲੀ ਸਰਕਾਰ ਸਮੇਂ ਸੂਬੇ ਵਿਚ ਬਣੇ ਸ਼ਾਨਦਾਰ ਮੈਰੀਟੋਰੀਅਸ ਸਕੂਲਾਂ ਵਿਚੋਂ ਹਜ਼ਾਰਾਂ ਲੋੜਵੰਦ ਵਿਦਿਆਰਥੀ ਮੁਫਤ ਵਿਦਿਆ ਪ੍ਰਾਪਤ ਕਰ ਚੁੱਕੇ ਹਨ।

ਨੌਜਵਾਨ ਆਗੂ ਸੁਖਜੀਤ ਸਿੰਘ ਮਾਹਲਾ ਨੇ ਕਿਹਾ ਕਿ ਪੰਜਾਬ ’ਚ ਮੀਂਹ ਅਤੇ ਗੜ੍ਹੇਮਾਰੀ ਨਾਲ ਕਿਸਾਨਾਂ ਦੀਆਂ ਖਰਾਬ ਹੋਈਆਂ ਫਸਲਾਂ ਸਬੰਧੀ ਕੋਈ ਵੀ ਮੁਆਵਜ਼ਾ ਸਰਕਾਰ ਵੱਲੋਂ ਨਹੀਂ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ‘ਆਪ’ ਸੁਪਰੀਮੋ ਅਰਵਿੰਦ ਕੇਜਰੀਵਾਲ ਆਪਣੇ ਵਿਰੋਧੀਆਂ ਨਾਲ ਸਿਆਸੀ ਕਿੜਾਂ ਕੱਢਣ ਲਈ ਪੰਜਾਬ ਪੁਲਸ ਦਾ ਦੁਰਉਪਯੋਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਬਿਲਕੁਲ ਡਾਵਾਂਡੋਲ ਹੋ ਚੁੱਕੀ ਹੈ। ਇਸ ਮੌਕੇ ਉਨ੍ਹਾਂ ਨਾਲ ਦਾਰਾ ਸਿੰਘ ਸਾਬਕਾ ਸਰਪੰਚ ਢਿੱਲਵਾਂ, ਪਿਆਰਾ ਸਿੰਘ ਸਾਬਕਾ ਸਰਪੰਚ, ਬਸੰਤ ਸਿੰਘ ਸਾਬਕਾ ਪੰਚ, ਗੁਰਪਾਲ ਸਿੰਘ ਢਿੱਲੋਂ ਪ੍ਰਧਾਨ, ਰਣਜੀਤ ਸਿੰਘ ਗਿੱਲ ਪ੍ਰਧਾਨ, ਗੁਰਜੰਟ ਸਿੰਘ ਨੰਬਰਦਾਰ, ਇਕਬਾਲ ਸਿੰਘ ਨੰਬਰਦਾਰ, ਜੋਗਿੰਦਰ ਸਿੰਘ ਗਿੱਲ, ਜਗਜੀਤ ਸਿੰਘ, ਦੀਪੂ, ਗਿੰਦਰ ਸਿੰਘ, ਗੁਰਨਾਮ ਸਿੰਘ, ਮੇਜਰ ਸਿੰਘ, ਪੁੰਨੂੰ ਸਿੰਘ, ਸੁਰਜੀਤ ਸਿੰਘ, ਡਾ. ਲਖਵੀਰ ਸਿੰਘ, ਡਾ. ਸੁਖਦੇਵ ਸਿੰਘ, ਅਮਨਾ ਸਿੰਘ, ਸੋਹਨ ਸਿੰਘ, ਗੁਰਪ੍ਰੀਤ ਸਿੰਘ ਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਦੇਸ਼ ਭਗਤ ਯੂਨੀਵਰਸਿਟੀ ਨੇ ਮਨਾਇਆ ਸਥਾਪਨਾ ਦਿਵਸ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਨੇ ਆਪਣਾ 11ਵਾਂ ਸਥਾਪਨਾ ਦਿਵਸ ਯੂਨੀਵਰਸਿਟੀ ਕੈਂਪਸ ਵਿਖੇ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਪਤਵੰਤੇ ਸੱਜਣਾਂ ਵੱਲੋਂ ਲਾਲ ਸਿੰਘ ਦੀ ਮੂਰਤੀ ਨੂੰ ਫੁੱਲ ਮਾਲਾ ਅਰਪਿਤ ਕਰਕੇ ਕੀਤੀ ਗਈ। ਇਸ ਉਪਰੰਤ ਦੀਪਮਾਲਾ ਦੀ ਰਸਮ ਅਦਾ ਕੀਤੀ ਗਈ ਤੇ ਡੀ.ਬੀ.ਯੂ. ਐਨਥਮ ਦਾ ਗਾਇਨ ਕੀਤਾ ਗਿਆ।

ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ, ਡਾ. ਐਲ.ਐਸ. ਬੇਦੀ ਨੇ ਸਮਾਗਮ ਦੇ ਮੁੱਖ ਮਹਿਮਾਨ ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ, ਡਾ. ਤਜਿੰਦਰ ਕੌਰ, ਪ੍ਰੋ ਚਾਂਸਲਰ ਅਤੇ ਡਾ. ਸੰਦੀਪ ਸਿੰਘ, ਪ੍ਰੈਜ਼ੀਡੈਂਟ, ਜੋ ਆਨਲਾਈਨ ਮਾਧਿਅਮ ਰਾਹੀਂ ਸਮਾਗਮ ਵਿੱਚ ਸ਼ਾਮਲ ਹੋਏ ਨੂੰ ਜੀ ਆਇਆਂ ਆਖਿਆ। ਡਾ. ਜੇ ਕੇ ਸ਼ਰਮਾ, ਡਾਇਰੈਕਟਰ, ਆਈ.ਈ.ਡੀ.ਸੀ. ਨੇ ਡੀ.ਬੀ.ਯੂ. ਦੀ ਬੁਨਿਆਦ, ਆਦਰਸ਼, ਪਿਛਲੀਆਂ ਪ੍ਰਾਪਤੀਆਂ ਅਤੇ ਭਵਿੱਖੀ ਪ੍ਰੋਜੈਕਟਾਂ ਬਾਰੇ ਇੱਕ ਪ੍ਰੈਜ਼ੈਂਟੇਸ਼ਨ ਦਿੱਤੀ। ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਨੇ ਯੂਨੀਵਰਸਿਟੀ ਦੇ 11ਵੇਂ ਸਥਾਪਨਾ ਦਿਵਸ ਦੀਆਂ ਸਮੂਹ ਫੈਕਲਟੀ, ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਡਾ. ਜ਼ੋਰਾ ਸਿੰਘ ਨੇ ਆਪਣੇ ਪਿਤਾ ਲਾਲ ਸਿੰਘ ਜੀ ਨੂੰ ਯਾਦ ਕੀਤਾ ਅਤੇ ਕਿਹਾ ਕਿ ਲਾਲ ਸਿੰਘ ਜੀ ਦਾ ਸੁਪਨਾ ਸੀ ਕਿ ਇਸ ਦੇ ਰਾਹੀਂ ਉਹ ਸਮਾਜ ਦੇ ਹਰ ਵਰਗ ਵਿੱਚ ਸਿੱਖਿਆ ਦਾ ਪ੍ਰਸਾਰ ਕਰਨ ਜਿਸਦੇ ਸਦਕਾ ਡੀ.ਬੀ.ਯੂ. ਆਪਣੀਆਂ ਸਕਾਲਰਸ਼ਿਪ ਸਕੀਮਾਂ ਤੇ ਉੱਦਮਤਾ ਪ੍ਰੋਗਰਾਮਾਂ ਦੁਆਰਾ ਸਮਾਜ ਦੇ ਪਛੜੇ ਵਰਗਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨ ਵਿੱਚ ਵਡਮੁੱਲੀ ਸੇਵਾ ਨਿਭਾ ਰਹੀ ਹੈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਉਲੀਕਿਆ ਗਿਆ, ਜਿਸ ਵਿੱਚ ਪੰਜਾਬ ਦੇ ਲੋਕ ਨਾਚ ਗਿੱਧਾ ਤੇ ਭੰਗੜਾ, ਗੀਤ ਗਾਇਨ, ਨੁੱਕੜ ਨਾਟਕ ਆਦਿ ਪੇਸ਼ ਕੀਤੇ ਗਏ।

ਡਾ. ਆਈ.ਐਸ. ਸੇਠੀ, ਡਾਇਰੈਕਟਰ ਖੋਜ ਤੇ ਡਾ. ਪ੍ਰਮੋਦ ਮੰਡਲ, ਡਾਇਰੈਕਟਰ ਅਕਾਦਮਿਕ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਸਮਾਗਮ ਦੇ ਅੰਤ ਵਿੱਚ ਡਾ. ਸੁਰਜੀਤ ਪਥੀਜਾ, ਡਾਇਰੈਕਟਰ, ਪ੍ਰਫਾਰਮਿੰਗ ਆਰਟਸ ਤੇ ਮੀਡੀਆ ਨੇ ਰਸਮੀ ਧੰਨਵਾਦ ਕੀਤਾ ਤੇ ਸਮਾਗਮ ਦੀ ਸਮਾਪਤੀ ਕੀਤੀ।

## ਬੀ ਡੀ ਪੀ ਓ ਰਾਜਾ ਸਿੰਘ ਨੇ ਚਾਰਜ ਸੰਭਾਲਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਫਤਰ ਮਹਿਲ ਕਲਾਂ ਵਿਖੇ ਨਵੇਂ ਆਏ ਬੀ ਡੀ ਪੀ ਓ ਰਾਜਾ ਸਿੰਘ ਨੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਸਮੂਹ ਸਟਾਫ ਨੇ ਗੁਲਦਸਤਾ ਭੇਟ ਕਰਕੇ ਸਨਮਾਨਤ ਕਰਦਿਆਂ ਆਪਣੇ ਵੱਲੋਂ ਸਹਿਯੋਗ ਦਾ ਵਿਸ਼ਵਾਸ ਦੁਆਇਆ। ਬਾਅਦ ’ਚ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀ ਡੀ ਪੀ ਓ ਰਾਜਾ ਸਿੰਘ ਨੇ ਕਿਹਾ ਕਿ ਇਸ ਦਫਤਰ ਨਾਲ ਸਬੰਧਤ ਸਾਰੇ ਕੰਮਾਂ ਨੂੰ ਪਹਿਲ ਦੇ ਆਧਾਰ ’ਤੇ ਮੁਕੰਮਲ ਕੀਤਾ ਜਾਵੇਗਾ। ਕਿਸੇ ਨੂੰ ਵੀ ਕਿਸੇ ਪ੍ਰਕਾਰ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਗ੍ਰਾਮ ਪੰਚਾਇਤਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਬਿਨਾਂ ਕਿਸੇ ਪੱਖਪਾਤ ਪਹਿਲ ਦੇ ਆਧਾਰ ’ਤੇ ਮੁਕੰਮਲ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੁਖਦੀਪ ਸਿੰਘ ਬੀ ਡੀ ਪੀ ਓ ਬਰਨਾਲਾ, ਪੰਚਾਇਤ ਅਫਸਰ ਗੁਰਮੇਲ ਸਿੰਘ, ਸੁਪਰਡੈਂਟ ਗੁਰਚੇਤ ਸਿੰਘ ਬਾਜਵਾ, ਜੇ ਈ ਇੰਦਰਜੀਤ ਸਿੰਘ, ਏ ਪੀ ਓ ਗਗਨਦੀਪ ਸਿੰਘ, ਲੇਖਾਕਾਰ ਅਮਰਜੀਤ ਕੌਰ, ਪੰਚਾਇਤ ਸਕੱਤਰ ਗੁਰਦੀਪ ਸਿੰਘ, ਰਾਜਪਾਲ ਸਿੰਘ, ਗੁਰਪ੍ਰੀਤ ਸਿੰਘ ਪਟਵਾਰੀ, ਰਣਜੀਤ ਸਿੰਘ ਰਾਣਾ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਸਕੂਲੀ ਬੱਚਿਆਂ ਨੂੰ ਬੂਟ-ਜ਼ੁਰਾਬਾਂ ਵੰਡੀਆਂ

**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਦੇ ਵੱਖ ਵੱਖ ਸਕੂਲਾਂ ਵਿੱਚ ਪੜ੍ਹਦੇ ਜ਼ਰੂਰਤਮੰਦ ਬੱਚਿਆਂ ਨੂੰ ਬੂਟ ਵੰਡਣ ਦੇ ਪ੍ਰੋਗਰਾਮ ਦੀ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਸੇਵਾਦਾਰਾਂ ਵੱਲੋਂ ਸਮਾਣਾ ਦੇ ਮਾਡਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪਹੁੰਚ ਕੇ ਇਥੇ ਪੜ੍ਹਾਈ ਕਰ ਰਹੇ 95 ਵਿਦਿਆਰਥੀਆਂ ਦੀ ਜ਼ਰੂਰਤ ਨੂੰ ਵੇਖਦੇ ਹੋਏ ਇਨ੍ਹਾਂ ਵਿਦਿਆਰਥੀਆਂ ਨੂੰ 95 ਜੋੜੇ ਬੂਟ (ਸ਼ੂਜ਼) ਪਵਾਏ ਗਏ ਤੇ ਇਸ ਦੇ ਨਾਲ ਹਰੇਕ ਬੱਚੇ ਨੂੰ ਦੋ ਦੋ ਜੋੜੇ ਜ਼ੁਰਾਬਾਂ ਦੇ ਦਿੰਦੇ ਹੋਏ 190 ਜੋੜੇ ਜ਼ੁਰਾਬਾਂ ਦੇ ਭੇਟ ਕੀਤੇ ਗਏ। ਇਹ ਸੇਵਾ ਮਾਲੇਰਕੋਟਲਾ ਦਰਬਾਰ ਬਾਬਾ ਹੈਦਰ ਸ਼ੇਖ ਜੀ ਵੱਲੋਂ ਭੇਜੀ ਗਈ ਹੈ, ਜਿਸ ਵਿੱਚ ਇਸ ਦੀ ਸ਼ੁਰੂਆਤ ਸਭ ਤੋਂ ਪਹਿਲਾਂ ਸਮਾਣਾ ਦੇ ਪਬਲਿਕ ਸੀਨੀਅਰ ਸਕੂਲ ਸਮਾਣਾ ਤੇ ਐੱਸ ਡੀ ਮਾਡਲ ਸਕੂਲ ਤੋਂ ਕੀਤੀ ਗਈ ਸੀ ਅਤੇ ਹੁਣ ਇਸ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਅੱਜ ਮਾਡਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਇਹ ਬੂਟ ਤੇ ਜ਼ੁਰਾਬਾਂ ਦੇ ਜੋੜੇ ਵੰਡੇ ਗਏ ਹਨ।

ਸਕੂਲ ਦੇ ਪ੍ਰਿੰਸੀਪਲ ਸਾਲਿਗ੍ਰਾਮ ਦੱਤ ਵੱਲੋਂ ਸਕੂਲਾਂ ਵਿਖੇ ਜ਼ਰੂਰਤਮੰਦ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਸ ਸੇਵਾ ਲਈ ਧੰਨਵਾਦ ਕਰਦਿਆਂ ਇਸ ਨੂੰ ਸਮਾਜ ਸੇਵਾ ਲਈ ਇੱਕ ਵਧੀਆ ਉਪਰਾਲਾ ਦੱਸਦੇ ਹੋਏ ਇਸ ਸੇਵਾ ਨੂੰ ਸਕੂਲ ਵਿਖੇ ਨਿਭਾਉਣ ਆਏ ਪ੍ਰਧਾਨ ਸੰਜੀਵ ਸੈਂਕੀ ਧੀਮਾਨ, ਸਿਕੰਦਰ ਗਰਗ, ਜਗਤਾਰ ਸਿੰਘ ਮਣਕੂ, ਅਜੈ ਬਾਂਸਲ, ਐਸਲੀ ਗਰਗ, ਸਾਹਿਲ ਅਰੋੜਾ, ਰਣਦੀਪ ਗੋਇਲ ਸੀਤੂ, ਸੰਦੀਪ ਸਿੰਗਲਾ ਤੇ ਦੇਵਕੀ ਨੰਦਨ ਸਿੰਗਲਾ ਦਾ ਧੰਨਵਾਦ ਕੀਤਾ।



## ...ਸ.ਫ਼ਾ 1 ਦੇ ਬਾਕੀ

### ਮੋਦੀ ਸਰਕਾਰ ’ਚ ਦਲਿਤਾਂ...

ਉਚੇਚੇ ਤੌਰ ’ਤੇ ਆ ਰਹੇ ਹਨ। ਕਾਮਰੇਡ ਗੋਰੀਆ ਨੇ ਕਿਹਾ ਕਿ ਮੋਦੀ ਸਰਕਾਰ ਪਿੰਡਾਂ ਦੇ ਕਾਮਿਆਂ ਦੇ ਹੱਕ ਵਿੱਚ ਮਨਰੇਗਾ ਕਾਨੂੰਨ ਸਹੀ ਲਾਗੂ ਕਰਨ ਲਈ ਤਿਆਰ ਨਹੀਂ। ਇਸ ਦੇ ਬਜਟ ਵਿੱਚ ਕਟੌਤੀ ਨੇ ਖੇਤ ਮਜ਼ਦੂਰਾਂ ਲਈ ਰੁਜ਼ਗਾਰ ਦੇ ਹੱਕ ’ਤੇ ਪਾਣੀ ਫੇਰ ਦਿੱਤਾ ਹੈ। ਇਨ੍ਹਾਂ ਵਾਸਤੇ ਸਾਲ ਵਿੱਚ 200 ਦਿਨ ਕੰਮ ਅਤੇ ਘੱਟੋ-ਘੱਟ 700 ਰੁਪਏ ਦਿਹਾੜੀ ਨਹੀਂ ਕੀਤੀ ਜਾ ਰਹੀ। ਸਮਾਜਕ ਸੁਰੱਖਿਆ ਅਧੀਨ 5000 ਰੁਪਏ ਪੈਨਸ਼ਨ ਨਹੀਂ ਦਿੱਤੀ ਜਾ ਰਹੀ। ਪਿੰਡਾਂ ਦੇ ਕਾਮਿਆਂ ਲਈ ਖੇਤੀ ਅਧਾਰਤ ਸਨਅਤਾਂ ਲਗਾ ਕੇ ਬਦਲਵੇਂ ਕੰਮ ਦਾ ਪ੍ਰਬੰਧ ਨਹੀਂ ਕੀਤਾ ਜਾ ਰਿਹਾ, ਦੇਸ਼ ਵਿੱਚ ਮੋਦੀ ਸਰਕਾਰ ਆਉਣ ਤੋਂ ਬਾਅਦ ਦਲਿਤਾਂ, ਘੱਟ ਗਿਣਤੀਆਂ ਅਤੇ ਔਰਤਾਂ ਉੱਪਰ ਅੱਤਿਆਚਾਰ ਵਧੇ ਹਨ। ਇਸ ਸੂਬਾ ਅਜਲਾਸ ਵਿੱਚ ਇਨ੍ਹਾਂ ਮੁੱਦਿਆਂ ’ਤੇ ਵਿਚਾਰ ਕਰਕੇ ਆਉਣ ਵਾਲੇ ਦਿਨਾਂ ਵਿੱਚੋਂ ਪੰਜਾਬ ਵਿੱਚ ਖੇਤ ਮਜ਼ਦੂਰਾਂ ਦਾ ਵਿਸ਼ਾਲ ਥੜ੍ਹਾ ਉਸਾਰ ਕੇ ਘੋਲਾਂ ਨੂੰ ਤੇਜ਼ ਕਰਨ ਦੇ ਫੈਸਲੇ ਲਏ ਜਾਣਗੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿੱਚ ਕੰਮ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦੇ ਹੁਕਮ ਨੂੰ ਤੁਰੰਤ ਵਾਪਸ ਲਏ। ਪੰਜਾਬ ਦੇ ਖੇਤ ਮਜ਼ਦੂਰਾਂ ਨਾਲ ਕੀਤੇ ਵਾਅਦੇ ਬਿਨਾਂ ਦੇਰੀ ਤੋਂ ਪੂਰੇ ਕਰੇ। ਉਨ੍ਹਾ ਪੰਜਾਬ ਦੇ ਖੇਤ ਮਜ਼ਦੂਰਾਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਉਹ 25 ਨਵੰਬਰ ਨੂੰ ਫਰੀਦਕੋਟ ਵਿਖੇ ਹੋ ਰਹੀ ਖੇਤ ਮਜ਼ਦੂਰ ਰੈਲੀ ਵਿੱਚ ਪਰਵਾਰਾਂ ਸਮੇਤ ਵਧ-ਚੜ੍ਹ ਕੇ ਸ਼ਾਮਲ ਹੋਣ। ਸੂਬਾ ਅਜਲਾਸ ਦੀਆਂ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਹਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਬੰਤ ਬਰਾੜ ਸਕੱਤਰ ਸੂਬਾ ਕੌਂਸਲ ਸੀ ਪੀ ਆਈ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਦੇ ਖੇਤ ਮਜ਼ਦੂਰਾਂ ਦੇ ਸਵਾਲਾਂ ਦਾ ਜ਼ੋਰਦਾਰ ਸਮਰਥਨ ਕਰਦੀ ਹੈ ਅਤੇ ਅਪੀਲ ਕਰਦੀ ਹੈ ਕਿ ਪੰਜਾਬ ਦੀ ਪਾਰਟੀ ਦੇ ਸਾਰੇ ਸਾਥੀ ਪਿੰਡਾਂ ਦੀ ਸਭ ਤੋਂ ਪੀੜਤ ਜਮਾਤ ਦੇ ਹੱਕਾਂ ਲਈ ਲੜਨ ਵਾਲੀ ਜਥੇਬੰਦੀ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾਈ ਰੈਲੀ ਅਤੇ ਅਜਲਾਸ ਨੂੰ ਕਾਮਯਾਬ ਕਰਨ ਲਈ ਤਨ, ਮਨ ਤੇ ਧਨ ਨਾਲ ਮਦਦ ਕਰਨ।

ਮੀਟਿੰਗ ’ਚ ਸੁਰਿੰਦਰ ਸਿੰਘ ਭੈਣੀ, ਮਲਕੀਤ ਚੰਦ ਨਵਾਂਸ਼ਹਿਰ, ਸੰਤੋਖ ਪਾਲ ਨਵਾਂ ਸ਼ਹਿਰ, ਬਲਬੀਰ ਸਿੰਘ ਮੱਲ੍ਹੀ, ਮੋਹਣ ਸਿੰਘ ਲੁਧਿਆਣਾ, ਰਾਣਾ ਸਿੰਘ, ਦਰਸ਼ਨ ਸਿੰਘ, ਗੁਰਦੇਵ ਸਿੰਘ, ਕੁਲਵੰਤ ਸਿੰਘ ਲੁਧਿਆਣਾ, ਸੁਖਦੇਵ ਸਿੰਘ, ਲਾਲ ਸਿੰਘ ਤਰਨ ਤਾਰਨ, ਕ੍ਰਿਸ਼ਨ ਚੌਹਾਨ ਮਾਨਸਾ, ਕਰਨੈਲ ਸਿੰਘ ਨਾਹਰ ਸਿੰਘ ਲੁਧਿਆਣਾ, ਗੁਰਨਾਮ ਸਿੰਘ ਫਰੀਦਕੋਟ, ਪ੍ਰੀਤਮ ਸਿੰਘ ਸੰਗਰੂਰ, ਸਿਮਰ ਕੌਰ, ਪ੍ਰਗਟ ਸਿੰਘ ਫਤਿਹਗੜ੍ਹ ਸਾਹਿਬ, ਪ੍ਰਮੋਦ ਕੁਮਾਰ, ਭਰਪੂਰ ਸਿੰਘ, ਰੁੱਗਾ ਰਾਮ ਫਾਜ਼ਿਲਕਾ, ਗੁਰਮੇਲ ਸਿੰਘ ਲੁਧਿਆਣਾ, ਮਲਕੀਤ ਸਿੰਘ, ਸੁਨੀਲ ਕੁਮਾਰ ਰਾਜੇਵਾਲ ਤੇ ਸਵਰਨ ਸਿੰਘ ਕਾਕੜਾ ਕਲਾਂ ਆਦਿ ਮੌਜੂਦ ਸਨ।

### ਗ਼ਦਰੀ ਬਾਬਿਆਂ ਦੇ ਮੇਲੇ ...

ਇਲਾਵਾ ‘ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਅਤੇ ਵਿਚਾਰ ਪ੍ਰਗਟਾਵੇ ਤੋਂ ਬਾਅਦ ਦੀ ਆਜ਼ਾਦੀ’ ਦੇ ਮੁੱਦਿਆਂ ਅਤੇ ‘ਦੁਨੀਆ ਦੀ ਬਦਲਦੀ ਤਸਵੀਰ’ ਦੀਆਂ ਸੈਨਤਾਂ ਬੁਝਦਿਆਂ ਲੋਕਾਂ ਨੂੰ ਆਪਣੀ ਇਤਿਹਾਸਕ ਭੂਮਿਕਾ ਅਦਾ ਕਰਨ ਲਈ ਗ਼ਦਰੀ ਬਾਬਿਆਂ ਦੇ ਮੇਲੇ ’ਚੋਂ ਨਵੇਂ ਖਿਆਲਾਂ ਦੀ ਰੌਸ਼ਨੀ ਹਾਸਲ ਕਰਨ ਲਈ ਕਾਫ਼ਲੇ ਬੰਨ੍ਹ ਕੇ ਆਉਣ ਦੀ ਲੋੜ ਹੈ। ‘30 ਅਕਤੂਬਰ ਦੀ ਸ਼ਾਮ : ਪੁਸਤਕ ਸੱਭਿਆਚਾਰ ਦੇ ਨਾਮ’ ਨਾਲ ਮੇਲੇ ਦਾ ਆਗਾਜ਼ ਹੋਏਗਾ। ਮੇਲੇ ’ਚ ਲੱਗ ਰਹੇ ਪੁਸਤਕ ਮੇਲੇ ਵਾਲੇ ਮੰਚ ਤੋਂ ਸਾਥੋਂ ਵਿਛੜ ਗਏ ਸਾਹਿਤਕਾਰ, ਕਲਾਕਾਰ ਕਵੀ ਹਰਭਜਨ ਸਿੰਘ ਹੁੰਦਲ, ਗ਼ਦਰ, ਮਾਸਟਰ ਤਰਲੋਚਨ ਸਮਰਾਲਾ, ਬਾਰੂ ਸਤਵਰਗ, ਦੇਸ ਰਾਜ ਕਾਲੀ, ਸ਼ਿਵਨਾਥ, ਜਸਵੰਤ ਬੇਗੋਵਾਲ, ਅਨੂਪ ਵਿਰਕ ਅਤੇ ਸੁਰਜਨ ਜ਼ੀਰਵੀ ਨੂੰ ਸਿਜਦਾ ਕੀਤਾ ਜਾਏਗਾ। ਮੇਲੇ ਦੇ ਤਿੰਨੇ ਦਿਨ ਚਿਤਰਕਲਾ ਅਤੇ ਫੋਟੋ ਕਲਾ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਹੋਏਗੀ, ਜਿਸ ਵਿੱਚ ਰਵਿੰਦਰ ਰਵੀ (ਲੁਧਿਆਣਾ), ਗੁਰਪ੍ਰੀਤ (ਬਠਿੰਡਾ), ਵਰੁਣ ਟੰਡਨ (ਜਲੰਧਰ), ਗੁਰਦੀਸ਼ (ਜਲੰਧਰ), ਇੰਦਰਜੀਤ ਸਿੰਘ (ਜਲੰਧਰ), ਰਣਦੀਪ ਮੱਦੋਕੇ, ਰਣਜੋਧ ਸਿੰਘ (ਲੁਧਿਆਣਾ) ਅਤੇ ਸਵਰਨਜੀਤ ਸਵੀ (ਲੁਧਿਆਣਾ) ਆਪਣੀਆਂ ਕਲਾਕ੍ਰਿਤਾਂ ਮੇਲਾ ਪ੍ਰੇਮੀਆਂ ਦੇ ਰੂਬਰੂ ਕਰਕੇ ਗ਼ਦਰੀ ਬਾਬਿਆਂ ਨੂੰ ਪ੍ਰਣਾਮ ਕਰਨਗੇ। 31 ਅਕਤੂਬਰ ਕੁਇਜ਼ ਅਤੇ ਪੇਂਟਿੰਗ ਮੁਕਾਬਲਾ ਹੋਏਗਾ। 31 ਅਕਤੂਬਰ ਦੁਪਹਿਰ 1:30 ਵਜੇ ਵਿਚਾਰ-ਚਰਚਾ ’ਚ ਜਮਹੂਰੀ ਹੱਕਾਂ ਦੀ ਨਾਮਵਰ ਝੰਡਾਬਰਦਾਰ ਤੀਸਤਾ ਸੀਤਲਵਾੜ (ਮਹਾਰਾਸ਼ਟਰ), ਹਿੰਦੀ ਕਵੀ, ਆਲੋਚਕ, ‘ਵਸੁਧਾ’ ਹਿੰਦੀ ਪੱਤ੍ਰਿਕਾ ਦੇ ਸੰਪਾਦਕ ਵਿਨੀਤ ਤਿਵਾੜੀ (ਮੱਧ ਪ੍ਰਦੇਸ਼) ਉਚੇਚੇ ਤੌਰ ’ਤੇ ਹੋ ਰਹੇ ਕੌਮੀ ਵਿਚਾਰ-ਚਰਚਾ ਸਮਾਗਮ ਵਿੱਚ ਮੁੱਖ ਵਕਤਾ ਹੋਣਗੇ। ਇਸ ਚਰਚਾ ਮੌਕੇ ਕਮੇਟੀ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਕਮੇਟੀ ਮੈਂਬਰ ਡਾ. ਸੁਖਦੇਵ ਸਿਰਸਾ ਅਤੇ ਡਾ. ਪਰਮਿੰਦਰ ਸ਼ਾਮਲ ਹੋਣਗੇ। ਸ਼ਾਮ ਠੀਕ 4 ਵਜੇ ਕਵੀ ਦਰਬਾਰ ਉਪਰੰਤ ਪੀਪਲਜ਼ ਵਾਇਸ ਵੱਲੋਂ ਵਿਨੀਤ ਤਿਵਾੜੀ ਦੀ ਫ਼ਿਲਮ ‘ਜਿਨ੍ਹੇ ਨਾਜ਼ ਹੈ ਹਿੰਦ ਪੇ ਕਹਾਂ ਹੈ ਵੋ’ ਦਾ ਫ਼ਿਲਮ ਸ਼ੋਅ ਹੋਏਗਾ। ਮਾਨਵਤਾ ਕਲਾ ਮੰਚ ਨਗਰ (ਪਲਸ ਮੰਚ) ਵੱਲੋਂ ਕੁਲਵੰਤ ਕੌਰ ਨਗਰ ਦਾ ਲਿਖਿਆ ਜਸਵਿੰਦਰ ਪੱਪੀ ਦੁਆਰਾ ਨਿਰਦੇਸ਼ਤ ਨਾਟਕ ਨਰਗਿਸ ਦੁਆਰਾ ਪੇਸ਼ ਹੋਏਗਾ ‘ਚਿੜੀਆਂ ਦਾ ਚੰਬਾ।’

30, 31 ਅਕਤੂਬਰ ਵੰਨ-ਸੁਵੰਨੀਆਂ ਕਲਾ ਵੰਨਗੀਆਂ ਵਿਚੀਂ ਗੁਜ਼ਰਦਿਆਂ ਪਹਿਲੀ ਨਵੰਬਰ ਸਵੇਰੇ 10 ਵਜੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣਗੇ। ਅਮੋਲਕ ਸਿੰਘ ਦੁਆਰਾ ਲਿਖਿਆ ਸੰਗੀਤ ਨਾਟ ਓਪੇਰਾ ਝੰਡੇ ਦਾ ਗੀਤ: ‘ਚਾਨਣ ਦੇ ਵਣਜਾਰੇ’ ਪੰਜਾਬੀ ਰੰਗਮੰਚ ਦੇ ਨਾਮਵਰ ਨਿਰਦੇਸ਼ਕ, ਨਾਟਕਕਾਰ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ’ਚ ਮੰਚ ਰੰਗਮੰਚ ਅੰਮ੍ਰਿਤਸਰ ਪੇਸ਼ ਕਰੇਗਾ। ਨਾਮਧਾਰੀ ਸੰਗੀਤ ਕਲਾ ਕੇਂਦਰ ਦੁਆਰਾ ਪ੍ਰਭਾਵਸ਼ਾਲੀ ਕਲਾ ਵੰਨਗੀ ‘ਹੱਲਾ’, ਸੰਗੀਤ ਦੀਆਂ ਦਿਨ-ਰਾਤ ਟੀਮਾਂ ’ਚ ਹਰਿੰਦਰ ਸੋਹਲ ਅੰਮ੍ਰਿਤਸਰ, ਸੰਗੀਤ ਵਿਭਾਗ, ਖਾਲਸਾ ਕਾਲਜ ਗੜ੍ਹਦੀਵਾਲ (ਗੁਰਪਿੰਦਰ ਸਿੰਘ), ਲੋਕ ਸੰਗੀਤ ਮੰਡਲੀ ਮਸਾਣੀ (ਧਰਮਿੰਦਰ ਮਸਾਣੀ), ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਦਸਤਕ ਮੰਚ ਤੋਂ ਇਲਾਵਾ ਸੋਲੋ ਗੀਤਾਂ ਰਾਹੀਂ ਸਰਗਮ ਅਤੇ ਨਰਗਿਸ ਹਾਜ਼ਰੀ ਲਾਉਣਗੇ। ਪਹਿਲੀ ਨਵੰਬਰ ਦਿਨ ਵੇਲੇ ਮੁੱਖ ਵਕਤਾ ‘ਦੀ ਵਾਇਰ’ ਦੇ ਮੰਨੇ-ਪ੍ਰਮੰਨੇ ਵਿਦਵਾਨ ਸੰਪਾਦਕ ਸਿਧਾਰਥ ਵਰਧਰਾਜਨ ਹੋਣਗੇ। ਚੰਡੀਗੜ੍ਹ ਸਕੂਲ ਆਫ਼ ਡਰਾਮਾ ਵੱਲੋਂ ਇੱਕਤਰ ਦੀ ਕਲਮ ਤੋਂ ਲਿਖਿਆ ਅਤੇ ਨਿਰਦੇਸ਼ਤ ਕੀਤਾ ਨਾਟਕ ‘ਠੱਗੀ’ ਪਹਿਲੀ ਨਵੰਬਰ ਦੁਪਹਿਰ ਵੇਲੇ ਹੋਏਗਾ।

ਪਹਿਲੀ ਨਵੰਬਰ ਦਿਨੇ 4 ਵਜੇ ਵਿਚਾਰ-ਚਰਚਾ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਦੇਵ ਅਰਸ਼ੀ, ਮੰਗਤ ਰਾਮ ਪਾਸਲਾ, ਡਾ. ਪਰਮਿੰਦਰ, ਦਰਸ਼ਨ ਖਟਕੜ, ਸੁਖਵਿੰਦਰ ਸੇਖੋਂ ਸੰਬੋਧਨ ਅਤੇ ਪ੍ਰੋ. ਤੇਜਿੰਦਰ ਵਿਰਲੀ ਮੰਚ ਸੰਚਾਲਨ ਕਰਨਗੇ। ਪਹਿਲੀ ਨਵੰਬਰ ਸ਼ਾਮ ਸਾਢੇ 6 ਵਜੇ ਤੋਂ ਨਾਟਕਾਂ ਅਤੇ ਗੀਤਾਂ ਭਰੀ ਰਾਤ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਪ੍ਰਧਾਨ ਅਜਮੇਰ ਸਿੰਘ ਦੇ ਸੁਨੇਹੇ ਨਾਲ ਸ਼ੁਰੂ ਹੋ ਕੇ 2 ਨਵੰਬਰ ਸਰਘੀ ਵੇਲੇ ਤੱਕ ਨਿਰੰਤਰ ਜਾਰੀ ਰਹੇਗੀ। ਇਸ ਵਿੱਚ ਇਪਟਾ ਛਤੀਸਗੜ੍ਹ ਦੀ ਟੀਮ ਨ੍ਰਿਤ ਨਾਟ ਕਲਾ, ਅਨੀਤਾ ਸ਼ਬਦੀਸ਼ ਦੀ ਨਿਰਦੇਸ਼ਨਾ ’ਚ ਸੁਚੇਤਕ ਰੰਗਮੰਚ ਮੁਹਾਲੀ ਵੱਲੋਂ ਸੀ ਟੀ ਖਨੋਲਕਰ ਦਾ ਲਿਖਿਆ (ਪੰਜਾਬੀ ਰੂਪਾਂਤਰ: ਸ਼ਬਦੀਸ਼) ਨਾਟਕ ‘ਵਕਤ ਤੈਨੂੰ ਸਲਾਮ’, ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ’ਚ ਮੰਚ ਰੰਗਮੰਚ ਅੰਮ੍ਰਿਤਸਰ ਵੱਲੋਂ ਬਰਤੋਲਤ ਬ੍ਰੈਖ਼ਤ ਦਾ ਪ੍ਰਸਿੱਧ ਨਾਟਕ ‘ਦਾ ਕਾਕੇਸੀਅਨ ਚਾਕ ਸਰਕਲ’ (ਪੰਜਾਬੀ ਰੂਪ ਅਮਿਤੋਜ) ‘ਮਿੱਟੀ ਨਾ ਹੋਏ ਮਤਰੇਈ’, ਡਾ. ਸਾਹਿਬ ਸਿੰਘ ਦਾ ਲਿਖਿਆ ਤੇ ਨਿਰਦੇਸ਼ਤ ਕੀਤਾ ਨਾਟਕ ‘ਸੰਦੂਕੜੀ ਖੋਲ੍ਹ ਨਰੈਣਿਆਂ’ ਅਤੇ ‘ਗਗਨ ਦਮਾਮਾ ਬਾਜਿਓ’ (ਰਚਨਾ: ਪਿਯੂਸ਼ ਮਿਸ਼ਰਾ), ਵਿੱਕੀ ਮਹੇਸਰੀ ਅਤੇ ਅਵਤਾਰ ਚੜ੍ਹਿੱਕ ਦੀ ਨਿਰਦੇਸ਼ਨਾ ’ਚ ਇਪਟਾ ਮੋਗਾ ਵੱਲੋਂ ਨਾਟਕ ਖੇਡੇ ਜਾਣਗੇ। ਇਸ ਰਾਤ ਇਪਟਾ ਦੇ ਅਵਤਾਰ ਚੜ੍ਹਿੱਕ ਅਤੇ ਇਕਬਾਲ ਦੁਆਰਾ ਭੰਡ ਕਲਾ ਦਾ ਆਪਣਾ ਹੀ ਰੰਗ ਹੋਏਗਾ। ਮੇਲੇ ਦੀ ਸਮਾਂ-ਸਾਰਣੀ ਅਤੇ ਕਲਾ ਵੰਨਗੀਆਂ ਦੀ ਜਾਣਕਾਰੀ ਸਾਂਝੀ ਕਰਦਿਆਂ ਕਮੇਟੀ ਆਗੂਆਂ ਨੇ ਸਮੂਹ ਲੋਕ-ਪੱਖੀ ਸੰਸਥਾਵਾਂ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆਂ ਨੂੰ ਮੇਲੇ ਦੀ ਸਫ਼ਲਤਾ ਲਈ ਸਹਿਯੋਗ ਦੀ ਅਪੀਲ ਕੀਤੀ। ਇਸ ਮੌਕੇ ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ, ਕੁਲਬੀਰ ਸੰਘੇੜਾ, ਵਿਜੈ ਬੰਬੇਲੀ ਤੇ ਡਾ. ਸੈਲੇਸ਼ ਹਾਜ਼ਰ ਸਨ।

### ਪਹਿਲੀ ਦੀ ਬਹਿਸ ...

ਮੀਡੀਆ ਸਾਹਮਣੇ ਖੁੱਲ੍ਹੀ ਬਹਿਸ ਲਈ ਵੰਗਾਰਿਆ ਸੀ। ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇਹ ਨੇਤਾ ਪੰਜਾਬ ਨਾਲ ਕੀਤੀ ਗੱਦਾਰੀ ਲਈ ਜ਼ਿੰਮੇਵਾਰ ਹਨ ਅਤੇ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਵਾਲਿਆਂ ਨੂੰ ਇਤਿਹਾਸ ਕਦੇ ਵੀ ਮੁਆਫ ਨਹੀਂ ਕਰੇਗਾ। ਇਹ ਬਹਿਸ ਲੋਕਾਂ ਨੂੰ ਸ਼ੀਸ਼ਾ ਦਿਖਾਏਗੀ ਕਿ ਕੁਰਬਾਨੀ ਦੀ ਆੜ ਵਿੱਚ ਕਿਵੇਂ ਇਨ੍ਹਾਂ ਨੇਤਾਵਾਂ ਨੇ ਪੰਜਾਬ ਦੇ ਹਿੱਤ ਅਣਗੌਲੇ ਕਰਕੇ ਆਪਣੇ ਨਿੱਜੀ ਮੁਫਾਦ ਸੁਰੱਖਿਅਤ ਕੀਤੇ। ਉਨ੍ਹਾ ਕਿਹਾ ਕਿ ਸੂਬੇ ਦੇ ਲੋਕ ਇਨ੍ਹਾਂ ਲੀਡਰਾਂ ਵੱਲੋਂ ਨਿੱਜੀ ਹਿੱਤਾਂ ਦੀ ਖਾਤਰ ਪੰਜਾਬ ਤੇ ਪੰਜਾਬੀਆਂ ਵਿਰੁੱਧ ਕੀਤੇ ਗੁਨਾਹਾਂ ਨੂੰ ਨਾ ਤਾਂ ਕਦੇ ਭੁੱਲਣਗੇ ਅਤੇ ਨਾ ਹੀ ਕਦੇ ਮੁਆਫ ਕਰਨਗੇ।

## ਹਰ ਸਿੱਖ ਦਾ ਫ਼ਰਜ਼ ਹੈ ਆਪਣੇ ਵੋਟ ਅਧਿਕਾਰ ਦੀ ਵਰਤੋਂ ਕਰੇ : ਜਥੇਦਾਰ ਖਾਲਸਾ

**ਬਰਨਾਲਾ (ਰਾਜਿੰਦਰ ਬਰਾੜ)**

ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿਖੇ ਜਥੇਦਾਰ ਪਰਮਜੀਤ ਸਿੰਘ ਖਾਲਸਾ ਅੰਤ੍ਰਿਗ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਹਲਕਾ ਬਰਨਾਲਾ ਵੱਲੋਂ, ਜਿਸ ਦੀਆਂ ਜਨਰਲ ਚੋਣਾਂ ਮੌਕੇ ਹਰ ਸਿੱਖ ਦਾ ਫ਼ਰਜ਼ ਹੈ ਕਿ ਉਹ ਆਪਣੇ ਵੋਟ ਅਧਿਕਾਰ ਦੀ ਵਰਤੋਂ ਕਰੇ। ਮੌਜੂਦਾ ਸਮੇਂ ਵੋਟ ਬਣਾਉਣ ਦੀ ਪ੍ਰਕਿਰਿਆ ਆਰੰਭ ਹੋ ਚੁੱਕੀ ਹੈ, ਜਿਸ ਸਬੰਧੀ ਸਮੂਹ ਸਿੱਖ ਜਗਤ ਨੂੰ ਅਪੀਲ ਹੈ ਕਿ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿਖੇ ਵੋਟਰ ਫਾਰਮ ਨੂੰ ਭਰ ਕੇ 15 ਨਵੰਬਰ ਤੋਂ ਪਹਿਲਾਂ-ਪਹਿਲਾਂ ਜਮ੍ਹਾਂ ਕਰਾਏ ਜਾਣ। ਇਸ ਸਬੰਧੀ ਆਪਣੇ ਆਲੇ-ਦੁਆਲੇ ਦੀਆਂ ਸਿੱਖ ਸੰਗਤਾਂ ਨੂੰ ਵੀ ਜਾਗਰੂਕ ਕੀਤਾ ਜਾਵੇ। ਇਸ ਮੌਕੇ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲਾ ਹਲਕਾ ਇੰਚਾਰਜ ਕੁਲਵੰਤ ਸਿੰਘ ਕੀਤੂ, ਰੁਪਿੰਦਰ ਸਿੰਘ ਸੰਧੂ, ਸੰਜੀਵ ਸ਼ੋਰੀ, ਜਰਨੈਲ ਸਿੰਘ ਭੋਤਨਾ, ਮਲਕੀਤ ਸਿੰਘ ਦੀਵਾਨਾ, ਹਰਦੇਵ ਸਿੰਘ ਨੀਲਾ, ਕੇਵਲ ਸਿੰਘ ਵੀਨਸ, ਗੁਰਭੀਤਰ ਸਿੰਘ ਗੁਲਜ਼ਾਰ ਸਿੰਘ, ਮੈਨੇਜਰ ਬਾਬਾ ਸੁਖਵਿੰਦਰ ਸਿੰਘ, ਜਸਵੰਤ ਸਿੰਘ, ਸ਼ੇਰ ਸਿੰਘ, ਗੁਰਚਰਨ ਸਿੰਘ, ਜਰਨੈਲ ਸਿੰਘ, ਸਵਰਨ ਸਿੰਘ ਧੌਲਾ, ਗੁਰਜੰਟ ਸਿੰਘ ਸੋਨਾ, ਅਮਰਜੀਤ ਸਿੰਘ, ਕੌਰ ਸਿੰਘ ਉਪਰੀ, ਕੁਲਵਿੰਦਰ ਸਿੰਘ ਕਾਲਾ, ਮਹਿੰਦਰ ਸਿੰਘ ਬਾਬਾ ਬੇਅੰਤ ਸਿੰਘ ਧਾਲੀਵਾਲ, ਸਰਬਜੀਤ ਸਿੰਘ, ਏਕਮ ਸਿੰਘ ਤੇ ਸਮੂਹ ਸੰਗਤਾਂ ਹਾਜ਼ਰ ਸਨ।

### ਅਮਰੀਕਾ ’ਚ 22 ...

ਦੁਨੀਆ ਦੀ ਆਬਾਦੀ ਵਿਚ ਅਮਰੀਕਾ ਦਾ ਹਿੱਸਾ 5 ਫੀਸਦੀ ਹੈ, ਪਰ ਬੰਦੂਕਾਂ ਦੇ ਮਾਮਲੇ ਵਿਚ 46 ਫੀਸਦੀ। 44 ਫੀਸਦੀ ਅਮਰੀਕੀ ਬਾਲਗ ਉਸ ਘਰ ਵਿਚ ਰਹਿੰਦੇ ਹਨ, ਜਿੱਥੇ ਬੰਦੂਕਾਂ ਹਨ। 2019 ਵਿਚ ਅਮਰੀਕਾ ’ਚ 63 ਹਜ਼ਾਰ ਗਨ ਡੀਲਰ ਸਨ, ਜਿਨ੍ਹਾਂ ਉਸ ਸਾਲ ਅਮਰੀਕੀਆਂ ਨੂੰ 83 ਹਜ਼ਾਰ ਕਰੋੜ ਰੁਪਏ ਦੀਆਂ ਬੰਦੂਕਾਂ ਵੇਚੀਆਂ ਸਨ। ਅਮਰੀਕਾ 231 ਸਾਲਾਂ ਬਾਅਦ ਵੀ ਗੰਨ ਕਲਚਰ ਖਤਮ ਨਹੀਂ ਕਰ ਸਕਿਆ। ਕਈ ਅਮਰੀਕੀ ਰਾਸ਼ਟਰਪਤੀਆਂ ਤੋਂ ਲੈ ਕੇ ਰਾਜਾਂ ਦੇ ਗਵਰਨਰ ਇਸ ਕਲਚਰ ਨੂੰ ਬਣਾਈ ਰੱਖਣ ਦੇ ਹਮਾਇਤੀ ਰਹੇ ਹਨ। ਗੰਨ ਬਣਾਉਣ ਵਾਲੀਆਂ ਫੈਕਟਰੀਆਂ ਦੀ ਤਕੜੀ ਲਾਬੀ ਹੈ। 1791 ਵਿਚ ਸੰਵਿਧਾਨ ’ਚ ਦੂਜੀ ਸੋਧ ’ਚ ਅਮਰੀਕੀਆਂ ਨੂੰ ਹਥਿਆਰ ਰੱਖਣ ਤੇ ਖਰੀਦਣ ਦਾ ਅਧਿਕਾਰ ਦਿੱਤਾ ਗਿਆ ਸੀ। ਇਸ ਕਲਚਰ ਦੀ ਸ਼ੁਰੂਆਤ ਉਦੋਂ ਹੋਈ ਸੀ, ਜਦੋਂ ਅੰਗਰੇਜ਼ਾਂ ਦਾ ਰਾਜ ਹੁੰਦਾ ਸੀ।

### ਐੱਸ ਵਾਈ ਐੱਲ ’ਤੇ ...

ਦੇ ਮੈਂਬਰ ਬਣ ਗਏ ਸਨ। ਇਸੇ ਤਰ੍ਹਾਂ ਰਾਜੀਵ-ਲੌਂਗੋਵਾਲ ਸਮਝੌਤਾ, ਜੋ ਕਿ ਇਸ ਮੁੱਦੇ ਦਾ ਬਿਹਤਰ ਹੱਲ ਕੱਢਦਾ ਹੈ, ਨੂੰ ਵੀ ਆਧਾਰ ਬਣਾਇਆ ਜਾ ਸਕਦਾ ਹੈ। ਕਾਮਰੇਡ ਸੇਖੋਂ ਤੇ ਬੰਤ ਬਰਾੜ ਨੇ ਕਿਹਾ ਕਿ ਲੋੜ ਇਸ ਗੱਲ ਦੀ ਹੈ ਕਿ ਇਹ ਕੇਸ ਸੁਪਰੀਮ ਕੋਰਟ ’ਚ ਮਜ਼ਬੂਤੀ ਨਾਲ ਰੱਖਿਆ ਜਾਵੇ ਅਤੇ ਕੇਂਦਰ ਕੋਲ ਵੀ ਆਪਣਾ ਪੱਖ ਪੁਖ਼ਤਗੀ ਨਾਲ ਪੇਸ਼ ਕੀਤਾ ਜਾਵੇ। ਐੱਸ ਵਾਈ ਐੱਲ ਦਾ ਮੁੱਦਾ ਪੰਜਾਬ ਦੇ ਭਵਿੱਖ ਨਾਲ ਜੁੜਿਆ ਹੋਇਆ ਹੈ, ਇਸ ’ਤੇ ਹੁਣ ਤੱਕ ਬਹੁਤ ਸਿਆਸਤ ਹੋ ਚੁੱਕੀ ਹੈ, ਹੁਣ ਇਸ ਨੂੰ ਗੰਭੀਰਤਾ ਨਾਲ ਲੈਣਾ ਹੋਵੇਗਾ। ਆਗੂਆਂ ਕਿਹਾ ਕਿ ਮੁੱਖ ਮੰਤਰੀ ਇਸ ਮੁੱਦੇ ’ਤੇ ਸਰਬ ਪਾਰਟੀ ਮੀਟਿੰਗ ਸੱਦਣ, ਤਾਂ ਜੋ ਇਸ ਨੂੰ ਲੈ ਕੇ ਸਾਂਝਾ ਸੰਘਰਸ਼ ਵਿੱਢਿਆ ਜਾ ਸਕੇ।

## ਡੀ ਟੀ ਐੱਫ ਕੰਪਿਊਟਰ ਅਧਿਆਪਕਾਂ ਦੀ ਸੰਗਰੂਰ ਰੈਲੀ ’ਚ ਕਰੇਗੀ ਭਰਵੀਂ ਸ਼ਮੂਲੀਅਤ



**ਮੋਗਾ (ਅਮਰਜੀਤ ਬੱਬਰੀ)**

ਲਗਭਗ ਪਿਛਲੇ ਦੋ ਦਹਾਕਿਆਂ ਤੋਂ ਕੰਪਿਊਟਰ ਅਧਿਆਪਕ ਹੋਰ ਬਹੁਤ ਸਾਰੇ ਵਰਗਾਂ ਵਾਂਗ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਦਾ ਸ਼ਿਕਾਰ ਹਨ।ਇਨ੍ਹਾਂ ਅਧਿਆਪਕਾਂ ਨੇ ਆਪਣੀ ਜ਼ਿੰਦਗੀ ਦਾ ਸੁਨਿਹਰੀ ਸਮਾਂ ਸਿੱਖਿਆ ਵਿਭਾਗ ਦੇ ਲੇਖੇ ਲਾਇਆ, ਪ੍ਰੰਤੂ ਰੰਗ-ਬਿਰੰਗੀਆਂ ਸਰਕਾਰਾਂ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਪੂਰੀ ਤਨਖਾਹ ਅਤੇ ਬਾਕੀ ਲਾਭਾਂ ਸਮੇਤ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ ਤੋਂ ਲਗਾਤਾਰ ਆਨਾਕਾਨੀ ਕੀਤੀ ਜਾ ਰਹੀ ਹੈ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਅਤੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਪੰਜਾਬ ਸਰਕਾਰ ਦੀ ਨਿੱਜੀਕਰਨ ਤੇ ਆਊਟਸੋਰਸਿੰਗ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਜੁਲਾਈ 2011 ਵਿੱਚ ਇਨ੍ਹਾਂ ਅਧਿਆਪਕਾਂ ਨੂੰ ਆਈ.ਸੀ.ਟੀ. ਪ੍ਰੋਜੈਕਟ ਤਹਿਤ ਸਿਵਲ ਸਰਵਿਸਜ਼ ਨਿਯਮ ਲਾਗੂ ਕਰਦਿਆਂ ਸਿੱਖਿਆ ਵਿਭਾਗ ਵਿੱਚ ਬਕਾਇਦਾ ਵੋਕੇਸ਼ਨਲ ਗ੍ਰੇਡ ਦੇ ਕੇ ਪੱਕੇ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਪ੍ਰੰਤੂ ਲਗਭਗ ਦੋ ਦਹਾਕੇ ਬੀਤ ਜਾਣ ਦੇ ਬਾਵਜੂਦ ਵੀ।ਇਨ੍ਹਾਂ ਅਧਿਆਪਕਾਂ ਨੂੰ ਪੱਕੇ ਕਰਨ ਦੀ ਥਾਂ ਧੱਕੇਸ਼ਾਹੀ ਨਾਲ ਕੱਚੇ ਰੱਖਿਆ ਜਾ ਰਿਹਾ ਹੈ।ਇਨ੍ਹਾਂ ਅਧਿਆਪਕਾਂ ਨੂੰ ਬਣਦੇ ਵਿੱਤੀ ਲਾਭਾਂ ਡੀ.ਏ, ਛੇਵਾਂ ਤਨਖਾਹ ਕਮਿਸ਼ਨ, ਏ.ਸੀ.ਪੀ, ਸਕੀਮ, ਕਮਾਈ ਅਤੇ ਮੈਡੀਕਲ ਛੁੱਟੀਆਂ ਦਾ ਇਵਜਾਨਾ ਦੇਣ ਤੋਂ ਸਰਕਾਰ ਭੱਜ ਚੁੱਕੀ ਹੈ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨਦਾਸ ਅਤੇ ਪ੍ਰੈਸ ਸਕੱਤਰ ਗੁਰਮੀਤ ਝੋਰੜਾਂ ਨੇ ਕਿਹਾ ਕਿ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਦਾਅਵੇ ਕਰਨ ਵਾਲੀ ਆਪ ਸਰਕਾਰ ਕੰਪਿਊਟਰ ਅਧਿਆਪਕਾਂ, ਐਨ ਐਸ ਕਿਊ ਐਫ਼, ਅਧਿਆਪਕਾਂ ਨੂੰ ਪੱਕੇ ਕਰਨ ਤੋਂ ਭੱਜ ਰਹੀ ਹੈ।ਵਲੰਟੀਅਰ ਕੈਟਾਗਰੀ ਦੇ ਅਧਿਆਪਕਾਂ ਨੂੰ ਰੈਗੂਲਰ ਕਰਨ ਦੀ ਇਸ਼ਤਿਹਾਰਬਾਜ਼ੀ ਕਰਕੇ ਕੇਵਲ ਤਨਖਾਹ ਵਾਧੇ ਨੂੰ ਹੀ ਪੱਕੇ ਕਰਨ ਦਾ ਭਰਮ ਪੈਦਾ ਕਰਕੇ ਫੋਕੀ ਸ਼ੋਹਰਤ ਖੱਟਣ ਦੀ ਕਵਾਇਦ ਜਾਰੀ ਹੈ।ਜ਼ਿਲ੍ਹਾ ਵਿੱਤ ਸਕੱਤਰ ਗੁਰਸ਼ਰਨ ਸਿੰਘ ਤੇ ਜਥੇਬੰਦਕ ਸਕੱਤਰ ਅਮਨਦੀਪ ਮਾਛੀਕੇ ਨੇ ਕਿਹਾ ਕਿ ਜਥੇਬੰਦੀ ਇਨ੍ਹਾਂ ਅਧਿਆਪਕਾਂ ਦੇ ਹੱਕੀ ਘੋਲ ਦੀ ਹਮਾਇਤ ਕਰਦਿਆਂ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਵੱਡੀ ਗਿਣਤੀ ’ਚ ਡੀ.ਟੀ.ਐਫ ਦੇ ਵਰਕਰਾਂ ਦੀ ਸ਼ਮੂਲੀਅਤ ਕਰਾਏਗੀ। ਮੀਟਿੰਗ ਵਿੱਚ ਜਗਜੀਤ ਸਿੰਘ ਰਣੀਆਂ, ਅਮਰਦੀਪ ਬੁੱਟਰ, ਦੀਪਕ ਮਿੱਤਲ, ਨਰਿੰਦਰ ਸਿੰਘ, ਸਵਰਨਜੀਤ ਭਗਤਾ, ਮੈਡਮ ਮਧੂ, ਮਮਤਾ ਕੌਸ਼ਲ, ਬਲਵਿੰਦਰ ਸਿੰਘ, ਜਸਵਿੰਦਰ ਸਿੰਘ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।

## ਪੂਨਮ ਸਿੰਘ ਨੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਸੰਭਾਲਿਆ ਚਾਰਜ

**ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)**-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਮੈਡਮ ਪੂਨਮ ਸਿੰਘ ਨੇ ਆਪਣਾ ਚਾਰਜ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਮੈਡਮ ਪੂਨਮ ਸਿੰਘ ਮੋਗਾ ਵਿਖੇ ਬਤੌਰ ਕਮਿਸ਼ਨਰ ਨਗਰ ਨਿਗਮ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ। ਮੈਡਮ ਪੂਨਮ ਸਿੰਘ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਬਤੌਰ ਉਪ ਮੰਡਲ ਮੈਜਿਸਟ੍ਰੇਟ ਵਜੋਂ ਵੀ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਹਨ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਚਾਰਜ ਸੰਭਾਲਣ ਉਪਰੰਤ ਮੈਡਮ ਪੂਨਮ ਸਿੰਘ ਨੇ ਕਿਹਾ ਕਿ ਉਨ੍ਹਾਂ ਵੱਲੋਂ ਹਰੇਕ ਯੋਗ ਤੇ ਲੋੜਵੰਦ ਵਿਅਕਤੀ ਤੱਕ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਪੁਚਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਦਫ਼ਤਰੀ ਕੰਮ-ਕਾਜ ਲਈ ਆਉਣ ਵਾਲੇ ਹਰੇਕ ਵਿਅਕਤੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।


**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

ਕਬਜ਼ਾ ਨੋਟਿਸ [ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਤਹਿਤ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਮੈਸ. ਦੋਸਾਂਝ ਰੈਫਰੀਜਰੇਸ਼ਨ ਐਂਡ ਏਅਰ ਕੰਡੀਸ਼ਨਿੰਗ, ਸ੍ਰੀ ਆਲਮਜੀਤ ਸਿੰਘ ਪੁੱਤਰ ਗੁਰਮੀਤ ਸਿੰਘ, ਸ੍ਰੀਮਤੀ ਕਿਰਨਦੀਪ ਕੌਰ ਪਤਨੀ ਆਲਮਜੀਤ ਸਿੰਘ, ਸ੍ਰੀਮਤੀ ਸੁਰਿੰਦਰ ਕੌਰ ਪਤਨੀ ਗੁਰਮੀਤ ਸਿੰਘ ਅਤੇ ਸ੍ਰੀ ਬਲਬੀਰ ਸਿੰਘ ਪੁੱਤਰ ਓਂਕਾਰ ਸਿੰਘ ਨੂੰ ਨੋਟਿਸ ’ਚ 01.12.2021 ਨੂੰ ਦਰਸਾਈ ਰਕਮ ਰੁ. 2,58,348/-(ਦੋ ਲੱਖ ਅਠਵੰਜਾ ਹਜ਼ਾਰ ਤਿੰਨ ਸੌ ਅਠਤਾਲੀ ਰੁਪਏ ਕੇਵਲ) ਅਤੇ ਰੁਪਏ 3,23,896/-(ਤਿੰਨ ਲੱਖ ਤੇਈ ਹਜ਼ਾਰ ਅੱਠ ਸੌ ਛਿਆਨਵੇਂ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ਼, ਲਾਗਤ ਅਤੇ ਅਚਨਚੇਤੀ ਖਰਚੇ ਦੇ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਅਦਾ ਕਰਨ ਲਈ ਮਿਤੀ 19 ਦਸੰਬਰ 2021 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਅਦਾ ਕਰਨ ’ਚ ਅਫਸਲ ਰਹੇ ਹਨ। ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 26 ਅਕਤੂਬਰ, 2023 ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ/ਗਰੰਟਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ 1.12.2021 ਨੂੰ ਰੁਪਏ 2,58,348/-(ਦੋ ਲੱਖ ਅਠਵੰਜਾ ਹਜ਼ਾਰ ਤਿੰਨ ਸੌ ਅਠਤਾਲੀ ਰੁਪਏ ਕੇਵਲ) ਦੀ ਵਸੂਲੀ ਹੇਠ ਹੋਵੇਗੀ।

**ਅਚੱਲ ਜਾਇਦਾਦ ਦੇ ਵੇਰਵਾ :**

ਵਪਾਰਕ ਜਾਇਦਾਦ ਦਾ ਉਚਿਤ ਗਿਰਵੀਨਾਮਾ-ਰਕਬਾ 1.58 ਮਰਲੇ/288 ਵਰਗ ਫੁੱਟ, ਦਸਤਾਵੇਜ਼ ਨੰ./ਬੈਨਾਮਾ ਨੰ. 32/2017-18/1/10580 ਮਿਤੀ 05.03.2018 ਅਨੁਸਾਰ ਸ੍ਰੀ ਆਲਮਜੀਤ ਪੁੱਤਰ ਸ੍ਰੀ ਗੁਰਮੀਤ ਸਿੰਘ ਦੇ ਨਾਂਅ ’ਤੇ ਮੁਹੱਲਾ ਸ਼ਹੀਦ ਭਗਤ ਸਿੰਘ ਨਗਰ, ਖੋਥੜਾਂ ਰੋਡ, ਪਿੰਡ ਢੱਕ ਚਾਚੋਕੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

ਸਥਾਨ : ਫਗਵਾੜਾ — ਮਿਤੀ : 26.10.2023 — ਸਹੀ/ਅਧਿਕਾਰਤ ਅਫਸਰ



ਨਵਾਂ ਜ਼ਮਾਨਾ — ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਖਾਲੜਾ ’ਚ ਹੋਈ ਗੁਟਕਾ ਸਾਹਿਬ ਦੀ ਬੇਅਦਬੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਹਲਕਾ ਖੇਮਕਰਨ ਅਧੀਨ ਪੈਂਦੇ ਕਸਬਾ ਖਾਲੜਾ ’ਚ ਸਥਿਤ ਗੁਰਦੁਆਰਾ ਭਾਈ ਜਗਤਾ ਜੀ ਦੇ ਨੇੜੇ ਪੈਂਦੀ ਗਲੀ ’ਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਗੁਟਕਾ ਸਾਹਿਬ ਦੇ ਫਟੇ ਹੋਏ ਅੰਗ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮੰਦਭਾਗੀ ਘਟਨਾ ਨਾਲ ਲੋਕਾਂ ਅਤੇ ਸਿੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਖਾਲੜਾ ਦੇ ਵਸਨੀਕ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਉਸ ਦਾ ਬੇਟਾ ਰਣਜੀਤ ਸਿੰਘ ਸ਼ਾਮੀਂ ਕਰੀਬ 6 ਵਜੇ ਟਿਊਸ਼ਨ ਤੋਂ ਘਰ ਵਾਪਸ ਆ ਰਿਹਾ ਸੀ। ਜਦੋਂ ਉਹ ਗਲੀ ਵਿੱਚ ਪਹੁੰਚਿਆ ਤਾਂ ਉਸ ਨੇ ਸ੍ਰੀ ਸੁਖਮਨੀ ਸਾਹਿਬ ਦੇ ਗੁਟਕਾ ਸਾਹਿਬ ਦੇ ਫਟੇ ਹੋਏ ਅੰਗ ਗਲੀ ’ਚ ਖਿੱਲਰੇ ਦੇਖੇ, ਜਿਸ ਤੋਂ ਬਾਅਦ ਉਨ੍ਹਾਂ ਨੇ ਗੁਟਕਾ ਸਾਹਿਬ ਦੇ ਫਟੇ ਹੋਏ ਅੰਗ ਗੁਰਦੁਆਰਾ ਭਾਈ ਜਗਤਾ ਜੀ ਦੇ ਗ੍ਰੰਥੀ ਸੁਖਦੇਵ ਸਿੰਘ ਉਰਫ ਬਿੱਟੂ ਨੂੰ ਦੇ ਦਿੱਤੇ। ਯਾਦਵਿੰਦਰ ਸਿੰਘ ਨੇ ਦੱਸਿਆ ਕਿ ਉਹ ਗ੍ਰੰਥੀ ਸਿੰਘ ਨੂੰ ਉਸ ਜਗ੍ਹਾ ’ਤੇ ਵੀ ਲੈ ਕੇ ਗਏ ਜਿੱਥੋਂ ਗੁਟਕਾ ਸਾਹਿਬ ਦੇ ਫਟੇ ਹੋਏ ਅੰਗ ਉਸ ਦੇ ਬੇਟੇ ਨੂੰ ਮਿਲੇ ਸਨ। ਇਸ ਮੰਦਭਾਗੀ ਘਟਨਾ ਸੰਬੰਧੀ ਜਾਣਕਾਰੀ ਮਿਲਣ



ਮਗਰੋਂ ਥਾਣਾ ਖਾਲੜਾ ਦੇ ਐਸ ਐਚ ਓ ਬਲਵਿੰਦਰ ਸਿੰਘ ਵੱਲੋਂ ਮੌਕੇ ’ਤੇ ਪਹੁੰਚ ਕੇ ਆਸ-ਪਾਸ ਦੇ ਘਰਾਂ ਦੀ ਤਲਾਸ਼ੀ ਲਈ ਗਈ। ਇਸ ਮਾਮਲੇ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸ ਐਚ ਓ ਬਲਵਿੰਦਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸੁਖਦੇਵ ਸਿੰਘ ਦੇ ਬਿਆਨ ਕਲਮਬੰਦ ਕਰਕੇ ਪਰਚਾ ਦਰਜ ਕੀਤਾ ਜਾ ਰਿਹਾ ਹੈ। ਥਾਣਾ ਮੁਖੀ ਦਾ ਕਹਿਣਾ ਸੀ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਸ਼ਰਾਰਤੀ ਅਨਸਰ/ਅਨਸਰਾਂ ਵੱਲੋਂ ਗੁਟਕਾ ਸਾਹਿਬ ਦੇ ਫਟੇ ਹੋਏ ਅੰਗਾਂ ਨੂੰ ਅਗਨ ਭੇਟ ਵੀ ਕੀਤਾ ਗਿਆ ਹੈ, ਜਿਸ ਦੀ ਰਾਖ ਨੂੰ ਪੁਲਸ ਵੱਲੋਂ ਕਬਜ਼ੇ ਵਿੱਚ ਲਿਆ ਗਿਆ ਹੈ। 26 ਅਕਤੂਬਰ ਦੀ ਦੁਪਹਿਰ ਇੱਕ ਵਜੇ ਦੇ ਕਰੀਬ ਜਦੋਂ ਸਤਿਕਾਰ ਕਮੇਟੀ ਦੇ ਆਗੂ ਭਾਈ ਰਣਜੀਤ ਸਿੰਘ ਘਟਨਾ ਸਥਾਨ ’ਤੇ ਪਹੁੰਚੇ ਤਾਂ ਉਸ ਜਗ੍ਹਾ ਤੋਂ ਗੁਟਕਾ ਸਾਹਿਬ ਦੇ ਦੋ ਅੰਗ ਹੋਰ ਬਰਾਮਦ ਹੋਏ । ਇਸ ਘਟਨਾ ਦੀ ਸਤਿਕਾਰ ਕਮੇਟੀ ਦੇ ਆਗੂ ਭਾਈ ਰਣਜੀਤ ਸਿੰਘ ਉਧੋਕੇ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਬੇਅਦਬੀ ਕਰਨ ਵਾਲੇ ਮੁਲਜ਼ਮਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਹੈ। ਘਟਨਾ ਸਥਾਨ ਦਾ ਜਾਇਜ਼ਾ ਲੈਣ ਪਹੁੰਚੇ ਸਬ ਡਵੀਜ਼ਨ ਭਿੱਖੀਵਿੰਡ ਦੇ ਡੀ ਐਸ ਪੀ ਪ੍ਰੀਤ ਇੰਦਰ ਸਿੰਘ ਨੇ ਸਿੱਖ ਜਥੇਬੰਦੀਆਂ ਅਤੇ ਸਤਿਕਾਰ ਕਮੇਟੀ ਦੇ ਆਗੂ ਭਾਈ ਰਣਜੀਤ ਸਿੰਘ ਉਧੋਕੇ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ ।

# ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਦੀ ਚੈਕਿੰਗ

**ਚੋਹਲਾ ਸਾਹਿਬ (ਰਮਨ ਚੱਢਾ)**

ਸਿਵਲ ਸਰਜਨ ਤਾਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਵਰਿੰਦਰਪਾਲ ਕੌਰ ਡੀਆਈਓ ਅਤੇ



ਡਾਕਟਰ ਰਿਸ਼ੀਤਾ ਡਬਲਯੂਐਚਓ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਸਮੇਂ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਸੀਐਚਸੀ ਸਰਹਾਲੀ ਵੀ ਨਾਲ ਹਾਜ਼ਰ ਸਨ। ਇਸ ਸਮੇਂ ਡਾ. ਵਰਿੰਦਰਪਾਲ ਕੌਰ, ਡਾ. ਰਿਸ਼ੀਤਾ ਅਤੇ ਡਾ. ਜਤਿੰਦਰ ਸਿੰਘ ਗਿੱਲ ਵੱਲੋਂ ਮੀਜਲ ਰੁਬੇਲਾ, ਆਈਐੱਲਆਰ ਫਰੀਜ਼ਰ ਅਤੇ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਨਵੇਂ ਪ੍ਰੋਗਰਾਮ ਯੂਵਿਨ ਦੀ ਚੈਕਿੰਗ ਕੀਤੀ ਗਈ। ਇਸ ਸਮੇਂ ਡਾ, ਵਰਿੰਦਰਪਾਲ ਕੌਰ ਨੇ ਸਿਹਤ ਮੁਲਾਜ਼ਮਾਂ ਨੂੰ ਮੀਜ਼ਲ ਰੁਬੇਲਾ ਬਾਰੇ ਭਰਪੂਰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮੀਜ਼ਲ ਰੁਬੇਲਾ ਦੀ ਟੀਕਾਕਰਨ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ ਤਾਂ ਜੋ ਮੀਜ਼ਲ ਰੁਬੇਲਾ ਦੀ ਬਿਮਾਰੀ ਭਾਰਤ ਵਿੱਚੋਂ ਖ਼ਤਮ ਕੀਤੀ ਜਾ ਸਕੇ। ਇਸ ਸਮੇਂ ਉਨ੍ਹਾਂ ਵੱਲੋਂ ਐੱਲਐੱਚਵੀ ਅਤੇ ਸੀਐੱਚਓ ਦੇ ਰਜਿਸਟਰ ਵੀ ਚੈੱਕ ਕੀਤੇ ਗਏ ਅਤੇ ਹਦਾਇਤ ਕੀਤੀ ਕਿ ਆਪਣਾ ਆਪਣਾ ਕੰਮ ਸਮੇਂ ਸਿਰ ਕੀਤਾ ਜਾਵੇ ਅਤੇ ਮਹੀਨਾਵਾਰ ਰਿਪੋਰਟਾਂ ਸਮੇਂ ਸਿਰ ਸਿਵਲ ਸਰਜਨ ਦਫਤਰ ਤਰਨ ਤਾਰਨ ਵਿਖੇ ਭੇਜੀਆਂ ਜਾਣ ਤਾਂ ਜੋ ਰਿਪੋਰਟਾਂ ਕੰਪਾਇਲ ਕਰਕੇ ਉੱਪਰ ਤੱਕ ਸਮੇਂ ਸਿਰ ਭੇਜੀਆਂ ਜਾ ਸਕਣ। ਇਸ ਸਮੇਂ ਬਲਾਕ ਐਜੂਕੈਅਰ ਹਰਦੀਪ ਸਿੰਘ, ਹੈਲਥ ਇੰਸਪੈਕਟਰ ਬਿਹਾਰੀ ਲਾਲ, ਮਨਦੀਪ ਸਿੰਘ ਆਈ ਏ, ਸਵਿੰਦਰ ਕੌਰ ਐੱਲਐੱਚਵੀ, ਸੁਪਰੀਤ ਕੌਰ ਸੀਐੱਚਓ, ਜਸਪ੍ਰੀਤ ਕੌਰ ਏਐੱਨਐੱਮ, ਹਰਜਿੰਦਰ ਕੌਰ ਆਸ਼ਾ ਫਸਿਲੀਟੇਟਰ ਆਦਿ ਹਾਜ਼ਰ ਸਨ।

## ਚਿੱਪ ਵਾਲੇ ਬਿਜਲੀ ਮੀਟਰ ਲਾਉਣ ਆਏ ਅਧਿਕਾਰੀ ਘੇਰ ਮੀਟਰ ਕੀਤੇ ਵਾਪਸ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜੋਨ ਬਾਬਾ ਬੀਰ ਸਿੰਘ ਦੇ ਸਕੱਤਰ ਬਲਜਿੰਦਰ ਸਿੰਘ ਸ਼ੇਰੋ ਨੇ ਪ੍ਰੈਸ ਬਿਆਨ ਰਾਹੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਐਕਟ 2023 ਦੀਆਂ ਨੀਤੀਆਂ ਤਹਿਤ ਚਿੱਪ ਵਾਲੇ ਮੀਟਰਾਂ ਨੂੰ ਪਹਿਲਾ ਤਾਂ ਸੜੇ ਹੋਏ ਦੀ ਜਗ੍ਹਾ ’ਤੇ ਲਗਾਇਆ ਜਾਣਾ ਸ਼ੁਰੂ ਕੀਤਾ ਸੀ,



ਪਰ ਹੁਣ ਚੰਗੇ ਭਲੇ ਚੱਲ ਰਹੇ ਬਿਜਲੀ ਮੀਟਰਾਂ ਦੀ ਜਗ੍ਹਾ ’ਤੇ ਵੀ ਚਿੱਪ ਵਾਲੇ ਮੀਟਰ ਲਗਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਇਸ ਲੜੀ ਤਹਿਤ ਪਿੰਡ ਸ਼ੇਰੋ ਵਿੱਚ ਬਿਜਲੀ ਅਧਿਕਾਰੀਆਂ ਵੱਲੋਂ ਪੁਰਾਣੇ ਮੀਟਰ ਉਤਾਰ ਕੇ ਨਵੇਂ ਮੀਟਰ ਲਗਾਉਣੇ ਸ਼ੁਰੂ ਕਰ ਦਿੱਤੇ ਗਏ ਤਾਂ ਪਿੰਡ ਸ਼ੇਰੋ ਦੀ ਪਿੰਡ ਦੀ ਇਕਾਈ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ। ਵਿਰੋਧ ਕਰਨ ’ਤੇ ਅਧਿਕਾਰੀ ਵੱਲੋਂ ਮੀਟਰ ਉਤਾਰ ਦਿੱਤੇ ਗਏ। ਇਸ ਸੰਬੰਧੀ ਉਚ ਅਧਿਕਾਰੀ ਨਾਲ ਵੀ ਗੱਲਬਾਤ ਕੀਤੀ ਗਈ ਕਿਸਾਨ ਆਗੂਆਂ ਨੇ ਕਿਹਾ ਕਿ ਕਿਸੇ ਵੀ ਕੀਮਤ ’ਤੇ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਨਹੀਂ ਲੱਗਣ ਦਿੱਤੇ ਜਾਣਗੇ। ਇਸ ਦਾ ਸਖਤ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਤਰਸੇਮ ਸਿੰਘ, ਮੇਜਰ ਸਿੰਘ, ਅੰਗਰੇਜ ਸਿੰਘ, ਨਿਸ਼ਾਨ ਸਿੰਘ, ਕੁਲਦੀਪ ਸਿੰਘ, ਮਨਜੀਤ ਸਿੰਘ ਤੇ ਕਈ ਹੋਰ ਕਿਸਾਨ ਆਗੂ ਹਾਜ਼ਰ ਸਨ।

## ਖਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਬਾਬਾ ਬੁੱਢਾ ਸਾਹਿਬ ਦਾ ਜਨਮ ਦਿਹਾੜਾ ਮਨਾਇਆ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)** - ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੁਖਮਿੰਦਰ ਸਿੰਘ ਵਿੱਦਿਆ ਸਕੱਤਰ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਸਿੱਖ ਧਰਮ ਦੀ ਸ਼ਾਨ, ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਛੇਵੇਂ ਗੁਰੂ



ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਮੇਂ ਤੱਕ ਸਿੱਖ ਧਰਮ ਦੀ ਨਿਸ਼ਕਾਮ ਅਤੇ ਅਣਥੱਕ ਸੇਵਾ ਕਰਨ ਵਾਲੇ ਬਾਬਾ ਬੁੱਢਾ ਸਾਹਿਬ ਦਾ ਜਨਮ ਦਿਹਾੜਾ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਦੇ ਪ੍ਰਬੰਧਾਂ ਹੇਠ ਕਰਵਾਏ ਸਮਾਗਮ ਦੌਰਾਨ ਕਾਲਜ ਪ੍ਰੋਫ਼ੈਸਰ ਰਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਬਾਬਾ ਬੁੱਢਾ ਸਾਹਿਬ ਜੀ ਦੇ ਅਦੁੱਤੀ ਜੀਵਨ ਬਾਰੇ ਜਾਣਕਾਰੀ ਦਿੰਦੇ ਹੋਏ ਵਿਦਿਆਰਥੀਆਂ ਨੂੰ ਆਪਣੇ ਧਰਮ ਤੇ ਵਿਰਸ਼ੇ ਨਾਲ ਜੁੜੇ ਰਹਿਣ ਦੀ ਤਾਕੀਦ ਕੀਤੀ। ਕਾਲਜ ਵਿਦਿਆਰਥਣ ਮੁਸਕਾਨ ਨੇ ਆਪਣੇ ਭਾਸ਼ਣ ਰਾਹੀਂ ਅਤੇ ਮਨਪ੍ਰੀਤ ਕੌਰ ਨੇ ਕਵਿਤਾ ਉਚਾਰਨ ਰਾਹੀਂ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਅਤੇ ਜੀਵਨ ਸਿਧਾਂਤ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਦੇ ਅਖੀਰ ਵਿੱਚ ਕਾਲਜ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਨੇ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਫਲਸਫੇ ਸਬੰਧੀ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਉਹਨਾਂ ਨੇ ਵਿਦਿਆਰਥੀਆਂ ਨੂੰ ਸਿੱਖ ਧਰਮ ਦੇ ਉੱਚ ਸਿਧਾਂਤਾਂ ਤੇ ਪਹਿਰਾ ਦੇਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਪੰਜਾਬ ’ਚ ਦਿੱਤੀਆਂ ਨੌਕਰੀਆਂ ਦੀ ਸਹਾਇਕ ਪ੍ਰੋਫੈਸਰ ਬਲਵਿੰਦਰ ਕੌਰ ਦੇ ਕੇਸ ਨੇ ਖੋਲ੍ਹੀ ਪੋਲ : ਯਸ਼ਪਾਲ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** -ਪੰਜਾਬ ਵਿੱਚ ਪਿਛਲੇ ਸਮੇਂ ਲੋਕਾਂ ਨਾਲ ਝੂਠ ਬੋਲ ਕੇ ਧੋਖਾ ਦੇ ਕੇ ਸੱਤਾ ਵਿੱਚ ਆਈ ਸੀ ਉਹ ਬੁਰੀ ਤਰ੍ਹਾਂ ਫੇਲ੍ਹ ਹੁੰਦੀ ਨਜ਼ਰ ਆ ਰਹੀ ਹੈ ਚਾਹੇ ਉਹ ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਗੱਲ ਹੋਵੇ ਜਾਂ ਫਿਰ ਪਬਲਿਕ ਦੀ ਸੁਰੱਖਿਆ ਦੀ ਹੋਵੇ। ਸਰਕਾਰ ਵਲੋਂ ਪੰਜਾਬ ਵਿਚ 32 ਹਜ਼ਾਰ ਨੌਕਰੀਆਂ ਦੀ ਗੱਲ ਕੀਤੀ ਜਾ ਰਹੀ ਹੈ ਪਿਛਲੇ 50 ਦਿਨਾਂ ਤੋਂ ਹੜਤਾਲ ’ਤੇ ਬੈਠੇ ਸਹਾਇਕ ਪ੍ਰੋਫੈਸਰ, ਲਾਇਬ੍ਰੇਅਨ 1158 ਜਿਨ੍ਹਾਂ ਪਾਸ ਨਿਯੁਕਤੀ ਪੱਤਰ ਵੀ ਹਨ ਪਰ ਪਤਾ ਨਹੀਂ ਸਰਕਾਰ ਦੀ ਮਨਸਾ ਕੀ ਹੈ, ਉਨ੍ਹਾਂ ਨੂੰ ਜਾਇੰਨ ਨਾ ਕਰਨ ਸਬੰਧੀ ਕੀ ਮਨਸਾ ਹੈ। ਸੱਤਾ ਵਿੱਚ ਆਉਂਦਿਆਂ ਹੀ ਮੁੱਖ ਮੰਤਰੀ ਨੇ ਕਿਹਾ ਸੀ ਕਿ ਨਾ ਤਾਂ ਪੰਜਾਬ ਵਿਚ ਕੋਈ ਖੁਦਕਸ਼ੀ ਕਰੇਗਾ ਅਤੇ ਨਾ ਹੀ ਕੋਈ ਧਰਨਾ ਲਗਾਏਗਾ ਜਿਸ ਦੀ ਤਾਜਜ਼ਾ ਮਿਸਾਲ ਸਹਾਇਕ ਪ੍ਰੋਫੈਸਰ ਬਲਵਿੰਦਰ ਕੌਰ ਦੀ ਘਟਨਾ ਨੇ ਨੌਕਰੀਆਂ ਬਾਰੇ ਸਥਿਤੀ ਸਪੱਸ਼ਟ ਕਰ ਦਿੱਤੀ ਹੈ। ਹੁਣ ਸਵਾਲ ਬਲਵਿੰਦਰ ਕੌਰ ਨੂੰ ਇਨਸਾਫ ਦੇਣ ਦੀ ਗੱਲ ਹੈ ਪਰ ਸਰਕਾਰ ਵਲੋਂ ਅਤੇ ਪੁਲਿਸ ਪ੍ਰਸਾਸਨ ਵਲੋਂ ਸੁਸਾਇਡ ਨੋਟ ਦੇ ਆਧਾਰ ’ਤੇ ਕਾਰਵਾਈ ਕਰਨ ’ਤੇ ਢਿੱਲ ਦਿਖਾਈ ਜਾ ਰਹੀ ਹੈ ਅਤੇ ਸਿੱਖਿਆ ਮੰਤਰੀ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾ ਮੰਗ ਕੀਤੀ ਕਿ ਮੰਤਰੀ ਹਰਜੋਤ ਬੈਂਸ ਦੇ ਖਿਲਾਫ ਬਣਦੀਆਂ ਧਾਰਾਂ ਤਹਿਤ ਪਰਚਾ ਦਰਜ ਕਰਕੇ ਗ੍ਰਿਫਤਾਰ ਕੀਤਾ ਜਾਵੇ ਅਤੇ 1158 ਸਹਾਇਕ ਪ੍ਰੋਫੈਸਰਾਂ ਨੂੰ ਉਨ੍ਹਾਂ ਦੀ ਮੰਗ ਅਨੁਸਾਰ ਜਲਦ ਤੋਂ ਜਲਦ ਡਿਊਟੀ ਜਾਇੰਨ ਕਰਵਾਈ ਜਾਵੇ। ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪ੍ਰੋਹਿਤ ਨੂੰ ਬੇਨਤੀ ਕੀਤੀ ਕਿ ਬਲਵਿੰਦਰ ਕੌਰ ਦੇ ਕੇਸ ’ਚ ਦਖ਼ਲਅੰਦਾਜ਼ੀ ਕਰਕੇ ਇਨਸਾਫ ਦਿਵਾਇਆ ਜਾਵੇ।



## ਲਿਬਰੇਸ਼ਨ ਵੱਲੋਂ ਇਜ਼ਰਾਈਲ ਦੇ ਜ਼ੁਲਮ ਵਿਰੁੱਧ ਰੋਸ ਮੁਜ਼ਾਹਰੇ ਕਰਨ ਦਾ ਐਲਾਨ

**ਬਟਾਲਾ (ਤਰਲੋਕ ਬੱਗਾ)**

ਸੀ. ਪੀ. ਆਈ. ਐੱਮਐੱਲ ਲਿਬਰੇਸ਼ਨ ਨੇ ਗੁਲਜ਼ਾਰ ਸਿੰਘ ਭੁੰਬਲੀ ਦੀ ਪ੍ਰਧਾਨਗੀ ਹੇਠ ਕੀਤੀ ਆਪਣੀ ਦੋ ਦਿਨਾ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਪੰਜਾਬ, ਦੇਸ਼ ਅਤੇ ਕੌਮਾਂਤਰੀ ਹਾਲਾਤ ਉਪਰ ਗੰਭੀਰ ਵਿਚਾਰ ਚਰਚਾ ਕੀਤੀ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਮੀਟਿੰਗ ਵਿੱਚ ਵੱਖ-ਵੱਖ ਮਤੇ ਪਾਸ ਕੀਤੇ ਗਏ। ਇਕ ਮਤੇ ਵਿੱਚ ਪੰਜਾਬ ਸਰਕਾਰ ਵੱਲੋਂ 8 ਘੰਟੇ ਦੀ ਬਜਾਏ 12 ਘੰਟੇ ਦੀ ਕੰਮ ਦਿਹਾੜੀ ਕਰਨ ਦੀ ਨਿੰਦਾ ਕਰਦਿਆਂ ਇਸ ਨੋਟੀਫਿਕੇਸ਼ਨ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ। ਲਿਬਰੇਸ਼ਨ ਸੂਬਾ ਕਮੇਟੀ ਦੀ ਮੀਟਿੰਗ ਨੇ ਮਤਾ ਪਾਸ ਕੀਤਾ ਕਿ ਇਜ਼ਰਾਈਲ ਫਿਲਸਤੀਨੀਆ ਦਾ ਫਾਸਿਸਟ ਕਿਸਮ ਦਾ ਜ਼ਬਰ ਜ਼ੁਲਮ ਬੰਦ ਕਰੇ, ਸੰਯੁਕਤ ਰਾਸ਼ਟਰ ਸੰਘ ਅਤੇ ਵਿਸ਼ਵ ਭਾਈਚਾਰਾ ਫਿਲਸਤੀਨੀਆ ਨੂੰ ਵੱਖਰਾ ਦੇਸ ਬਣਾਉਣ ਦੀ ਧਰਤੀ ਮੁਹੱਈਆ ਕਰਕੇ ਵੱਖਰਾ ਦੇਸ਼ ਬਣਾ ਕੇ ਦੇਵੇ। ਮਤੇ ਰਾਹੀਂ ਅਮਰੀਕਾ, ਬਰਤਾਨੀਆ ਅਤੇ ਹੋਰ ਯੂਰਪੀ ਦੇਸ਼ਾਂ ਵਲੋਂ ਇਜ਼ਰਾਈਲ ਨੂੰ ਦਿੱਤੀ ਜਾ ਰਹੀ ਫੌਜੀ ਮਦਦ ਦੀ ਨਿਖੇਧੀ ਕਰਦਿਆਂ ਕਿਹਾ ਕਿ ਹਮਾਸ ਤੋਂ ਇਜ਼ਰਾਈਲ ਵੱਡਾ ਅੱਤਵਾਦੀ ਦੇਸ਼ ਹੈ ਜੋ ਆਮ ਫਿਲਸਤੀਨੀਆਂ ਦੀ ਨਸਲਕੁਸ਼ੀ ਕਰਨ ਲਈ ਬਜਿੱਦ ਹੈ। ਲਿਬਰੇਸ਼ਨ ਨੇ ਫੈਸਲਾ ਲਿਆ ਕਿ ਫਿਲਸਤੀਨੀਆਂ ਦੇ ਹੱਕ ਵਿੱਚ ਅਤੇ ਇਜ਼ਰਾਈਲ ਦੇ ਅੱਤਵਾਦ ਵਿਰੁੱਧ 28 ਅਕਤੂਬਰ ਨੂੰ ਸਾਰੇ ਪੰਜਾਬ ਵਿੱਚ ਮੁਜ਼ਾਹਰੇ ਕੀਤੇ ਜਾਣਗੇ



ਅਤੇ ਇਜ਼ਰਾਈਲ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਇਹ ਵੀ ਤਹਿ ਕੀਤਾ ਗਿਆ ਕਿ 12 ਘੰਟੇ ਦਾ ਨੋਟੀਫਿਕੇਸ਼ਨ ਰੱਦ ਕਰਾਉਣ ਲਈ 7 ਨਵੰਬਰ ਨੂੰ ਸਹਾਇਕ ਕਿਰਤ ਦਫਤਰਾਂ ਮੋਹਰੇ ਪ੍ਰਦਰਸ਼ਨ ਕੀਤੇ ਜਾਣਗੇ। ਮੀਟਿੰਗ ਵਿੱਚ ਰੁਲਦੂ ਸਿੰਘ ਮਾਨਸਾ, ਸੁਦਰਸ਼ਨ ਨੱਤ, ਰਾਜਵਿੰਦਰ ਰਾਣਾ, ਸੁਖਦੇਵ ਸਿੰਘ ਭਾਗੋਕਾਵਾਂ, ਬਲਬੀਰ ਸਿੰਘ ਝਾਮਕਾ, ਜਸਬੀਰ ਕੌਰ ਹੇਰ, ਬਿੰਦਰ ਅਲਖ, ਗੁਰਜੰਟ ਸਿੰਘ, ਵਿਜੇ ਸੋਹਲ, ਗੋਬਿੰਦ ਛਾਜਲੀ ਅਤੇ ਗੁਰਪ੍ਰੀਤ ਸਿੰਘ ਰੂੜੇਕੇ ਸਾਮਲ ਸਨ।

# ਸਕੂਲੀ ਬੱਚਿਆਂ ਲਈ ਕਾਰਨੀਵਲ ਮੇਲਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਬੀਤੇ ਦਿਨੀਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਕਿਡਸ ਪੈਰਾਡਾਇਜ਼ ਵਿੱਚ ਕਾਰਨੀਵਲ ਮੇਲਾ ਆਯੋਜਿਤ ਕੀਤਾ ਗਿਆ। ਇਹ ਕਾਰਨੀਵਲ ਮੇਲਾ ਕਿਡਸ ਪੈਰਾਡਾਇਜ਼ ਦੇ ਛੋਟੇ ਬੱਚਿਆਂ ਜਿਵੇਂ ਕਿ ਜਮਾਤ ਨਰਸਰੀ, ਐੱਲ ਕੇ ਜੀ ਅਤੇ ਯੂ ਕੇ ਜੀ ਦੇ ਵਿਦਿਆਰਥੀਆਂ ਲਈ ਆਯੋਜਿਤ ਕੀਤਾ ਗਿਆ ਸੀ ਅਤੇ ਇਸ ਮੇਲੇ ਦੀ ਸ਼ੁਰੂਆਤ ਮਾਣਯੋਗ ਪ੍ਰੈਜ਼ੀਡੈਂਟ ਮੈਡਮ, ਸ਼੍ਰੀਮਤੀ ਬਲਜੀਤ ਕੌਰ ਰੰਧਾਵਾ, ਚੇਅਰਪਰਸਨ, ਜਸਪਾਲ ਸਿੰਘ ਰੰਧਾਵਾ, ਸਕੂਲ ਦੇ ਪ੍ਰਿੰਸੀਪਲ, ਸ਼੍ਰੀਮਤੀ ਮਨੀਸ਼ਾ ਸੂਦ ਅਤੇ ਕਿਡਸ ਪੈਰਾਡਾਇਜ਼ ਦੇ ਇੰਚਾਰਜ, ਸ਼੍ਰੀਮਤੀ ਕਿਰਨ ਮੰਨਨ ਦੁਆਰਾ ਬੱਚਿਆਂ ਦੇ ਨਾਲ ਰਲ ਕੇ ਕੀਤੀ ਗਈ। ਸਕੂਲ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਸਜਾਇਆ ਹੋਇਆ ਸੀ। ਸਾਰੇ ਬੱਚਿਆਂ ਨੇ ਆਪਣੀ-ਆਪਣੀ ਜਮਾਤ ਦੇ ਇੰਚਾਰਜ ਨਾਲ ਮਿਲ ਕੇ ਇਸ ਕਾਰਨੀਵਲ ਮੇਲੇ ਦਾ ਆਨੰਦ ਲਿਆ। ਸਕੂਲ ਵਿੱਚ ਕਈ ਤਰ੍ਹਾਂ ਦੇ ਭੰਗੂੜੇ ਤੇ ਝੂਲੇ ਲਗਾਏ ਗਏ ਅਤੇ ਵੰਡਰਲੈਂਡ ਵਰਗੇ ਬਹੁਤ ਵੱਡੇ ਸਵੀਮਿੰਗ ਪੂਲ ਲਗਾਏ ਗਏ ਜਿੰਨ੍ਹਾਂ ਵਿੱਚ ਬੱਚਿਆਂ ਨੇ ਬਹੁਤ ਆਨੰਦ ਮਾਣਿਆ। ਇਸ ਮੌਕੇ ਵਿਦਿਆਰਥੀਆਂ ਦੇ ਖਾਣ-ਪੀਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਸਾਰੇ ਬੱਚਿਆਂ ਦੇ ਮਾਪਿਆਂ ਨੇ ਇਸ ਕਾਰਨੀਵਲ ਮੇਲੇ ਦੀ ਬਹੁਤ ਸ਼ਲਾਘਾ ਕੀਤੀ।

## ਗੁਰੂ ਨਾਨਕ ਦੇਵ ਅਕੈਡਮੀ ਦੇ ਵਿਦਿਆਰਥੀਆਂ ਨੇ ਧਾਰਮਿਕ ਮੁਕਾਬਲਿਆਂ ’ਚ ਮਾਰੀਆਂ ਮੱਲਾਂ

**ਤਰਨ ਤਾਰਨ ( ਪ੍ਰਿਤਪਾਲ ਸਿੰਘ)** ਸਿੰਘ ਸਭਾ ਲਹਿਰ ਨੂੰ ਸਮਰਪਿਤ ਭਾਈ ਗੁਰਦਾਸ ਅਕੈਡਮੀ ਪੰਡੋਰੀ ਰਣ ਸਿੰਘ ਜ਼ਿਲ੍ਹਾ ਤਰਨ ਤਾਰਨ ਵਿਖੇ ਧਾਰਮਿਕ ਮੁਕਾਬਲਿਆਂ ਵਿੱਚੋਂ ਗੁਰੂ ਨਾਨਕ ਦੇਵ ਅਕੈਡਮੀ, ਤਰਨ ਤਾਰਨ ਦੇ 25



ਵਿਦਿਆਰਥੀਆਂ ਨੇ ਗੁਰਬਾਣੀ ਕੰਠ, ਕੀਰਤਨ ਮੁਕਾਬਲੇ, ਦਸਤਾਰ ਮੁਕਾਬਲੇ, ਕਵਿੱਜ਼ ਮੁਕਾਬਲੇ, ਕਵੀਸ਼ਰੀ ਮੁਕਾਬਲਿਆਂ ਵਿੱਚ ਭਾਗ ਲੈ ਕੇ ਵੱਖ-ਵੱਖ ਪੁਜ਼ੀਸ਼ਨਾਂ ਹਾਸਲ ਕੀਤੀਆਂ ਤੇ ਇਨਾਮ ਵਜੋਂ ਸ਼ੀਲਡਾਂ ਅਤੇ ਨਕਦ ਰਾਸ਼ੀ ਪ੍ਰਾਪਤ ਕੀਤੀ। ਇਸ ਮੌਕੇ ਪ੍ਰਿੰਸੀਪਲ ਜਸਪਾਲ ਕੌਰ ਸਿੱਧੂ, ਬਾਬਾ ਹਰਜੀਤ ਸਿੰਘ ਜੀ ਵੱਲੋਂ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਅੱਗੇ ਵੱਧਣ ਦੀ ਪ੍ਰੇਰਣਾ ਦਿੱਤੀ।



ਜਗਰੂਪ ਸਿੰਘ ਛੀਨਾ ਨੇ ਆਪਣੀ ਨਵ ਪ੍ਰਕਾਸ਼ਿਤ ਪੁਸਤਕ ‘ਜੀਵਨ ਬਿਲਾਸ ਸ਼ਹੀਦ ਭਾਈ ਬੁਲਾਕਾ ਸਿੰਘ ਸੇਖੋਂ ਪਿੰਡ ਸ਼ਾਂਘਣਾ’ ਪ੍ਰਸਿੱਧ ਵਿਦਵਾਨ ਡਾ. ਸੁਖਦੇਵ ਸਿੰਘ ਸੋਹਲ ਸਾਬਕਾ ਮੁਖੀ ਇਤਿਹਾਸ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਭੇਂਟ ਕਰਦੇ ਹੋਏ। (ਫੋਟੋ ਕੈਪਸ਼ਨ ਵੇਰਵਾ- ਹਰਜਿੰਦਰ ਸਿੰਘ ਸੋਨੀ ਝਬਾਲ)

## ਸੀਨੀਅਰ ਪੱਤਰਕਾਰ ਅੰਮ੍ਰਿਤਪਾਲ ਸਿੰਘ ਨੂੰ ਸ਼ਰਧਾਂਜਲੀਆਂ ਭੇਟ

**ਫਿਲੌਰ, (ਨਿਰਮਲ)**- ਸੀਨੀਅਰ ਪੱਤਰਕਾਰ ਅੰਮ੍ਰਿਤਪਾਲ ਸਿੰਘ ਜੋ ਬੀਤੇ ਦਿਨੀਂ ਆਪਣੇ ਸਵਾਸਾਂ ਦੀ ਪੂੰਜੀ ਖਰਚਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦੇ ਭੋਗ ਗੁਰਦੁਆਰਾ ਰਣਜੀਤ ਗੜ੍ਹ ਫਿਲੌਰ ਵਿਖੇ ਪਾਏ ਗਏ। ਜਿਸ ਦੌਰਾਨ ਵੱਖ ਵੱਖ ਆਗੂਆਂ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕਰਦੇ ਹੋਏ ਕਿਹਾ ਕਿ ਉਹ ਇੱਕ ਸਹਿਜ ਸੁਭਾਅ ਵਾਲੇ ਵਧੀਆ ਇਨਸਾਨ ਸਨ। ਜਿਨ੍ਹਾਂ ਆਪਣੀ ਪੱਤਰਕਾਰੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦਿੰਦਿਆਂ ਉਨ੍ਹਾਂ ਦੇ ਹੱਕਾਂ ਲਈ ਲਿਖਦੇ ਸਨ। ਸ਼ਰਧਾਂਜਲੀਆਂ ਭੇਟ ਕਰਨ ਵਾਲਿਆਂ ’ਚ ਪ੍ਰਿੰਸੀਪਲ ਪ੍ਰੇਮ ਕੁਮਾਰ ਇੰਚਾਰਜ ਆਪ, ਹਰਕਮਲ ਸਿੰਘ, ਪਰਮਜੀਤ ਭਾਰਤੀ, ਵੈਭਵ ਸ਼ਰਮਾ, ਮਤਵਿੰਦਰ ਸਿੰਘ ਸਚਦੇਵਾ, ਵਿੱਕੀ, ਨਿਰਮਲ ਕੁਮਾਰ, ਸਰਬਜੀਤ ਸਿੰਘ ਗਿੱਲ, ਸਤਿੰਦਰ ਸਰਮਾ, ਅਜੈ ਸਿੰਘ ਨਾਗੀ, ਸੁਰਜੀਤ ਸਿੰਘ ਬਰਨਾਲਾ ਅਤੇ ਹੋਰ ਵੱਡੀ ਗਿਣਤੀ ’ਚ ਇਲਾਕਾ ਨਿਵਾਸੀ ਹਾਜਰ ਸਨ।



# ਜੱਜ ਦੇ ਉੱਚ ਅਹੁਦੇ ਤੱਕ ਪੁੱਜਣ ’ਤੇ ਮੀਨਾਕਸ਼ੀ ਦਾ ਸਨਮਾਨ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ਼ ਖਾਲਸਾ ਦੀਵਾਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰ ਕੇ ਸਕੂਲ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਦੇ ਰਹਿੰਦੇ ਹਨ। ਇਸੇ ਹੀ ਮਿਸਾਲ ਨੂੰ ਕਾਇਮ ਰੱਖਦਿਆਂ ਸਕੂਲ ਦੀ ਇੱਕ ਹੋਣਹਾਰ ਵਿਦਿਆਰਥਣ ਮੀਨਾਕਸ਼ੀ ਪੀਸੀਐੱਸ (ਜੁਡੀਸ਼ੀਅਲ) ਪੰਜਾਬ ਪ੍ਰਤੀਯੋਗਿਤਾ ਵਿੱਚ ਸਫ਼ਲਤਾ ਹਾਸਲ ਕਰਕੇ ਜੱਜ ਚੁਣੀ ਗਈ। ਮੀਨਾਕਸ਼ੀ ਨੇ ਪੰਜਾਬ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਇਸ ਸ਼ਾਨਦਾਰ ਸਫ਼ਲਤਾ ਦੇ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸੇਠੀ, ਜਤਿੰਦਰਬੀਰ ਸਿੰਘ ਬਹਿਲ, ਰਮਣੀਕ ਸਿੰਘ ਫਰੀਡਮ ਅਤੇ ਸਕੂਲ ਦੇ ਪ੍ਰਿੰਸੀਪਲ ਅਨੁਰੀਤ ਬਾਵਾ ਅਤੇ ਹੈੱਡ ਮਿਸਟਰੈਸ ਸਿਮਰਪ੍ਰੀਤ ਕੌਰ ਨੇ ਮੀਨਾਕਸ਼ੀ ਨੂੰ ਸ਼ਾਨਦਾਰ ਸਫ਼ਲਤਾ ’ਤੇ ਵਧਾਈ ਦਿੰਦਿਆਂ ਸਨਮਾਨਿਤ ਕੀਤਾ ਅਤੇ ਭਵਿੱਖ ਵਿੱਚ ਇਸੇ ਤਰ੍ਹਾਂ ਹੋਰ ਮਿਹਨਤ ਕਰਕੇ ਬੁਲੰਦੀਆਂ ਨੂੰ ਛੂਹਣ ਦਾ ਅਸ਼ੀਰਵਾਦ ਦਿੱਤਾ।

## ਡਿਪਟੀ ਕਮਿਸ਼ਨਰ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦਿਹਾੜੇ ਨੂੰ ਮਨਾਉਣ ਦੇ ਅਵਸਰ ’ਤੇ 30 ਅਕਤੂਬਰ ਨੂੰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਥਾਨਕ ਛੁੱਟੀ ਘੋਸ਼ਿਤ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਘਨਸ਼ਾਮ ਥੋਰੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਦੱਸਿਆ ਕਿ 30 ਅਕਤੂਬਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਸਰਕਾਰੀ ਦਫ਼ਤਰਾਂ, ਬੋਰਡਾਂ/ਕਾਰਪੋਰੇਸ਼ਨਾਂ ਅਤੇ ਵਿੱਦਿਅਕ ਅਦਾਰਿਆਂ ਵਿੱਚ ਛੁੱਟੀ ਰਹੇਗੀ। ਇਸ ਮੌਕੇ ਘਨਸ਼ਾਮ ਥੋਰੀ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦਿਹਾੜੇ ਦੀ ਵਧਾਈ ਦਿੱਤੀ।

## ਆਰ ਡੀ ਖੋਸਲਾ ਸਕੂਲ ’ਚ ਨਵਰਾਤਰਿਆਂ ਦੇ ਸ਼ੁਭ ਮੌਕੇ ਦੁਰਗਾ ਪੂਜਾ

**ਬਟਾਲਾ (ਡਾ. ਮਲਵਿੰਦਰ ਸਿੰਘ)** ਆਰ ਡੀ ਖੋਸਲਾ ਡੀ ਏ ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਨਵਰਾਤਰਿਆਂ ਦੇ ਸ਼ੁਭ ਮੌਕੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ’ਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬੜੇ ਹੀ ਉਤਸਾਹ ਨਾਲ ਭਾਗ ਲਿਆ। ਸਕੂਲ ਦੇ ਵਿਦਿਆਰਥੀਆਂ ਨੇ ਮਾਂ ਦੁਰਗਾ ਦਾ ਗੁਣਗਾਨ ਕੀਤਾ ਅਤੇ ਨਵਦੁਰਗਾ ਦੇ ਸਰੂਪਾਂ ’ਤੇ ਵਿਚਾਰ ਪੇਸ਼ ਕਰਦੇ ਹੋਏ ਉਨ੍ਹਾਂ ਦੀ ਮਹੱਤਤਾ ਬਾਰੇ ਦੱਸਿਆ ਕਿ ਕਿਵੇਂ ਮਾਂ ਦੁਰਗਾ ਨੇ ਸੰਸਾਰ ਦੀ ਰੱਖਿਆ ਲਈ ਸਕਤੀ ਦੇ ਰੂਪ ਵਿੱਚ ਅਵਤਾਰ ਧਾਰਿਆ ਅਤੇ ਦੁਸ਼ਟ ਰਾਕਸ਼ਾਂ ਨੂੰ ਮਾਰਿਆ। ਵਿਦਿਆਰਥੀਆਂ ਵੱਲੋਂ ਗਰਬਾ ਡਾਂਸ ਦੀ ਖੂਬਸੂਰਤ ਪੇਸ਼ਕਾਰੀ ਕੀਤੀ ਗਈ। ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਡਾਂਡੀਆ ਡਾਂਸ ਪੇਸ਼ ਕੀਤਾ ਅਤੇ ਮਾਂ ਭਗਵਤੀ ਦਾ ਗੁਣਗਾਣ ਕੀਤਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਸਾਰਿਆਂ ਨੂੰ ਨਵਰਾਤਰਿਆਂ ਦੀਆਂ ਬਹੁਤ ਬਹੁਤ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਮਾਂ ਦੁਰਗਾ ਦੀ ਸਮੁੱਚੀ ਹੋਂਦ ਸਾਨੂੰ ਪ੍ਰੇਰਨਾ ਦਿੰਦੀ ਹੈ ਕਿ ਸਾਨੂੰ ਮੁਸ਼ਕਲਾਂ ਤੋਂ ਡਰਨਾ ਨਹੀਂ ਚਾਹੀਦਾ। ਸਾਨੂੰ ਸੰਘਰਸ਼ ਕਰਦੇ ਹੋਏ ਉਨ੍ਹਾਂ ਨੂੰ ਦੂਰ ਕਰਨਾ ਚਾਹੀਦਾ ਹੈ। ਮਨੁੱਖ ਨੂੰ ਆਪਣੇ ਅੰਦਰੋਂ ਸ਼ੈਤਾਨੀ ਬਿਰਤੀ ਨੂੰ ਨਸ਼ਟ ਕਰ ਕੇ ਚੰਗੇ ਗੁਣਾਂ ਨੂੰ ਧਾਰਨ ਕਰਨਾ ਚਾਹੀਦਾ ਹੈ।

## ਦੁਸਹਿਰਾ ਬੁਰਾਈ ’ਤੇ ਸੱਚਾਈ ਦੀ ਜਿੱਤ ਦਾ ਪ੍ਰਤੀਕ : ਡਾ. ਸਤਿੰਦਰ ਕੌਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਕਸਬਾ ਚਮਿੰਡਾ ਦੇਵੀ ਵਿਖੇ ਮੰਦਰ ਮਾਤਾ ਚਮਿੰਡਾ ਦੇਵੀ ਵਿਖੇ ਮੰਦਰ ਸੀਬਤ ਤਹਿਸੀਲਦਾਰ ਰਣਜੀਤ ਖੁੱਲਰ ਦੇ ਯਤਨਾਂ ਸਦਕਾ ਦੁਸਹਿਰਾ ਧੂਮ ਧਾਮ ਨਾਲ ਮਨਾਇਆ ਗਿਆ ਜਿਸ ਦੌਰਾਨ ਰਾਵਣ ਕੁੰਭ ਕਰਨ ਮੇਘਨਾਦ ਦੇ ਪੁਤਲੇ ਫੂਕੇ ਗਏ। ਇਸ ਮੌਕੇ ਆਮ ਆਦਮੀ ਪਾਰਟੀ ਵੱਲੋਂ ਹਲਕਾ ਇੰਚਾਰਜ ਮਜੀਠਾ, ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਦੀ ਪਤਨੀ ਡਾਕਟਰ ਸਤਿੰਦਰ ਕੌਰ ਗਿੱਲ ਆਪਣੀ ਟੀਮ ਸਮੇਤ ਪਹੁੰਚੇ। ਇਸ ਮੌਕੇ ਤੇ ਡਾਕਟਰ ਸਤਿੰਦਰ ਕੌਰ ਗਿੱਲ ਨੇ ਕਿਹਾ ਕਿ ਅੱਜ ਦਾ ਮਹਾਨ ਦਿਨ ਬੁਰਾਈ ਤੇ ਸੱਚਾਈ ਦੀ ਜਿੱਤ ਦਾ ਸਭ ਤੋਂ ਵੱਡਾ ਸਬੂਤ ਹੈ ਜਿਹੜਾ ਕਿ ਹਰ ਸਾਲ ਸਾਨੂੰ ਚੇਤਾ ਕਰਾਉਂਦਾ ਹੈ ਕਿ ਹਮੇਸ਼ਾ ਸੱਚਾਈ ਦੀ ਜਿੱਤ ਹੁੰਦੀ ਹੈ ਅਤੇ ਹੰਕਾਰ ਤੇ ਬੁਰਾਈ ਦਾ ਖਾਤਮਾ ਹੁੰਦਾ ਹੈ। ਉਨਾਂ ਕਿਹਾ ਕਿ ਸਾਨੂੰ ਸਾਡੇ ਗੁਰੂਆਂ, ਪੀਰਾਂ, ਦੇਵੀ ਦੇਵਤਿਆਂ ਵੱਲੋਂ ਦਿਖਾਏ ਮਾਰਗ ਤੇ ਚੱਲ ਕੇ ਹਮੇਸ਼ਾ ਸਰਬੱਤ ਦਾ ਭਲਾ ਮੰਗਣਾ ਚਾਹੀਦਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਮਰੜੀ, ਵਾਈਸ ਚੇਅਰਮੈਨ ਗੁਰਮੁਖ ਸਿੰਘ ਕਾਦਰਾਬਾਦ, ਅਵਲ ਮਜੀਠੀਆ, ਭਾਈ ਦਲੇਰ ਸਿੰਘ ਸਾਧਪੁਰ,



ਜਸਮੀਤ ਸਿੰਘ ਰੰਧਾਵਾ, ਰਾਜਵਿੰਦਰ ਸਿੰਘ ਸੋਨੀ, ਪਰਗਟ ਸਿੰਘ ਕਾਲਾ ਸਾਧਪੁਰ, ਕਰਮਜੀਤ ਸਿੰਘ ਆੜ੍ਹਤੀਆ, ਮੇਹਰ ਸਿੰਘ ਠੇਕੇਦਾਰ, ਸੁਰਜੀਤ ਸਿੰਘ ਭੋਏਵਾਲ, ਸਤਨਾਮ ਸਿੰਘ ਜੱਜ, ਸਵਿੰਦਰ ਸਿੰਘ ਸਾਬਕਾ ਸਰਪੰਚ ਚੁਗਾਵਾਂ, ਪ੍ਰਿੰਸੀਪਲ ਗੁਰਮੁਖ ਸਿੰਘ ਅਰਜਨ ਮਾਂਗਾ, ਬਲਿਹਾਰ ਸਿੰਘ, ਕਵਲਜੀਤ ਸਿੰਘ ਸਰਪੰਚ ਟਾਲੀ ਸਾਹਿਬ, ਕੁਲਵਿੰਦਰ ਸਿੰਘ ਨੀਟਾ ਅਤੇ ਸਰਪੰਚ ਅੰਗਰੇਜ ਸਿੰਘ ਖੇੜੇ ਆਦਿ ਆਗੂ ਵੀ ਹਾਜ਼ਰ ਸਨ।

## ਵੇਟ ਲਿਫਟਿੰਗ ’ਚ ਲੜਕੇ ਤੇ ਲੜਕੀਆਂ ਨੇ ਮਾਰੀਆਂ ਮੱਲਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵੱਲ ਖੇਡਾਂ ਵਤਨ ਪੰਜਾਬ ਦੀਆਂ 2023 ਅਧੀਨ ਰਾਜ ਪੱਧਰੀ ਖੇਡਾਂ ਵੱਖ ਵੱਖ ਜ਼ਿਲ੍ਹਿਆਂ ਵਿੱਚ ਆਯੋਜਿਤ ਕਰਵਾਈਆਂ ਗਈਆਂ। ਸੁਖਚੈਨ ਸਿੰਘ ਕਾਹਲੋਂ, ਜ਼ਿਲ੍ਹਾ ਸਪੋਰਟਸ ਅਫਸਰ ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਜ਼ਿਲ੍ਹੇ ਅੰਮ੍ਰਿਤਸਰ ਦੀਆਂ ਵੱਖ ਵੱਖ ਗੇਮਾਂ ਦੀਆਂ ਟੀਮਾਂ ਵੱਖ ਵੱਖ ਜ਼ਿਲ੍ਹਿਆਂ ਵਿੱਚ ਭੇਜੀਆਂ ਗਈਆਂ। ਗੇਮ ਵੇਟਲਿਫਟਿੰਗ ਟੂਰਨਾਮੈਂਟ 10 ਅਕਤੂਬਰ ਤੋਂ 15 ਅਕਤੂਬਰ ਤੱਕ ਜ਼ਿਲ੍ਹੇ ਸੰਗਰੂਰ ਦੇ ਸੁਨਾਮ (ਸ੍ਰੀ ਹਰਗੋਬਿੰਦ ਸਿੰਘ ਧਰਮਸ਼ਾਲਾ) ਵਿਖੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆ ਹੋਇਆ ਸੁਖਚੈਨ ਸਿੰਘ ਕਾਹਲੋਂ ਜ਼ਿਲ੍ਹਾ ਸਪੋਰਟਸ ਅਫਸਰ, ਅੰਮ੍ਰਿਤਸਰ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ (ਸੁਨਾਮ) ਵਿਖੇ ਗੇਮ ਵੇਟਲਿਫਟਿੰਗ ਦੇ ਕੋਚ ਸੂਬੇਦਾਰ ਰਜਿੰਦਰ ਸਿੰਘ (ਰਿਟਾਇਰ) ਦੀ ਅਗਵਾਈ ਹੇਠ ਅੰਮ੍ਰਿਤਸਰ ਜਿਲ੍ਹੇ ਦੀ ਅੰ-14 ਉਮਰ ਵਰਗ ਲੜਕਿਆਂ ਵਿੱਚ ਸਮੀਰ ਸਿੰਘ ਨੇ ਭਾਰ ਵਰਗ 49 ਕਿਲੋ ਵਿੱਚ ਗੋਲਡ, ਨਵਤੇਜ ਸਿੰਘ ਨੇ ਭਾਰ ਵਰਗ 43 ਕਿਲੋ ਵਿੱਚ ਬਰਾਉਨ ਮੈਡਲ ਪ੍ਰਾਪਤ ਕੀਤਾ। ਉਮਰ ਵਰਗ 21 ਵਿੱਚ ਸੁਰਿੰਦਰਪਾਲ ਸਿੰਘ ਭਾਰ ਵਰਗ 89 ਕਿਲੋ ਵਿੱਚ ਗੋਲਡ ਅਤੇ ਦਿਲਬਾਗ ਸਿੰਘ ਨੇ ਭਾਰ ਵਰਗ 102 ਕਿਲੋ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ। ਉਮਰ ਵਰਗ ਅੰ-30 ਵਿੱਚ ਹੁਸਨਪ੍ਰੀਤ ਸਿੰਘ ਨੇ ਭਾਰ ਵਰਗ 81 ਕਿਲੋ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ। ਲੜਕੀਆਂ ਦੇ ਮੁਕਾਬਲੇ ਵਿੱਚ ਅੰ-14 ਉਮਰ ਵਰਗ ਵਿੱਚ ਲਵਜੋਤ ਕੌਰ ਨੇ ਭਾਰ ਵਰਗ 40 ਕਿਲੋ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ। ਉਮਰ ਵਰਗ ਅੰ-21 ਵਿੱਚ ਰੋ ਮੈਰੀ ਨੇ ਭਾਰ ਵਰਗ 87 ਕਿਲੋ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ। ਉਮਰ ਵਰਗ ਅੰ-30 ਵਿੱਚ ਮਨਪ੍ਰੀਤ ਕੌਰ ਨੇ ਭਾਰ ਵਰਗ 45 ਕਿਲੋ ਵਿੱਚ ਗੋਲਡ ਮੈਡਲ ਅਤੇ ਸੰਦੀਪ ਕੌਰ ਨੇ ਭਾਰ ਵਰਗ 81 ਕਿਲੋ ਵਿੱਚ ਬਰਾਉਨ ਮੈਡਲ ਪ੍ਰਾਪਤ ਕੀਤਾ। ਇਸ ਤਰ੍ਹਾਂ ਗੇਮ ਵੇਟਲਿਫਟਿੰਗ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਖਿਡਾਰੀਆਂ ਨੇ ਕੁੱਲ 8 ਗੋਲਡ, 1 ਸਿਲਵਰ ਅਤੇ 3 ਬਰਾਊਨਜ ਮੈਡਲ ਪ੍ਰਾਪਤ ਕੀਤੇ।

## ਬੁਰਾਈਆਂ ਦਾ ਅੰਤ ਕਰਨ ਦਾ ਸੁਨੇਹਾ ਦਿੰਦਾ ਦੁਸਹਿਰਾ : ਪ੍ਰਿੰ. ਅਸ਼ਵਨੀ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਡਾ. ਪੂਨਮ ਸੂਰੀ ਪ੍ਰਧਾਨ ਡੀਏਵੀ ਕਾਲਜ ਪ੍ਰਬੰਧਕ ਕਮੇਟੀ, ਡਾ. ਵੀ. ਕੇ. ਚੋਪੜਾ, ਚੇਅਰਮੈਨ ਮਹੇਸ਼ ਚੋਪੜਾ, ਡਾ. ਨੀਲਮ ਕਾਮਰਾ, ਸਕੂਲ ਦੇ ਮੈਨੇਜਰ ਨੀਰਾ ਸ਼ਰਮਾ ਅਤੇ ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਦੇ ਪ੍ਰਿੰ. ਅਸ਼ਵਨੀ ਦੀ ਯੋਗ ਅਗਵਾਈ ਵਿੱਚ ਸਕੂਲ ਵਿਖੇ 23 ਅਕਤੂਬਰ ਦਿਨ ਮੰਗਲਵਾਰ ਨੂੰ ‘ਬਦੀ ’ਤੇ ਨੇਕੀ ਦੀ ਜਿੱਤ’ ਦਾ ਤਿਉਹਾਰ ਦੁਸਹਿਰਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥੀਆਂ ਨੇ ਸਕੂਲ ਮੁੱਖੀ ਅਸ਼ਵਨੀ ਕੁਮਾਰ ਅਤੇ ਸਟਾਫ ਮੈਂਬਰਾਂ ਰੰਜੂ ਸਚਦੇਵਾ, ਮਨਪ੍ਰੀਤ ਕੌਰ, ਆਰਤੀ ਮਹਾਜਨ, ਸੋਨੀਆ ਸ਼ਰਮਾ, ਸੂਚੀ ਸੂਦ, ਰਾਜਬੀਰ ਪੂਜਾ ਭਗਤ, ਕੁਮਾਰੀ ਨੇਹਾ ਖੁੱਲਰ, ਰਕਸ਼ੰਦਨ, ਨੀਲਮ, ਦਵਿੰਦਰ, ਤਪੱਸਿਆ ਅਤੇ ਸ਼ਸ਼ੀ ਦੀ ਮੌਜੂਦਗੀ ਵਿੱਚ ਭਜਨ ਅਤੇ ਭਾਸ਼ਣ ਕੀਤੇ। ਬੱਚਿਆਂ ਨੇ ਆਪਣੇ ਭਾਸ਼ਣਾਂ ਰਾਹੀਂ ਇਸ ਪੌਰਾਣਿਕ ਕਥਾ ’ਤੇ ਚਾਨਣਾ ਪਾਇਆ। ਮੈਡਮ ਰੰਜੂ ਸਚਦੇਵਾ ਨੇ ਬੱਚਿਆਂ ਨੂੰ ਭ੍ਰਿਸ਼ਟਾਚਾਰ ਰੂਪੀ ਰਾਵਣ, ਨਸ਼ਾ ਰੂਪੀ ਮੇਘਨਾਦ ਅਤੇ ਕਰੀਬੀ ਰੂਪੀ ਕੁੰਭਕਰਨ ਨੂੰ ਸਮਾਜ ਵਿੱਚੋਂ ਖਤਮ ਕਰਨ ਦਾ ਸੰਦੇਸ਼ ਦਿੱਤਾ। ਸਕੂਲ ਦੇ ਮੁਖੀ ਅਸ਼ਵਨੀ ਕੁਮਾਰ ਨੇ ਦੱਸਿਆ ਕਿ ਦੁਸਹਿਰੇ ਦਾ ਤਿਉਹਾਰ ਦਸ ਪ੍ਰਕਾਰ ਦੇ ਪਾਪਾਂ-ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ, ਆਲਸ, ਹਿੰਸਾ ਤੇ ਚੋਰੀ ਦੇ ਤਿਆਗ ਦੀ ਪ੍ਰੇਰਣਾ ਪ੍ਰਦਾਨ ਕਰਦਾ ਹੈ।

## ਸ੍ਰੀ ਰਾਮ ਚੰਦਰ ਨੇ ਸੱਚ ਦੇ ਮਾਰਗ ’ਤੇ ਚੱਲਣ ਦਾ ਉਪਦੇਸ਼ ਦਿੱਤਾ : ਪ੍ਰਤਾਪ ਬਾਜਵਾ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)** - ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸ੍ਰੀ ਕ੍ਰਿਸ਼ਨ ਡਰਾਮਾਟਿਕ ਕਲੱਬ ਫੱਜੂਪਰ ਵੱਲੋਂ ਅਯੋਜਿਤ ਰਾਮ ਲੀਲ੍ਹਾ ਸਮਾਗਮ ਦੀ ਆਖਰੀ ਰਾਤ ਨੂੰ ਲਛਮਣ ਮੂਰਛਾ ਨਾਈਟ ਦਾ ਉਦਘਾਟਨ ਕਰਦੇ ਹੋਏ ਕਲਾਕਾਰਾਂ ਦੀ ਹੌਂਸਲਾ ਅਫਜਾਈ ਕਰਦਿਆਂ ਕਲੱਬ ਦੇ ਪ੍ਰਬੰਧਕਾਂ ਨੂੰ 5100 ਰੁਪਏ ਭੇਟ ਕੀਤੇ। ਇਸ ਤੋਂ ਇਲਾਵਾ ਸ਼ਹਿਰ ਅੰਦਰ ਭਾਰਤ ਡਰਾਮਾਟਿਕ ਕਲੱਬ ਬੱਸ ਸਟੈਂਡ ਧਾਰੀਵਾਲ, ਸੰਤੋਸ਼ੀ ਮਾਤਾ ਮੰਦਰ ਅਤੇ ਗਾਂਧੀ ਗਰਾਉਂਡ ’ਚ ਵੱਖ ਵੱਖ ਥਾਂਵਾਂ ’ਤੇ ਰਾਮ ਲੀਲ੍ਹਾ ਦਾ ਵੀ ਉਦਘਾਟਨ ਕੀਤਾ ਅਤੇ ਹਰੇਕ ਕਲੱਬ ਦੇ ਪ੍ਰਬੰਧਕਾਂ ਨੂੰ 5100-5100 ਰੁਪਏ ਭੇਟ



ਕੀਤੇ ਗਏ। ਇਸ ਮੌਕੇ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਪ੍ਰਭੂ ਸ੍ਰੀ ਰਾਮ ਚੰਦਰ ਨੇ ਸੱਚ ਦੇ ਮਾਰਗ ’ਤੇ ਚੱਲਣ ਦਾ ਉਪਦੇਸ਼ ਦਿੱਤਾ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਸਾਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਮਾਨਵਤਾ ਦੇ ਭਲੇ ਲਈ ਕੰਮ ਕਰਨੇ ਚਾਹੀਦੇ ਹਨ।

ਪ੍ਰਤਾਪ ਬਾਜਵਾ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਛੱਡ ਕੇ ਸਮਾਜ ਭਲਾਈ ਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵਿਧਾਇਕ ਪ੍ਰਤਾਪ ਸਿੰਘ ਬਾਜਵਾ, ਸੂਬਾ ਆਗੂ ਬਰਿੰਦਰ ਸਿੰਘ ਛੋਟੇਪੁਰ, ਨਰਿੰਦਰ ਕੁਮਾਰ ਕਾਲੇ ਸ਼ਾਹ, ਬਲਾਕ ਪ੍ਰਧਾਨ ਗੁਰਨਾਮ ਸਿੰਘ ਜਫਰਵਾਲ, ਐਡਵੋਕੇਟ ਰਾਕੇਸ਼ ਰਣੀਆਂ, ਸ਼ਹਿਰੀ ਪ੍ਰਧਾਨ ਸਰਦਾਰੀ ਲਾਲ ਰਣੀਆਂ, ਸਰਪੰਚ ਬਲਵਿੰਦਰਪਾਲ ਟਾਕ ਫੱਜੂਪਰ, ਕੇਵਲ ਕ੍ਰਿਸ਼ਨ ਟਾਕ, ਨਰੇਸ਼ ਕੁਮਾਰ ਚੀਨੀ, ਸਰਪੰਚ ਜਗਬੀਰ ਸਿੰਘ ਖਾਨਮਲੱਕ, ਸਰਪੰਚ ਲਵਪ੍ਰੀਤ ਸਿੰਘ ਡੱਡਵਾਂ, ਅਮਨਦੀਪ ਸਿੰਘ ਫੱਤੇਨੰਗਲ, ਹੀਰਾ ਲਾਹੌਰੀਆ, ਵਿਜੈ ਸਚਦੇਵਾ, ਕੌਂਸਲਰ ਜੋਜ਼ਫ ਅਤੇ ਭਾਰਤ ਡ੍ਰਾਮਾਟਿਕ ਕਲੱਬ ਧਾਰੀਵਾਲ ਦੇ ਮੁੱਖ ਪ੍ਰਬੰਧਕ ਰਾਜੇਸ਼ ਪੰਡਿਤ,ਕ੍ਰਿਸ਼ਨ ਡਰਾਮਾਟਿਕ ਕਲੱਬ ਫੱਜੂਪੁਰ ਦੇ ਪ੍ਰਧਾਨ ਬਿਕਰਮ ਭਗਤ ਸਮੇਤ ਕਲੱਬਾਂ ਦੇ ਸਮੂਹ ਮੈਂਬਰ ਹਾਜਰ ਸਨ। ਇਸ ਮੌਕੇ ਸਹਿਰ ਦੇ ਵੱਖ ਵੱਖ ਥਾਂਵਾਂ ਤੇ ਰਾਮਲੀਲ੍ਹਾ ਦੇ ਪ੍ਰਬੰਧਕਾਂ ਵੱਲੋਂ ਪ੍ਰਤਾਪ ਸਿੰਘ ਬਾਜਵਾ ਅਤੇ ਹੋਰ ਅਹਿਮ ਸਖਸ਼ੀਅਤ ਨੂੰ ਸਨਮਾਨਿਤ ਕੀਤਾ ਗਿਆ।

# ਰਿਆੜਕੀ ਕਾਲਜ ਤੁਗਲਵਾਲਾ ਵਿਖੇ 24ਵਾਂ ਗਿਆਨੀ ਮੇਵਾ ਸਿੰਘ ਗੁਰਮਤਿ ਕੈਂਪ ਸੰਪੰਨ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਪੰਜਾਬ ਦੇ ਸਾਤੀ ਨਿਕੇਤਨ ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ 24ਵਾਂ ਗਿਆਨੀ ਮੇਵਾ ਸਿੰਘ ਜੀ 7 ਰੋਜ਼ਾ ਗੁਰਮਤਿ ਕੈਂਪ ਲਗਾਇਆ ਗਿਆ। ਰੋਜ਼ਾਨਾ ਦੇ ਚਲਦੇ ਦੀਵਾਨਾਂ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਵਿਦਵਾਨਾਂ, ਪ੍ਰਚਾਰਕਾਂ, ਕਥਾ ਵਾਚਕਾਂ ਅਤੇ ਸਾਹਿਤਕਾਰਾਂ ਨੇ ਹਾਜ਼ਰੀ ਲਗਵਾਈ। ਕਾਲਜ ਦੇ ਪ੍ਰਿੰ. ਸਵਰਨ ਸਿੰਘ ਵਿਰਕ ਨੇ ਦੱਸਿਆ ਕਾਲਜ ’ਚ ਸਾਲ 1991 ਤੋਂ ਗਿਆਨੀ ਮੇਵਾ ਸਿੰਘ ਦੁਆਰਾ ਗੁਰਮਤਿ ਕੈਂਪ ਦੀ ਪ੍ਰੰਪਰਾ ਆਰੰਭ ਕੀਤੀ ਸੀ ਅਤੇ ਜਿਸਦੀ 9 ਵਰ੍ਹੇ ਗਿਆਨੀ ਜੀ ਨੇ ਖੁਦ ਸਰਪ੍ਰਸਤੀ ਕੀਤੀ। ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਮਗਰੋਂ ਵਿਦਿਆਰਥੀਆਂ ਵੱਲੋਂ ਇਹ ਪ੍ਰੰਪਰਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਨਿਰੰਤਰ ਜਾਰੀ ਹੈ। ਇਸੇ ਲੜੀ ਤਹਿਤ ਇਸ ਵਰ੍ਹੇ 24ਵਾਂ ਗਿਆਨੀ ਮੇਵਾ ਸਿੰਘ ਜੀ 7 ਰੋਜ਼ਾ ਗੁਰਮਤਿ ਕੈਂਪ ਲਗਾਇਆ ਗਿਆ। ਇਸ ਗੁਰਮਤਿ ਕੈਂਪ ਦਾ ਉਦਘਾਟਨ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਭਾਈ ਗੁਰਮਿੰਦਰ ਸਿੰਘ ਨੇ ਕੀਤਾ ਅਤੇ ਸਮਾਪਨ ਪੰਜ ਪਿਆਰੇ ਸਾਹਿਬਾਨ ਤਖ਼ਤ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੁਆਰਾ ਅੰਮ੍ਰਿਤ ਪਾਨ ਕਰਵਾ ਕੇ ਹੋਇਆ। ਕਾਲਜ ਵਿਦਿਆਰਥੀ ਸੈਕਟਰੀ ਨਵਜੋਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਗੁਰਮਤਿ ਕੈਂਪਾਂ ਸਦਕਾ ਸੰਸਥਾ ਦੀ ਸਾਰੀ ਕਾਇਨਾਤ ਰੂਹਾਨੀਅਤ ਦੇ ਸਰੂਰ ਵਿੱਚ ਰੰਗੀ ਜਾਂਦੀ ਹੈ ਤੇ ਰੂਹਾਨੀ ਖੁਰਾਕ ਸਦਕਾ ਆਤਮਿਕ ਬਲ ਮਜ਼ਬੂਤ ਹੁੰਦਾ ਹੈ। ਗੁਰਮਤਿ ਕੈਂਪ ਦੇ ਆਖਰੀ ਦਿਨ ਤਖਤ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਤੋਂ ਆਏ ਪੰਜ ਪਿਆਰੇ ਸਾਹਿਬਾਨ ਦੁਆਰਾ ਤਿਆਰ ਖੰਡੇ ਬਾਟੇ ਦੀ ਪਾਹੁਲ ਛਕ ਕੇ ਸੰਸਥਾ ਦੇ 100 ਵਿਦਿਆਰਥੀ ਗੁਰੂ ਵਾਲੇ ਬਣੇ। ਇਸ ਦੌਰਾਨ 280 ਵਿਦਿਆਰਥੀਆਂ ਨੇ ਆਪਣੇ ਜਨਮ ਦਿਨ ਤੇ ਮਹਿੰਗੇ ਕਾਰਡਾਂ ਤੇ ਤੋਹਫ਼ਿਆਂ ਦੀ ਥਾਂ ਗੁਰਮਤਿ ਪ੍ਰਕਾਸ਼ ਰਸਾਲੇ ਲਗਾ ਕੇ ਸਹੀ ਅਰਥਾਂ ’ਚ ਜਨਮ ਦਿਨ ਮਨਾਉਣ ਦੀ ਸਾਰਥਿਕਤਾ ਨੂੰ ਪ੍ਰਮਾਣਿਤ ਕੀਤਾ। ਵਿਦਿਆਰਥੀਆਂ ਨੂੰ ਪੁਸਤਕ ਪ੍ਰੇਮੀ ਬਣਾਉਣ ਦੇ ਮਕਸਦ ਤਹਿਤ 1500 ਤੋਂ ਵੱਧ ਵਿਦਿਆਰਥੀਆਂ ਨੂੰ ਸੰਸਥਾਂ ਵੱਲੋਂ ਮੁਫਤ ਕਿਤਾਬਾਂ ਦਿੱਤੀਆਂ ਗਈਆਂ। ਪ੍ਰਿੰ. ਸਵਰਨ ਸਿੰਘ ਵਿਰਕ ਨੇ ਰਿਆੜਕੀ ਕਾਲਜ ਸੰਸਥਾਵਾਂ ਵੱਲੋਂ ਮਾਝੇ ਦੀ ਧਰਤੀ ਦੀਆਂ ਪ੍ਰੇਰਨਾਸ਼ਰੋਤ ਬਣੀਆ ਧੀਆਂ ਜੱਜ ਮਨਮੋਹਨਪ੍ਰੀਤ ਕੌਰ ਅਤੇ ਯੂਪੀਐਸਸੀ ਦਾ ਇਮਤਿਹਾਨ ਪਾਸ ਕਰਨ ਵਾਲੇ ਹਰਪ੍ਰੀਤ ਕੌਰ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਧਾਰਮਿਕ ਵਜ਼ੀਫਾ ਜੇਤੂ ਵਿਦਿਆਰਥੀਆਂ ਦਾ ਸਨਮਾਨ ਕਰਨ ਤੋਂ ਇਲਾਵਾ ਕੈਂਪ ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਦਾ ਵੀ ਸਨਮਾਨ ਕੀਤਾ ਗਿਆ।



## ਗੁਰਭੇਜ ਸਿੰਘ ਨੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ



**ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ)**

ਪਿੰਡ ਧਾਰੀਵਾਲ ਦੇ ਗੁਰਭੇਜ ਸਿੰਘ ਰੱਬ ਵੱਲੋਂ ਜਿਥੇ ਹਰ ਮਹੀਨੇ ਲੋੜਵੰਦ ਪਰਵਾਰਾਂ ਨੂੰ ਫ੍ਰੀ ਰਾਸ਼ਨ ਦੀ ਸੇਵਾ ਕੀਤੀ ਜਾ ਉਥੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ ਗਏ। ਜਿਲ੍ਹੇ ਦੇ ਵੱਖ ਵੱਖ ਪਿੰਡਾਂ ’ਚ ਪਹੁੰਚਕੇ ਗਰੀਬ ਲੋੜਵੰਦ ਪਰਵਾਰਾਂ ਨੂੰ ਨਕਦ ਰਾਸ਼ੀ ਘਰੇਲੂ ਰਾਸ਼ਨ ਬੱਚਿਆ ਦੀ ਪੜ੍ਹਾਈ ਮੱਦਦ ਮੈਡੀਕਲ ਸਹਾਇਤਾ ਰੁੱਖ ਲਗਾਉਣ ਦੀ ਸੇਵਾ ਗਰੀਬ ਪਰਵਾਰਾਂ ਦੀਆ ਲੜਕੀਆਂ ਦੇ ਅਨੰਦ ਕਾਰਜ ਅਤੇ ਵੱਖ ਤਰ੍ਹਾਂ ਦੀਆਂ ਸੇਵਾਵਾਂ ਨਿਭਾਉਣ ਵਾਲੇ ਸਮਾਜਸੇਵੀ ਗੁਰਭੇਜ ਸਿੰਘ ਧਾਰੀਵਾਲ ਵੱਲੋਂ ਦੋ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਗੁਰਦੁਆਰਾ ਬਾਬਾ ਸ਼ਰਨਦਾਸ ਪਿੰਡ ਧਾਰੀਵਾਲ ਵਿਖੇ ਅੰਨਦ ਕਾਰਜ ਕਰਵਾਏ ਗਏ। ਬਰਾਤ ਲਈ ਚਾਹ ਪਾਣੀ ਦੇ ਨਾਲ ਨਾਲ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਬਾਬਾ ਗੁਰਸੇਵਕ ਸਿੰਘ ਬੱਚਿਆਂ ਦੀ ਗਤਕਾ ਟੀਮ ਨੇ ਆਪਣੇ ਚੰਗੇ ਜੋਹਰ ਵਿਖਾਏ ਗਏ। ਇਸ ਮੌਕੇ ਆਏ ਸੰਤਾਂ ਮਹਪੁਰਸ਼ਾਂ ਨੇ ਨਵ ਵਿਆਹੇ ਜੋੜਿਆ ਨੂੰ ਅਸ਼ੀਰਵਾਦ ਅਤੇ ਸ਼ਗਨ ਦੇ ਕਿ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਭਾਈ ਸਰਦੂਲ ਸਿੰਘ ਬੋਪਾਰਾਏ ਦੇ ਜਥੇ ਵੱਲੋਂ ਸ਼ਬਦ ਕੀਰਤਨ ਸੁਣਾਕੇ ਆਈਆ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਸ਼ੇਸ਼ ’ਤੇ ਤੌਰ ਪਹੁੰਚੇ ਸੰਤ ਬਾਬਾ ਸੁਬਾ ਸਿੰਘ, ਬਾਬਾ ਪ੍ਰਗਟ ਸਿੰਘ, ਬਾਬਾ ਗੁਰਸੇਵਕ ਸਿੰਘ, ਬਾਬਾ ਦਿਲਬਾਗ ਸਿੰਘ, ਸਰਪੰਚ ਰਣਜੀਤ ਸਿੰਘ ਕੈਰੋਂ ਨਿਸ਼ਾਨ ਸਿੰਘ ਕੈਰੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਸਰਪੰਚ ਨਰਿੰਦਰ ਸਿੰਘ, ਸਰਪੰਚ ਸਰਜੀਤ ਸਿੰਘ, ਸਰਪੰਚ ਬਖਸ਼ੀਸ਼ ਸਿੰਘ ਕਲਸੀਆ, ਸੰਰਪਚ ਕਰਨੈਲ ਸਿੰਘ, ਸਰਜੀਤ ਸਿੰਘ ਕੁਹਾੜਕਾ, ਨੰਬਰਦਾਰ ਬਿਕਰ ਸਿੰਘ, ਜਰਨੈਲ ਸਿੰਘ, ਚਰਨਜੀਤ ਸਿੰਘ, ਬਾਬਾ ਗੁਰਭੇਜ ਸਿੰਘ, ਜਗਰਾਜ ਸਿੰਘ ਮਾਨੋਚਾਹਲ, ਅੰਮ੍ਰਿਤ ਸਿੰਘ, ਭਾਗ ਸਿੰਘ ਭੂਰਾ ਕੋਹਨਾ, ਹਰਭਜਨ ਸਿੰਘ, ਬਾਬਾ ਹਰਪਾਲ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਸੁੱਖਾ ਸਿੰਘ ਮਾੜੀ ਕੰਬੋਕੇ, ਪ੍ਰੇਮ ਸਿੰਘ ਕੰਬੋਕੇ, ਕਾਰਜ ਸਿੰਘ ਕੰਬੋਕੇ, ਗੁਰਦੇਵ ਸਿੰਘ ਫੌਜੀ ਕੰਬੋਕੇ, ਰਣਜੀਤ ਸਿੰਘ ਸਕਰੀ ਜਿਲ੍ਹਾ ਪ੍ਰਧਾਨ ਮਨਰੇਗਾ ਵਰਕਰ ਯੂਨੀਅਨ, ਸਤਨਾਮ ਸਿੰਘ ਕਨੇਡਾ ਆਦਿ ਨੂੰ ਸਨਮਾਨਿਤ ਕੀਤਾ ਗਿਆ।

## ਪੰਜਾਬ ਵਾਰ ਹੀਰੋਜ਼ ਮੈਮੋਰੀਅਲ ਲਈ ਸਕੂਲਾਂ ਨੂੰ ਟਿਕਟ ’ਚ ਛੋਟ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)** -ਪੰਜਾਬ ਸਟੇਟ ਵਾਰ ਹੀਰੋਜ਼ ਮੈਮੋਰੀਅਲ ਐਂਡ ਮਿਊਜ਼ੀਅਮ ਜੋ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਜਾਨਾਂ ਕੁਰਬਾਨ ਕਰਨ ਵਾਲੇ ਕਾਰਗਿਲ ਦੇ ਸ਼ਹੀਦਾਂ ਦੀ ਯਾਦ ਵਿੱਚ ਬਣਾਇਆ ਗਿਆ ਹੈ, ਵਿੱਚ ਦਾਖਲੇ ਲਈ ਲੱਗਦੀ ਟਿਕਟ ਵਿੱਚ ਸਕੂਲਾਂ ਤੇ ਕਾਲਜਾਂ ਦੇ ਬੱਚਿਆਂ ਨੂੰ 50 ਫੀਸਦੀ ਛੋਟ ਦਿੱਤੀ ਗਈ ਹੈ। ਇਹ ਮੈਮੋਰੀਅਲ ਦੇ ਜਨਰਲ ਮੈਨੇਜਰ ਗੁਰਿੰਦਰਜੀਤ ਸਿੰਘ ਗਿੱਲ ਨੇ ਦੱਸਿਆ ਕਿ ਜੰਗੀ ਨਾਇਕਾਂ ਦੀ ਯਾਦ ਵਿੱਚ ਬਣਾਏ ਇਸ ਵਿਸ਼ੇਸ਼ ਮੈਮੋਰੀਅਲ ਵਿੱਚ ਆਮ ਨਾਗਰਿਕ ਲਈ ਕੇਵਲ 150 ਰੁਪਏ ਟਿਕਟ ਹੈ, ਪਰ ਸਕੂਲਾਂ ਤੇ ਕਾਲਜਾਂ ਦੇ ਬੱਚਿਆਂ ਲਈ ਇਹ ਕੇਵਲ 75 ਰੁਪਏ ਲੈਣ ਦਾ ਫੈਸਲਾ ਕੀਤਾ ਗਿਆ ਹੈ, ਤਾਂ ਜੋ ਵੱਧ ਤੋਂ ਵੱਧ ਬੱਚੇ ਆਪਣੇ ਵਿਰਸੇ ਅਤੇ ਇਤਿਹਾਸ ਤੋਂ ਵਾਕਫ ਹੋ ਸਕਣ। ਉਨ੍ਹਾ ਦੱਸਿਆ ਕਿ ਇਹ ਮੈਮੋਰੀਅਲ ਵਿਸ਼ਵ ਦੀ ਸਭ ਤੋਂ ਵੱਡੀ ਕਿਰਪਾਨ ਲਈ ਵੀ ਜਾਣਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਹ ਕਿਰਪਾਨ 45 ਮੀਟਰ ਉੱਚੀ, 65 ਟਨ ਸਟੀਲ ਨਾਲ ਬਣਾਈ ਗਈ ਹੈ, ਜਿਸ ਉਤੇ ਲਗਭਗ 7 ਸਾਲ ਪਹਿਲਾਂ 6 ਕਰੋੜ ਰੁਪਏ ਦੀ ਲਾਗਤ ਲੱਗੀ ਸੀ। ਉਨ੍ਹਾ ਦੱਸਿਆ ਕਿ ਇਸ ਤੋਂ ਇਲਾਵਾ ਮੈਮੋਰੀਅਲ ਵਿੱਚ 7 ਗੈਲਰੀਆਂ ਹਨ, ਜੋ ਕਿ ਸਿੱਖ ਇਤਿਹਾਸ ਤੋਂ ਲੈ ਕੇ ਵਿਸ਼ਵ ਯੁੱਧਾਂ ਵਿੱਚ ਭਾਰਤੀ ਫੌਜ ਦੀ ਮਹੱਤਤਾ, ਸਾਡੇ ਗੁਆਂਢੀ ਮੁਲਕਾਂ ਨਾਲ ਹੋਈਆਂ ਲੜਾਈਆਂ ਦਾ ਵਿਸਥਾਰ ਵਿੱਚ ਵਰਨਣ ਕਰਦੀਆਂ ਹਨ। ਗਿੱਲ ਨੇ ਦੱਸਿਆ ਕਿ ਛੇਤੀ ਹੀ ਮੈਮੋਰੀਅਲ ਵਿੱਚ ਮੋਟੀਵੇਸ਼ਨ ਗੈਲਰੀ ਬਣਾਈ ਜਾ ਰਹੀ ਹੈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 27 ਅਕਤੂਬਰ 2023

# ਪੁਰਾਣੀ ਪੈਨਸ਼ਨ ਬਹਾਲੀ ਜੰਗ

*ਇਸ ਵੇਲੇ ਜਦੋਂ ਪੰਜ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਦਾ ਮੈਦਾਨ ਭਖ ਚੁੱਕਾ ਹੈ, ਦੇਸ਼ ਭਰ ਦੇ 2 ਕਰੋੜ ਸਰਕਾਰੀ ਕਰਮਚਾਰੀਆਂ ਨੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਦਾ ਮੁੜ ਬਿਗਲ ਵਜਾ ਦਿੱਤਾ ਹੈ। ਬੀਤੀ 2 ਅਕਤੂਬਰ ਨੂੰ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ ਵਿੱਚ ਦੇਸ਼ ਭਰ ਵਿੱਚੋਂ ਜੁੜੇ ਕਰਮਚਾਰੀਆਂ ਦੇ ਹਜ਼ੂਮ ਤੋਂ ਉਤਸ਼ਾਹਤ ਹੋ ਕੇ ਹੁਣ ਉਨ੍ਹਾਂ ਫਿਰ ਨਵੰਬਰ ਦੇ ਪਹਿਲੇ ਹਫ਼ਤੇ ਰਾਮ ਲੀਲ੍ਹਾ ਮੈਦਾਨ ਵਿੱਚ ਸਰਕਾਰ ਦੇ ਬੋਲੇ ਕੰਨਾਂ ਤੱਕ ਆਪਣੀ ਆਵਾਜ਼ ਪੁਚਾਉਣ ਦਾ ਫੈਸਲਾ ਕਰ ਲਿਆ ਹੈ। ਦੋ ਅਕਤੂਬਰ ਦੀ ਰੈਲੀ ਵਿੱਚ ਮੁੱਖ ਤੌਰ 'ਤੇ ਸਿਰਫ਼ ਰਾਜਾਂ ਦੇ ਸਰਕਾਰੀ ਕਰਮਚਾਰੀਆਂ ਨੇ ਹੀ ਹਿੱਸਾ ਲਿਆ ਸੀ, ਇਸ ਵਾਰ ਕੇਂਦਰੀ ਟਰੇਡ ਯੂਨੀਅਨਾਂ ਨੇ ਵੀ ਪ੍ਰਸਾਤਵਤ ਰੈਲੀ ਵਿੱਚ ਭਾਗ ਲੈਣ ਦਾ ਫ਼ੈਸਲਾ ਕਰ ਲਿਆ ਹੈ।*

*ਇਸ ਦੌਰਾਨ ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੁਰਾਣੀ ਪੈਨਸ਼ਨ ਸਕੀਮ ਕਰਮਚਾਰੀਆਂ ਨੂੰ ਮਿਲਣੀ ਸ਼ੁਰੂ ਹੋ ਗਈ ਹੈ, ਜਿਸ ਨੇ ਬਾਕੀ ਰਾਜਾਂ ਤੇ ਕੇਂਦਰ ਦੇ ਕਰਮਚਾਰੀਆਂ ਵਿੱਚ ਨਵਾਂ ਜੋਸ਼ ਭਰ ਦਿੱਤਾ ਹੈ। ਹਿਮਾਚਲ ਸਰਕਾਰ ਦੇ ਫ਼ੈਸਲੇ ਤੋਂ ਬਾਅਦ ਜਿਹੜੇ ਮੁਲਾਜ਼ਮਾਂ ਨੂੰ ਨਵੀਂ ਪੈਨਸ਼ਨ ਸਕੀਮ ਅਧੀਨ ਪੈਨਸ਼ਨ ਦੀ ਰਕਮ 1500 ਤੋਂ 2000 ਹਜ਼ਾਰ ਰੁਪਏ ਮਿਲਦੀ ਸੀ, ਹੁਣ 30 ਹਜ਼ਾਰ ਤੋਂ 40 ਹਜ਼ਾਰ ਤੱਕ ਮਿਲਣ ਲੱਗ ਪਈ ਹੈ। ਸਰਕਾਰ ਨੇ ਅਪ੍ਰੈਲ ਤੋਂ ਹੁਣ ਤੱਕ ਬਕਾਇਆ ਵੀ ਦੇ ਦਿੱਤਾ ਹੈ।*

*'ਇੰਡੀਆ' ਗੱਠਜੋੜ ਨਾਲ ਜੁੜੀਆਂ ਸਾਰੀਆਂ ਪਾਰਟੀਆਂ ਦੀਆਂ ਸਰਕਾਰਾਂ ਨੇ ਪੁਰਾਣੀ ਪੈਨਸ਼ਨ ਬਹਾਲੀ ਦਾ ਐਲਾਨ ਕਰ ਦਿੱਤਾ ਹੈ, ਜਿਸ ਨੇ ਭਾਜਪਾ ਦੀ ਨਫ਼ਰਤੀ ਤੇ ਅੰਧ-ਰਾਸ਼ਟਰਵਾਦੀ ਮੁਹਿੰਮ ਦੀਆਂ ਨੀਹਾਂ ਹਿਲਾ ਦਿੱਤੀਆਂ ਹਨ। ਸਰਕਾਰੀ ਕਰਮਚਾਰੀਆਂ ਨੇ ਪ੍ਰਣ ਕਰ ਲਿਆ ਹੈ ਕਿ ਹੁਣ ਪੁਰਾਣੀ ਪੈਨਸ਼ਨ ਬਹਾਲੀ ਤੋਂ ਉਰੇ ਉਨ੍ਹਾਂ ਨੂੰ ਕੁਝ ਵੀ ਮਨਜ਼ੂਰ ਨਹੀਂ।*

*ਭਾਜਪਾ ਦੇ ਨੀਤੀ ਘਾੜੇ ਲਗਾਤਾਰ ਦੇਸ਼ 'ਤੇ ਪੈਨਸ਼ਨ ਦੇ ਵਧਦੇ ਬੋਝ ਦਾ ਰੋਣਾ ਰੋਂਦੇ ਰਹਿੰਦੇ ਹਨ। ਇਸ ਦੇ ਜਵਾਬ ਵਿੱਚ ਕਰਮਚਾਰੀ ਯੂਨੀਅਨਾਂ ਦਾ ਕਹਿਣਾ ਹੈ ਕਿ ਸਾਂਸਦ, ਵਿਧਾਇਕ ਜੇਕਰ ਇੱਕ ਵਾਰ ਵੀ ਜਿੱਤ ਜਾਣ ਤਾਂ ਉਨ੍ਹਾਂ ਨੂੰ ਵੱਡੀ ਪੈਨਸ਼ਨ ਉਮਰ ਭਰ ਮਿਲਦੀ ਰਹਿੰਦੀ ਹੈ। ਇਸ ਤਰ੍ਹਾਂ ਫੌਜ ਤੇ ਸੁਪਰੀਮ ਕੋਰਟ ਦੇ ਜੱਜਾਂ ਨੂੰ ਵੀ ਪੁਰਾਣੀ ਪੈਨਸ਼ਨ ਅਧੀਨ ਰੱਖਿਆ ਗਿਆ ਹੈ, ਪਰ ਬਾਕੀ ਅਬਾਦੀ ਨੂੰ ਨਵੀਂ ਪੈਨਸ਼ਨ ਸਕੀਮ ਅਧੀਨ ਸ਼ੇਅਰ ਬਜ਼ਾਰ ਦੇ ਪੇਟੇ ਪਾ ਦਿੱਤਾ ਗਿਆ ਹੈ। ਦੁਨੀਆਂ ਭਰ ਦੇ ਦੇਸ਼ਾਂ ਦੇ ਅੰਕੜਿਆਂ ਤੋਂ ਪਤਾ ਲਗਦਾ ਹੈ ਕਿ ਭਾਰਤ ਵਿੱਚ ਸੇਵਾਮੁਕਤੀ ਤੋਂ ਬਾਅਦ ਮਿਲਦੀ ਪੈਨਸ਼ਨ ਸਭ ਤੋਂ ਘੱਟ ਹੈ।*

*ਪਿਛਲੇ ਦਿਨੀਂ ਇਹ ਖ਼ਬਰ ਛਪੀ ਸੀ ਕਿ ਮੋਦੀ ਸਰਕਾਰ ਨੇ ਆਪਣੀ ਸਰਕਾਰ ਦੇ ਦੋਹਾਂ ਕਾਰਜਕਾਲਾਂ ਦੌਰਾਨ ਕਾਰਪੋਰੇਟਾਂ ਦੇ 25 ਲੱਖ ਕਰੋੜ ਰੁਪਏ ਵੱਟੇ-ਖਾਤੇ ਪਾ ਦਿੱਤੇ ਹਨ। ਕਰਮਚਾਰੀਆਂ ਵਿੱਚ ਇਹ ਸਵਾਲ ਉੱਠਣਾ ਲਾਜ਼ਮੀ ਹੈ ਕਿ ਸਰਕਾਰ ਪਾਸ ਕਾਰਪੋਰੇਟਾਂ ਨੂੰ ਗੱਫੇ ਦੇਣ ਲਈ ਤਾਂ ਲੱਖਾਂ, ਕਰੋੜਾਂ ਹਨ, ਪਰ ਕਰਮਚਾਰੀਆਂ ਨੂੰ ਬੁਢਾਪਾ ਭੋਗਣ ਲਈ ਮਿਲਦੀ ਪੈਨਸ਼ਨ ਬਾਰੇ ਉਸ ਨੇ ਮੁੱਠੀ ਘੁੱਟੀ ਹੋਈ ਹੈ।*

*ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਦੇ ਜ਼ੋਰ ਫੜਨ ਉੱਤੇ ਭਾਜਪਾ ਬੇਹੱਦ ਚਿੰਤਤ ਹੈ। ਖ਼ਬਰਾਂ ਆ ਰਹੀਆਂ ਹਨ ਕਿ ਕੇਂਦਰ ਸਰਕਾਰ ਨਵੀਂ ਪੈਨਸ਼ਨ ਸਕੀਮ ਵਿੱਚ ਹੀ ਫੇਰਬਦਲ ਕਰਕੇ ਕਰਮਚਾਰੀਆਂ ਦੇ ਗੁੱਸੇ ਨੂੰ ਸ਼ਾਂਤ ਕਰਨਾ ਚਾਹੁੰਦੀ ਹੈ, ਤਾਂ ਜੋ ਉਹ 2024 ਦੀਆਂ ਲੋਕ ਸਭਾ ਚੋਣਾਂ ਦੀ ਬੈਤਰਣੀ ਪਾਰ ਕਰ ਸਕੇ। ਇਨ੍ਹਾਂ ਖ਼ਬਰਾਂ ਨੇ ਕਰਮਚਾਰੀਆਂ ਨੂੰ ਹੋਰ ਉਤਸ਼ਾਹਤ ਕਰ ਦਿੱਤਾ ਹੈ। ਇਸ ਨਾਲ ਰੇਲਵੇ ਸਮੇਤ ਸਭ ਮਾਨਤਾ ਪ੍ਰਾਪਤ ਕੇਂਦਰੀ ਟਰੇਡ ਯੂਨੀਅਨਾਂ ਉੱਪਰ ਵੀ ਪੁਰਾਣੀ ਪੈਨਸ਼ਨ ਸਕੀਮ ਲਈ ਲੜਾਈ ਵਿੱਚ ਸ਼ਾਮਲ ਹੋਣ ਦਾ ਦਬਾਅ ਵਧ ਗਿਆ ਹੈ। ਉਂਜ ਤਾਂ ਕਰਮਚਾਰੀਆਂ ਦੀ ਦੋ ਅਕਤੂਬਰ ਦੀ ਰੈਲੀ ਬੇਮਿਸਾਲ ਸੀ, ਪਰ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਨਵੰਬਰ ਵਿੱਚ ਹੋਣ ਵਾਲੀ ਰੈਲੀ ਇੱਕ ਨਵਾਂ ਇਤਿਹਾਸ ਸਿਰਜ ਦੇਵੇਗੀ।*

# ਕੁਦਰਤੀ ਸਰੋਤਾਂ ਨੂੰ ਬਚਾਉਣਾ ਜ਼ਰੂਰੀ



ਨਰਿੰਦਰ ਸਿੰਘ

ਵਾਤਾਵਰਨ ਪ੍ਰਦੂਸ਼ਣ ਵਿਸ਼ਵ ਭਰ ਦੀ ਗੰਭੀਰ ਸਮੱਸਿਆ ਹੈ। ਵਾਤਾਵਰਨ ਦੇ ਵਧਦੇ ਪ੍ਰਦੂਸ਼ਣ ਦਾ ਪ੍ਰਭਾਵ ਮੌਸਮਾਂ ਦੇ ਬਦਲਾਅ ਤੋਂ ਇਲਾਵਾ ਪਹਾੜਾਂ 'ਤੇ ਵਧਦੇ ਪਲਾਸਟਿਕ ਕੂੜੇ ਅਤੇ ਸਾਗਰਾਂ ਵਿਚ ਪਾਣੀ ਦੇ ਉੱਚੇ ਹੋ ਰਹੇ ਪੱਧਰ ਦੇ ਰੂਪ ਵਿਚ ਵੀ ਦੇਖਿਆ ਜਾ ਸਕਦਾ ਹੈ। ਵਾਤਾਵਰਨ ਦੇ ਵਿਗਾੜ ਵਿਚ ਸਭ ਤੋਂ ਵੱਧ ਯੋਗਦਾਨ ਪਲਾਸਟਿਕ ਕੂੜੇ ਦਾ ਹੀ ਹੈ। ਸੰਯੁਕਤ ਰਾਸ਼ਟਰ ਦਾ ਕਹਿਣਾ ਹੈ ਕਿ ਹਰ ਸਾਲ 8 ਮਿਲੀਅਨ ਟਨ ਪਲਾਸਟਿਕ ਸਮੁੰਦਰ ਵਿਚ ਸੁੱਟਿਆ ਜਾਂਦਾ ਹੈ। ਸਮੁੰਦਰ ਵਿਚ ਇਹ ਕੂੜਾ ਪਾਣੀ ਵਿਚ ਰਹਿਣ ਵਾਲੇ ਜੀਵਾਂ ਲਈ ਖ਼ਤਰਾ ਬਣਦਾ ਹੈ। ਪਲਾਸਟਿਕ ਪ੍ਰਦੂਸ਼ਣ ਹਰ ਸਾਲ ਇਕ ਲੱਖ ਦੇ ਕਰੀਬ ਸਮੁੰਦਰੀ ਪੰਛੀ ਅਤੇ ਸਮੁੰਦਰੀ ਥਣਧਾਰੀ ਜੀਵਾਂ ਨੂੰ ਮਾਰਦਾ ਹੈ। ਪਲਾਸਟਿਕ ਦੇ ਕੂੜੇ ਨੂੰ ਸਮੁੰਦਰੀ ਜਾਨਵਰ ਜਿਵੇਂ ਕਿ ਵੇਲ ਮੱਛੀ ਅਤੇ ਕੱਛੂਆ ਆਦਿ ਆਪਣਾ ਸ਼ਿਕਾਰ ਸਮਝਣ ਦੀ ਗਲਤੀ ਕਰਦੇ ਹਨ, ਫਿਰ ਉਹ ਜਲਦੀ ਮਰ ਜਾਂਦੇ ਹਨ, ਕਿਉਂਕਿ ਉਨ੍ਹਾਂ ਦੇ ਪੇਟ ਪਲਾਸਟਿਕ ਨਾਲ ਭਰ ਜਾਂਦੇ ਹਨ।

ਪਲਾਸਟਿਕ ਦੇ ਕੂੜੇ ਵਿਚ ਵਾਧਾ ਸਮੁੰਦਰਾਂ ਨੂੰ ਪ੍ਰਦੂਸ਼ਿਤ ਕਰ ਰਿਹਾ ਹੈ। ਅਗਲੇ ਸਾਲਾਂ ਵਿਚ ਵਿਸ਼ਵ ਪੱਧਰ 'ਤੇ ਸਾਲਾਨਾ 370 ਲੱਖ ਟਨ ਤੱਕ ਪਲਾਸਟਿਕ ਕਚਰਾ ਪੈਦਾ ਹੋਣ ਲੱਗੇਗਾ। ਸਮੁੰਦਰਾਂ ਵਿਚ ਪਲਾਸਟਿਕ ਦੇ ਕੂੜੇ ਵਿਚ ਹਾਲ ਹੀ ਵਿਚ ਹੋਏ ਵਾਧੇ ਨੇ ਵਿਸ਼ਵ-ਵਿਆਪੀ ਚਿੰਤਾ ਨੂੰ ਜਨਮ ਦਿੱਤਾ ਹੈ ਅਤੇ ਵਿਸ਼ਵ ਦੀਆਂ ਸਰਕਾਰਾਂ ਨੂੰ ਕਾਰਵਾਈ ਕਰਨ ਦੀ ਲੋੜ ਹੈ। ਜੇ ਵਾਤਾਵਰਣ ਪ੍ਰਦੂਸ਼ਣ ਦਾ ਵਧਣਾ ਇਸੇ ਤਰ੍ਹਾਂ ਜਾਰੀ ਰਹਿੰਦਾ ਹੈ ਤਾਂ ਅਗਲੀਆਂ ਪੀੜ੍ਹੀਆਂ ਨੂੰ ਤਪਦੀ ਹੋਈ ਧਰਤੀ ਅਤੇ ਅੱਗ ਉਗਲਦਾ ਆਕਾਸ਼ ਹੀ ਮਿਲਣ ਵਾਲਾ ਹੈ। ਮਹਾਂਸਾਗਰ ਵਿਚ ਰਹਿੰਦ-ਖੂੰਹਦ ਦਾ ਸਿੱਧਾ ਅਸਰ ਮੀਂਹ ਕਾਰਨ ਪਾਣੀ ਵਿਚ ਗੰਧਲਾ ਹੋਣਾ ਅਤੇ ਵਾਯੂਮੰਡਲ ਵਿੱਚੋਂ ਪ੍ਰਦਰਸ਼ਕਾਂ ਨੂੰ ਛੱਡਣਾ ਅਤੇ ਉਦਯੋਗਾਂ ਤੋਂ ਰਸਾਇਣਕ ਪਾਣੀ ਦਾ ਨਿਕਾਸ ਸਮੁੰਦਰ ਵਿਚ ਪ੍ਰਦੂਸ਼ਣ ਦੇ ਮੁੱਖ ਕਾਰਨ ਹਨ।

ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਰਿਪੋਰਟ ਮੁਤਾਬਿਕ ਭਾਰਤ ਵਿਚ ਹਰ ਦਿਨ ਲੱਗਭੱਗ 26 ਹਜ਼ਾਰ ਟਨ ਪਲਾਸਟਿਕ ਕਚਰਾ ਪੈਦਾ ਹੁੰਦਾ ਹੈ, ਜਿਸ ਦਾ ਸਿਰਫ 30 ਫੀਸਦੀ ਹੀ ਰੀ-ਸਾਇਕਲ ਹੁੰਦਾ ਹੈ। ਭਾਰਤ ਵਿਚ ਇਸ ਸਮੇਂ 94 ਲੱਖ ਟਨ ਤੋਂ ਵਧੇਰੇ ਕਚਰਾ ਹਰ ਸਾਲ ਪੈਦਾ ਹੁੰਦਾ ਹੈ। ਸੰਯੁਕਤ ਰਾਸ਼ਟਰ ਅਨੁਸਾਰ ਦੁਨੀਆਂ ਭਰ 'ਚ ਹਰ ਸਾਲ ਦੋ-ਤਿਹਾਈ ਉਤਪਾਦਾਂ ਦੀ ਉਮਰ ਬਹੁਤ ਘੱਟ ਹੁੰਦੀ ਹੈ ਅਤੇ ਉਹ ਉਤਪਾਦ ਛੇਤੀ ਹੀ ਕੂੜੇ 'ਚ ਤਬਦੀਲ ਹੋ ਜਾਂਦੇ ਹਨ। ਵਿਸ਼ਵ ਪੱਧਰ 'ਤੇ ਸਿਰਫ 14 ਫੀਸਦੀ ਹੀ ਪਲਾਸਟਿਕ ਰੀ-ਸਾਈਕਲ ਹੁੰਦਾ ਹੈ। ਬਾਕੀ ਕੂੜੇ ਦੇ ਰੂਪ ਵਿਚ ਪਿਆ ਰਹਿੰਦਾ ਹੈ। ਪੇਂਡੂ ਖੇਤਰਾਂ ਵਿਚ 67 ਫੀਸਦੀ ਪਲਾਸਟਿਕ ਕਚਰਾ ਸਾੜ ਦਿੱਤਾ ਜਾਂਦਾ ਹੈ।

ਵਿਸ਼ਵ ਪੱਧਰ 'ਤੇ ਸਿਰਫ 10 ਫੀਸਦੀ ਹੀ ਵਰਤਿਆ ਪਲਾਸਟਿਕ ਮੁੜ ਇਸਤੇਮਾਲ ਹੁੰਦਾ ਹੈ ਅਤੇ ਬਾਕੀ ਨਦੀਆਂ ਤੇ ਹੋਰ ਜਲ ਸਰੋਤਾਂ ਜ਼ਰੀਏ ਸਮੁੰਦਰਾਂ ਵਿਚ ਪਹੁੰਚ ਜਾਂਦਾ ਹੈ। ਇਹ ਕਚਰਾ ਧਰਤੀ ਤੋਂ ਲੈ ਕੇ ਸਮੁੰਦਰ ਵਿਚ ਸਮਾ ਜਾਣ ਤੋਂ ਬਾਅਦ ਇਸੇ ਕੂੜੇ ਵਿੱਚੋਂ ਨਿਕਲਦੀਆਂ ਜ਼ਹਿਰੀਲੀਆਂ ਗੈਸਾਂ ਨਾਈਟ੍ਰਿਕ ਆਕਸਾਈਡ, ਕਾਰਬਨ ਡਾਈਆਕਸਾਈਡ ਤੇ ਮੋਨੋਆਕਸਾਈਡ ਨਿਕਲਦੀਆਂ ਹਨ। ਜੋ ਫੇਫੜੇ, ਕੈਂਸਰ, ਸ਼ੂਗਰ, ਮੋਟਾਪਾ, ਨੇਤਰ ਰੋਗ ਆਦਿ ਸਮੱਸਿਆਵਾਂ ਦਾ ਕਾਰਨ ਬਣਦੀਆਂ ਹਨ। ਜਦੋਂ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਸਾੜਿਆ ਜਾਂਦਾ ਹੈ ਤਾਂ ਇਹ ਹਵਾ ਵਿਚ ਜ਼ਹਿਰੀਲੇ ਰਸਾਇਣ ਛੱਡਦਾ ਹੈ, ਜਿਸ ਨਾਲ ਸਾਹ ਦੀਆਂ ਸਮੱਸਿਆਵਾਂ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਇਨਸਾਨ ਹੀ ਨਹੀਂ, ਬਲਕਿ ਸਭ ਜੀਵ-ਜੰਤੂਆਂ ਨੂੰ ਨੁਕਸਾਨ ਵੀ ਹੁੰਦਾ ਹੈ। ਪਲਾਸਟਿਕ ਨੂੰ ਸਾੜਨ ਨਾਲ ਹਵਾ ਪ੍ਰਦੂਸ਼ਣ ਹੁੰਦਾ ਹੈ। ਜਿੱਥੇ ਇਸ ਨੂੰ ਸਾੜਿਆ ਜਾਂਦਾ ਹੈ। ਉਸ ਦੇ ਨੇੜਦੇ ਖੇਤਰ 'ਚ ਰਹਿਣ ਵਾਲੇ ਲੋਕ ਨੁਕਸਾਨਦੇਹ ਦੂਸ਼ਿਤ ਹਵਾ ਵਿਚ ਸਾਹ ਲੈਂਦੇ ਹਨ। ਇਹ ਲੋਕ ਸਾਹ ਦੀਆਂ ਸਮੱਸਿਆਵਾਂ ਸਮੇਤ ਅਨੇਕ ਹੋਰ ਸਿਹਤ ਮਸਲਿਆਂ ਤੋਂ ਪੀੜਤ ਹੋ ਜਾਂਦੇ ਹਨ।

ਲੋਕ ਪਲਾਸਟਿਕ ਦੀ ਵਰਤੋਂ ਕਰਦੇ ਹਨ ਤੇ ਇਸ ਨੂੰ ਲੈਂਡਫਿਲ ਵਿਚ ਸੁੱਟ ਦਿੰਦੇ ਹਨ। ਲੋਕ ਉਨ੍ਹਾਂ ਨੂੰ ਸਾੜਦੇ ਹਨ ਅਤੇ ਕਦੇ-ਕਦਾਈਂ ਰੀ ਸਾਈਕਲ ਕਰਦੇ ਹਨ। ਪਲਾਸਟਿਕ ਦੇ ਥੈਲੇ ਵਾਤਾਵਰਨ ਪ੍ਰਦੂਸ਼ਣ ਦਾ ਵੱਡਾ ਕਾਰਨ ਹਨ। ਪਲਾਸਟਿਕ ਦੇ ਥੈਲੇ ਜਲਘਰਾਂ ਵਿਚ ਦਾਖਲ ਹੋਣ ਕਾਰਨ ਪਾਣੀ ਦੇ ਪ੍ਰਦੂਸ਼ਣ ਦਾ ਇਕ ਵੱਡਾ ਕਾਰਨ ਹਨ। ਪਲਾਸਟਿਕ ਦੇ ਥੈਲੇ ਹਰ ਸੰਭਵ ਤਰੀਕੇ ਨਾਲ ਵਾਤਾਵਰਨ ਨੂੰ ਵਿਗਾੜ ਰਹੇ ਹਨ। ਪਲਾਸਟਿਕ ਦੇ ਥੈਲਿਆਂ ਦਾ ਉਤਪਾਦਨ ਜ਼ਹਿਰੀਲੇ ਰਸਾਇਣਾਂ ਨੂੰ ਛੱਡਦਾ ਹੈ। ਜਾਨਵਰ ਅਤੇ ਸਮੁੰਦਰੀ ਜੀਵ ਅਣਜਾਣੇ ਵਿਚ ਆਪਣੇ ਭੋਜਨ ਦੇ ਨਾਲ ਪਲਾਸਟਿਕ ਦੇ ਕਣਾਂ ਦਾ ਸੇਵਨ ਕਰਦੇ ਹਨ। ਬੇਕਾਰ ਪਲਾਸਟਿਕ ਦੇ ਥੈਲੇ ਪਸ਼ੂਆਂ ਦੀ ਬੇਵਕਤੀ ਮੌਤ ਦਾ ਮੁੱਖ ਕਾਰਨ ਹਨ।

ਕੂੜੇ ਨਾਲ ਭਰੇ ਪਲਾਸਟਿਕ ਦੇ ਥੈਲੇ ਜ਼ਮੀਨ ਅਤੇ ਪਾਣੀ ਨੂੰ ਬੇਹੱਦ ਪ੍ਰਦੂਸ਼ਿਤ ਕਰ ਰਹੇ ਹਨ। ਪਲਾਸਟਿਕ ਦੇ ਥੈਲੇ ਧਰਤੀ ਦੇ ਨਾਲ-ਨਾਲ ਪਾਣੀ ਵਿਚ ਰਹਿਣ ਵਾਲੇ ਜਾਨਵਰਾਂ ਦੀ ਜ਼ਿੰਦਗੀ ਲਈ ਵੀ ਖ਼ਤਰਾ ਬਣੇ ਹੋਏ ਹਨ। ਰਹਿੰਦ-ਖੂੰਹਦ ਵਾਲੇ ਪਲਾਸਟਿਕ ਦੇ ਥੈਲਿਆਂ ਵਿੱਚੋਂ ਨਿਕਲਣ ਵਾਲੇ ਰਸਾਇਣ ਮਿੱਟੀ ਵਿਚ ਦਾਖਲ ਹੋ ਕੇ ਇਸ ਨੂੰ ਬੰਜਰ ਬਣਾਉਂਦੇ ਹਨ। ਪਲਾਸਟਿਕ ਦੇ ਥੈਲੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਦਾ ਕਾਰਨ ਵੀ ਬਣਦੇ ਹਨ। ਪਲਾਸਟਿਕ ਸਾਰਿਆਂ ਲਈ ਇਕ ਵੱਡਾ ਖ਼ਤਰਾ ਬਣ ਰਿਹਾ ਹੈ, ਪਰ ਫਿਰ ਵੀ ਅਸੀਂ ਇਸ ਸਮੱਸਿਆ ਨੂੰ ਨਜ਼ਰ-ਅੰਦਾਜ਼ ਕਰਦੇ ਆ ਰਹੇ ਹਾਂ। ਪਲਾਸਟਿਕ ਦੇ ਥੈਲਿਆਂ ਦੀ ਵਰਤੋਂ ਬੰਦ ਕਰਨ ਦੀ ਆਪਣੀ ਜ਼ਿੰਮੇਵਾਰੀ ਨੂੰ ਸਾਨੂੰ ਸਮਝਣਾ ਚਾਹੀਦਾ ਹੈ। ਪਲਾਸਟਿਕ ਦੇ ਥੈਲਿਆਂ ਦੇ ਬਹੁਤ ਸਾਰੇ ਵਾਤਾਵਰਨ ਅਨੁਕੂਲ ਵਿਕਲਪ ਹਨ। ਵਾਤਾਵਰਨ ਅਤੇ ਧਰਤੀ ਨੂੰ ਬਚਾਉਣ ਲਈ ਪਲਾਸਟਿਕ ਦੇ ਥੈਲਿਆਂ ਦੀ ਵਰਤੋ ਨੂੰ ਪੂਰੀ ਤਰ੍ਹਾਂ ਬੰਦ ਕਰ ਦੇਣਾ ਚਾਹੀਦਾ ਹੈ।

ਰੁੱਖਾਂ ਦੀ ਅੰਨ੍ਹੇਵਾਹ ਕਟਾਈ ਤੇ ਫੈਲ ਰਿਹਾ ਪਲਾਸਟਿਕ ਪ੍ਰਦੂਸ਼ਣ ਹੀ ਦੁਨੀਆ ਭਰ ਦੇ ਵਾਤਾਵਰਨ ਨੂੰ ਬਦਲ ਰਿਹਾ ਹੈ। ਇਸੇ ਕਾਰਨ ਗਰੀਨ ਹਾਊਸ ਗੈਸਾਂ ਵਧ ਚੁੱਕੀਆਂ ਹਨ। ਸਾਰੀ ਦੁਨੀਆ ਵਿਚ ਕਈ ਥਾਵਾਂ 'ਤੇ ਪਾਣੀ ਸੁੱਕਦਾ ਜਾ ਰਿਹਾ ਹੈ ਤੇ ਕਈ ਥਾਵਾਂ 'ਤੇ ਭਾਰੀ ਮੀਂਹ ਤੇ ਹਨੇਰੀ ਕਾਰਨ ਆਏ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ। ਇਸ ਸਾਲ ਬੀਤੇ ਪਿਛਲੇ ਕੁਝ ਮਹੀਨਿਆਂ ਵਿਚ ਭਾਰਤ ਵਿਚ ਹੜ੍ਹਾਂ ਨੇ ਜੋ ਨੁਕਸਾਨ ਕੀਤਾ ਹੈ, ਇਸ ਦਾ ਜ਼ਿੰਮੇਵਾਰ ਖੁਦ ਮਨੁੱਖ ਹੈ। ਕੁਦਰਤੀ ਆਫ਼ਤਾਂ ਦਾ ਸਿਲਸਿਲਾ ਸਾਰੀ ਦੁਨੀਆ ਵਿਚ ਲਗਾਤਾਰ ਵਧ ਰਿਹਾ ਹੈ। ਭਾਰਤ ਤੇ ਹੋਰ ਕਈ ਦੇਸ਼ਾਂ ਵਿਚ ਭਾਰੀ ਮੀਂਹ ਕਾਰਨ ਭਾਰੀ ਤਬਾਹੀ ਹੋਈ ਹੈ। ਇਹ ਇਕ ਵਾਰ ਨਹੀਂ ਕਈ ਵਾਰ ਹੋ ਸਕਦੀ ਹੈ ਤੇ ਅਰਬਾਂ ਰੁਪਿਆਂ ਦਾ ਨੁਕਸਾਨ ਕਰ ਸਕਦੀ ਹੈ। ਪੰਜਾਬ ਵਿਚ ਵੀ ਬਹੁਤੇ ਹੜ੍ਹ ਇਸੇ ਕਾਰਨ ਆਉਂਦੇ ਹਨ, ਕਿਉਂਕਿ ਕੱਸੀਆਂ, ਨਾਲਿਆਂ, ਨਹਿਰਾਂ, ਰਜਬਾਹਿਆਂ, ਨਦੀਆਂ-ਨਾਲਿਆਂ ਦੀ ਸਫ਼ਾਈ ਨਹੀਂ ਹੁੰਦੀ। ਜਦੋਂ ਸਫ਼ਾਈ ਨਹੀਂ ਹੁੰਦੀ ਤਾਂ ਪਾਣੀ ਨੱਕੋ-ਨੱਕ ਭਰ ਕੇ ਚੱਲਦਾ ਹੋਇਆ ਬਾਹਰ ਵਗਣ ਲੱਗਦਾ ਹੈ। ਇਸ ਦੌਰਾਨ ਬੰਨ੍ਹ ਟੁੱਟ ਜਾਂਦੇ ਹਨ। ਜੋ ਅੱਗੇ ਫਸਲਾਂ ਖਰਾਬ ਕਰਨ ਦੇ ਨਾਲ-ਨਾਲ ਲੋਕਾਂ ਲਈ ਅਨੇਕਾਂ ਔਕੜਾਂ ਖੜੀਆਂ ਕਰਦੇ ਹਨ।

ਪਲਾਸਟਿਕ ਬੈਗ ਸ਼ਹਿਰਾਂ ਅਤੇ ਕਸਬਿਆਂ ਵਿਚ ਨਾਲੀਆਂ, ਸੀਵਰੇਜ, ਡਰੇਨੇਜ਼ ਪ੍ਰਣਾਲੀਆਂ ਵਿਚ ਰੁਕਾਵਟ ਲਈ ਵੀ ਜ਼ਿੰਮੇਵਾਰ ਹੈ। ਮੀਂਹ ਦੇ ਮੌਸਮ 'ਚ ਤਾਂ ਇਹ ਪੋਲੀਥੀਨ ਦੇ ਲਿਫ਼ਾਫੇ ਪਾਣੀ ਖੜਾ ਹੋਣ ਦਾ ਕਾਰਨ ਬਣਦੇ ਹਨ ਤੇ ਫਿਰ ਉਸੇ ਪਾਣੀ 'ਤੇ ਮੱਛਰ ਪੈਦਾ ਹੁੰਦਾ ਹੈ ਤੇ ਫਿਰ ਡੇਂਗੂ ਮਲੇਰੀਆ ਆਪਣਾ ਰੰਗ ਵਿਖਾਉਂਦੇ ਹਨ ਤੇ ਕਈਆਂ ਨੂੰ ਆਪਣੀ ਲਪੇਟ ਵਿੱਚ ਲੈ ਲੈਂਦੇ ਹਨ, ਜਦੋਂਕਿ ਹਰ ਬਜ਼ਾਰੀ ਚੀਜ਼ ਅਤੇ ਖਾਣ-ਪੀਣ ਦਾ ਸਾਮਾਨ ਪੋਲੀਥੀਨ ਨਾਲ ਲਪੇਟ ਕੇ ਹੀ ਖ਼ਪਤਕਾਰ ਨੂੰ ਵੇਚਿਆ ਜਾਂਦਾ ਹੈ। ਪਲਾਸਟਿਕ ਦੀ ਪੈਕਿੰਗ ਤੋਂ ਪੈਦਾ ਹੋਣ ਵਾਲੇ ਪ੍ਰਦੂਸ਼ਣ ਕਾਰਨ ਵਿਸ਼ਵ ਅਰਥਚਾਰੇ ਨੂੰ 80 ਬਿਲੀਅਨ ਡਾਲਰ ਤੋਂ ਵੱਧ ਦਾ ਸਾਲਾਨਾ ਨੁਕਸਾਨ ਹੁੰਦਾ ਹੈ। ਇਹ ਸਮੱਸਿਆ ਹੁਣ ਦੇਸ਼ ਵਿਚ ਕੈਂਸਰ ਵਾਂਗ ਫੈਲਦੀ ਜਾ ਰਹੀ ਹੈ। ਇਸ ਦੀ ਕੀਮਤ ਦੇਸ਼ ਦੇ ਆਮ ਲੋਕਾਂ ਨੂੰ ਸਿਹਤ ਅਤੇ ਕੁਦਰਤੀ ਸੋਮਿਆਂ ਦੇ ਪ੍ਰਦੂਸ਼ਿਤ ਹੋਣ ਨਾਲ ਮੋੜਨੀ ਪੈ ਰਹੀ ਹੈ। ਇਹ ਹਾਲਤ ਉਸ ਦੇਸ਼ ਦੀ ਹੈ, ਜਿਸ ਨੂੰ ਦੇਵਤਿਆਂ ਦੀ ਪਵਿੱਤਰ ਭੂਮੀ ਕਿਹਾ ਜਾਂਦਾ ਹੈ।

ਬਿਨਾਂ ਸ਼ੱਕ ਪਲਾਸਟਿਕ ਅਤੇ ਪੋਲੀਥੀਨ ਮਨੁੱਖਾਂ, ਜੀਵ-ਜੰਤੂਆਂ, ਵਾਤਾਵਰਨ ਅਤੇ ਕੁਦਰਤ ਲਈ ਬਹੁਤ ਹਾਨੀਕਾਰਕ ਹੈ। ਪਸ਼ੂਆਂ ਅਤੇ ਜੀਵ-ਜੰਤੂਆਂ ਲਈ ਤਾਂ ਇਹ ਮੌਤ ਦਾ ਕਾਰਨ ਬਣਦਾ ਹੈ। ਜਦੋਂ ਕਿ ਮਨੁੱਖਾਂ ਲਈ ਵੀ ਇਹ ਬਹੁਤ ਜ਼ਿਆਦਾ ਹਾਨੀਕਾਰਕ ਸਿੱਧ ਹੁੰਦਾ ਹੈ। ਪਲਾਸਟਿਕ ਅਤੇ ਪੋਲੀਥੀਨ ਹਰੇਕ ਪੱਖ ਤੋਂ ਜੀਵ-ਜੰਤੂਆਂ ਅਤੇ ਬਨਸਪਤੀ ਲਈ ਵੀ ਹਾਨੀਕਾਰਕ ਨਤੀਜਿਆਂ ਲਈ ਜ਼ਿੰਮੇਵਾਰ ਬਣਦਾ ਹੈ। ਇਸ ਦੇ ਬਾਵਜੂਦ ਇਸ ਪੱਖ ਤੋਂ ਨਾ ਆਮ ਲੋਕ ਜਾਗਰੂਕ ਹੋ ਸਕੇ ਹਨ ਤੇ ਨਾ ਹੀ ਕਾਰੋਬਾਰੀਆਂ ਦੀ ਮਾਨਸਕਿਤਾ 'ਤੇ ਕੋਈ ਸਾਰਥਿਕ ਪ੍ਰਭਾਵ ਪੈਂਦਾ ਦਿਖਾਈ ਦਿੱਤਾ ਹੈ। ਆਮ ਲੋਕਾਂ ਅਤੇ ਵਪਾਰੀ ਵਰਗ ਕੋਲ ਕੋਈ ਜ਼ਿਆਦਾ ਉਮੀਦ ਉਦੋਂ ਹੀ ਕੀਤੀ ਜਾ ਸਕਦੀ ਹੈ ਜਦੋਂ ਕੋਈ ਬਦਲਵਾਂ ਰਾਹ ਦਿਖਾਈ ਦੇਵੇ। ਹੁਣ ਵੀ ਸਰਕਾਰ ਨੇ ਜੁਰਮਾਨੇ ਅਤੇ ਸਜ਼ਾ ਦਾ ਐਲਾਨ ਤਾਂ ਕੀਤਾ ਹੈ, ਪਰ ਕੋਈ ਬਦਲ ਮੁਹੱਈਆ ਕਰਵਾਉਣ ਵੱਲ ਕੋਈ ਕਦਮ ਨਹੀਂ ਚੁੱਕਿਆ।

ਸਰਕਾਰ ਨੂੰ ਪਲਾਸਟਿਕ ਪ੍ਰਦੂਸ਼ਣ ਪ੍ਰਤੀ ਜਾਗਰੂਕ ਕਰਨ ਲਈ ਪ੍ਰਭਾਵਸ਼ਾਲੀ ਕਦਮ ਚੁੱਕਣੇ ਚਾਹੀਦੇ ਹਨ। ਸਮਾਜ ਸੇਵੀ ਸੰਸਥਾਵਾਂ ਨੂੰ ਸਰਕਾਰੀ ਵਿਭਾਗੀ ਟੀਮਾਂ ਨੂੰ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ। ਸਕੂਲਾਂ ਵਿਚ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਪੋਲੀਥੀਨ ਦੇ ਨੁਕਸਾਨ ਪ੍ਰਤੀ ਸੁਚੇਤ ਕਰਨਾ ਚਾਹੀਦਾ ਹੈ। ਸਰਕਾਰ ਨੂੰ ਪਲਾਸਟਿਕ ਦੇ ਉਤਪਾਦਨ ਨਾਲ ਸੰਬੰਧਤ ਸਨਅਤਕਾਰਾਂ ਨੂੰ ਕਿਸੇ ਕਿਸਮ ਦੇ ਬਦਲ ਮੁਹੱਈਆ ਕਰਨ ਬਾਰੇ ਸੋਚਣਾ ਚਾਹੀਦਾ ਹੈ, ਕਿਉਂਕਿ ਸੈਂਕੜੇ-ਕਰੋੜਾਂ ਰੁਪਏ ਦੇ ਇਸ ਕਾਰੋਬਾਰ 'ਚ ਕਰੋੜਾਂ ਲੋਕਾਂ ਦਾ ਸਿੱਧੇ ਜਾਂ ਅਸਿੱਧੇ ਤੌਰ 'ਤੇ ਰੋਜ਼ਗਾਰ ਵੀ ਜੁੜਿਆ ਹੋਇਆ ਹੈ। ਜੇਕਰ ਸਰਕਾਰਾਂ ਪਾਬੰਦੀ ਦੇ ਆਦੇਸ਼ਾਂ ਦੇ ਨਾਲ-ਨਾਲ ਬਦਲ ਮੁਹੱਈਆ ਕਰਵਾਉਣ ਦਾ ਯਤਨ ਕਰਦੀਆਂ ਹਨ ਤਾਂ ਹੋਰ ਸਾਰਥਿਕ ਨਤੀਜਿਆਂ ਦੀ ਉਮੀਦ ਕੀਤੀ ਜਾ ਸਕਦੀ ਹੈ। ਇਸ ਬਦਲ ਦੀ ਭਾਲ ਜਿੰਨੀ ਛੇਤੀ ਕੀਤੀ ਜਾਵੇ, ਓਨਾ ਹੀ ਦੇਸ਼, ਸਮਾਜ ਅਤੇ ਸਮੁੱਚੇ ਵਾਤਾਵਰਣ ਦੇ ਪੱਖ 'ਚ ਬਿਹਤਰ ਹੋਵੇਗਾ। ਪਲਾਸਟਿਕ ਪ੍ਰਦੂਸ਼ਣ ਨਾਲ ਸਿੱਝਣਾ ਸਰਕਾਰਾਂ ਤੇ ਲੋਕਾਂ ਦੀ ਤਰਜੀਹ ਹੋਣੀ ਚਾਹੀਦੀ ਹੈ।

ਯੂ.ਐੱਨ.ਈ.ਪੀ. ਦੀ ਰਿਪੋਰਟ 'ਚ ਪਲਾਸਟਿਕ ਪ੍ਰਦੂਸ਼ਣ ਨਾਲ ਨਿਪਟਣ ਲਈ ਟੀ-ਯੂਜ਼, ਰੀ-ਸਾਈਕਲ ਤੇ ਰੀ-ਓਰੀਐਂਟ ਰਣਨੀਤੀ ਅਪਣਾਉਣ ਦੀ ਸਿਫਾਰਸ਼ ਕੀਤੀ ਗਈ ਹੈ। ਕਈ ਦੇਸ਼ ਇਸ ਸਮੱਸਿਆ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਸਭ ਤਰ੍ਹਾਂ ਦੀਆਂ ਪਲਾਸਟਿਕ ਵਸਤਾਂ 'ਤੇ ਪਾਬੰਦੀ ਲਗਾ ਰਹੇ ਹਨ। ਪਲਾਸਟਿਕ ਕਚਰੇ ਤੇ ਪ੍ਰਦੂਸ਼ਣ ਨਾਲ ਨਿਪਟਣ ਲਈ ਇਕ ਟਿਕਾਊ ਵਿਕਲਪ ਤੇ ਪਾਬੰਦੀਆਂ ਤੇ ਸਖ਼ਤੀ ਨਾਲ ਅਮਲ ਜ਼ਰੂਰੀ ਹੈ। ਹਰ ਕੋਈ ਇਸ ਮੁਹਿੰਮ ਵਿਚ ਆਪਣਾ ਯੋਗਦਾਨ ਪਾ ਸਕਦਾ ਹੈ। ਆਪਣੇ ਬੱਚਿਆਂ ਦੀ ਜ਼ਿੰਦਗੀ ਬਿਹਤਰ ਬਣਾਉਣ ਲਈ ਪਲਾਸਟਿਕ ਵਸਤਾਂ ਦਾ ਰੁਝਾਨ ਬਦਲਣ ਦੀ ਲੋੜ ਹੈ। ਪਲਾਸਟਿਕ ਕਚਰੇ ਤੋਂ ਮੁਕਤੀ ਸੰਭਵ ਬਣਾਉਂਦੀ ਸਾਡੀ ਹੋਂਦ ਲਈ ਬੇਹੱਦ ਜ਼ਰੂਰੀ ਹੈ। ਗ੍ਰੀਨ ਹਾਊਸ ਗੈਸਾਂ 'ਤੇ ਰੋਕ ਲਗਾਉਣ ਦੇ ਨਾਲ-ਨਾਲ ਜਿੱਥੋਂ ਤੱਕ ਸੰਭਵ ਹੋਵੇ, ਨਵਿਆਉਣਯੋਗ ਊਰਜਾ ਦਾ ਉਤਪਾਦਨ ਵਧਾਉਣਾ ਵੀ ਬਹੁਤ ਜ਼ਰੂਰੀ ਹੈ। ਮੀਂਹ ਦੇ ਪਾਣੀ ਨੂੰ ਵੱਧ ਤੋਂ ਵੱਧ ਮਾਤਰਾ ਵਿਚ ਸੰਭਾਲਣਾ ਚਾਹੀਦਾ ਹੈ। ਕੁਦਰਤੀ ਖੇਤੀ 'ਤੇ ਨਿਰਭਰਤਾ ਵਧਾ ਕੇ ਅਸੀ ਵਾਤਾਵਰਨ ਨੂੰ ਸੁਰੱਖਿਆ ਪ੍ਰਦਾਨ ਕਰ ਸਕਦੇ ਹਾਂ।

*# ਸੰਪਰਕ : 98146-62260*

# ਵਿਨਾਸ਼ਕਾਰੀ ਹੈ ਸਿਆਸਤਦਾਨਾਂ ਦਾ ਦੇਸ਼ ਪ੍ਰਤੀ ਘਟਦਾ ਸਮਰਪਣ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਕੋਈ ਵੇਲਾ ਸੀ ਕਿ ਸਿਆਸਤਦਾਨ ਦੇਸ਼ ਅਤੇ ਦੇਸ਼ਵਾਸੀਆਂ ਨੂੰ ਪੂਰੀ ਤਰ੍ਹਾਂ ਸਮਰਪਿਤ ਹੁੰਦੇ ਸਨ। ਉਨ੍ਹਾ ਲਈ ਦੇਸ਼ ਅਤੇ ਦੇਸ਼ਵਾਸੀਆਂ ਦਾ ਭਲਾ ਤੇ ਤਰੱਕੀ ਹੀ ਮੁੱਖ ਮੰਤਵ ਹੋਇਆ ਕਰਦੇ ਸਨ। ਸਿਆਸਤਦਾਨ ਆਪਣੇ ਘਰ-ਪਰਵਾਰ ਨੂੰ ਦੂਜਾ ਅਤੇ ਦੇਸ਼ ਨੂੰ ਪਹਿਲਾ ਦਰਜਾ ਦਿਆ ਕਰਦੇ ਸਨ ਤੇ ਆਪਣੀ ਜ਼ਮੀਨ-ਜਾਇਦਾਦ ਤੱਕ ਵੀ ਦੇਸ਼ ਲਈ ਸਮਰਪਿਤ ਕਰ ਦਿਆ ਕਰਦੇ ਸਨ। ਉਹ ਨਿਯਮਾਂ ਅਤੇ ਅਸੂਲਾਂ ਦੇ ਪੱਕੇ ਹੁੰਦੇ ਸਨ ਅਤੇ ਗ਼ਲਤ ਕੰਮ ਕਿਸੇ ਕੀਮਤ 'ਤੇ ਨਹੀਂ ਕਰਦੇ ਸਨ। ਉਹ ਬਿਨਾਂ ਦਿਨ ਜਾਂ ਰਾਤ ਅਤੇ ਬਿਨਾਂ ਗਰਮੀ ਜਾਂ ਸਰਦੀ ਵੇਖਿਆਂ ਕੇਵਲ ਤੇ ਕੇਵਲ ਲੋਕ ਸੇਵਾ ਹਿੱਤ ਕਾਰਜਸ਼ੀਲ ਰਹਿੰਦੇ ਸਨ ਤੇ ਜਨਤਾ ਦੇ ਸੱਚੇ ਸੇਵਕ ਬਣ ਕੇ ਲੋਕਾਂ ਦੇ ਦਿਲਾਂ ਵਿੱਚ ਵੱਸਦੇ ਸਨ।

ਅਜੋਕੇ ਸਮੇਂ ਦੀ ਤ੍ਰਾਸਦੀ ਇਹ ਹੈ ਕਿ ਹੁਣ ਦੇ ਅਧਿਕਤਰ ਸਿਆਸਤਦਾਨ ਸੁਆਰਥੀ, ਲੋਭੀ ਤੇ ਹੰਕਾਰੀ ਹੋ ਗਏ ਹਨ। ਅੱਜ ਪੰਚ ਜਾਂ ਸਰਪੰਚ ਤੋਂ ਲੈ ਕੇ ਵਿਧਾਇਕ ਜਾਂ ਸੰਸਦ ਮੈਂਬਰ ਦੀ ਚੋਣ ਲੜਨ ਲਈ ਉਮੀਦਵਾਰ ਬਣਨ ਹਿੱਤ ਸੰਬੋਧਤ ਵਿਅਕਤੀ ਦੀ ਈਮਾਨਦਾਰੀ, ਸੱਚਾਈ ਜਾਂ ਵਤਨਪ੍ਰਸਤੀ ਕੰਮ ਨਹੀਂ ਆਉਂਦੀ, ਸਗੋਂ ਪਾਰਟੀ ਦੇ ਉੱਚ ਅਹੁਦੇਦਾਰਾਂ ਦੀ ਖ਼ੁਸ਼ਾਮਦ, ਸੇਵਾ-ਪਾਣੀ ਜਾਂ ਪਾਣੀ ਵਾਂਗ ਪੈਸਾ ਰੋੜ੍ਹ ਦੇਣ ਦੀ ਸਮਰੱਥਾ ਦਾ ਪੂਰਾ-ਪੂਰਾ ਖ਼ਿਆਲ ਰੱਖਿਆ ਜਾਂਦਾ ਹੈ। ਸਾਮ, ਦਾਮ, ਦੰਡ, ਭੇਦ ਭਾਵ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨ ਲਈ ਹਰ ਹਰਬਾ ਵਰਤ ਸਕਣ ਦੇ ਸਮਰੱਥ ਉਮੀਦਵਾਰ ਨੂੰ ਟਿਕਟ ਮਿਲਣਾ ਤੈਅ ਹੁੰਦਾ ਹੈ, ਜਦੋਂ ਕਿ ਪੂਰੀ ਤਰ੍ਹਾਂ ਈਮਾਨਦਾਰ, ਸੱਚਾ-ਸੁੱਚਾ ਅਤੇ ਪਾਰਟੀ ਲਈ ਦਿਨ-ਰਾਤ ਇੱਕ ਕਰ ਦੇਣ ਵਾਲਾ ਸ਼ਖ਼ਸ ਟਿਕਟ ਲੈਣ ਤੋਂ ਅਕਸਰ ਖੁੰਝ ਜਾਂਦਾ ਹੈ। ਅੱਜ ਦੇਸ਼ ਵੱਡੀ ਗਿਣਤੀ ਵਿੱਚ ਵਿਧਾਇਕ ਜਾਂ ਸੰਸਦ ਮੈਂਬਰ ਲੱਖਪਤੀ, ਕਰੋੜਪਤੀ ਜਾਂ ਅਰਬਪਤੀ ਹਨ। ਕੁਝ ਇੱਕ ਸਿਆਸਤਦਾਨ ਤਾਂ ਅਜਿਹੇ ਹਨ, ਜੋ ਕੇਵਲ ਚੰਦ ਸਾਲ ਪਹਿਲਾਂ ਗ਼ੁਰਬਤ ਵਾਲਾ ਜੀਵਨ ਬਤੀਤ ਕਰਦੇ ਸਨ ਤੇ ਹੁਣ ਆਲੀਸ਼ਾਨ ਕੋਠੀਆਂ ਤੇ ਮਹਿੰਗੀਆਂ ਕਾਰਾਂ ਵਿੱਚ ਆਰਾਮ ਦੀ ਜ਼ਿੰਦਗੀ ਦਾ ਅਨੰਦ ਲੈ ਰਹੇ ਹਨ।

ਕਿਹਾ ਜਾਂਦਾ ਹੈ ਕਿ ਪੰਜਾਬ ਦੀ ਸਿਆਸਤ ਵਿੱਚ ਸ੍ਰੀ ਸੱਤਪਾਲ ਡਾਂਗ ਅਤੇ ਬਿਮਲਾ ਡਾਂਗ ਨਾਮਕ ਇਕ ਅਜਿਹਾ ਵਿਆਹੁਤਾ ਜੋੜਾ ਵੀ ਹੋਇਆ ਹੈ, ਜੋ ਕੇਵਲ ਵਿਧਾਇਕ ਹੀ ਨਹੀਂ, ਸਗੋਂ ਸੂਬਾ ਸਰਕਾਰ ਵਿੱਚ ਮੰਤਰੀ ਵੀ ਰਿਹਾ, ਪਰ ਉਹ ਦੋਵੇਂ ਮੀਆਂ-ਬੀਵੀ ਸਾਰੀ ਉਮਰ ਕਿਰਾਏ ਦੇ ਮਕਾਨ ਵਿੱਚ ਰਹੇ ਤੇ ਆਖ਼ਰੀ ਸਾਹ ਤੱਕ ਆਪਣਾ ਘਰ ਨਹੀਂ ਖ਼ਰੀਦ ਪਾਏ ਸਨ, ਪਰ ਆਪਣਾ ਸਾਰਾ ਜੀਵਨ ਉਨ੍ਹਾ ਨੇ ਸੱਚੇ ਲੋਕ ਸੇਵਕ ਬਣ ਕੇ ਲੋਕ ਸੇਵਾ ਲੇਖੇ ਲਾਇਆ ਸੀ।

ਇਹ ਵੇਖਣ ਵਿੱਚ ਆਇਆ ਹੈ ਕਿ ਅਜੋਕੇ ਸਿਆਸਤਦਾਨ ਚੋਣਾਂ ਸਮੇਂ ਤਾਂ ਆਮ ਲੋਕਾਂ ਵਿੱਚ ਵਿਚਰਦੇ ਹਨ, ਉਨ੍ਹਾ ਦੇ ਘਰਾਂ 'ਚ ਜਾ ਕੇ ਜ਼ਮੀਨ 'ਤੇ ਬੈਠ ਕੇ ਰੋਟੀ ਖਾਂਦੇ ਹਨ, ਗ਼ਰੀਬ ਲੋਕਾਂ ਦੇ ਬੱਚਿਆਂ ਨੂੰ ਗੋਦ ਵਿੱਚ ਚੁੱਕ ਕੇ ਦੁਲਾਰਦੇ ਹਨ, ਪਰ ਚੋਣ ਜਿੱਤਣ ਮਗਰੋਂ ਉਨ੍ਹਾ ਹੀ ਲੋਕਾਂ ਨੂੰ ਮਿਲਣ ਲਈ ਕੰਨੀ ਕਤਰਾਉਂਦੇ ਹਨ। ਆਪਣੇ ਨਿੱਜੀ ਕੰਮਾਂ ਹਿੱਤ ਵਿਧਾਇਕ ਜਾਂ ਸੰਸਦ ਮੈਂਬਰ ਨੂੰ ਮਿਲਣ ਹਿੱਤ ਲੋਕਾਂ ਦੀਆਂ ਜੁੱਤੀਆਂ ਘਸ ਜਾਂਦੀਆਂ ਹਨ, ਪਰ ਉਹ 'ਲੋਕ ਸੇਵਕਾਂ' ਨੂੰ ਮਿਲ ਨਹੀਂ ਪਾਉਂਦੇ ਹਨ।

ਅੱਜ ਸਿਆਸਤਦਾਨਾਂ ਵੱਲੋਂ ਸ਼ੁਰੂ ਕੀਤੀ ਗਈ 'ਤੂੰ ਮੈਨੂੰ ਛੱਡ ਦੇ ਮੈਂ ਤੈਨੂੰ ਛੱਡ ਦੂੰ' ਦੀ ਪ੍ਰਵਿਰਤੀ ਦੇਸ਼ ਲਈ ਤੇ ਸਮਾਜ ਲਈ ਘਾਤਕ ਸਾਬਿਤ ਹੋ ਰਹੀ ਹੈ। ਹੁਣ ਸਿਆਸਤਦਾਨ ਸੱਤਾ ਹਾਸਲ ਕਰਕੇ ਮਨਮਰਜ਼ੀਆਂ ਕਰਦੇ ਹਨ, ਨਸ਼ੇ ਵੇਚਦੇ ਹਨ, ਕਮਿਸ਼ਨਾਂ ਖਾਂਦੇ ਹਨ, ਅਪਰਾਧੀਆਂ ਨਾਲ ਸਾਂਠਗਾਂਠ ਰੱਖਦੇ ਹਨ, ਗੈਂਗਸਟਰ ਪਾਲਦੇ ਹਨ, ਧਾਰਮਿਕ ਭਾਵਨਾਵਾਂ ਭੜਕਾਅ ਕੇ ਲੋਕਾਂ ਦੀਆਂ ਜਾਨਾਂ ਲੈਂਦੇ ਹਨ, ਪਰ ਉਨ੍ਹਾ ਦੇ ਸੱਤਾ ਵਿੱਚ ਰਹਿੰਦਿਆਂ ਜਾਂ ਸੱਤਾ ਤੋਂ ਲਾਂਭੇ ਹੋਣ ਪਿੱਛੋਂ ਵੀ ਪੁਲਸ ਤੇ ਕਾਨੂੰਨ ਉਨ੍ਹਾ ਦਾ ਕੁਝ ਨਹੀਂ ਵਿਗਾੜ ਪਾਉਂਦੇ ਹਨ, ਕਿਉਂਕਿ ਉਨ੍ਹਾ ਤੋਂ ਬਾਅਦ ਸੱਤਾ ਸੰਭਾਲਣ ਵਾਲੀ ਧਿਰ ਵੱਲੋਂ ਲੋੜੀਂਦੇ ਆਦੇਸ਼ ਜਾਰੀ ਨਹੀਂ ਕੀਤੇ ਜਾਂਦੇ ਹਨ ਤੇ ਉਪਰੋਕਤ ਪ੍ਰਵਿਰਤੀ ਤਹਿਤ ਇੱਕ-ਦੂਜੇ ਦਾ ਸਾਥ ਦੇ ਕੇ ਇੱਕ-ਦੂਜੇ ਦੇ ਕਾਲੇ ਕਾਰੋਬਾਰਾਂ ਤੇ ਕਾਲੇ ਕਾਰਨਾਮਿਆਂ 'ਤੇ ਪਰਦੇ ਪਾਏ ਜਾਂਦੇ ਹਨ। ਮਹਾਰਾਸ਼ਟਰ ਵਿਚ ਜਿਨ੍ਹਾਂ ਨੇਤਾਵਾਂ ਨੂੰ 'ਮਹਾਂ ਭ੍ਰਿਸ਼ਟ' ਆਖ ਕੇ ਭਾਰਤੀ ਜਨਤਾ ਪਾਰਟੀ ਭੰਡਦੀ ਰਹੀ, ਉਨ੍ਹਾ ਹੀ ਨੇਤਾਵਾਂ ਨੂੰ ਆਪਣੇ ਨਾਲ ਰਲਾ ਕੇ ਮਹਾਰਾਸ਼ਟਰ ਵਿਚ ਸੱਤਾ 'ਤੇ ਕਾਬਜ਼ ਰਹਿਣ ਲਈ ਉਹ ਅੱਜ ਵੀ ਕਾਰਜਸ਼ੀਲ ਹੈ। ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾ ਦੇ ਕਈ ਸਾਥੀ ਪਾਣੀ ਪੀ-ਪੀ ਕੇ ਭਾਜਪਾ ਨੂੰ ਕੋਸਦੇ ਰਹੇ ਤੇ ਫਿਰ ਅਖ਼ੀਰ ਆਪ ਖ਼ੁਦ ਹੀ ਭਾਜਪਾ 'ਚ ਚਲੇ ਗਏ। ਇਹ ਉਦਾਹਰਣਾਂ ਸਾਡੇ ਅਜੋਕੇ ਸਿਆਸਤਦਾਨਾਂ ਦੇ ਦੋਹਰੇ ਅਤੇ ਦੋਗਲੇ ਕਿਰਦਾਰਾਂ ਦੀਆਂ ਲਖਾਇਕ ਹਨ।

ਸੋ ਅੰਤ ਵਿੱਚ ਕਹਿਣਾ ਬਣਦਾ ਹੈ ਕਿ ਅਜੋਕੇ ਸਿਆਸਤਦਾਨਾਂ ਅੰਦਰੋਂ ਦੇਸ਼ ਅਤੇ ਦੇਸ਼ਵਾਸੀਆਂ ਲਈ ਘਟ ਰਿਹਾ ਸਮਰਪਣ ਦੇਸ਼ ਲਈ ਅਤਿਅੰਤ ਵਿਨਾਸ਼ਕਾਰੀ ਹੈ। ਸਿਆਸਤਦਾਨਾਂ ਨੂੰ ਵੀ ਪਾਰਟੀਆਂ ਬਦਲਣ ਤੋਂ ਪਹਿਲਾਂ ਸੋਚਣਾ ਚਾਹੀਦਾ ਹੈ ਤੇ ਆਮ ਲੋਕਾਂ ਜਾਂ ਵੋਟਰਾਂ ਨੂੰ ਵੀ ਵੋਟਾਂ ਪਾਉਣ ਤੋਂ ਪਹਿਲਾਂ ਦੋਹਰੇ ਕਿਰਦਾਰ ਵਾਲੇ ਰਾਜਨੇਤਾਵਾਂ ਦੀ ਪਛਾਣ ਕਰਕੇ ਉਨ੍ਹਾ ਨੂੰ ਬਣਦਾ ਜੁਆਬ ਦੇਣਾ ਚਾਹੀਦਾ ਹੈ।

**# ਸੰਪਰਕ : 97816-46008**

# ਸਿੱਖਿਆ ਦਾ ਮਾਧਿਅਮ ਤੇ ਮਾਂ ਬੋਲੀ ਪੰਜਾਬੀ



ਜਗਦੇਵ ਸ਼ਰਮਾ

ਪੜ੍ਹਾਈ, ਖਾਸ ਤੌਰ 'ਤੇ ਉੱਚ ਸਿੱਖਿਆ ਦੇਣ ਲਈ ਦੋ ਹੀ ਮਾਧਿਅਮ ਪ੍ਰਚੱਲਤ ਹਨ, ਇੱਕ ਮਾਂ ਬੋਲੀ ਅਤੇ ਦੂਜੀ ਵਿਦੇਸ਼ੀ ਭਾਸ਼ਾ। ਪੰਜਾਬੀਆਂ ਲਈ ਮਾਂ ਬੋਲੀ ਦਾ ਮਤਲਬ ਹੈ ਪੰਜਾਬੀ ਅਤੇ ਵਿਦੇਸ਼ੀ ਭਾਸ਼ਾ ਦਾ ਮਤਲਬ ਹੈ ਅੰਗਰੇਜ਼ੀ। ਅੰਗਰੇਜ਼ੀ ਇਸ ਲਈ ਕਿਉਂਕਿ ਅੰਗਰੇਜ਼ੀ ਨੂੰ ਲੱਗਭੱਗ ਅੰਤਰ-ਰਾਸ਼ਟਰੀ ਭਾਸ਼ਾ ਦਾ ਦਰਜਾ ਪ੍ਰਾਪਤ ਹੋ ਚੁੱਕਿਆ ਹੈ। ਉਚੇਰੀ ਸਿੱਖਿਆ ਵਿੱਚੋਂ ਖਾਸ ਤੌਰ 'ਤੇ ਵਿਗਿਆਨ ਦੀ ਸਿੱਖਿਆ ਲਈ ਪੜ੍ਹਾਈ ਦੇ ਮਾਧਿਅਮ ਬਾਰੇ ਵਿਦਵਾਨਾਂ ਦੇ ਵੱਖ-ਵੱਖ ਮੱਤ ਹਨ। ਦੋਵੇਂ ਮੱਤਾਂ ਦੇ ਪੈਰੋਕਾਰਾਂ ਦੇ ਆਪਣੇ-ਆਪਣੇ ਤਰਕ ਹਨ।

ਮਾਤ ਭਾਸ਼ਾ ਜਿਸ ਨੂੰ ਮਾਂ ਬੋਲੀ ਕਹਿਣਾ ਉਚਿੱਤ ਹੋਵੇਗਾ, ਉਹ ਭਾਸ਼ਾ ਹੁੰਦੀ ਹੈ, ਜੋ ਕਿ ਮਾਂ ਦੀ ਗੋਦ ਵਿੱਚ ਬੈਠ ਕੇ ਸਿੱਖੀ ਹੁੰਦੀ ਹੈ। ਕਿਸੇ ਵਿਅਕਤੀ ਦਾ ਚਹੁੰ ਮੁਖੀ ਵਿਕਾਸ ਉਸ ਦੀ ਮਾਤ ਭਾਸ਼ਾ ਵਿਚ ਨਿਪੁੰਨਤਾ ਉੱਪਰ ਹੀ ਨਿਰਭਰ ਕਰਦਾ ਹੈ। ਵਿਚਾਰਾਂ ਦਾ ਆਦਾਨ-ਪ੍ਰਦਾਨ, ਸਿੱਖਣ-ਸਿਖਾਉਣ ਦਾ ਸਿਲਸਿਲਾ, ਦੂਜਿਆਂ ਉੱਪਰ ਆਪਣੀ ਵਿਦਵਤਾ ਦਾ ਪ੍ਰਭਾਵ ਵਿਦੇਸ਼ੀ ਬੋਲੀ ਦੀ ਬਨਿਸਬਤ ਮਾਂ ਬੋਲੀ ਰਾਹੀਂ ਜ਼ਿਆਦਾ ਸੌਖਿਆਂ ਕੀਤਾ ਜਾ ਸਕਦਾ ਹੈ। ਜਿੰਨਾ ਜਲਦੀ, ਸੌਖ ਅਤੇ ਸਹਿਜ ਨਾਲ ਵਿਦਿਆਰਥੀ ਆਪਣੀ ਮਾਤ ਭਾਸ਼ਾ ਵਿਚ ਗਿਆਨ ਹਾਸਲ ਕਰ ਸਕਦਾ ਹੈ, ਓਨਾ ਉਹ ਦੂਜੀਆਂ ਭਾਸ਼ਾਵਾਂ ਰਾਹੀਂ ਹਾਸਲ ਨਹੀਂ ਕਰ ਸਕਦਾ।

ਪੰਜਾਬੀ ਵਿਅਕਤੀ ਦੇ ਜੀਵਨ ਵਿਚ ਪੰਜਾਬੀ ਦੀ ਮਹੱਤਤਾ ਇਸ ਗੱਲ ਵਿਚ ਛੁਪੀ ਹੋਈ ਹੈ ਕਿ ਊੜਾ ਪਾਏ ਬਿਨਾਂ ੧ ਓਂਕਾਰ ਨਹੀਂ ਪਾਇਆ ਜਾ ਸਕਦਾ। ਪੰਜਾਬੀ ਦੇ ਗਿਆਨ ਤੋਂ ਬਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਸਿੱਖਿਆਵਾਂ ਤੋਂ ਵਾਂਝਾ ਮਨੁੱਖ ਸੰਪੂਰਨ ਮਨੁੱਖ ਨਹੀਂ ਹੁੰਦਾ। ਉਹ ਪੰਜਾਬੀ ਭਾਸ਼ਾ ਵਿਚ ਲਿਖੇ ਬਹੁਤ ਸਾਰੇ ਗਿਆਨ-ਵਿਗਿਆਨ ਤੋਂ ਸੱਖਣਾ ਰਹਿ ਜਾਂਦਾ ਹੈ। ਜੀਵਨ ਦਾ ਆਧਾਰ ਗੁਰਬਾਣੀ ਉਸ ਵਾਸਤੇ ਇੱਕ ਓਪਰੀ ਸ਼ੈਅ ਬਣ ਕੇ ਰਹਿ ਜਾਂਦੀ ਹੈ।

ਸਾਡੇ ਵੱਡ-ਵਡੇਰਿਆਂ ਨੇ ਬਹੁਤ ਸਾਰਾ ਸਾਹਿਤ ਪੰਜਾਬੀ ਭਾਸ਼ਾ ਵਿਚ ਰਚਿਆ ਹੈ, ਜਿਸ ਦੀ ਸਭ ਤੋਂ ਵੱਡੀ ਉਦਾਹਰਣ ਹੈ ਸ੍ਰੀ ਗੁਰੂ ਗ੍ਰੰਥ ਸਾਹਿਬ। ਹਰੇਕ ਵਿਧਾ ਜਿਵੇਂ ਕਿ ਕਾਵਿ, ਕਹਾਣੀ, ਨਾਵਲ, ਵਿਅੰਗ, ਨਾਟਕ, ਵਾਰਤਿਕ ਆਦਿ ਵਿੱਚ ਪੰਜਾਬੀ ਸਾਹਿਤ ਉਪਲੱਬਧ ਹੈ। ਪੰਜਾਬੀ ਭਾਸ਼ਾ ਦੀ ਸਮਰੱਥਾ ਨੂੰ ਕਿਸੇ ਵੀ ਤਰ੍ਹਾਂ ਛੁਟਿਆ ਕੇ ਨਹੀਂ ਦੇਖਿਆ ਜਾ ਸਕਦਾ। ਸਾਡੇ ਕੋਲ ਅਮੀਰ ਸ਼ਬਦਾਵਲੀ ਭੰਡਾਰ ਹੈ। ਪੰਜਾਬੀ ਮਾਧਿਅਮ ਵਾਲੇ ਸਰਕਾਰੀ ਸਕੂਲਾਂ ਵਿੱਚ ਵਿਗਿਆਨ ਅਤੇ ਹਿਸਾਬ ਵਰਗੇ ਵਿਸ਼ੇ ਮੈਟ੍ਰਿਕ ਤੱਕ ਪੰਜਾਬੀ ਵਿਚ ਹੀ ਪੜ੍ਹਾਏ ਜਾਂਦੇ ਹਨ। ਅੰਗਰੇਜ਼ੀ ਵਿਚਲੀ ਗਿਆਨ-ਵਿਗਿਆਨ ਦੀ ਲੱਗਭੱਗ ਸਾਰੀ ਸ਼ਬਦਾਵਲੀ ਲਾਤੀਨੀ ਅਤੇ ਫਰਾਂਸੀਸੀ ਮੂਲ ਦੀ ਹੈ। ਇਹ ਕੋਈ ਐਸੀ ਅਲੋਕਾਰੀ ਚੀਜ਼ ਵੀ ਨਹੀਂ ਹੈ, ਜਿਹੜੀ ਪੰਜਾਬੀ ਭਾਸ਼ਾ ਵਿਚ ਨਾ ਮਿਲਦੀ ਹੋਵੇ।

ਅਜੋਕੇ ਸਮੇਂ ਵਿੱਚ ਬੇਰੁਜ਼ਗਾਰੀ ਪੰਜਾਬੀ ਭਾਸ਼ਾ ਦੇ ਸਨਮੁੱਖ ਸਭ ਤੋਂ ਵੱਡੀ ਚੁਣੌਤੀ ਹੈ। ਜਵਾਨੀ ਰੁਜ਼ਗਾਰ ਦੀ ਭਾਲ ਵਿੱਚ ਅੰਗਰੇਜ਼ੀ ਨੂੰ ਪੰਜਾਬੀ ਨਾਲੋਂ ਜ਼ਿਆਦਾ ਮਹੱਤਵ ਦੇਣ ਲੱਗੀ ਹੈ। ਪੰਜਾਬੀ ਭਾਸ਼ਾ ਨੂੰ ਅੱਖਰੀ ਗਿਆਨ ਤੋਂ ਅੱਗੇ ਵਧ ਕੇ ਕਿੱਤਾ ਮੁਖੀ ਬਣਾਉਣ ਦੀ ਵਰਤਮਾਨ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਪੰਜਾਬੀ ਵਿੱਚ ਸ਼ਾਰਟ ਹੈਂਡ ਨੂੰ ਉਤਸ਼ਾਹਿਤ ਕੀਤਾ ਜਾਵੇ ਤਾਂ ਕਿ ਅਦਾਲਤਾਂ ਅਤੇ ਪ੍ਰਸ਼ਾਸਨਿਕ ਦਫਤਰਾਂ ਵਿੱਚ ਨੌਕਰੀਆਂ ਪਾਉਣੀਆਂ ਸੌਖੀਆਂ ਹੋ ਸਕਣ। ਵਿਕਸਤ ਦੇਸ਼ਾਂ ਦੇ ਵਿਸ਼ਵ ਵਿਦਿਆਲਿਆਂ ਦੇ ਸਿਲੇਬਸ ਦੀ ਘੋਖ ਰਾਹ-ਦਸੇਰਾ ਸਾਬਤ ਹੋ ਸਕਦੀ ਹੈ।




ਅੰਗਰੇਜ਼ੀ ਭਾਸ਼ਾ ਦੁਨੀਆ ਉੱਪਰ ਬੋਲੀਆਂ ਜਾਣ ਵਾਲੀਆਂ ਲੱਗਭੱਗ 7100 ਭਾਸ਼ਾਵਾਂ ਵਿੱਚੋਂ ਸਭ ਤੋਂ ਵੱਧ ਬੋਲੀ ਜਾਣ ਵਾਲੀ ਭਾਸ਼ਾ ਹੈ। ਲੱਗਭੱਗ 1132 ਮਿਲੀਅਨ ਲੋਕ ਅੰਗਰੇਜ਼ੀ ਬੋਲਦੇ ਹਨ ਅਤੇ 103 ਮਿਲੀਅਨ ਦੀ ਗਿਣਤੀ ਨਾਲ ਪੰਜਾਬੀ ਦਾ ਨੌਵਾਂ ਸਥਾਨ ਹੈ। ਅੰਤਰ-ਰਾਸ਼ਟਰੀ ਭਾਸ਼ਾ ਹੋਣ ਦੇ ਨਾਤੇ ਵਿਦੇਸ਼ਾਂ ਵਿਚ ਪੜ੍ਹਾਈ ਅਤੇ ਰੁਜ਼ਗਾਰ ਦੀ ਭਾਲ ਵਿੱਚ ਜਾਣ ਵਾਲੇ ਲੋਕ ਅੰਗਰੇਜ਼ੀ ਭਾਸ਼ਾ ਸਿੱਖਣ ਨੂੰ ਪਹਿਲ ਦਿੰਦੇ ਹਨ। ਗਲੀ-ਗਲੀ ਖੁੱਲ੍ਹੇ ਆਇਲਟ ਸੈਂਟਰ ਇਸ ਗੱਲ ਦਾ ਸਬੂਤ ਹਨ।

ਬਿਨਾਂ ਸ਼ੱਕ ਅੰਗਰੇਜ਼ੀ ਭਾਸ਼ਾ ਅੰਤਰ-ਰਾਸ਼ਟਰੀ ਭਾਸ਼ਾ ਵਜੋਂ ਸਵੀਕਾਰੀ ਜਾਣ ਲੱਗੀ ਹੈ। ਲੱਗਭੱਗ ਸਾਰੇ ਦੇਸ਼ਾਂ ਵਿਚ ਹੀ ਵਿਚਾਰਾਂ ਦੇ ਆਪਸੀ ਆਦਾਨ-ਪ੍ਰਦਾਨ ਦਾ ਸਾਧਨ ਅੰਗਰੇਜ਼ੀ ਬਣ ਗਈ ਹੈ। ਪਿਛੋਕੜ ਵਿੱਚ ਅੰਗਰੇਜ਼ੀ ਸਾਮਰਾਜ ਦਾ ਸਾਰੀ ਦੁਨੀਆ ਉੱਤੇ ਬੋਲਬਾਲਾ ਇਸ ਦਾ ਪ੍ਰਮੁੱਖ ਕਾਰਨ ਰਿਹਾ ਹੈ। ਪੰਜਾਬੀ ਭਾਸ਼ਾ ਵਿੱਚ ਕੁਝ ਵਿਸ਼ੇਸ਼ ਪ੍ਰਕਾਰ ਦੇ ਗਿਆਨ ਸਾਹਿਤ ਅਤੇ ਸਮੱਗਰੀ ਦੀ ਪੱਛਮੀ ਸੱਭਿਅਤਾ ਦੇ ਪ੍ਰਚਾਰ-ਪਸਾਰ ਨੇ ਸਾਡੇ ਰੋਜ਼ ਦੇ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕੀਤਾ ਹੈ। ਸਾਡੀ ਘਰੇਲੂ ਬੋਲੀ ਵਿਚ ਵੀ ਅੰਗਰੇਜ਼ੀ ਨੇ ਘੁਸਪੈਠ ਕਰਕੇ ਪੰਜਾਬੀ ਨੂੰ ਨੁਕਸਾਨ ਪਹੁੰਚਾਇਆ ਹੈ। ਪਰਵਾਰਕ ਰਿਸ਼ਤੇ ਚਾਚੇ-ਤਾਈਆਂ, ਮਾਮੇ-ਮਾਸੀਆਂ ਤੋਂ ਅੰਕਲ ਅੰਟੀ ਤੱਕ ਸਿਮਟ ਗਏ ਹਨ। ਬੱਚਿਆਂ ਨੂੰ ਅੰਗਰੇਜ਼ੀ ਮਾਧਿਅਮ ਸਕੂਲਾਂ ਵਿੱਚ ਪੜ੍ਹਾਉਣਾ ਸਾਡਾ ਸਟੇਟਸ ਸਿੰਬਲ ਬਣ ਗਿਆ ਹੈ। ਗੇਟ 'ਤੇ ਤਖਤੀ ਅੰਗਰੇਜ਼ੀ 'ਚ, ਦੁਕਾਨਾਂ ਦੇ ਬੋਰਡ ਅੰਗਰੇਜ਼ੀ ਵਿੱਚ, ਵਿਆਹ-ਸ਼ਾਦੀਆਂ ਦੇ ਕਾਰਡ ਅੰਗਰੇਜ਼ੀ ਵਿੱਚ। ਬਹੁਤੇਰੇ ਲੋਕ ਤਾਂ ਪੰਜਾਬੀ ਭਾਸ਼ਾ ਨੂੰ ਮਾਂ ਮਰੀ ਤੋਂ ਕੀਰਨੇ ਪਾਉਣ ਲਈ ਹੀ ਵਰਤਦੇ ਹਨ। ਅਜਿਹੇ ਲੋਕ ਰਾਜਨੀਤਕ ਕਾਰਨਾ ਕਰਕੇ ਆਪਣੀ ਮਾਂ ਬੋਲੀ ਪੰਜਾਬੀ ਦੀ ਥਾਂ ਕੋਈ ਹੋਰ ਭਾਸ਼ਾ ਲਿਖਵਾ ਕੇ ਜੱਗੋਂ ਤੇਰ੍ਹਵੀਂ ਕਰਦੇ ਹਨ, ਪਤਾ ਨਹੀਂ ਕਿਉਂ, ਪੰਜਾਬੀ ਲੋਕ ਹੀ ਪੰਜਾਬੀ ਭਾਸ਼ਾ ਨੂੰ ਨਕਾਰਨ ਲੱਗੇ ਹਨ। ਰਾਜਨੀਤਕ ਲੋਕਾਂ ਦੀ ਸੌੜੀ ਸੋਚ ਕਾਰਨ ਵੀ ਪੰਜਾਬੀ ਦਾ ਦਾਇਰਾ ਸੁੰਗੜਦਾ ਜਾ ਰਿਹਾ ਹੈ। ਪਾਠਕ੍ਰਮ ਵਿਚ ਰੌਚਕਤਾ ਦੀ ਗੈਰ-ਮੌਜੂਦਗੀ, ਪੜ੍ਹਾਉਣ ਦੀਆਂ ਨਵੀਆਂ ਤਕਨੀਕਾਂ ਦੀ ਘਾਟ, ਬਿਨਾਂ ਫੇਰ-ਬਦਲ ਕੀਤਿਆਂ ਲਗਾਤਾਰ ਇਕੋ ਪਾਠਕ੍ਰਮ ਦਾ ਚਲਣ ਵੀ ਇੱਕ ਕਾਰਨ ਹੈ। ਪੰਜਾਬੀ ਭਾਸ਼ਾ ਵਿਚ ਵਿਗਿਆਨ ਦੀ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਬਹੁਤ ਸੀਮਿਤ ਹੋਣ ਕਾਰਨ ਕਿਸੇ ਲੇਖਕ ਅਤੇ ਪਬਲਿਸ਼ਰ ਲਈ ਕਿਤਾਬਾਂ ਛਪਵਾ ਕੇ ਸਮੱਗਰੀ ਉਪਲੱਬਧ ਕਰਵਾਉਣਾ ਵੀ ਘਾਟੇ ਵਾਲਾ ਸੌਦਾ ਹੀ ਪ੍ਰਤੀਤ ਹੁੰਦਾ ਹੈ। ਸਰਕਾਰੀ ਸਰਪ੍ਰਸਤੀ ਇਸ ਸਮੱਸਿਆ ਤੋਂ ਨਿਜ਼ਾਤ ਦੁਆਉਣ ਵਿਚ ਸਹਾਈ ਹੋ ਸਕਦੀ ਹੈ।

ਵਿਕਸਤ ਦੇਸ਼ਾਂ ਦੇ ਲੋਕਾਂ ਨੂੰ ਮਾਤ ਭਾਸ਼ਾ ਦੇ ਮਹੱਤਵ ਦਾ ਸਾਡੇ ਨਾਲੋਂ ਵੱਧ ਗਿਆਨ ਹੀ ਇਸ ਦਾ ਮੁੱਖ ਕਾਰਨ ਹੈ। ਸਰਕਾਰਾਂ ਦੀ ਮਾਤ ਭਾਸ਼ਾ ਪ੍ਰਤੀ ਸੁਹਿਰਦਤਾ ਮਾਤ ਭਾਸ਼ਾ ਦੀ ਸਫਲਤਾ ਅਸਫਲਤਾ ਨਿਰਧਾਰਤ ਕਰਦੀ ਹੈ। ਬਦਕਿਸਮਤੀ ਹੀ ਕਹਿ ਸਕਦੇ ਹਾਂ ਕਿ ਨਿੱਜੀ ਸਕੂਲਾਂ ਨੇ ਮਾਂ ਬੋਲੀ ਪੰਜਾਬੀ ਨੂੰ ਅੰਗਰੇਜ਼ੀ ਹਿੰਦੀ ਤੋਂ ਬਾਅਦ ਤੀਜੇ ਸਥਾਨ ਉੱਤੇ ਧੱਕ ਦਿੱਤਾ ਹੈ। ਸਰਕਾਰ ਦਾ ਅਵੇਸਲਾਪਣ ਪੰਜਾਬੀ ਭਾਸ਼ਾ ਦੀ ਦੁਰਗਤੀ ਲਈ ਜ਼ੁੰਮੇਵਾਰ ਹੈ ਨਹੀਂ ਤਾਂ ਮਾਡਲ ਸਕੂਲਾਂ ਦੀ ਕੀ ਹੈਸੀਅਤ ਹੈ ਕਿ ਉਹ ਪੰਜਾਬੀ ਨੂੰ ਬਣਦਾ ਸਥਾਨ ਨਾ ਦੇਣ। ਜੇਕਰ ਮੈਂ ਕਹਾਂ ਕਿ ਨਵੀਂ ਪੀੜ੍ਹੀ ਮੌਲਿਕਤਾ ਨਾਲੋਂ ਟੁੱਟਦੀ ਜਾ ਰਹੀ ਹੈ, ਕੋਈ ਝੂਠ ਨਹੀਂ ਹੋਵੇਗਾ। ਅੰਗਰੇਜ਼ੀ ਪ੍ਰਤੀ ਮੋਹ ਕਾਰਨ ਬਹੁਤ ਸਾਰੇ ਮੂਲ ਸ਼ਬਦ ਸਾਡੀ ਰੋਜ਼ਾਨਾ ਦੀ ਬੋਲੀ ਵਿੱਚੋਂ ਗਾਇਬ ਹੁੰਦੇ ਜਾ ਰਹੇ ਹਨ।

ਮਾਤ ਭਾਸ਼ਾ ਪੰਜਾਬੀ ਰਾਹੀਂ ਵਿਦਿਆਰਥੀ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਕੰਪਿਊਟਰ ਵਿਗਿਆਨੀਆਂ ਨੂੰ ਚਾਹੀਦਾ ਹੈ ਕਿ ਪੰਜਾਬੀ ਦੇ ਸਰਲ ਅਤੇ ਸੌਖਿਆਂ ਵਰਤੋਂਯੋਗ ਫੌਂਟ ਤਿਆਰ ਕੀਤੇ ਜਾਣ। ਜੇਕਰ ਪੰਜਾਬ ਦਾ ਵਿਦਿਆਰਥੀ ਪੰਜਾਬੀ ਭਾਸ਼ਾ ਵਿਚ ਨਿਪੁੰਨ ਹੋਵੇਗਾ ਤਾਂ ਉਹ ਹਿਸਾਬ, ਵਿਗਿਆਨ ਤੇ ਸਮਾਜਿਕ ਵਿਗਿਆਨ ਵਰਗੇ ਔਖੇ ਸਮਝੇ ਜਾਣ ਵਾਲੇ ਵਿਸ਼ਿਆਂ ਦਾ ਗਿਆਨ ਸੌਖੇ ਤਰੀਕੇ ਨਾਲ ਪ੍ਰਾਪਤ ਕਰ ਸਕੇਗਾ। ਵਿਗਿਆਨਕ ਲੇਖਕਾਂ ਨੂੰ ਚਾਹੀਦਾ ਹੈ ਕਿ ਉਹ ਵੱਧ ਤੋਂ ਵੱਧ ਵਿਗਿਆਨਕ ਸਮਗਰੀ ਜੇਕਰ ਪੁਸਤਕਾਂ ਛਪਵਾ ਕੇ ਨਹੀਂ ਤਾਂ ਰਸਾਲਿਆਂ ਰਾਹੀਂ ਪੰਜਾਬੀ ਭਾਸ਼ਾ ਵਿੱਚ ਉਪਲੱਬਧ ਕਰਵਾਉਣ। ਕਿਸੇ ਵੀ ਤਕਨੀਕੀ ਸਿਖਲਾਈ ਦੀ ਉਪਯੋਗਤਾ ਇਸ ਗੱਲ ਉੱਤੇ ਨਿਰਭਰ ਕਰਦੀ ਹੈ ਕਿ ਤੁਸੀਂ ਉਸ ਨੂੰ ਸਮਝਣ ਵਿੱਚ ਕਿੰਨੇ ਕੁ ਸਫਲ ਹੋਏ ਹੋ। ਮੇਰੇ ਵਿਚਾਰ ਅਨੁਸਾਰ ਮਾਂ ਬੋਲੀ ਤੋਂ ਵਗੈਰ ਕਿਸੇ ਹੋਰ ਭਾਸਾ ਵਿੱਚ ਇਹ ਪ੍ਰਵੀਣਤਾ ਹਾਸਲ ਨਹੀਂ ਕੀਤੀ ਜਾ ਸਕਦੀ। ਇਸ ਲਈ ਅਧਿਆਪਕ ਨੂੰ ਚਾਹੀਦਾ ਹੈ ਕਿ ਵਿਹਾਰਕ ਗਿਆਨ (ਪ੍ਰੈਕਟੀਕਲ) ਪੰਜਾਬੀ ਬੋਲੀ ਵਿੱਚ ਹੀ ਦੇਵੇ।

ਵਰਤਮਾਨ ਵਿਚ ਪੰਜਾਬੀ ਭਾਸ਼ਾ ਦਾ ਸਕੂਲੀ ਸਿਲੇਬਸ ਸਾਰਥਿਕ ਹੈ ਹੀ ਨਹੀਂ। ਰੌਚਿਕਤਾ ਦੀ ਘਾਟ ਰੜਕਦੀ ਹੈ, ਵਿਗਿਆਨਕ ਪੜ੍ਹਾਈ ਲਈ ਸਮੱਗਰੀ ਦੀ ਘਾਟ ਹੈ। ਸ਼ਖਸੀਅਤ ਵਿਕਾਸ ਵਿੱਚ ਅੱਜ-ਕੱਲ੍ਹ ਪੜ੍ਹਾਏ ਜਾ ਰਹੇ ਸਿਲੇਬਸ ਦਾ ਕੋਈ ਯੋਗਦਾਨ ਹੈ ਹੀ ਨਹੀਂ। ਪੰਜਾਬੀ ਦੀ ਪੜ੍ਹਾਈ ਸਿਰਫ ਲਾਜ਼ਮੀ ਪੜ੍ਹਾਈ ਹੀ ਨਹੀਂ ਬਣਾਈ ਜਾਣੀ ਚਾਹੀਦੀ, ਸਗੋਂ ਇਸ ਦੀ ਭੂਮਿਕਾ ਵਿਆਪਕ ਬਣਾਉਣਾ ਸਮੇਂ ਦੀ ਲੋੜ ਹੈ।

ਸਰਕਾਰ ਦੁਆਰਾ ਸਕੂਲੀ ਅਤੇ ਉਚੇਰੀ ਸਿੱਖਿਆ ਲਈ ਮਾਤ ਭਾਸ਼ਾ ਨੂੰ ਮਾਧਿਅਮ ਬਣਾਉਣਾ ਸਵਾਗਤਯੋਗ ਹੈ, ਬਸ਼ਰਤੇ ਉਹ ਸਾਡੀ ਜਵਾਨੀ ਨੂੰ ਖੂਹ ਦਾ ਡੱਡੂ ਨਾ ਬਣਾ ਕੇ ਸਮੇਂ ਦਾ ਹਾਣੀ ਬਣਾਉਂਦਾ ਹੋਵੇ। ਸਿੱਖਿਆ ਢਾਂਚੇ ਵਿੱਚ ਸੋਧਾਂ ਕਿਸੇ ਖਾਸ ਵਰਗ, ਧਰਮ ਜਾਂ ਰਾਜਨੀਤਕ ਹਿੱਤਾਂ ਦੀ ਪੂਰਤੀ ਤੋਂ ਉੱਪਰ ਉੱਠ ਕੇ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਡਰ ਲਗਦਾ ਹੈ ਕਿ ਇੱਕ ਦੇਸ਼, ਇੱਕ ਭਾਸ਼ਾ ਦਾ ਨਾਹਰਾ ਕਿਤੇ ਖੇਤਰੀ ਭਾਸ਼ਾਵਾਂ ਨੂੰ ਵੱਡੀ ਮੱਛੀ ਦੀ ਤਰ੍ਹਾਂ ਨਿਗਲ ਹੀ ਨਾ ਜਾਵੇ। ਗੁਰੂਆਂ-ਪੀਰਾਂ ਦੀ ਬੋਲੀ, ਪੰਜਾਬੀ ਬੋਲੀ ਜੇਕਰ ਦੁਨੀਆ ਵਿਚ ਮੋਹਰੀ ਭੂਮਿਕਾ ਨਹੀਂ ਨਿਭਾਅ ਸਕਦੀ, ਗਾਈਡਿੰਗ ਭੂਮਿਕਾ ਨਿਭਾਉਣ ਤੋਂ ਪਿੱਛੇ ਵੀ ਨਹੀਂ ਰਹਿਣੀ ਚਾਹੀਦੀ। ਮਾਖਿਓਂ ਮਿੱਠੀ ਮਾਂ ਬੋਲੀ ਪੰਜਾਬੀ ਨੂੰ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣ ਲਈ ਬੁੱਧੀਜੀਵੀਆਂ ਨੂੰ ਅੱਗੇ ਆਉਣ ਦੀ ਲੋੜ ਹੈ।

*# ਸੰਪਰਕ : 98727-87243*

CMYK

# ਇਨਕਲਾਬੀ ਜਥੇਬੰਦੀਆਂ ਵੱਲੋਂ ਫ਼ਲਸਤੀਨੀਆਂ ਦੇ ਹੱਕ 'ਚ ਕਨਵੈਨਸ਼ਨ ਤੇ ਮੁਜ਼ਾਹਰਾ

## ਇਜ਼ਰਾਈਲ ਫਲਸਤੀਨ 'ਤੇ ਬੰਬਾਰੀ ਤੁਰੰਤ ਬੰਦ ਕਰੇ




ਇਨਕਲਾਬੀ ਜਥੇਬੰਦੀਆਂ ਦੇ ਕਾਰਕੁਨ ਮੋਗਾ ਸ਼ਹਿਰ 'ਚ ਰੋਸ ਮਾਰਚ ਕੱਢਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**

ਵੀਰਵਾਰ ਦੋ ਇਨਕਲਾਬੀ ਧਿਰਾਂ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਾਂਝੇ ਤੌਰ 'ਤੇ ਫ਼ਲਸਤੀਨੀ ਲੋਕਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਨ ਤੇ ਇਜ਼ਰਾਈਲ ਦੁਆਰਾ ਕੀਤੀ ਜਾ ਰਹੀ ਵਹਿਸ਼ੀਆਨਾ ਬੰਬਾਰੀ ਖਿਲਾਫ਼ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰ ਹਾਲ ਮੋਗਾ ਵਿਖੇ ਵਿਸ਼ਾਲ ਕਨਵੈਨਸ਼ਨ ਕੀਤੀ ਗਈ। ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ, ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਕੰਵਲਜੀਤ ਖੰਨਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਮੀਤ ਪ੍ਰਧਾਨ ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪਣੇ ਦੇਸ਼ ਫ਼ਲਸਤੀਨ ਦੀ ਪ੍ਰਭੂਸੱਤਾ ਲਈ ਲੜ ਰਹੇ ਲੋਕਾਂ ਨਾਲ ਖੜਨ, ਉਨ੍ਹਾਂ ਦੇ ਹੱਕ ਵਿੱਚ ਜ਼ੋਰਦਾਰ ਆਵਾਜ਼ ਉਠਾਉਣ ਤੇ ਇਜ਼ਰਾਈਲੀ ਬੰਬਾਰੀ ਖ਼ਿਲਾਫ਼ ਵਿਸ਼ਾਲ ਲਾਮਬੰਦੀ ਕਰਨ ਦੀ ਅੱਜ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਇਜ਼ਰਾਈਲ ਵੱਲੋਂ ਗਾਜ਼ਾ ਪੱਟੀ ਵਿੱਚ ਬਿਜਲੀ-ਪਾਣੀ, ਦਵਾਈਆਂ ਸਮੇਤ ਮਨੁੱਖੀ ਇਮਦਾਦ ਬੰਦ ਕਰਕੇ ਲੋਕਾਂ ਨੂੰ ਮਾਨਵੀ ਸਹੂਲਤਾਂ ਤੋਂ ਵਾਂਝੇ ਕਰਕੇ ਮੌਤ ਦੇ ਮੂੰਹ ਵਿੱਚ ਧੱਕਿਆ ਜਾ ਰਿਹਾ ਹੈ।ਅਮਰੀਕਾ ਦੀ ਅਗਵਾਈ 'ਚ ਦੁਨੀਆ ਭਰ 'ਚ ਤੇਲ, ਹਥਿਆਰਾਂ ਰਾਹੀਂ ਮੁਨਾਫਾ ਕਮਾਉਣ ਲਈ ਹਸਪਤਾਲਾਂ ਨੂੰ ਨਿਸ਼ਾਨਾ ਬਣਾਉਣ ਨਾਲ ਉਹ ਮੁਰਦਾ-ਘਰ ਬਣੇ ਹੋਏ ਹਨ।ਇਜ਼ਰਾਈਲ ਨੇ ਯੁੱਧ ਦੇ ਸਾਰੇ ਨਿਯਮਾਂ ਨੂੰ ਛਿੱਕੇ ਟੰਗਿਆ ਹੈ ਤੇ ਗਾਜ਼ਾ ਪੱਟੀ ਨੂੰ ਖੁੱਲ੍ਹੀ ਜੇਲ੍ਹ ਬਣਾਇਆ ਹੋਇਆ ਹੈ।ਉਹ ਫ਼ਲਸਤੀਨੀਆਂ ਨੂੰ ਉਨ੍ਹਾਂ ਦੇ ਆਪਣੇ ਹੀ ਦੇਸ਼ ਵਿੱਚ ਖ਼ਤਮ ਕਰਨ 'ਤੇ ਤੁਲਿਆ ਹੋਇਆ ਹੈ।ਇਜ਼ਰਾਈਲ ਸਰਕਾਰ ਦੇ ਇਨ੍ਹਾਂ ਹਮਲਿਆਂ ਦਾ ਇਜ਼ਰਾਈਲ ਦੇ ਅੰਦਰ ਵੀ ਜ਼ੋਰਦਾਰ ਵਿਰੋਧ ਹੋ ਰਿਹਾ ਹੈ।ਲੋਕ ਸਰਕਾਰ ਨੂੰ ਗੈਰ-ਜਮਹੂਰੀ, ਭ੍ਰਿਸ਼ਟ ਤੇ ਜ਼ਾਲਮ ਕਹਿ ਰਹੇ ਹਨ।ਦੁਨੀਆਂ ਭਰ ਵਿੱਚ ਲੋਕਾਂ ਦੀਆਂ ਭੀੜਾਂ ਫ਼ਲਸਤੀਨੀਆਂ ਦੇ ਹੱਕ ਵਿੱਚ ਸੜਕਾਂ ਉੱਪਰ ਉੱਤਰ ਆਈਆਂ ਹਨ।ਉਨ੍ਹਾਂ ਕਿਹਾ ਕਿ ਯੂ ਐੱਨ ਏ ਦੇ ਜਨਰਲ ਸਕੱਤਰ ਨੇ ਵੀ ਫ਼ਲਸਤੀਨ ਵਿੱਚ ਆਮ ਲੋਕਾਂ ਨੂੰ ਦੱਖਣੀ ਗਾਜ਼ਾ ਵਿੱਚ ਘਰ ਛੱਡ ਕੇ ਜਾਣ ਲਈ ਦਿੱਤੇ ਅਲਟੀਮੇਟਮ ਨਾਲ ਬੱਚਿਆਂ, ਬੁੱਢਿਆਂ ਤੇ ਔਰਤਾਂ ਨੂੰ ਬੇਘਰ ਕੀਤੇ ਜਾਣ ਨਾਲ ਹੋਣ ਵਾਲੀਆਂ ਮੁਸ਼ਕਲਾਂ 'ਤੇ ਚਿੰਤਾ ਪ੍ਰਗਟ ਕੀਤੀ ਹੈ।ਉਨ੍ਹਾਂ ਯੂ ਐੱਨ ਓ 'ਚ ਪਾਸ ਮਤਾ ਲਾਗੂ ਕਰਨ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਜਮਹੂਰੀਅਤ ਦੀ ਅਲੰਬਰਦਾਰੀ ਦਾ ਦਾਅਵਾ ਕਰਨ ਵਾਲੀਆਂ ਪੱਛਮੀ ਦੇਸ਼ਾਂ ਦੀਆਂ ਸਰਕਾਰਾਂ ਨੇ ਫ਼ਲਸਤੀਨੀਆਂ ਦੇ ਹੱਕ ਵਿੱਚ ਆਵਾਜ਼ ਉਠਾਉਣ ਵਾਲਿਆਂ ਵਿਰੁੱਧ ਪਾਬੰਦੀਆਂ ਲਾਉਣ ਦੇ ਐਲਾਨ ਕੀਤੇ ਹਨ, ਪਰ ਇਨ੍ਹਾਂ ਪਾਬੰਦੀਆਂ ਦੀ ਪ੍ਰਵਾਹ ਨਾ ਕਰਦੇ ਹੋਏ ਫ਼ਲਸਤੀਨੀਆਂ ਦੇ ਹੱਕ ਵਿੱਚ ਪ੍ਰਦਰਸ਼ਨ ਹੋ ਰਹੇ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਫ਼ਲਸਤੀਨ ਵਿੱਚ ਹੋ ਰਹੇ ਮਨੁੱਖੀ ਘਾਣ ਸਮੇਂ ਮੋਦੀ ਦੇ ਦੋਗਲੇਪਨ ਦਾ ਨੋਟਿਸ ਲਿਆ ਤੇ ਕਿਹਾ ਕਿ ਭਾਰਤ ਸਰਕਾਰ ਫ਼ਲਸਤੀਨ ਦੀ ਸੁਰੱਖਿਆ ਤੇ ਪ੍ਰਭੂਸੱਤਾ ਹੱਕ 'ਚ ਤਾਂ ਬੋਲੀ ਹੈ, ਪ੍ਰੰਤੂ ਹਕੀਕੀ ਰੂਪ 'ਚ ਦਿਲੋਂ ਦਿਮਾਗ ਨਾਲ ਅਮਰੀਕਾ ਤੇ ਇਜ਼ਰਾਈਲ ਨਾਲ ਖੜੀ ਹੈ।

ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਨੂੰ ਇਜ਼ਰਾਈਲ ਵੱਲੋਂ ਕੀਤੀ ਜਾ ਰਹੀ ਬੰਬਾਰੀ 'ਤੇ ਵਿਰੋਧ ਦਰਜ ਕਰਾਉਣਾ ਚਾਹੀਦਾ ਹੈ।ਬੁਲਾਰਿਆਂ ਨੇ ਫਲਸਤੀਨ ਦੀ ਆਜ਼ਾਦੀ ਬਹਾਲ ਕਰਨ ਦੀ ਮੰਗ ਦੇ ਹੱਕ 'ਚ ਨਿਹੱਕੀ ਜੰਗ ਬੰਦ ਕਰਨ ਦੀ ਮੰਗ ਦੇ ਮਤੇ ਨੂੰ ਦੋਹੇਂ ਹੱਥ ਖੜੇ ਕਰ ਕੇ ਮਨਜ਼ੂਰੀ ਦਿੱਤੀ।ਨਵੈਨਸ਼ਨ ਦਾ ਮੰਚ ਸੰਚਾਲਨ ਸਾਥੀ ਨਰੈਣ ਦੱਤ ਨੇ ਕੀਤਾ।ਕਨਵੈਨਸ਼ਨ ਉਪਰੰਤ ਝੰਡੇ, ਬੈਨਰ, ਹਮਲੇ ਦੇ ਵਿਨਾਸ਼ ਦੀਆਂ ਤਸਵੀਰਾਂ ਲੈ ਕੇ ਮੋਗਾ ਸ਼ਹਿਰ ਦੇ ਮੁੱਖ ਬਾਜ਼ਾਰਾਂ 'ਚ ਰੋਹ ਭਰਪੂਰ ਮੁਜ਼ਾਹਰਾ ਕੀਤਾ।

## ਸਰਸ ਮੇਲਾ ਅੱਜ ਤੋਂ

**ਲੁਧਿਆਣਾ (ਰਾਜ ਸਿੰਗਲਾ)**-ਲੁਧਿਆਣਾ ਵਿਖੇ ਹਰ ਸਾਲ ਲੱਗਣ ਵਾਲਾ ਸਰਸ ਮੇਲਾ ਅੱਜ ਤੋਂ ਸ਼ੁਰੂ ਹੋ ਰਿਹਾ ਹੈ ਅਤੇ ਇਸ ਸੰਬੰਧੀ ਪ੍ਰਸ਼ਾਸਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲੁਧਿਆਣਾ ਦੇ ਏ.ਡੀ.ਸੀ. ਰੁਪਿੰਦਰ ਪਾਲ ਨੇ ਦੱਸਿਆ ਕਿ ਇਹ ਮੇਲਾ ਹਰ ਸਾਲ ਦੀ ਤਰ੍ਹਾਂ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਵਿਖੇ ਲਗਾਇਆ ਜਾ ਰਿਹਾ ਹੈ ਅਤੇ ਇਸ ਮੇਲੇ ਵਿੱਚ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਪੁਲਸ ਮੁਲਜ਼ਾਮ ਤਾਇਨਾਤ ਕੀਤੇ ਗਏ ਹਨ ਅਤੇ ਇਸ ਤੋਂ ਇਲਾਵਾ ਫਾਇਰ ਬ੍ਰਿਗੇਡ ਤੇ ਐਂਬੂਲੈਂਸ ਦੀਆਂ ਗੱਡੀਆਂ ਵੀ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿੱਚ ਪਹੁੰਚ ਕੇ ਮੇਲੇ ਦਾ ਆਨੰਦ ਮਾਨਣ।

## ਲੱਧਾਹੇੜੀ 'ਚ ਲਗਾਇਆ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਦਿੱਲੀ ਦੀ ਟੀਮ ਵੱਲੋਂ ਮਨਜਿੰਦਰ ਸਿੰਘ ਜਿੰਦਰੀ ਸਰਪੰਚ ਲੱਧਾਹੇੜੀ ਤੇ ਵਾਈਸ ਪ੍ਰਧਾਨ ਯੂਥ ਕਾਂਗਰਸ ਪੰਜਾਬ ਦੀ ਅਗਵਾਈ ਹੇਠ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਲਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਵੱਲੋਂ ਅਪਣੀਆਂ ਅੱਖਾਂ ਦਾ ਚੈੱਕਅੱਪ ਕਰਵਾਇਆ ਗਿਆ ਤੇ ਇਸ ਕੈਂਪ ਵਿੱਚ ਲੋੜਵੰਦਾਂ ਨੂੰ ਮੁਫਤ ਐਨਕਾਂ ਦਿੱਤੀਆਂ ਗਈਆਂ। ਇਸ ਮੌਕੇ ਮਨਜਿੰਦਰ ਸਿੰਘ ਜਿੰਦਰੀ ਨੇ ਕਿਹਾ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਹਰ ਇੱਕ ਇਨਸਾਨ ਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਕਿਸੇ ਲੋੜਮੰਦ ਦੀ ਮਦਦ ਹੋ ਸਕੇ। ਇਸ ਮੌਕੇ ਬਲਵੀਰ ਸਿੰਘ ਪੰਚ, ਜਗਦੇਵ ਸਿੰਘ ਸਾਬਕਾ ਪੰਚ, ਕੰਮਾਂ ਗਰੇਵਾਲ, ਕੇਵਲ ਕ੍ਰਿਸ਼ਨ, ਕਰਨੈਲ ਕੌਰ ਪੰਚ, ਮਨਜੀਤ ਕੌਰ ਪੰਚ, ਕਾਲਾ ਗਰੇਵਾਲ ਤੋਂ ਇਲਾਵਾ ਪਿੰਡ ਵਾਸੀ ਮੌਜੂਦ ਸਨ।

# ਸੁਖਬੀਰ ਪ੍ਰਧਾਨਗੀ ਛੱਡੇ, ਬਿਨਾਂ ਸ਼ਰਤ ਅਕਾਲੀ ਦਲ 'ਚ ਸ਼ਾਮਲ ਹੋਣ ਲਈ ਤਿਆਰ : ਪਰਮਿੰਦਰ ਢੀਂਡਸਾ



ਸਰਪੰਚ ਰਾਮਫਲ ਸਿੰਘ ਦੇ ਘਰ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪੰਜਾਬ ਦੇ ਮੌਜੂਦਾ ਹਾਲਤਾਂ ਉਤੇ ਗਹਿਰੇ ਦੁੱਖ ਪ੍ਰਗਟਾਵਾ ਕਰਦਿਆਂ ਪ੍ਰੋਫੈਸਰ ਬਲਵਿੰਦਰ ਕੌਰ ਦੀ ਖੁਦਕੁਸ਼ੀ ਮਾਮਲੇ ਤੇ ਪੰਜਾਬ ਸਰਕਾਰ ਦੀ ਨਿੰਦਾ ਕੀਤੀ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਖਿਲਾਫ ਕੇਸ ਦਰਜ ਕੀਤੇ ਜਾਣ ਦੀ ਮੰਗ ਕਰਦਿਆਂ ਨਸ਼ਿਆਂ ਨੂੰ ਰੋਕਣ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਸਫਲ ਦੱਸਿਆ। ਇਸ ਦੌਰਾਨ ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਛੱਡ ਦੇਣ, ਤਾਂ ਉਹ ਬਿਨਾਂ ਸ਼ਰਤ ਫਿਰ ਤੋਂ ਅਕਾਲੀ ਦਲ ਵਿੱਚ ਸ਼ਾਮਲ ਹੋ ਕੇ ਦਲ ਦੀ ਮਜ਼ਬੂਤੀ ਲਈ ਅੱਗੇ ਆਉਣਗੇ।

ਸਰਪੰਚ ਰਾਮਫਲ ਸਿੰਘ ਦੀ ਪਤਨੀ ਮਨਜੀਤ ਕੌਰ ਦੀ ਹੋਈ ਮੌਤ 'ਤੇ ਅਫਸੋਸ ਪ੍ਰਗਟ ਕਰਨ ਆਏ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦਾ ਦਾਅਵਾ ਕਰ ਰਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਦੌਰਾਨ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੀ ਪ੍ਰੋ: ਬਲਵਿੰਦਰ ਕੌਰ ਨੂੰ ਇਸ ਸਰਕਾਰ ਦੇ ਮੰਤਰੀ ਵੱਲੋਂ ਜ਼ਲੀਲ ਕੀਤੇ ਜਾਣ 'ਤੇ ਉਸ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪਿਆ ਹੈ, ਪਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੱਤਾ ਵਿੱਚ ਆਉਣ 'ਤੇ ਕੋਈ ਧਰਨਾ ਨਾ ਲੱਗਣ ਦੇ ਦਾਅਵੇ ਕਰ ਕਰਨ ਵਾਲੀ ਆਮ ਆਦਮੀ ਪਾਰਟੀ ਦੇ ਇਸ ਰਾਜ ਵਿੱਚ ਪ੍ਰੋ. ਦੀ ਹੋਈ ਮੌਤ ਲਈ ਉਸ ਦੇ ਪਰਵਾਰ ਤੇ ਮੁਲਾਜ਼ਮ ਜਥੇਬੰਦੀਆਂ ਨੂੰ ਧਰਨਾ ਲਾਇਆਂ ਕਈ ਦਿਨ ਬੀਤ ਚੁੱਕੇ ਹਨ, ਪਰ ਇਹ ਸਰਕਾਰ ਆਪਣੇ ਮੰਤਰੀ ਨੂੰ ਬਚਾਉਣ ਲਈ ਇਸ ਪਰਿਵਾਰ ਦੀ ਕੋਈ ਵੀ ਸੁਣਵਾਈ ਨਹੀਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਣਨ 'ਤੇ ਤਿੰਨ ਹਫਤਿਆਂ ਵਿੱਚ ਨਸ਼ਾਂ ਖਤਮ ਕਰਨ ਦੇ ਦਾਅਵੇ ਕਰਨ ਵਾਲੀ ਇਸ ਸਰਕਾਰ ਦੇ ਰਾਜ ਵਿੱਚ ਨਸ਼ੇ ਦੀ ਵਿਕਰੀ ਕਈ ਗੁਣਾਂ ਵਧ ਚੁੱਕੀ ਹੈ, ਨਸ਼ਾ ਰੋਕਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਹੋਈ ਇਹ ਸਰਕਾਰ ਨਸ਼ਾ ਰੋਕਣ ਦੇ ਝੂਠੇ ਦਾਅਵੇ ਕਰ ਰਹੀ ਹੈ। ਪਰਮਿੰਦਰ ਸਿੰਘ ਢੀਂਡਸਾ ਨੂੰ ਅਕਾਲੀ ਦਲ ਵਿੱਚ ਵਾਪਸੀ ਕਰਨ ਦੇ ਪੁੱਛੇ ਗਏ ਸਵਾਲ 'ਤੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਵਾਲੇ ਅਕਾਲੀ ਦਲ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਆਪਣੇ ਹਿੱਤਾਂ ਲਈ ਵਰਤੇ ਜਾਣ 'ਤੇ ਹੀ ਅਕਾਲੀ ਦਲ ਬੁਰੀ ਤਰ੍ਹਾਂ ਹਾਰਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਪ੍ਰਧਾਨਗੀ ਛੱਡਦੇ ਹਨ ਤਾਂ ਮੈਂ ਬਿਨਾਂ ਸ਼ਰਤ ਅਕਾਲੀ ਦਲ ਵਿੱਚ ਸ਼ਾਮਲ ਹੋਣ ਲਈ ਤਿਆਰ ਹਾਂ।

ਇਸ ਮੌਕੇ ਮਾਸਟਰ ਬਲਵਿੰਦਰ ਸਿੰਘ ਕੌਹਰੀਆਂ, ਰਣਧੀਰ ਸਿੰਘ ਸੰਮੂਰਾ, ਵਿੱਕੀ ਛਾਜਲੀ, ਮਦਨ ਕਲੇਰ, ਭਗਵਾਨ ਸਿੰਘ ਢਡੌਲੀ ਕਲਾਂ, ਗੁਰਪ੍ਰਤਾਪ ਸਿੰਘ ਹਰੀਕਾ, ਜਗਪਾਲ ਸਿੰਘ ਹਰੀਕਾ ਅਮਰੀਕ ਸਿੰਘ ਨਿਆਲ, ਜਗਸੀਰ ਸਿੰਘ ਸ਼ਾਦੀਹਰੀ, ਰਘਵੀਰ ਚੰਦ ਪ੍ਰਧਾਨ ਸੀਮਿੰਟ ਮਰਚੈਂਟਸ ਐਸੋਸੀਏਸ਼ਨ ਆਦਿ ਮੌਜੂਦ ਸਨ।

## ਕਾਤਰਾਂ

### ਸੀ ਪੀ ਆਈ (ਐੱਮ) ਦੀ ਜ਼ਿਲ੍ਹਾ ਪੱਧਰੀ ਮੀਟਿੰਗ ਭਲਕੇ

**ਮਾਨਸਾ (ਪਮਾਰ)**-ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਜ਼ਿਲ੍ਹਾ ਮਾਨਸਾ ਦੀ ਜਨਰਲ ਬਾਡੀ ਮੀਟਿੰਗ 28 ਅਕਤੂਬਰ ਨੂੰ ਸਵੇਰੇ 11 ਵਜੇ ਪਾਰਟੀ ਦਫਤਰ ਮਾਨਸਾ ਵਿਖੇ ਹੋਵੇਗੀ। ਇਹ ਜਾਣਕਾਰੀ ਦਿੰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾ. ਸਵਰਨਜੀਤ ਸਿੰਘ ਦਲਿਉਂ ਐਡਵੋਕੇਟ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਪਾਰਟੀ ਦੇ ਸੂਬਾ ਸਕੱਤਰ ਕਾ. ਸੁਖਵਿੰਦਰ ਸਿੰਘ ਸੇਖੋਂ ਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਮੀਟਿੰਗ ਵਿੱਚ 16 ਨਵੰਬਰ ਦੀ ਜਲੰਧਰ ਵਿਸ਼ਾਲ ਰੈਲੀ ਸਬੰਧੀ, ਜ਼ਿਲ੍ਹੇ ਦੀਆਂ ਤਿੰਨਾਂ ਤਹਿਸੀਲਾਂ ਦੇ ਸਿਧਾਂਤਕ ਸਕੂਲ ਲਾਉਣ, ਜਨਤਕ ਜਥੇਬੰਦੀਆਂ ਆਦਿ ਅਜੰਡਿਆਂ ਉੱਪਰ ਵਿਚਾਰ ਚਰਚਾ ਕਰਕੇ ਫੈਸਲੇ ਲਏ ਜਾਣਗੇ।

### ਕੰਬਾਈਨ ਦੀ ਲਪੇਟ 'ਚ ਆਉਣ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਚੁੰਨੀ ਮਾਰਗ 'ਤੇ ਬਡਾਲੀ ਆਲਾ ਸਿੰਘ ਨੇੜੇ ਸਥਿਤ ਪੰਜਾਬੀ ਰਸੋਈ ਢਾਬਾ ਸਾਹਮਣੇ ਵਾਪਰੇ ਸੜਕ ਹਾਦਸੇ 'ਚ ਇੱਕ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪਿੰਡ ਗਡਹੇੜਾ ਦੇ ਵਸਨੀਕ ਸੋਹਨ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਜਤਿੰਦਰ ਸਿੰਘ (33) ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰ ਨੂੰ ਜਾਂਦਾ ਹੋਇਆ ਜਦੋਂ ਸਰਹਿੰਦ-ਚੁੰਨੀ ਰੋਡ 'ਤੇ ਬਡਾਲੀ ਆਲਾ ਸਿੰਘ ਨੇੜੇ ਸਥਿਤ ਪੰਜਾਬੀ ਰਸੋਈ ਢਾਬੇ ਸਾਹਮਣੇ ਪਹੁੰਚਿਆ ਤਾਂ ਤੇਜ਼ ਰਫਤਾਰੀ ਨਾਲ ਆ ਰਹੀ ਟੈਂਪਰੇਰੀ ਨੰਬਰ ਕੰਬਾਈਨ ਦੇ ਚਾਲਕ ਨੇ ਅਣਗਹਿਲੀ ਨਾਲ ਕੰਬਾਈਨ ਚਲਾਉਂਦੇ ਹੋਏ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਜਤਿੰਦਰ ਸਿੰਘ ਦੀ ਮੌਤ ਹੋ ਗਈ। ਕੰਬਾਈਨ ਦੇ ਚਾਲਕ ਵਿਰੁੱਧ ਅ/ਧ 279,304ਏ,427 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਨਸ਼ਾ ਛੁਡਾਉ ਕੇਂਦਰ ਦੇ ਮਾਲਕ 'ਤੇ ਮੋਟਰਸਾਈਕਲ ਸਵਾਰਾਂ ਚਲਾਈ ਗੋਲੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਦਕੀ ਵਿਖੇ 'ਚ ਬਾਈਕ ਸਵਾਰ ਬਦਮਾਸ਼ਾਂ ਨੇ ਨਸ਼ਾ ਛੁਡਾਊ ਕੇਂਦਰ ਦੇ ਮਾਲਕ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਵਿੱਚ ਉਹ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਤੁਰੰਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਦਾਖਲ ਕਰਵਾਇਆ ਗਿਆ। ਜ਼ਖਮੀ ਗੁਰਨਾਮ ਸਿੰਘ ਸਿੱਖ ਪ੍ਰਚਾਰਕ ਹੈ ਤੇ ਫ਼ਿਰੋਜ਼ਪੁਰ ਦੇ ਘੱਲ ਖੁਰਦ ਥਾਣੇ ਦੇ ਪਿੰਡ ਚੰਦੜ ਵਿੱਚ ਨਸ਼ਾ ਛੁਡਾਊ ਕੇਂਦਰ ਚਲਾਉਂਦਾ ਹੈ।ਉਸ ਦੀ ਹਾਲਤ ਹੁਣ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਬਾਬਾ ਗੁਰਨਾਮ ਸਿੰਘ ਦਾ ਹਾਲ-ਚਾਲ ਪੁੱਛਣ ਲਈ ਮੈਡੀਕਲ ਕਾਲਜ ਹਸਪਤਾਲ ਪਹੁੰਚੇ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ, ਹਮਲਾਵਰਾਂ ਵੱਲੋਂ ਇਹ ਘਟਨਾ ਉਸ ਸਮੇਂ ਵਾਪਰੀ, ਜਦੋਂ ਬਾਬਾ ਗੁਰਨਾਮ ਸਿੰਘ ਬਾਹਰ ਜਾ ਰਹੇ ਸਨ।ਉਨ੍ਹਾਂ ਦੱਸਿਆ ਕਿ ਹੁਣ ਬਾਬਾ ਦੀ ਹਾਲਤ ਖਤਰੇ ਤੋਂ ਬਾਹਰ ਹੈ।ਘੱਲ ਖੁਰਦ ਪੁਲਸ ਅਨੁਸਾਰ ਬਾਈਕ ਸਵਾਰ ਦੋ ਮੁਲਜ਼ਮਾਂ ਨੇ ਬਾਬਾ ਗੁਰਨਾਮ ਸਿੰਘ 'ਤੇ ਗੋਲੀ ਚਲਾ ਦਿੱਤੀ, ਜਿਸ ਦੇ ਜਵਾਬ ਵਿੱਚ ਗੁਰਨਾਮ ਸਿੰਘ ਨੇ ਵੀ ਗੋਲੀਆਂ ਚਲਾ ਦਿੱਤੀਆਂ। ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਦੇ ਉੱਚ ਅਧਿਕਾਰੀ ਵੀ ਮੌਕੇ 'ਤੇ ਪਹੁੰਚ ਗਏ ਤੇ ਰਸਤੇ 'ਚ ਲੱਗੇ ਸੀਸੀਟੀਵੀ ਫੁਟੇਜ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

# ਖੇਤ ਮਜ਼ਦੂਰ ਸਭਾ ਨੇ ਕੇਂਦਰ ਤੇ ਰਾਜ ਸਰਕਾਰ ਦੀ ਅਰਥੀ ਫੂਕੀ



**ਬੋਹਾ (ਨਿਰੰਜਣ ਬੋਹਾ)**-ਖੇਤ ਮਜ਼ਦੂਰ ਸਭਾ (ਸਬੰਧਤ ਸੀ.ਪੀ.ਆਈ.) ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦਾ ਪਰਦਾਫਾਸ਼ ਕਰਨ ਲਈ ਬੋਹਾ ਖੇਤਰ ਦੇ ਵੱਖ ਵੱਖ ਪਿੰਡਾਂ ਵਿੱਚ ਅਰਥੀ ਫੂਕ ਰੈਲੀਆਂ ਕੀਤੀਆਂ ਗਈਆਂ।

ਇਨ੍ਹਾਂ ਰੈਲੀਆਂ ਨੂੰ ਸੰਬੋਧਨ ਕਰਦਿਆਂ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਮਾਨਸਾ ਸਕੱਤਰ ਸੀਤਾ ਰਾਮ ਗੋਬਿੰਦਪੁਰਾ, ਕਾਮਰੇਡ ਅਸ਼ੋਕ ਲਾਕੜਾ, ਕਾਮਰੇਡ ਜਗਨ ਨਾਥ, ਮਨਜੀਤ ਕੌਰ ਗਾਮੀਵਾਲਾ, ਪਵਨ ਸ਼ਰਮਾ ਤੇ ਜੱਗਾ ਸਿੰਘ ਸੇਰਖਾਂ ਨੇ ਕਿਹਾ ਕਿ ਦੋਹੇਂ ਸਰਕਾਰਾਂ ਦੀਆਂ ਨੀਤੀਆਂ ਕਾਰਪੋਰੇਟ ਜਗਤ ਨੂੰ ਲਾਭ ਪਹੁਚਾਉਣ ਤੇ ਮਜ਼ਦੂਰ ਜਮਾਤ ਦੇ ਹੱਕਾਂ 'ਤੇ ਸ਼ਰੇਆਮ ਡਾਕਾ ਮਾਰਨ ਵਾਲੀਆਂ ਹਨ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਦੇ ਕੰਮ ਕਰਨ ਦੇ ਸਮੇਂ ਦੀ ਮਿਆਦ ਅੱਠ ਘੰਟੇ ਤੋਂ ਬਾਰਾਂ ਘੰਟੇ ਕਰਨ ਦਾ ਫੈਸਲਾ ਬਹੁਤ ਨਿੰਦਣਯੋਗ ਹੈ ਤੇ ਪੰਜਾਬ ਦੇ ਮਜ਼ਦੂਰਾਂ ਨੂੰ ਇਹ ਨਾਦਰਸ਼ਾਹੀ ਫੈਸਲਾ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਹੈ।

ਉਨ੍ਹਾ ਇਹ ਮੰਗ ਵੀ ਕੀਤੀ ਕਿ ਮਜ਼ਦੂਰਾਂ ਨੂੰ ਮਗਨਰੇਗਾ ਸਕੀਮ ਦਾ ਲਾਭ ਪਹੁੰਚਾਉਣ ਦਾ ਕੰਮ ਪਾਰਦਰਸ਼ੀ ਢਗ ਨਾਲ ਕੀਤਾ ਜਾਵੇ ਤੇ ਉਨ੍ਹਾਂ ਦੀ ਦਿਹਾੜੀ 700 ਰੁਪਏ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਸਾਰੇ ਪਿੰਡਾਂ ਤੇ ਸ਼ਹਿਰਾਂ ਵਿੱਚ ਮੀਟਿੰਗਾਂ ਕਰਕੇ ਸਰਕਾਰ ਦੀਆਂ ਕਿਸਾਨ ਤੇ ਮਜ਼ਦੂਰ ਵਿਰੋਧੀ ਨੀਤੀਆਂ ਦਾ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਹਾਜ਼ਰ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਉਕਤ ਮੰਗਾਂ ਲਈ ਖੇਤ ਮਜ਼ਦੂਰ ਸਭਾ ਵੱਲੋਂ ਰੱਖੀ 3 ਨਵੰਬਰ ਨੂੰ ਮੁਹਾਲੀ ਵਿੱਚ ਰੱਖੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ।

# ਜੰਗਲਾਤ ਕਾਮਿਆਂ ਦੇ ਜੋਸ਼ੀਲੇ ਨਾਹਰਿਆਂ ਨਾਲ ਗੂੰਜਿਆ ਮੁੱਖ ਵਣ ਪਾਲ ਦਾ ਦਫਤਰ

## ਮੀਟਿੰਗਾਂ ਦੌਰਾਨ ਹੋਏ ਫੈਸਲੇ ਲਾਗੂ ਨਾ ਕਰਨ 'ਤੇ ਮੁਲਾਜ਼ਮਾਂ 'ਚ ਭਾਰੀ ਰੋਸ

**ਦੋਰਾਹਾ (ਹਰਮਿੰਦਰ ਸੇਠ)**-ਅਕਤੂਬਰ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਮੁੱਖ ਦਫ਼ਤਰ 1406/22- ਬੀ ਚੰਡੀਗੜ੍ਹ ਵੱਲੋਂ ਜਗਲਾਤ ਵਿਭਾਗ ਦੇ ਮੁੱਖ ਵਣ ਪਾਲ ਖਿਲਾਫ ਮੁੱਖ ਦਫਤਰ ਮੁਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਗਈ। ਵੀਰਵਾਰ ਸਵੇਰ ਤੋਂ ਪੰਜਾਬ ਦੇ ਵੱਖ ਵੱਖ ਸ਼ਸਹਿਰਾਂ ਤੋਂ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਟਰੱਕਾਂ, ਬੱਸਾਂ ਤੇ ਟੱਪੂਆਂ 'ਤੇ ਸਵਾਰ ਹੋ ਕੇ ਅਪਣੇ ਝੰਡੇ ਮਾਟੋ ਤੇ ਬੈਨਰਾਂ ਨਾਲ ਲੈਸ ਹੋ ਕੇ ਨਾਹਰੇ ਮਾਰਦੇ ਹੋਏ ਪੂਰੇ ਜੋਸ਼ੋ ਖਰੋਸ਼ ਨਾਲ ਧਰਨੇ 'ਚ ਪੁੱਜੇ। ਅੱਜ ਦੇ ਧਰਨੇ ਦੀ ਅਗਵਾਈ ਅਮਰੀਕ ਸਿੰਘ ਗੜਸ਼ੰਕਰ, ਜਸਵੀਰਾ ਸਿੰਘ ਸੀਰਾ, ਜਸਵਿੰਦਰ ਸੌਜਾ ਤੇ ਵਿਰਸਾ ਸਿੰਘ ਅੰਮ੍ਰਿਤਸਰ ਦੀ ਅਗਵਾਈ ਹੇਠ ਧਰਨਾ ਲਗਾਇਆ ਗਿਆ।

ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਬਲਵੀਰ ਤਰਨਤਾਰਨ, ਪਵਨ ਹੁਸ਼ਿਆਰਪੁਰ, ਅਮਨਦੀਪ ਸਿੰਘ ਛੱਤਬੀੜ, ਮਲਕੀਤ ਮੁਕਤਸਰ, ਸੁਲੱਖਣ ਸਿੰਘ ਮੁਹਾਲੀ ਤੇ ਰਵੀਕਾਂਤ ਰੋਪੜ ਨੇ ਕਿਹਾ ਕਿ ਜੰਗਲਾਤ ਤੇ ਜੰਗਲੀ ਜੀਵ ਵਿਭਾਗ 'ਚ ਕੰਮ ਕਰਦੇ ਤਿੰਨ ਸਾਲ ਦੀ ਸਰਵਿਸ ਵਾਲੇ ਕੱਚੇ ਕਾਮਿਆਂ ਨੂੰ ਪੱਕਿਆਂ ਕੀਤਾ ਜਾਵੇ, ਜਿਹੜੇ ਕਾਮਿਆਂ ਨੇ ਸਾਲ 2006 'ਚ ਦਸ ਸਾਲ ਦੀ ਸਰਵਿਸ ਪੂਰੀ ਕਰ ਲਈ ਸੀ, ਉਨ੍ਹਾਂ ਕਾਮਿਆਂ ਨੂੰ ਤੁਰੰਤ ਪੱਕਿਆਂ ਕੀਤਾ ਜਾਵੇ ਤੇ ਜੰਗਲੀ ਜੀਵ ਵਿਭਾਗ 'ਚ ਕੰਮ ਕਰਦੇ ਵਰਕਰਾਂ ਨੂੰ 25% ਵੱਧ ਰੇਟਾਂ ਨਾਲ ਤਨਖਾਹ ਦਿੱਤੀ ਜਾਵੇ। ਇੱਕਤਰਤਾਂ ਨੂੰ ਸੰਬੋਧਨ ਕਰਦਿਆਂ ਜਸਵਿੰਦਰ ਸੰਗਰੂਰ, ਬੱਬੂ ਮਾਨਸਾ, ਨਿਸ਼ਾਨ ਫਿਰੋਜ਼ਪੁਰ, ਜਸਵਿੰਦਰ ਬਠਿੰਡਾ, ਕੇਵਲ ਗੜਸ਼ੰਕਰ, ਸੇਰ ਸਿੰਘ ਸਰਹਿੰਦ, ਛਿੰਦਰਪਾਲ ਸਿੰਘ ਤੇ ਮਨਿੰਦਰ ਸਿੰਘ ਮੋਹਾਲੀ ਨੇ ਮੰਗ ਕੀਤੀ ਕਿ ਸਮੂਹ ਵਰਕਰਾਂ ਨੂੰ ਘੱਟੋ ਘੱਟ 26000 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ, ਹਰੇਕ ਵਰਕਰ ਦਾ ਈ.ਪੀ.ਐੱਫ. ਤੇ ਈ.ਆਈ.ਐੱਸ. ਕੱਟਿਆ ਜਾਵੇ ਤੇ ਵਣ ਵਿਭਾਗ 'ਚ ਕੰਮਾਂ ਦੇ ਰੇਟਾਂ 'ਚ ਵਾਧਾ ਕੀਤਾ ਜਾਵੇ।

ਰੈਲੀ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫ਼ੈਡਰੇਸ਼ਨ ਦੇ ਸੂਬਾਈ ਆਗੂਆਂ ਸਰਵਸ੍ਰੀ ਮੱਖਣ ਸਿੰਘ ਵਾਹਿਦਪੁਰੀ, ਨਿਰਭੈ ਸਿੰਘ ਲੁਧਿਆਣਾ, ਨਾਥ ਸਿੰਘ, ਗੀਤ ਸਿੰਘ ਪਟਿਆਲਾ, ਗੁਰਦੇਵ ਸਿੰਘ ਸਿੱਧੂ ਫਿਰੋਜ਼ਪੁਰ, ਗੁਰਬਿੰਦਰ ਸਿੰਘ ਚੰਡੀਗੜ੍ਹ ਨੇ ਸਬੋਧਨ ਕਰਦਿਆਂ ਕਿਹਾ ਕਿ ਦਰਜਾ ਚਾਰ ਦੀ ਸ਼ਰਤ ਅੱਠਵੀਂ ਪਾਸ ਤੁਰੰਤ ਹਟਾ ਕੇ ਤੁਰੰਤ ਪੱਕਿਆਂ ਕੀਤਾ ਜਾਵੇ ਤੇ ਕੰਮਾਂ ਦੀ ਕਾਟ ਕਟਾਈ ਦੇ ਨਾਂ 'ਤੇ ਛਾਂਟੀਆਂ ਬੰਦ ਕੀਤੀਆਂ ਜਾ, ਨਹੀਂ ਤਾਂ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸਹਿਯੋਗ ਨਾਲ ਪੱਕਾ ਮੋਰਚਾ ਲਾ ਦਿੱਤਾ ਜਾਵੇਗਾ।

ਭੁਪਿੰਦਰ ਸਾਧੋਰੇੜੀ ਪਟਿਆਲਾ, ਕੇਵਲ ਗੜਸ਼ੰਕਰ, ਸਤਨਾਮ ਸੰਗਰੂਰ, ਰਵੀ ਲੁਧਿਆਣਾ, ਕਰਮ ਸਿੰਘ ਹਰੀਕੇ ਪੱਤਣ, ਬਲਰਾਜ ਪਠਾਨਕੋਟ, ਰਵੀ ਕਾਂਤ ਰੋਪੜ, ਸੁਖਦੇਵ ਜਲੰਧਰ ਤੇ ਕੁਲਦੀਪ ਗੁਰਦਾਸਪੁਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਜੰਗਲਾਤ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਜੰਗਲਾਤ ਵਰਕਰ ਯੂਨੀਅਨ ਦੇ ਝੰਡੇ ਹੇਠ ਤਿੱਖਾ ਤੇ ਤੇਜ਼ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਝੰਡਾ ਮਾਰਚ 'ਚ ਹੋਰਨਾਂ ਤੋਂ ਇਲਾਵਾ, ਭਿੰਦਰ ਘੱਗਾ, ਬੂਟਾ ਲੁਧਿਆਣਾ, ਜਸਵੰਤ ਗੁਰਦਾਸਪੁਰ, ਜਗਤਾਰ ਸਿੰਘ ਸ਼ਾਹਪੁਰ, ਹਰਜਿੰਦਰ ਸਿੰਘ ਸਰਹਿੰਦ, ਮਨਜੀਤ ਕੌਰ, ਹਰਬੰਸ ਕੌਰ, ਨਾਜਰਾ ਬੇਗਮ, ਜਸਪ੍ਰੀਤ ਕੌਰ ਆਗੂ ਸ਼ਾਮਲ ਹੋਏ। ਅੱਜ ਦੀ ਰੈਲੀ ਦੇ ਦਬਾਅ ਸਦਕਾ ਪ੍ਰਧਾਨ ਮੁੱਖ ਵਣਪਾਲ ਪੰਜਾਬ ਵੱਲੋਂ ਜੰਥੇਬੰਦੀ ਨੂੰ 2 ਨਵੰਬਰ 2023 ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ।

## ਡਾ: ਸੂਦਨ ਨੂੰ ਸਦਮਾ, ਪਤਨੀ ਦਾ ਦੇਹਾਂਤ



**ਲੁਧਿਆਣਾ (ਐੱਮ ਐੱਸ ਭਾਟੀਆ)**-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ.ਡੀ.ਪੀ.ਡੀ.) ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਸਰਪ੍ਰਸਤ ਡਾ: ਸੁਰਿੰਦਰ ਸਿੰਘ ਸੂਦਨ ਦੀ ਪਤਨੀ ਡਾਕਟਰ ਪਰਵੀਨ ਕੌਰ ਦਾ ਦੇਹਾਂਤ ਹੋ ਗਿਆ। ਉਹ ਚਾਰ ਸਾਲਾਂ ਤੋਂ ਕੈਂਸਰ ਨਾਲ ਪੀੜਤ ਸਨ। ਡਾਕਟਰ ਪਰਵੀਨ ਕੌਰ ਦਾ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਡਾ: ਅਰੁਣ ਮਿੱਤਰਾ ਪ੍ਰਧਾਨ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਨੇ ਦੱਸਿਆ ਕਿ ਉਨ੍ਹਾਂ ਨੇ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿੱਚ ਮਾਈਕਰੋਬਾਇਓਲੋਜੀ ਤੇ ਪੈਥੋਲੋਜੀ ਦੋਵਾਂ ਵਿੱਚ ਆਪਣੀ ਡਬਲ ਐੱਮ ਡੀ ਕੀਤੀ ਸੀ। ਉਹ 2002 ਵਿੱਚ ਸਰਕਾਰੀ ਮੈਡੀਕਲ ਕਾਲਜ ਸ੍ਰੀਨਗਰ ਦੀ ਪਹਿਲੀ ਮਹਿਲਾ ਪ੍ਰਿੰਸੀਪਲ ਬਣੇ। ਉਹ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਦੇ ਸਰਗਰਮ ਮੈਂਬਰ ਸਨ। ਵਰਣਨਯੋਗ ਹੈ ਕਿ ਡਾ: ਐੱਸ ਐੱਸ ਸੂਦਨ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਦੇ ਸਰਗਰਮ ਮੈਂਬਰ ਤੇ ਅਲੀਗੜ੍ਹ ਵਿਖੇ ਪੋਸਟ-ਗ੍ਰੈਜੂਏਸ਼ਨ ਦੇ ਦਿਨਾਂ ਦੌਰਾਨ ਡਾ: ਜੋਗਿੰਦਰ ਦਿਆਲ ਦੇ ਨਜ਼ਦੀਕੀ ਸਾਥੀ ਸਨ, ਦੇ ਪ੍ਰਧਾਨ ਹੋਣ ਦੇ ਨਾਤੇ ਉਨ੍ਹਾਂ ਨੇ ਸੰਗਠਨ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਇਆ। ਡਾ: ਅਰੁਣ ਮਿੱਤਰਾ ਨੇ ਕਿਹਾ ਕਿ ਮੈਂ ਨੇੜਲਿਆਂ ਤੇ ਪਿਆਰਿਆਂ ਦੀ ਤਰਫੋਂ ਦਿਲੀ ਸੰਵੇਦਨਾ ਪ੍ਰਗਟ ਕਰਦਾ ਹਾਂ ਅਤੇ ਪਰਵਾਰ ਨੂੰ ਇਹ ਨਾ ਪੂਰਿਆ ਜਾ ਸਕਣ ਵਾਲਾ ਘਾਟਾ ਸਹਿਣ ਦੀ ਤਾਕਤ ਪ੍ਰਾਪਤ ਕਰਨ ਦੀ ਕਾਮਨਾ ਕਰਦਾ ਹਾਂ। ਡਾ: ਪਰਵੀਨ ਕੌਰ ਦੀ ਨਮਿੱਤ ਭੋਗ ਤੇ ਅੰਤਿਮ ਅਰਦਾਸ 27 ਅਕਤੂਬਰ ਨੂੰ ਜੰਮੂ ਵਿਖੇ ਹੋਵੇਗੀ।

## 30 ਗ੍ਰਾਮ ਹੈਰੋਇਨ ਸਮੇਤ 2 ਕਾਬੂ

**ਬਰੇਟਾ (ਰੀਤਵਾਲ)**-ਸਥਾਨਕ ਪੁਲਸ ਵੱਲੋਂ ਬੱਬਨਪੁਰ ਰੋਡ 'ਤੇ ਕੁਲਰੀਆਂ ਵਿਖੇ ਨਾਕਾਬੰਦੀ ਦੌਰਾਨ ਵੱਡੀ ਤਦਾਦ 'ਚ ਹੀਰੋਇਨ ਸਮੇਤ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਐੱਸ.ਐੱਚ.ਓ. ਬੂਟਾ ਸਿੰਘ ਨੇ ਦੱਸਿਆ ਕਿ ਨਾਕਾਬੰਦੀ ਦੌਰਾਨ ਐੱਸ.ਆਈ. ਭੁਪਿੰਦਰ ਸਿੰਘ ਨੇ ਕਰੋਲਾ ਕਾਰ ਨੂੰ ਰੋਕਣ ਦਾ ਇਸ਼ਾਰਾ ਕੀਤਾ ਤੇ ਉਸ ਤੋਂ ਤਲਾਸ਼ੀ ਦੌਰਾਨ ਸੁਰਿੰਦਰ ਸਿੰਘ ਤੇ ਪ੍ਰਿੰਸ ਕੁਮਾਰ ਵਾਸੀ ਰੱਤੀਆ ਕਾਰ ਸਵਾਰ ਤੋਂ 30 ਗ੍ਰਾਮ ਹੈਰੋਇਨ ਬਰਾਮਦ ਕਰਦਿਆਂ ਕਾਬੂ ਕਰ ਲਿਆ, ਜਿਨ੍ਹਾਂ ਖਿਲਾਫ ਐੱਨ.ਡੀ.ਪੀ.ਸੀ. ਐਕਟ ਅਧੀਨ ਮਾਮਲਾ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਪ੍ਰਾਪਤ ਕੀਤੀ ਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਐੱਸ ਜੀ ਪੀ ਸੀ ਚੋਣਾਂ ਵਾਸਤੇ ਮੈਦਾਨ 'ਚ ਉੱਤਰੇ ਅਕਾਲੀ ਜਰਨੈਲ

## ਸੱਕਾਂਵਾਲੀ ਤੇ ਬੱਲਮਗੜ੍ਹ ਪਰਵਾਰ ਦੇ ਘਰ ਪਹੁੰਚੇ ਰੋਜ਼ੀ ਬਰਕੰਦੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਹੋਣ ਵਾਲੀਆਂ ਚੋਣਾਂ ਦੇ ਸੰਬੰਧ 'ਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੇ ਜ਼ਮੀਨੀ ਪੱਧਰ 'ਤੇ ਤਿਆਰੀਆਂ ਆਰੰਭ ਕਰ ਦਿੱਤੀਆਂ ਹਨ। ਇਨ੍ਹਾਂ ਤਿਆਰੀਆਂ ਦੇ ਅੰਤਰਗਤ ਸ੍ਰੀ ਮੁਕਤਸਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁੱਖ ਸੇਵਾਦਾਰ ਤੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਸ਼ੁਰੂ ਕੀਤੀ ਗਈ ਤੇਜ਼-ਤਰਾਰ ਮੁਹਿੰਮ ਦੌਰਾਨ ਵੱਖ-ਵੱਖ ਥਾਈਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨਾਲ ਬੈਠਕਾਂ ਕੀਤੀਆਂ। ਚੋਣ ਅਭਿਆਨ ਤਹਿਤ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਹਰਮਨਜੀਤ ਸਿੰਘ ਸੱਕਾਂਵਾਲੀ ਤੇ ਪਰਮਿੰਦਰ ਸਿੰਘ ਪਾਸਾ ਸ਼ਾਮਲ ਹਨ, ਦੇ ਘਰਾਂ ਵਿੱਚ ਅਕਾਲੀ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ। ਮੁੱਖ ਸੇਵਾਦਾਰ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਇਸ ਦੌਰਾਨ ਆਖਿਆ ਕਿ ਅੱਜ ਪੂਰੀ ਦੁਨੀਆ ਨੂੰ ਸਿੱਖਾਂ ਦੀਆਂ ਬਣੀਆਂ ਕੁੱਲ ਵੋਟਾਂ ਦੀ ਗਿਣਤੀ ਹੀ ਸਾਰਥਿਕ ਰੂਪ 'ਚ ਪ੍ਰਭਾਵਤ ਕਰਨ ਦੇ ਨਾਲ-ਨਾਲ ਸਿੱਖਾਂ ਦੀ ਸ਼ਕਤੀ ਦਾ ਅਹਿਸਾਸ ਕਰਾ ਸਕਦੀ ਹੈ। ਇਸ ਵਾਸਤੇ ਹਰ ਸਿੱਖ ਨੂੰ ਐਸ.ਜੀ.ਪੀ.ਸੀ. ਦੀ ਵੋਟ ਬਣਵਾਉਣੀ ਚਾਹੀਦੀ ਹੈ।

# 67ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦਾ ਸ਼ਾਨਦਾਰ ਆਗਾਜ਼

## ਵਿਧਾਇਕ ਨਰੇਸ਼ ਕਟਾਰੀਆ ਤੇ ਚੇਅਰਮੈਨ ਚੰਦ ਸਿੰਘ ਗਿੱਲ ਵੱਲੋਂ ਰਸਮੀ ਉਦਘਾਟਨ



**ਜ਼ੀਰਾ (ਨਰਿੰਦਰ ਕੁਮਾਰ)**

ਸਕੂਲ ਵਿਦਿਆਰਥੀਆਂ ਵਿੱਚ ਨੈਸ਼ਨਲ ਪੱਧਰ ਦੀ ਖੇਡ ਭਾਵਨਾ ਪੈਦਾ ਕਰਨ ਦੇ ਮਕਸਦ ਨਾਲ ਸਿੱਖਿਆ ਵਿਭਾਗ ਵੱਲੋਂ 67ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਕਰਵਾਈਆਂ ਜਾ ਰਹੀਆਂ ਹਨ, ਜਿਸ ਤਹਿਤ ਜ਼ੀਰਾ ਵਿਖੇ ਲੜਕੀਆਂ ਦੇ ਉਮਰ ਗਰੁੱਪ 17 ਤੇ 19 ਸਾਲ ਦੇ ਬਾਕਸਿੰਗ ਮੁਕਾਬਲੇ ਕਰਵਾਏ ਜਾ ਰਹੇ ਹਨ, ਜਿਸ ਦਾ ਅੱਜ ਰਸਮੀ ਉਦਘਾਟਨ ਹਲਕਾ ਵਿਧਾਇਕ ਨਰੇਸ਼ ਕਟਾਰੀਆ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚੰਦ ਸਿੰਘ ਗਿੱਲ ਵੱਲੋਂ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫਸਰ ਚਮਕੌਰ ਸਿੰਘ ਸਰਾਂ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਗਟ ਸਿੰਘ ਬਰਾੜ ਤੇ ਜਗਦੀਸ਼ ਸਿੰਘ ਥਿੰਦ ਪ੍ਰਧਾਨ ਜ਼ਿਲ੍ਹਾ ਬਾਕਸਿੰਗ ਐਸੋਸੀਏਸ਼ਨ ਦੀ ਪ੍ਰਧਾਨਗੀ ਹੇਠ ਸਥਾਨਕ ਸਹੀਦ ਗੁਰਦਾਸ ਰਾਮ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਜ਼ੀਰਾ ਦੇ ਪ੍ਰਿੰਸੀਪਲ ਰਕੇਸ਼ ਸ਼ਰਮਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਦੇਖ-ਰੇਖ ਹੇਠ ਕਰਵਾਏ ਜਾ ਰਹੇ ਇਨ੍ਹਾਂ ਬਾਕਸਿੰਗ ਮੁਕਾਬਲਿਆਂ ਵਿੱਚ ਸਮੁੱਚੇ ਪੰਜਾਬ ਤੋਂ 250 ਦੇ ਕਰੀਬ ਉਮਰ ਵਰਗ 17 ਤੇ 19 ਸਾਲ ਲੜਕੀਆਂ ਪਹੁੰਚੀਆਂ ਹਨ, ਜਿਨ੍ਹਾਂ ਦੇ ਫਸਵੇਂ ਮੁਕਾਬਲੇ ਅਬਜ਼ਰਵਰ ਤਾਰਾ ਸਿੰਘ ਲੈਕਚਰਾਰ ਸੰਗਰੂਰ, ਰਜੇਸ਼ ਕੁਮਾਰ ਲੈਕਚਰਾਰ ਸੰਗਰੂਰ, ਮੈਡਮ ਲਕਸ਼ਮੀ ਲੈਕਚਰਾਰ ਜ਼ੀਰਾ, ਗੁਰਵਿੰਦਰ ਸਿੰਘ ਲੈਕਚਰਾਰ ਪਟਿਆਲਾ ਤੇ ਨਵਪ੍ਰੀਤ ਸਿੰਘ ਲੈਕਚਰਾਰ ਪਟਿਆਲਾ ਵੱਲੋਂ ਕਰਵਾਏ ਜਾ ਰਹੇ ਹਨ। ਇਨ੍ਹਾਂ ਖੇਡਾਂ ਦੇ ਰਸਮੀ ਅਗਾਜ਼ ਸੰਬੰਧੀ ਸਮਾਗਮ ਵਿੱਚ ਹਲਕਾ ਵਿਧਾਇਕ ਨਰੇਸ਼ ਕਟਾਰੀਆ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚੰਦ ਸਿੰਘ ਗਿੱਲ ਮੁੱਖ ਮਹਿਮਾਨ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਗਟ ਸਿੰਘ ਬਰਾੜ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ, ਜਿਨ੍ਹਾਂ ਵੱਲੋਂ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਨ ਉਪਰੰਤ ਖੇਡਾਂ ਦਾ ਰਸਮੀ ਉਦਘਾਟਨ ਕਰਦਿਆਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਉਪਰੰਤ ਖਿਡਾਰੀਆਂ ਵੱਲੋਂ ਮਾਰਚ ਪਾਸਟ ਕੀਤਾ ਗਿਆ। ਇਸ ਉਪਰੰਤ ਵਿਦਿਆਰਥਣਾਂ ਨੂੰ ਖੇਡਾਂ ਨੂੰ ਖੇਡ ਦੀ ਭਾਵਨਾ ਨਾਲ ਖੇਡਣ ਦੀ ਸਹੁੰ ਚੁਕਾਈ ਗਈ। ਇਸ ਮੌਕੇ ਇਕੱਤਰ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਸਕੂਲ ਪੱਧਰ ਤੋਂ ਖੇਡਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀ ਅਨੁਸ਼ਾਸਨ ਵਿੱਚ ਰਹਿ ਕੇ ਮਾਣਮੱਤੀਆਂ ਪ੍ਰਾਪਤੀਆਂ ਕਰਦੇ ਹਨ, ਜਿਸ ਨਾਲ ਪੰਜਾਬ ਤੇ ਪੰਜਾਬੀਆਂ ਦਾ ਸਿਰ ਉੱਚਾ ਹੁੰਦਾ ਹੈ। ਇਸ ਦੌਰਾਨ ਉਨ੍ਹਾਂ ਅੱਗੇ ਕਿਹਾ ਕਿ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਸਰਕਾਰ ਵੱਲੋਂ ਵੀ ਖਿਡਾਰੀਆਂ ਲਈ ਵੱਖਰੇ ਤੌਰ 'ਤੇ ਨੌਕਰੀਆਂ ਵਿੱਚ ਪ੍ਰਬੰਧ ਵੀ ਕੀਤਾ ਜਾ ਰਿਹਾ ਹੈ। ਇਸ ਮੌਕੇ ਸਮਾਗਮ ਵਿੱਚ ਉਨ੍ਹਾ ਨਾਲ ਹੋਰਨਾਂ ਤੋਂ ਇਲਾਵਾ ਧਰਮਪਾਲ ਚੁੱਘ ਸਾਬਕਾ ਪ੍ਰਧਾਨ ਨਗਰ ਕੌਂਸਲ ਜ਼ੀਰਾ, ਰਜੇਸ਼ ਢੰਡ ਪ੍ਰਧਾਨ ਪ੍ਰੈੱਸ ਕਲੱਬ ਜ਼ੀਰਾ, ਹਰਭਗਵਾਨ ਸਿੰਘ ਭੋਲਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਦਰਬਾਰਾ ਸਿੰਘ ਓ ਐੱਸ ਡੀ, ਮਾਸਟਰ ਨਰੇਸ਼ ਕੁਮਾਰ ਸਿਡਾਨਾ, ਅਨਿਲ ਬਜਾਜ ਤੇ ਮਹਿੰਦਰ ਪਾਲ ਗਰੋਵਰ ਰੋਟਰੀ ਕਲੱਬ ਜ਼ੀਰਾ, ਪ੍ਰਿੰਸੀਪਲ ਕਰਮਜੀਤ ਸਿੰਘ ਜੋਸਨ, ਸਤਿੰਦਰ ਸਚਦੇਵਾ, ਵਿਪਨ ਕੁਮਾਰ ਐੱਸ ਡੀ ਓ ਬਿਜਲੀ ਬੋਰਡ, ਸਬ-ਇੰਸਪੈਕਟਰ ਸੁਖਵਿੰਦਰ ਸਿੰਘ ਐੱਸ ਐੱਚ ਓ ਥਾਣਾ ਸਿਟੀ, ਸਤਿੰਦਰ ਸਚਦੇਵਾ ਕਨਵੀਨਰ ਐੱਨ ਜੀ ਓ ਕਮੇਟੀ, ਅਮਰਜੀਤ ਕੌਰ ਛਾਬੜਾ, ਮਾਸਟਰ ਗੁਰਪ੍ਰੀਤ ਸਿੰਘ ਜੱਜ, ਗੁਰਿੰਦਰ ਸਿੰਘ ਬਰਾੜ ਡੀ ਪੀ, ਪਰਮਜੀਤ ਸਿੰਘ ਡੀ ਪੀ, ਜੋਗਿੰਦਰ ਸਿੰਘ ਕੰਡਿਆਲ ਹਾਜ਼ਰ ਸਨ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਚਾਰ ਦਿਨ ਤੱਕ ਚੱਲਣ ਵਾਲੀਆਂ ਬਾਕਸਿੰਗ ਖੇਡਾਂ ਲਈ ਸਮੂਹ ਵਿਦਿਆਰਥੀਆਂ ਦੇ ਰਹਿਣ ਤੇ ਖਾਣੇ ਦਾ ਪ੍ਰਬੰਧ ਇਸੇ ਸਕੂਲ ਵਿੱਚ ਹੀ ਕੀਤਾ ਗਿਆ ਹੈ।

# ਆਈਸਕ੍ਰੀਮ ਦੇਣ 'ਚ ਦੇਰੀ ਹੋਣ 'ਤੇ ਚੱਲੀਆਂ ਗੋਲੀਆਂ

## ਔਰਤ ਸਮੇਤ ਦੋ ਜ਼ਖਮੀ, ਪੁਲਸ ਵੱਲੋਂ ਜਾਂਚ ਸ਼ੁਰੂ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੀ ਰਾਤ ਫ਼ਿਰੋਜ਼ਪੁਰ ਸ਼ਹਿਰ ਦੇ ਮੱਲਵਾਲ ਰੋਡ 'ਤੇ ਸਥਿਤ ਇੱਕ ਆਈਸਕ੍ਰੀਮ ਪਾਰਲਰ 'ਤੇ ਆਈਸਕ੍ਰੀਮ ਨੂੰ ਲੈ ਕੇ ਹੋਏ ਝਗੜੇ 'ਚ ਫਾਇਰਿੰਗ ਕੀਤੀ ਗਈ, ਜਿਸ ਵਿੱਚ ਇੱਕ ਔਰਤ ਸਮੇਤ ਦੋ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਫ਼ਿਰੋਜ਼ਪੁਰ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ ਅਤੇ ਇੱਕ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਲੁਧਿਆਣਾ ਦੇ ਹਸਪਤਾਲ ਰੈਫ਼ਰ ਕਰ ਦਿੱਤਾ ਗਿਆ ਹੈ।ਇਸ ਘਟਨਾ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ।ਜਾਣਕਾਰੀ ਮੁਤਾਬਕ ਮੱਲਵਾਲ ਰੋਡ 'ਤੇ ਸਥਿਤ ਆਈਸਕ੍ਰੀਮ ਪਾਰਲਰ 'ਚ ਇਕ ਗਾਹਕ ਆਪਣੇ ਪਰਿਵਾਰ ਨਾਲ ਆਈਸਕ੍ਰੀਮ ਖਾਣ ਲਈ ਆਇਆ ਸੀ ਅਤੇ ਉਸ ਨੇ ਆਈਸਕ੍ਰੀਮ ਦਾ ਆਰਡਰ ਦਿੱਤਾ, ਪਰ ਆਰਡਰ 15 ਮਿੰਟ ਦੀ ਦੇਰੀ ਨਾਲ ਮਿਲਿਆ, ਜਿਸ ਕਾਰਨ ਗੁੱਸੇ 'ਚ ਆਏ ਗਾਹਕ ਨੇ ਆਈਸਕ੍ਰੀਮ ਪਾਰਲਰ ਦੇ ਮਾਲਕ 'ਤੇ ਗੋਲੀਆਂ ਚਲਾ ਦਿੱਤੀਆਂ ਅਤੇ ਜਵਾਬ 'ਚ ਆਈਸਕ੍ਰੀਮ ਪਾਰਲਰ ਦੇ ਮਾਲਕ ਨੇ ਵੀ ਗਾਹਕ ਅਤੇ ਉਸ ਦੇ ਪਰਿਵਾਰ 'ਤੇ ਗੋਲੀਆਂ ਚਲਾ ਦਿੱਤੀਆਂ। ਇਸ ਘਟਨਾ 'ਚ ਗਾਹਕ ਦੀ ਪਤਨੀ ਨੂੰ ਗੋਲੀ ਲੱਗੀ ਅਤੇ ਦੋ ਹੋਰ ਲੋਕ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ।ਜਦੋਂ ਕਿ ਆਈਸਕ੍ਰੀਮ ਪਾਰਲਰ ਮਾਲਕ ਦੀ ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਉਸ ਨੂੰ ਲੁਧਿਆਣਾ ਰੈਫਰ ਕਰ ਦਿੱਤਾ ਗਿਆ ਹੈ।ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ ਅਤੇ ਮੌਕੇ ਤੋਂ ਦੋ ਪਿਸਤੌਲ ਵੀ ਬਰਾਮਦ ਕੀਤੇ।ਪੁਲਸ ਮਾਮਲੇ ਦੀ ਜਾਂਚ ਲਈ ਆਸ-ਪਾਸ ਦੇ ਸੀਸੀਟੀਵੀ ਫੁਟੇਜ ਨੂੰ ਵੀ ਸਕੈਨ ਕਰ ਰਹੀ ਹੈ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਖਾਂ ਦੇ ਕੈਂਪ 'ਚ ਕੀਤੀ 1500 ਮਰੀਜ਼ਾਂ ਦੀ ਜਾਂਚ

## ਚਿੱਟੇ ਮੋਤੀਏ ਦੇ 100 ਮਰੀਜ਼ਾਂ ਦੇ ਆਪ੍ਰੇਸ਼ਨ ਵੀ ਖੁਦ ਕਰਨਗੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕੈਬਨਿਟ ਮੰਤਰੀ ਬਣਨ ਦੇ ਬਾਵਜੂਦ ਬਤੌਰ ਡਾਕਟਰ ਮਨੁੱਖਤਾ ਦੀ ਸੇਵਾ ਜਾਰੀ ਰੱਖੀ ਹੋਈ ਹੈ। ਉਹ ਜਦੋਂ ਆਪਣੇ ਹਲਕੇ ਵਿੱਚ ਜਾਂਦੇ ਹਨ ਤਾਂ ਅਕਸਰ ਲੋਕਾਂ ਦੀਆਂ ਅੱਖਾਂ ਦੀ ਜਾਂਚ ਕਰਦੇ ਵਿਖਾਈ ਦਿੰਦੇ ਹਨ। ਅੱਜ ਵੀ ਉਨ੍ਹਾਂ ਨੇ ਇੱਥੇ ਸੰਕਲਪ ਐਜੂਕੇਸ਼ਨ ਵੈੱਲਫੇਅਰ ਸੁਸਾਇਟੀ ਤੇ ਰਬਾਬ ਐਜੂਕੇਸ਼ਨ ਵੈੱਲਫੇਅਰ ਸੁਸਾਇਟੀ ਦੁਆਰਾ ਲਗਾਏ ਅੱਖਾਂ ਦੇ ਮੁਫਤ ਜਾਂਚ ਤੇ ਚਿੱਟੇ ਮੋਤੀਏ ਦੇ ਆਪ੍ਰੇਸ਼ਨ ਕੈਂਪ ਵਿੱਚ ਬਤੌਰ ਡਾਕਟਰ ਸਾਰਾ ਦਿਨ ਸੇਵਾਵਾਂ ਦਿੱਤੀਆਂ। ਇਹ ਕੈਂਪ ਧਾਲੀਵਾਲ ਬੱਚਿਆਂ ਦੇ ਹਸਪਤਾਲ ਵਿੱਚ ਡਾ. ਬਲਜੀਤ ਆਈ ਕੇਅਰ ਸੈਂਟਰ ਵਿੱਚ ਲਗਾਇਆ ਗਿਆ।

ਇਸ ਕੈਂਪ ਵਿੱਚ ਡਾ. ਬਲਜੀਤ ਕੌਰ ਨੇ ਖੁਦ 1500 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਇਨ੍ਹਾਂ ਵਿੱਚੋਂ 700 ਮਰੀਜ਼ਾਂ ਨੂੰ ਨਜ਼ਰ ਦੀਆਂ ਐਨਕਾਂ ਵੰਡੀਆਂ ਗਈਆਂ ਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਚਿੱਟੇ ਮੋਤੀਏ ਦੇ 100 ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ ਹੈ, ਜਿਨ੍ਹਾਂ ਦੇ ਆਪ੍ਰੇਸ਼ਨ ਵੀ ਕੈਬਨਿਟ ਮੰਤਰੀ ਖੁਦ ਕਰਨਗੇ। ਇਸ ਮੌਕੇ ਕੈਂਪ ਦੌਰਾਨ ਆਏ ਹੋਏ ਮਰੀਜ਼ਾਂ ਲਈ ਅਤੁੱਟ ਗੁਰੂ ਕਾ ਲੰਗਰ ਲਗਾਇਆ ਗਿਆ ਤੇ 52 ਵਲੰਟੀਅਰਜ਼ ਵੱਲੋਂ ਸੇਵਾ ਕੀਤੀ ਗਈ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਕੈਂਪ ਲਗਾਇਆ ਗਿਆ ਹੈ।

# ਡੋਲਕਿਤਾ ਨੇ 5 ਮਿੰਟ 1 ਸੈਕਿੰਡ 'ਚ ਸਵਾਲਾਂ ਦੇ ਉੱਤਰ ਦੇ ਕੇ ਬਣਾਇਆ ਰਿਕਾਰਡ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਚੈਂਪੀਅਨਜ਼ ਵਰਲਡ ਵੱਲੋਂ ਕਰਾਏ ਨੈਸ਼ਨਲ ਅਬੈਕਸ ਮੁਕਾਬਲੇ 'ਚ ਸ਼ਹਿਰ ਦੀ ਵਿਦਿਆਰਥਣ ਡੋਲਕਿਤਾ ਵੱਲੋਂ 5 ਮਿੰਟ 1 ਸੈਕੰਡ ਵਿੱਚ 100 ਸਵਾਲਾਂ ਦੇ ਬਿਲਕੁਲ ਸਹੀ ਉੱਤਰ ਦੇ ਕੇ ਨਵਾਂ ਰਾਸ਼ਟਰੀ ਰਿਕਾਰਡ ਬਣਾਇਆ ਗਿਆ। ਇਸ ਮੁਕਾਬਲੇ ਵਿਚ ਜ਼ਿਲ੍ਹਾ ਬਠਿੰਡਾ ਦੇ ਵਿਦਿਆਰਥੀਆਂ ਦੀ ਚੜ੍ਹਤ ਰਹੀ ਤੇ ਉਨ੍ਹਾਂ ਨੇ ਰਾਸ਼ਟਰੀ ਪੱਧਰ 'ਤੇ 5 ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ। ਚੈਂਪੀਅਨਜ਼ ਵਰਲਡ ਦੇ ਸੰਜੀਵ ਕੁਮਾਰ ਨੇ ਦੱਸਿਆ ਕਿ ਇਸ ਅਬੈਕਸ ਮੁਕਾਬਲੇ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ, ਜੰਮੂ ਕਸ਼ਮੀਰ, ਉੱਤਰ ਪ੍ਰਦੇਸ਼, ਕੇਰਲਾ, ਨਵੀਂ ਦਿੱਲੀ, ਉੱਤਰਾਖੰਡ, ਤਾਮਿਲਨਾਡੂ, ਮਹਾਂਰਾਸ਼ਟਰ, ਮੱਧ ਪ੍ਰਦੇਸ਼, ਰਾਜਸਥਾਨ ਤੇ ਗੁਜਰਾਤ ਆਦਿ ਦੇ 16000 ਵਿਦਿਆਰਥੀਆਂ ਨੇ ਹਿੱਸਾ ਲਿਆ ਸੀ।

ਸ਼ਾਰਪ ਬ੍ਰੇਨਸ ਏਜੂਕੇਸ਼ਨ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਪ੍ਰਤੀਯੋਗਿਤਾ ਵਿੱਚ ਜ਼ਿਲ੍ਹੇ ਬਠਿੰਡਾ ਦੇ ਨਤੀਜੇ ਦੀ ਜਾਣਕਾਰੀ ਦਿੰਦੇ ਦੱਸਿਆ ਕਿ 5 ਜੇਤੂ ਵਿਦਿਆਰਥੀਆਂ ਵਿੱਚੋਂ 4 ਸੇਂਟ ਜੇਵੀਅਰ ਸਕੂਲ ਰਾਮਪੁਰਾ ਫੂਲ ਦੇ ਹਨ। ਡੋਲਕਿਤਾ ਸਪੁੱਤਰੀ ਅਰੁਣ ਕੁਮਾਰ ਨੇ ਪਹਿਲੀ ਟਰਮ ਦੀ (ਬੀ) ਕੈਟਾਗਿਰੀ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਉਸ ਨੇ ਪ੍ਰਤੀਯੋਗਤਾ ਦੌਰਾਨ 100 ਪ੍ਰਸ਼ਨਾਂ ਦੇ ਉੱਤਰ ਬਿਨਾਂ ਕਿਸੇ ਕੈਲਕੂਲੇਟਰ ਦੇ 5 ਮਿੰਟ 1 ਸੈਕੰਡ ਵਿੱਚ ਬਿਲਕੁਲ ਸਹੀ ਹੱਲ ਕਰ ਇਸ ਸਾਲ ਸਭ ਤੋਂ ਤੇਜ਼ ਸਪੀਡ ਨਾਲ ਪੇਪਰ ਹੱਲ ਕਰਨ ਦਾ ਨਵਾਂ ਨੈਸ਼ਨਲ ਰਿਕਾਰਡ ਵੀ ਬਣਾਇਆ ਹੈ। ਵਰਣਯੋਗ ਹੈ ਕਿ ਪਿਛਲੇ ਸਾਲ ਦਾ ਨੈਸ਼ਨਲ ਰਿਕਾਰਡ ਵੀ ਰਾਮਪੁਰਾ ਫੂਲ ਦੀ ਵਿਦਿਆਰਥਣ ਵਿਧੀ ਗਰਗ ਦੇ ਨਾਂਅ ਸੀ।

ਸੈਂਟ ਪਾਲ ਕਾਨਵੈਂਟ ਸਕੂਲ ਬਠਿੰਡਾ ਦੇ ਭਾਵੇਸ਼ ਗਰਗ ਸਪੁੱਤਰ ਸੁਰਿੰਦਰ ਪਾਲ ਨੇ ਪਹਿਲੀ ਟਰਮ (ਸੀ) ਕੈਟਾਗਿਰੀ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਸੇਂਟ ਜੇਵੀਅਰ ਸਕੂਲ ਰਾਮਪੁਰਾ ਦੇ ਭਾਵਿਕ ਸਿੰਗਲਾ ਸਪੁੱਤਰ ਜਿਤੇਸ਼ ਸਿੰਗਲਾ ਨੇ ਦੂਜੀ ਟਰਮ ਦੀ (ਸੀ) ਕੈਟਾਗਿਰੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਸਕੂਲ ਦੀ ਵਿਦਿਆਰਥਣ ਵਿਧੀ ਗਰਗ ਸਪੁੱਤਰੀ ਮਨਿੰਦਰ ਗਰਗ ਹਨੀ ਨੇ ਚੌਥੀ ਟਰਮ ਦੀ (ਸੀ) ਕੈਟਾਗਿਰੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਸੇਂਟ ਜੇਵੀਅਰ ਦੀ ਹੀ ਵਿਦਿਆਰਥਣ ਅਪੈਕਸ਼ਾ ਸਪੁੱਤਰੀ ਰੰਜੀਵ ਗੋਇਲ ਨੇ ਅੱਠਵੀਂ ਟਰਮ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ। ਮਿਲਕਫੈਡ ਪੰਜਾਬ ਦੇ ਐਮਡੀ ਡਾ. ਕਮਲ ਗਰਗ ਆਈਏਐਸ ਨੇ ਜੇਤੂ ਬੱਚਿਆਂ ਨੂੰ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਅਬੈਕਸ ਸਿੱਖਿਆ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਜਿੱਤ ਹਾਸਲ ਕਰਨ ਵਿੱਚ ਬਹੁਤ ਸਹਾਇਕ ਸਿੱਧ ਹੋਵੇਗੀ। ਉਨ੍ਹਾਂ ਬੱਚਿਆਂ ਨੂੰ ਬਿਨਾਂ ਕਾਪੀ ਪੈਂਸਲ ਤੋਂ ਵੱਡੇ-ਵੱਡੇ ਸਵਾਲ ਹੱਲ ਕਰਦੇ ਦੇਖ ਉਨ੍ਹਾਂ ਦੇ ਇਸ ਹੁਨਰ ਦੀ ਭਰਪੂਰ ਪ੍ਰਸੰਸਾ ਵੀ ਕੀਤੀ । ਸ਼ਾਰਪ ਬ੍ਰੇਨਸ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਜ਼ਿਲ੍ਹੇ ਦੇ ਉਪਰੋਕਤ 5 ਵਿਦਿਆਰਥੀਆਂ ਨੂੰ 2100-2100 ਰੁਪਏ ਦਾ ਵਿਸ਼ੇਸ਼ ਨਕਦ ਇਨਾਮ ਵੀ ਇਸ ਮੌਕੇ ਦਿੱਤਾ। ਸਮਾਗਮ ਦੌਰਾਨ ਹੋਰਾਂ ਤੋਂ ਇਲਾਵਾ ਭਾਜਪਾ ਦੇ ਜ਼ਿਲ੍ਹਾ ਮੁਹਾਲੀ ਪ੍ਰਧਾਨ ਸੰਜੀਵ ਵਸ਼ਿਸ਼ਟ, ਰਵਿੰਦਰ ਪਠਾਨੀਆ, ਨਿਧੀ ਗਰਗ, ਪੂਜਾ ਗੋਇਲ, ਨਿਲਮ ਗਰਗ ਤੇ ਜੇਤੂ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

# ਵਿਧਾਇਕ ਪਰਾਸ਼ਰ ਨੇ ਸੜਕਾਂ ਦੇ ਬੁਨਿਆਦੀ ਢਾਂਚੇ ਤੇ ਪਾਰਕਾਂ ਨੂੰ ਅੱਪਗ੍ਰੇਡ ਕਰਨ ਦੇ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ



**ਲੁਧਿਆਣਾ (ਰਾਜ ਸਿੰਗਲਾ)** : ਹਲਕੇ ਵਿੱਚ ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਤੇ ਪਾਰਕਾਂ ਨੂੰ ਵਿਕਸਤ ਕਰਨ ਲਈ ਕੰਮ ਕਰਦੇ ਹੋਏ ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਬੁੱਧਵਾਰ ਨੂੰ ਕੇਂਦਰੀ ਹਲਕੇ ਦੇ ਵੱਖ-ਵੱਖ ਹਿੱਸਿਆਂ ਵਿੱਚ ਕਰੀਬ 6.47 ਕਰੋੜ ਰੁਪਏ ਦੇ ਇੱਕ ਦਰਜਨ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ। ਇਨ੍ਹਾਂ ਪ੍ਰਾਜੈਕਟਾਂ ਵਿੱਚ ਰੜੀ ਮੁੱਹਲਾ (ਵਾਰਡ ਨੰਬਰ 62) ਦੀਆਂ ਗਲੀਆਂ ਨੂੰ ਮੁੜ ਬਣਾਉਣ, ਵਾਰਡ ਨੰਬਰ 58, 59, 60 ਤੇ 61 ਦੇ ਵੱਖ-ਵੱਖ ਇਲਾਕਿਆਂ ਦੀਆਂ ਗਲੀਆਂ, ਤਿਲਕ ਨਗਰ (ਵਾਰਡ ਨੰਬਰ 56) ਦੀਆਂ ਗਲੀਆਂ, ਮੋਹਰ ਸਿੰਘ ਨਗਰ (ਵਾਰਡ ਨੰਬਰ 54) ਦੀਆਂ ਗਲੀਆਂ ਤੇ ਵਾਰਡ ਨੰਬਰ 61 ਵਿੱਚ ਵੱਖ-ਵੱਖ ਇਲਾਕਿਆਂ ਦੀਆਂ ਗਲੀਆਂ ਨੂੰ ਮੁੜ ਬਣਾਉਣ ਦੇ ਪ੍ਰਜੈਕਟ ਸ਼ਾਮਲ ਹਨ।

ਵਿਧਾਇਕ ਪਰਾਸ਼ਰ ਨੇ ਨਯਾ ਮੁਹੱਲਾ, ਬਰਾਊਨ ਰੋਡ ਤੇ ਮੋਚਪੁਰਾ ਇਲਾਕੇ (ਵਾਰਡ ਨੰਬਰ 62) ਦੀਆਂ ਲਿੰਕ ਗਲੀਆਂ, ਕਿਲ੍ਹਾ ਮੁਹੱਲਾ (ਵਾਰਡ ਨੰਬਰ 59) ਦੀਆਂ ਗਲੀਆਂ, ਕਪੂਰ ਹਸਪਤਾਲ ਰੋਡ 'ਤੇ ਸਾਈਡ ਬਰਮ ਲਗਾਉਣ ਦੇ ਕੰਮ (ਵਾਰਡ ਨੰਬਰ 59), ਬਾਬਾ ਥਾਨ ਸਿੰਘ ਚੌਕ (ਵਾਰਡ ਨੰਬਰ 54 ਤੇ 56) ਤੋਂ ਸ਼ਗੁਨ ਪੈਲੇਸ ਨੂੰ ਜਾਂਦੀ ਮੁੱਖ ਸੜਕ ਦੀ ਮੁੜ ਉਸਾਰੀ ਤੇ ਵਾਰਡ ਨੰਬਰ 59 ਦੇ ਵੱਖ-ਵੱਖ ਇਲਾਕਿਆਂ ਵਿੱਚ ਗਲੀਆਂ ਦੇ ਪੁਨਰ ਨਿਰਮਾਣ ਲਈ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕੀਤੀ। ਡਵੀਜ਼ਨ ਨੰਬਰ 3 ਪੁਲਸ ਸਟੇਸ਼ਨ (ਵਾਰਡ ਨੰਬਰ 62) ਨੇੜੇ ਹਾਤਾ ਸ਼ੇਰ ਗੰਜ 'ਚ ਪਾਰਕ, ਮੋਹਰ ਸਿੰਘ ਨਗਰ ਪਾਰਕ, ਹਰਗੋਬਿੰਦ ਮਾਰਗ ਪਾਰਕ ਤੇ ਸਿਵਲ ਹਸਪਤਾਲ ਨੇੜੇ ਚਿਲਡਰਨ ਪਾਰਕ ਨੂੰ ਅੱਪਗ੍ਰੇਡ ਕਰਨ ਲਈ ਵੀ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਵਿਧਾਇਕ ਪਰਾਸ਼ਰ ਨੇ ਦੱਸਿਆ ਕਿ ਲੁਧਿਆਣਾ ਕੇਂਦਰੀ ਹਲਕੇ ਵਿੱਚ ਬੁੱਧਵਾਰ ਨੂੰ ਕਰੀਬ 6.47 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਜਾਵੇਗਾ। ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਭਰ ਵਿੱਚ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕਰਨ ਲਈ ਕੰਮ ਕਰ ਰਹੀ ਹੈ। ਉਨ੍ਹਾਂ ਠੇਕੇਦਾਰਾਂ ਤੇ ਸਬੰਧਤ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਕੋਈ ਗੜਬੜੀ ਪਾਈ ਗਈ ਤਾਂ ਉਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

27-OCT-PAGE-7-advt.qxd 10/26/2023 10:11 PM Page 1



# ਇਸਤਰੀ ਅਕਾਲੀ ਦਲ ਨੇ ਬੀਦੋਵਾਲੀ 'ਚ ਫੂਕਿਆ ਸਿੱਖਿਆ ਮੰਤਰੀ ਦਾ ਪੁਤਲਾ



**ਲੰਬੀ (ਸ਼ਮਿੰਦਰਪਾਲ/ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਵੱਲੋਂ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਰਹਿਨੁਮਾਈ ਹੇਠ ਪਿੰਡ ਬੀਦੋਵਾਲੀ ਵਿਖੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਬੈਂਸ ਦਾ ਪੁਤਲਾ ਫੂਕਿਆ ਗਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਔਰਤਾਂ ਨੇ ਮੰਗ ਕੀਤੀ ਕਿ ਸਹਾਇਕ ਪ੍ਰੋਫੈਸਰ ਬਲਵਿੰਦਰ ਕੌਰ ਦੀ ਮੌਤ ਲਈ ਜ਼ਿੰਮੇਵਾਰ ਸਿੱਖਿਆ ਮੰਤਰੀ ਹਰਜੋਤ ਸਿੰਘ ਖਿਲਾਫ ਕਾਰਵਾਈ ਕੀਤੀ ਜਾਵੇ ਤੇ ਉਸ ਕੋਲੋਂ ਅਸਤੀਫਾ ਲਿਆ ਜਾਵੇ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ ਤੇ ਹਰ ਵਰਗ ਦੇ ਲੋਕ ਨਿਰਾਸ਼ ਹਨ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਨੂੰ ਖਤਮ ਕਰਨ ਦਾ ਤੇ ਨੌਕਰੀਆਂ ਦੇਣ ਦਾ ਡਰਾਮਾ ਹੀ ਕੀਤਾ ਜਾ ਰਿਹਾ ਹੈ, ਜਦੋਂਕਿ ਬੇਰੁਜ਼ਗਾਰ ਆਤਮ ਹੱਤਿਆਵਾਂ ਕਰ ਰਹੇ ਹਨ। ਇਸ ਮੌਕੇ ਕੁਲਵਿੰਦਰ ਕੌਰ, ਨਸੀਬ ਕੌਰ, ਰਾਣੀ ਕੌਰ ਤੇ ਗੁਰਮੀਤ ਕੌਰ ਆਦਿ ਆਗੂ ਮੌਜੂਦ ਸਨ।

# ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਖ਼ੂਨਦਾਨ ਕੈਂਪ ਲਾਇਆ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਐਨ.ਐਸ.ਐਸ ਯੂਨਿਟ ਵੱਲੋਂ ਰੈੱਡ ਕਰਾਸ ਤੇ ਸੇਂਟ ਜੌਹਨ ਐਂਬੂਲੈਂਸ ਬਠਿੰਡਾ ਦੇ ਸਹਿਯੋਗ ਨਾਲ ਬਲੱਡ ਬੈਂਕ, ਸਿਵਲ ਹਸਪਤਾਲ, ਬਠਿੰਡਾ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਕੈਂਪ ਦਾ ਉਦੇਸ਼ ਉਨ੍ਹਾਂ ਲੋਕਾਂ ਦੀ ਜ਼ਿੰਦਗੀ ਬਚਾਉਣਾ ਸੀ, ਜਿਨ੍ਹਾਂ ਨੂੰ ਅਸਲ ਵਿੱਚ ਖ਼ੂਨ ਦੀ ਜ਼ਰੂਰਤ ਹੈ। ਇਸ ਲਈ ਕਾਲਜ ਦੇ ਵਿਦਿਆਰਥੀਆਂ ਦੇ ਨਾਲ-ਨਾਲ ਐਨ.ਐਸ. ਐਸ. ਵਲੰਟੀਅਰ ਬਹੁਤ ਹੀ ਉਤਸ਼ਾਹ ਨਾਲ ਖ਼ੂਨਦਾਨ ਕਰਨ ਲਈ ਅੱਗੇ ਆਏ। ਇਸ ਗਤੀਵਿਧੀ ਵਿੱਚ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ 55 ਵਿਦਿਆਰਥੀਆਂ ਨੇ ਭਾਗ ਲਿਆ। ਸਵੈਇੱਛਕ ਖ਼ੂਨਦਾਨ ਬਹੁਤ ਹੀ ਸਮਾਜਿਕ ਮਹੱਤਵ ਵਾਲੀ ਗਤੀਵਿਧੀ ਹੈ, ਇਸ ਲਈ ਵਿਦਿਆਰਥੀਆਂ ਤੇ ਐਨ.ਐਸ. ਐਸ. ਵਲੰਟੀਅਰਾਂ ਵਿੱਚ ਸਮਾਜ ਪ੍ਰਤੀ ਚਿੰਤਾ ਅਤੇ ਹਮਦਰਦੀ ਪੈਦਾ ਕਰਨ ਲਈ 'ਖ਼ੂਨਦਾਨ ਕਰੋ ਅਤੇ ਜੀਵਨ ਬਚਾਓ' ਦੇ ਥੀਮ ਤਹਿਤ ਇਹ ਇੱਕ ਰੋਜ਼ਾ ਖ਼ੂਨਦਾਨ ਕੈਂਪ ਲਾਇਆ ਗਿਆ। ਬਲੱਡ ਬੈਂਕ, ਸਿਵਲ ਹਸਪਤਾਲ, ਬਠਿੰਡਾ ਦੇ ਸਟਾਫ਼ ਨੇ ਐਨ.ਐਸ.ਐਸ. ਟੀਮ ਦਾ ਨਿੱਘਾ ਸਵਾਗਤ ਕੀਤਾ। ਇਹ ਖ਼ੂਨਦਾਨ ਕੈਂਪ ਬਹੁਤ ਸਫ਼ਲ ਰਿਹਾ ਤੇ ਬਲੱਡ ਬੈਂਕ, ਸਿਵਲ ਹਸਪਤਾਲ, ਬਠਿੰਡਾ ਵਿਖੇ ਬਲੱਡ ਟਰਾਂਸਫਿਊਜ਼ਨ ਅਫ਼ਸਰ ਡਾ. ਗੂੰਜਨ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਸਾਰੇ ਖ਼ੂਨਦਾਨੀਆਂ ਦੀ ਪ੍ਰਸੰਸਾ ਕੀਤੀ ਤੇ ਸਮਾਜਿਕ ਕਾਰਜਾਂ ਵਿੱਚ ਹੋਰ ਵਧੇਰੇ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਇਸ ਖ਼ੂਨਦਾਨ ਗਤੀਵਿਧੀ ਲਈ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਨ ਅਤੇ ਪ੍ਰੇਰਿਤ ਕਰਨ ਲਈ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਨੂੰ ਪ੍ਰਸੰਸਾ ਪੱਤਰ ਵੀ ਦਿੱਤਾ। ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਐਨ.ਐਸ.ਐਸ. ਕੋਆਰਡੀਨੇਟਰ ਸ੍ਰੀ ਸਾਹਿਲ ਸਿਡਾਨਾ ਨੇ ਬਲੱਡ ਬੈਂਕ, ਸਿਵਲ ਹਸਪਤਾਲ, ਬਠਿੰਡਾ ਦੀ ਡਾ. ਗੂੰਜਨ ਤੇ ਸਟਾਫ਼ ਦਾ ਵਿਦਿਆਰਥੀਆਂ ਦੀ ਖ਼ੂਨਦਾਨ ਵਿੱਚ ਸਹਾਇਤਾ ਕਰਨ ਤੇ ਉਨ੍ਹਾਂ ਨੂੰ ਪ੍ਰੇਰਿਤ ਕਰਨ ਲਈ ਧੰਨਵਾਦ ਕੀਤਾ। ਸਾਰੇ ਵਿਦਿਆਰਥੀਆਂ ਨੇ ਇਸ ਗਤੀਵਿਧੀ ਤੋਂ ਹੋਰ ਸਿੱਖਣ ਦਾ ਅਨੰਦ ਮਾਣਿਆ। ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਾਈਸ ਪ੍ਰਿੰਸੀਪਲ ਡਾ. ਸਚਿਨ ਦੇਵ ਨੇ ਐਨ.ਐਸ. ਐਸ. ਯੂਨਿਟ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਬਾਬਾ ਲਖਮੀਰ ਦੀ ਸਮਾਧ 'ਤੇ ਸਾਲਾਨਾ ਭੰਡਾਰਾ

**ਭੀਖੀ (ਧਰਮਵੀਰ ਸ਼ਰਮਾ)**-ਪਿੰਡ ਸਮਾਉਂ ਵਿਖੇ ਸਿੱਧ ਬਾਬਾ ਲਖਮੀਰ ਦਾਸ ਜੀ ਦੀ ਸਮਾਧ 'ਤੇ ਸਮੂਹ ਸਿੰਗਲਾ ਪਰਵਾਰ ਵੱਲੋਂ ਵਿਸ਼ਾਲ ਭੰਡਾਰਾ ਲਾਇਆ ਗਿਆ। ਇਸ ਮੌਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਉਪਰੰਤ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਸਿੱਧ ਬਾਬਾ ਲਖਮੀਰ ਦਾਸ ਜੀ ਦੀ ਸਮਾਧੀ ਅੱਗੇ ਨਤਮਸਤਕ ਹੋਏ ਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਹਾਜ਼ਰ ਆਗੂਆਂ ਨੇ ਕਿਹਾ ਕਿ ਸਾਨੂੰ ਸਿੱਧ ਬਾਬਾ ਲਖਮੀਰ ਦਾਸ ਦੇ ਇਸ ਅਸਥਾਨ 'ਤੇ ਆ ਕੇ ਦਿਲੀ ਸਕੂਨ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਅਪ੍ਰੈਲ ਮਹੀਨੇ ਦੌਰਾਨ ਵਿਸਾਖੀ ਨੂੰ ਉਨ੍ਹਾਂ ਦੇ ਅਸਥਾਨ ਹਿਮਾਚਲ ਪ੍ਰਦੇਸ਼ ਵਿਖੇ ਵੀ ਭਾਰੀ ਮੇਲਾ ਲੱਗਦਾ ਹੈ। ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਮਹੰਤ ਸਤਨਾਮ ਦਾਸ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਵਿਨੋਦ ਸਿੰਗਲਾ, ਸੰਜੀਵ ਸਿੰਗਲਾ ਵਧਾਵੇ ਕੇ, ਕਾਂਗਰਸੀ ਆਗੂ ਚੁਸਪਿੰਦਰਵੀਰ ਚਹਿਲ, ਐਡ. ਵਰਿੰਦਰ ਸਿੰਗਲਾ ਬਿੱਟੂ, ਜੀਵਨ ਸਿੰਗਲਾ, ਮਨਦੀਪ ਸਿੰਗਲਾ, ਸੰਜੇ ਸਿੰਗਲਾ, ਦੀਨਾ ਨਾਥ ਸਿੰਗਲਾ, ਮੱਖਣ ਸਿੰਗਲਾ, ਜੱਸੀ ਸਿੰਗਲਾ, ਰਾਜੂ ਸਿੰਗਲਾ ਤੇ ਸਿੰਗਲਾ ਭਾਈਚਾਰੇ ਦੇ ਲੋਕਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸਨ।



# ਮੁਹਾਲੀ ਰੈਲੀ 'ਚ 4 ਸੌ ਵੱਧ ਸਾਥੀ ਪੁੱਜਣਗੇ : ਸੁਖਦੇਵ ਸ਼ਰਮਾ



**ਸੰਗਰੂਰ (ਪ੍ਰਵੀਨ ਸਿੰਘ)**-ਸੁਤੰਤਰ ਭਵਨ ਵਿਖੇ ਏਟਕ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਸਾਥੀ ਪਰਦੀਪ ਚੀਮਾ ਦੀ ਪ੍ਰਧਾਨਗੀ ਹੇਠ ਹੋਈ। ਇਸ ਬਾਰੇ ਜਾਣਕਾਰੀ ਦਿੰਦਿਆਂ ਸੁਖਦੇਵ ਸ਼ਰਮਾ ਨੇ ਦੱਸਿਆ ਕਿ 3 ਨਵੰਬਰ 2023 ਨੂੰ 8 ਬੱਸ ਅਤੇ ਮਿੰਨੀ ਬੱਸਾਂ ਰਾਹੀਂ 400 ਤੋਂ ਵੱਧ ਸਾਥੀ ਮੁਹਾਲੀ ਪਹੁੰਚਣਗੇ। ਰੈਲੀ ਦੀਆਂ ਮੁੱਖ ਮੰਗਾਂ ਘੱਟੋ ਘੱਟ ਉਜ਼ਰਤਾਂ ਵਿੱਚ ਸੋਧ ਤੇ 8 ਘੰਟੇ ਤੋਂ 12 ਘੰਟੇ ਦੀ ਦਿਹਾੜੀ ਦੀ ਨਿਰਦਈ ਸੋਧ ਦੇ ਖਿਲਾਫ ਅਤੇ ਉਸਾਰੀ ਕਾਮਿਆਂ ਦੀਆਂ ਮੰਗਾਂ ਤੋਂ ਬਿਨਾਂ ਕੱਚੇ ਕਾਮਿਆਂ ਨੂੰ ਪੱਕੇ ਕਰਨਾ ਸ਼ਾਮਲ ਹਨ। ਏਟਕ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸੁਖਦੇਵ ਸ਼ਰਮਾ ਨੇ ਅਪੀਲ ਕੀਤੀ ਕਿ ਸਾਰੀਆਂ ਏਟਕ ਦੀਆਂ ਸਬੰਧਤ ਤੇ ਹਮਦਰਦ ਯੂਨੀਅਨਾਂ ਨੂੰ ਮੁਹਾਲੀ ਰੈਲੀ ਲਈ ਤਿਆਰੀ ਵਿੱਚ ਕੋਈ ਕਸਰ ਬਾਕੀ ਨਾ ਛੱਡਣ।

## ਦੁਰਗਾ ਕੰਜਕ ਪੂਜਨ ਕੀਤਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਦੁਰਗਾ ਅਸ਼ਟਮੀ ਮੌਕੇ ਸੇਵਾ ਭਾਰਤੀ ਰਾਮਪੁਰਾ ਫੂਲ ਵੱਲੋਂ ਸਥਾਨਕ ਜੈ ਸ਼ਿਵ ਸ਼ਕਤੀ ਮੰਦਰ ਵਿੱਚ ਦੁਰਗਾ ਕੰਜਕ ਪੂਜਨ ਕੀਤਾ ਗਿਆ। ਇਸ ਮੌਕੇ ਸ੍ਰਪਰਸਤ ਲਛਮਣ ਦਾਸ ਗੋਇਲ, ਚੇਅਰਮੈਨ ਰਕੇਸ਼ ਕੁਮਾਰ ਸਿੰਗਲਾ, ਚੇਅਰਮੈਨ ਰਾਜੀਵ ਕੁਮਾਰ, ਪ੍ਰਧਾਨ ਰਮੇਸ਼ ਕੁਮਾਰ ਗੋਇਲ, ਵਾਈਸ ਪ੍ਰਧਾਨ ਸੁਰਿੰਦਰ ਗਰਗ, ਸੰਜੀਵ ਕੁਮਾਰ ਨੇ ਕੰਜਕ ਪੂਜਨ ਕੀਤਾ ਤੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਹੇਮਕੁੰਟ ਸਕੂਲ ਦੇ ਐਨ ਐੱਸ ਐੱਸ ਵਲੰਟੀਅਰਜ਼ ਨੇ ਲਾਇਆ ਇੱਕ ਰੋਜ਼ਾ ਕੈਂਪ

**ਕੋਟ ਈਸੇ ਖਾਂ (ਅਰੋੜਾ)**-ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ ਦੀ ਯੋਗ ਅਗਵਾਈ ਹੇਠ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ-ਈਸੇ-ਖਾਂ ਦੇ 50 ਵਲੰਟੀਅਰਜ਼ ਨੇ ਗੁਰੂਦੁਆਰਾ 'ਨਾਨਕਸਰ ਮਸੀਤਾ' ਵਿਖੇ ਇਕਰੋਜ਼ਾ ਕੈਂਪ ਲਾਇਆ। ਵਲੰਟੀਅਰਜ਼ ਨੇ ਗੁਰਦੁਆਰਾ ਨਾਨਕਸਰ ਮਸੀਤਾਂ ਦੀ ਸਫ਼ਾਈ ਕੀਤੀ। ਇਸ ਉਪਰੰਤ ਵਲੰਟੀਅਰਜ਼ ਨੂੰ ਜਲ-ਪਾਣੀ ਵੀ ਛਕਾਇਆ ਗਿਆ। ਨਾਨਕਸਰ ਮਸੀਤਾਂ ਵਾਲੇ ਮਹਾਂਪੁਰਸ਼ ਬਾਬਾ ਸ਼ੇਰ ਸਿੰਘ ਨੇ ਵਲੰਟੀਅਰਜ਼ ਨੂੰ ਆਸ਼ੀਰਵਾਦ ਦਿੰਦੇ ਹੋਏ ਪੜ੍ਹਾਈ ਵਿੱਚ ਰੁਚੀ ਲੈਣ ਲਈ ਪ੍ਰੇਰਿਤ ਕੀਤਾ। ਬਾਬਾ ਜੀ ਨੇ ਦੱਸਿਆ ਕਿ ਜਿੱਥੇ ਸਾਡੇ ਜੀਵਨ ਵਿੱਚ ਪੜ੍ਹਾਈ ਜ਼ਰੂਰੀ ਹੈ, ਉਸ ਦੇ ਨਾਲ ਨਾਲ ਗੁਰਬਾਣੀ ਨੂੰ ਪੜ੍ਹਨਾ ਤੇ ਸੁਨਣਾ ਵੀ ਜ਼ਰੂਰੀ ਹੈ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੀ ਭਾਗ ਲੈਣ ਲਈ ਕਿਹਾ। ਕੈਂਪ ਵਿੱਚ ਵਲੰਟੀਅਰਜ਼ ਨੇ ਗੁਰੂਦੁਆਰਾ ਦੇ ਆਲੇ-ਦੁਆਲੇ ਦੀ ਸਫ਼ਾਈ ਕੀਤੀ। ਵਲੰਟੀਅਰਜ਼ ਦੁਆਰਾ ਕੀਤੇ ਕੰਮਾਂ ਦੀ ਪ੍ਰਿੰਸੀਪਲ, ਵਾਇਸ ਪ੍ਰਿੰਸੀਪਲ ਦੁਆਰਾ ਸ਼ਲਾਘਾ ਕੀਤੀ ਅਤੇ ਵਲੰਟੀਅਰਜ਼ ਨੂੰ ਵਾਪਸੀ ਤੇ ਰਿਫਰੈਸ਼ਮੈਂਟ ਦਿੱਤੀ। ਇਹ ਸਾਰਾ ਪ੍ਰੋਗਰਾਮ ਅਫ਼ਸਰ ਅਮੀਰ ਸਿੰਘ ਤੇ ਸੁਰਿੰਦਰ ਕੌਰ ਦੀ ਯੋਗ ਅਗਵਾਈ ਅਧੀਨ ਹੋਇਆ।




## ਕਾਤਰਾਂ

### ਜਸਵਿੰਦਰ ਕਿਲੀ ਭਾਜਪਾ ਦਿਹਾਤੀ ਦਾ ਕਨਵੀਨਰ ਤੇ ਲੋਕ ਸਭਾ ਕੋਰ ਕਮੇਟੀ ਮੈਂਬਰ ਨਿਯੁਕਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਜਪਾ ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਕਿਲੀ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਦੇ ਮੱਦੇਨਜ਼ਰ ਭਾਜਪਾ ਹਾਈਕਮਾਂਡ ਵੱਲੋਂ ਭਾਜਪਾ ਫ਼ਿਰੋਜ਼ਪੁਰ ਦੇਹਾਤੀ ਦਾ ਕਨਵੀਨਰ ਤੇ ਲੋਕ ਸਭਾ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ, ਜਿਸ 'ਤੇ ਜਸਵਿੰਦਰ ਸਿੰਘ ਕਿੱਲੀ ਨੇ ਭਾਜਪਾ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਦਿਖਾਇਆ ਗਿਆ ਹੈ, ਉਸ 'ਤੇ ਉਹ ਖਰਾ ਉਤਰਨਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਹਰ ਘਰ ਤੱਕ ਪੁਚਾਉਣਗੇ, ਤਾਂ ਜੁ ਫ਼ਿਰੋਜ਼ਪੁਰ ਵਿੱਚ ਭਾਜਪਾ ਦੀ ਸਥਿਤੀ ਮਜਬੂਤ ਹੋ ਸਕੇ।

### ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਵੀਜਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰਲੇ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਨਾਮਵਾਰ ਸੰਸਥਾ ਇੰਗਲਿਸ਼ ਸਟੂਡੀਓ, ਜੋ ਕਿ ਵਿਦਿਆਰਥੀਆਂ ਨੂੰ ਆਇਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਅਤੇ ਚੰਗੇ ਬੈਂਡ ਦਿਵਾ ਕੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਵੀ ਉੱਚ ਸੇਵਾਵਾਂ ਪ੍ਰਦਾਨ ਕਰਵਾ ਰਹੀ ਹੈ, ਜਿਸ ਕਰਕੇ ਵਿਦਿਆਰਥੀ ਤੇ ਵਿਦੇਸ਼ ਘੁੰਮਣ ਜਾਣ ਦੇ ਚਾਹਵਾਨ ਲੋਕ ਆਏ ਦਿਨ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸੇ ਕੜੀ ਤਹਿਤ ਇਸ ਵਾਰ ਸੰਸਥਾ ਨੇ ਮਨਜੋਤ ਸਿੰਘ ਪੁੱਤਰ ਬੇਅੰਤ ਸਿੰਘ ਵਾਸੀ ਚੁਗਾਵਾਂ ਦਾ ਕੈਨੇਡਾ ਦਾ ਸਪਾਊਸ ਓਪਨ ਵਰਕਪਰਮਿਟ ਵੀਜ਼ਾ ਸਿਰਫ ਇੱਕ ਮਹੀਨੇ ਵਿੱਚ ਲਗਵਾ ਕੇ ਦਿੱਤਾ ਹੈ। ਇਸ ਮੌਕੇ ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਦੱਸਿਆ ਕਿ ਇੰਗਲਿਸ਼ ਸਟੂਡੀਓ ਸੰਸਥਾ ਕੈਨੇਡਾ ਜਾਣ ਵਾਲਿਆਂ ਦੇ ਲਗਾਤਾਰ ਸੁਪਨੇ ਸਾਕਾਰ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਨੇ ਕੈਨੇਡਾ ਸਪਾਊਸ ਓਪਨ ਵਰਕਪਰਮਿਟ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ।

### ਗੁਰਦੁਆਰਾ ਸਾਹਿਬ ਮੱਥਾ ਟੇਕਣ ਆਏ ਬਜ਼ੁਰਗ ਦੀ ਮੌਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਸਹਿਜੜਾ ਦੇ ਬਾਹਰਲਾ ਗੁਰਦੁਆਰਾ ਸਾਹਿਬ ਵਿਖੇ ਸ਼ਾਮ ਵੇਲੇ ਆਪਣੇ ਪੋਤਰੇ ਨਾਲ ਮੱਥਾ ਟੇਕਣ ਆਏ ਇੱਕ ਬਜ਼ੁਰਗ ਦੀ ਅਚਾਨਕ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਬਜ਼ੁਰਗ ਕਾਕਾ ਸਿੰਘ ਫੌਜੀ, ਜਦੋਂ ਸ਼ਾਮ ਵੇਲੇ ਆਪਣੇ ਨੌਜਵਾਨ ਪੋਤਰੇ ਨੂੰ ਨਾਲ ਲੈ ਕੇ ਬਾਹਰਲਾ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਆਇਆ ਤਾਂ ਪਰਿਕਰਮਾ ਕਰਨ ਉਪਰੰਤ ਜਦੋਂ ਉਹ ਆਪਣੇ ਪੋਤੇ ਨਾਲ ਤੁਰਨ ਲੱਗਾ ਤਾਂ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਉਸ ਦੀ ਉਥੇ ਹੀ ਮੌਤ ਹੋ ਗਈ।

### ਬਾਵਾ ਸਾਹਿਬ ਦੇ ਅਸਥਾਨ 'ਤੇ ਲਾਇਆ ਲੰਗਰ

**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਮਹਿਤਾ ਚੌਕ ਵਿਖੇ ਸਥਿਤ ਸਿੱਧ ਬਾਬਾ ਦਰਬਾਰ ਪੁਰੀ ਜੀ ਮਹਾਰਾਜ ਬਾਵਾ ਸਾਹਿਬ ਦੇ ਪਵਿੱਤਰ ਅਸਥਾਨ 'ਤੇ ਦੁਸਹਿਰੇ ਮੌਕੇ ਵਿਸ਼ਾਲ ਲੰਗਰ ਲਾਇਆ ਗਿਆ। ਇਸ ਮੌਕੇ ਸ਼੍ਰੀ ਰਮਾਇਣ ਦੇ ਅਖੰਡ ਪਾਠ ਦੀ ਪੂਜਾ ਕਰਾਉਣ ਦੀ ਰਸਮ ਮਨੋਜ ਕੁਮਾਰ ਮੌਜੀ ਨੇ ਪਰਵਾਰ ਸਮੇਤ ਕਰਵਾਈ। ਉਪਰੰਤ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੰਸਥਾ ਦੇ ਪ੍ਰਧਾਨ ਰਾਕੇਸ਼ ਕੁਮਾਰ ਕਾਲਾ, ਸਕੱਤਰ ਸੰਦੀਪ ਕੁਮਾਰ ਰਿੰਕੂ, ਖਜ਼ਾਨਚੀ ਰਮੇਸ਼ ਗਰਗ, ਰਾਜੀਵ ਮੋਬਾਇਲ ਤੋਂ ਇਲਾਵਾ ਸਮੂਹ ਸੰਗਤ ਹਾਜ਼ਰ ਸੀ।

# ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਪ੍ਰਤੀਯੋਗਤਾ ਅੱਜ ਤੋਂ

**ਸਮਰਾਲਾ (ਸੁਰਜੀਤ ਸਿੰਘ)**-ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਸਕੂਲੀ ਲੜਕੀਆਂ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 6 ਪ੍ਰਤੀਯੋਗਤਾਵਾਂ ਕਰਵਾਈਆਂ ਜਾ ਰਹੀਆਂ ਹਨ। ਟਰੱਸਟ ਦੇ ਚੇਅਰਮੈਨ ਡਾ: ਜੀਤ ਰਾਵਲ ਨੇ ਦੱਸਿਆ ਕਿ 27 ਅਕਤੂਬਰ ਨੂੰ ਸਮਰਿਤੀ ਪ੍ਰਤੀਯੋਗਤਾ ਕਰਵਾਈ ਜਾਵੇਗੀ। ਇਸ ਵਿੱਚ ਨੌਵੀਂ ਤੋਂ ਬਾਰਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ, 30 ਅਕਤੂਬਰ ਨੂੰ ਮਹਿੰਦੀ ਪ੍ਰਤੀਯੋਗਤਾ ਕਰਵਾਈ ਜਾਵੇਗ, ਜਿਸ 'ਚ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ, 31 ਅਕਤੂਬਰ ਨੂੰ ਕਵਿੱਜ਼ ਪ੍ਰਤੀਯੋਗਤਾ ਕਰਵਾਈ ਜਾਵੇਗੀ, ਜਿਸ 'ਚ ਨੌਵੀਂ ਤੋਂ ਬਾਰਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ, 1 ਨਵੰਬਰ ਨੂੰ ਡਰਾਇੰਗ ਤੇ ਪੇਂਟਿੰਗ ਪ੍ਰਤੀਯੋਗਤਾ ਕਰਵਾਈ ਜਾਵੇਗੀ, ਜਿਸ 'ਚ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ, 2 ਨਵੰਬਰ ਨੂੰ ਸੁਲੇਖ ਪ੍ਰਤੀਯੋਗਤਾ ਕਰਵਾਈ ਜਾਵੇਗੀ, ਜਿਸ 'ਚ ਛੇਵੀਂ ਤੋਂ ਦਸਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ। 9 ਨਵੰਬਰ ਨੂੰ ਰੰਗੋਲੀ ਪ੍ਰਤੀਯੋਗਤਾ ਕਰਵਾਈ ਜਾਵੇਗੀ, ਜਿਸ 'ਚ ਨੌਵੀਂ ਤੋਂ ਬਾਰਵੀਂ ਜਮਾਤ ਤੱਕ ਦੀਆਂ ਲੜਕੀਆਂ ਭਾਗ ਲੈ ਸਕਦੀਆਂ ਹਨ। ਹਰ ਇੱਕ ਪ੍ਰਤੀਯੋਗਤਾ 'ਚ ਇੱਕ ਸਕੂਲ ਤੋਂ 4 ਲੜਕੀਆਂ ਹੀ ਭਾਗ ਲੈ ਸਕਦੀਆਂ ਹਨ। ਇੱਕ ਪ੍ਰਤੀਯੋਗਤਾ 'ਚ ਭਾਗ ਲੈਣ ਵਾਲੀ ਲੜਕੀ ਹੋਰਨਾਂ ਪ੍ਰਤੀਯੋਗਤਾਵਾਂ 'ਚ ਭਾਗ ਨਹੀਂ ਲੈ ਸਕੇਗੀ। ਇਨ੍ਹਾਂ ਪ੍ਰਤੀਯੋਗਤਾਵਾਂ ਦਾ ਸਮਾਂ ਸਵੇਰੇ 11 ਵਜੇ ਹੀ ਹੋਵੇਗਾ। ਜੇਤੂਆਂ ਨੂੰ ਇਨਾਮ ਟਰੱਸਟ ਦੇ ਸਾਲਾਨਾ ਸਮਾਰੋਹ ਤੇ 3 ਦਸੰਬਰ 2023 ਨੂੰ ਹਾਰਟ (ਦਿਲ) ਅਤੇ ਹੋਮੀਓਪੈਥੀ ਕੈਂਪ ਮੌਕੇ ਵੰਡੇ ਜਾਣਗੇ।

# ਅਗਰਵਾਲ ਭਾਈਚਾਰੇ ਨਾਲ ਸੰਬੰਧਤ ਜੱਜ ਬਣੇ ਨੌਜਵਾਨਾਂ ਦਾ ਸਨਮਾਨ



ਸਕੂਲ ਤੇ ਭਾਈਚਾਰੇ ਦੇ ਲੋਕ ਸਨਮਾਨ ਕਰਦੇ ਹੋਏ।

**ਭੀਖੀ (ਧਰਮਵੀਰ ਸ਼ਰਮਾ)**-ਪੀ ਸੀ ਐੱਸ ਜੁਡੀਸ਼ੀਅਲ ਦੀ ਪ੍ਰੀਖਿਆ ਪਾਸ ਕਰਕੇ ਜੱਜ ਬਣੇ ਗੌਰਵ ਮਿੱਤਲ ਸਪੁੱਤਰ ਡਾ. ਰਜਿੰਦਰ ਮਿੱਤਲ ਭੀਖੀ ਤੇ ਪ੍ਰਿਅੰਕਾ ਪੁੱਤਰੀ ਤਰਸੇਮ ਚੰਦ ਪੱਪੀ ਖੀਵਾ ਕਲਾਂ, ਜੋ ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਦੇ ਵਿਦਿਆਰਥੀ ਰਹੇ ਹਨ, ਦਾ ਸਕੂਲ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਜੱਜ ਬਣੇ ਵਿਦਿਆਰਥੀਆਂ ਨੇ ਸਕੂਲ ਦੀਆਂ ਪੁਰਾਣੀਆਂ ਯਾਦਾਂ ਨੂੰ ਸਾਂਝਾਂ ਕੀਤੇ ਤੇ ਬੱਚਿਆਂ ਨੂੰ ਆਪਣੀ ਸਫਲਤਾ ਦੇ ਨੁਕਤੇ ਵੀ ਦੱਸੇ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਾ. ਸਤੀਸ਼ ਕੁਮਾਰ, ਪ੍ਰਬੰਧਕ ਅੰਮ੍ਰਿਤ ਲਾਲ, ਸੀਨੀ. ਵਾਇਸ ਪ੍ਰਧਾਨ ਬ੍ਰਿਜ ਲਾਲ, ਮੈਂਬਰ ਮਨੋਜ ਕੁਮਾਰ, ਅਸ਼ੋਕ ਜੈਨ ਤੇ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਪ੍ਰਿਅੰਕਾ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸਥਾਨਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਅਰਦਾਸ ਉਪਰੰਤ ਸਨਮਾਨ ਸਮਾਰੋਹ ਕੀਤਾ ਗਿਆ। ਇਸ ਮੌਕੇ ਜਿੱਥੇ ਸਿੰਘ ਮਿੱਤਲ ਭਾਈਚਾਰੇ ਵੱਲੋਂ ਨਵੇਂ ਬਣੇ ਅੱਗਰਵਾਲ ਪਰਿਵਾਰਾਂ ਦੇ ਜੱਜ ਗੌਰਵ ਮਿੱਤਲ ਤੇ ਪ੍ਰਿਅੰਕਾ ਦਾ ਸਨਮਾਨ ਕੀਤਾ। ਸਮਾਗਮ ਦੌਰਾਨ ਜਸਪਾਲ ਸਿੰਘ ਮਿੱਤਲ ਪਾਲੀ ਦੇ ਪਰਵਾਰ ਵੱਲੋਂ, ਅੰਮ੍ਰਿਤਪਾਲ ਸਿੰਘ ਮਿੱਤਲ ਦੇ ਪਰਵਾਰ ਵੱਲੋਂ, ਸ਼੍ਰੀ ਅਗਰਵਾਲ ਸਭਾ ਜ਼ਿਲ੍ਹਾ ਸੰਗਰੂਰ ਵੱਲੋਂ ਮੋਹਨ ਲਾਲ ਸ਼ਾਹਪ੍ਰੀਆ, ਨਰਿੰਦਰ ਕੁਮਾਰ ਬਿੱਲੂ ਤੇ ਲੱਭੂ ਰਾਮ ਵੱਲੋਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਨੇਜਰ ਤਰਸੇਮ ਸਿੰਘ ਤੇ ਸਾਬਕਾ ਮੈਨੇਜਰ ਅਜੈਬ ਸਿੰਘ ਜੋਗਾ ਅਤੇ ਸਮੂਹ ਸਟਾਫ ਵੱਲੋਂ ਸਨਮਾਨ ਚਿੰਨ੍ਹ ਤੇ ਸਿਰੋਪਾਉ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਧਰਮਿੰਦਰਪਾਲ ਜਿੰਪੀ, ਪਵਨ ਸਿੰਘ ਮਿੱਤਲ, ਰੰਜੀਵ ਸਿੰਘ ਮਿੱਤਲ, ਸ਼ਿਸਨਪਾਲ ਸਿੰਘ ਮਿੱਤਲ, ਐਡ. ਉਂਕਾਰ ਸਿੰਘ ਮਿੱਤਲ, ਜੀਵਨ ਸਿੰਘ ਮਿੱਤਲ ਸਾਬਕਾ ਐੱਮ ਸੀ, ਭਾਈ ਨਿਰਮਲ ਸਿੰਘ, ਭੋਲਾ ਸਿੰਘ ਟਾਂਡੀਆਂ, ਅਸ਼ਵਨੀ ਅਸਪਾਲ, ਰਾਜਨ ਬੰਟੀ ਤੇ ਸਮੂਹ ਭਾਈਚਾਰੇ ਦੇ ਲੋਕ ਹਾਜ਼ਰ ਸਨ।

# ਸਰਬਤ ਦਾ ਭਲਾ ਟਰੱਸਟ ਵੱਲੋਂ ਸਕੂਲਾਂ 'ਚ ਮੁਫ਼ਤ ਬਲੱਡ ਗਰੁੱਪ ਚੈੱਕਅੱਪ



**ਮਲੋਟ (ਗੁਰਮੀਤ ਮੱਕੜ)**
ਮਾਣਯੋਗ ਡਾ. ਐੱਸ ਪੀ ਸਿੰਘ ਓਬਰਾਏ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਦੇ ਜ਼ਰੂਰਤਮੰਦ ਬੱਚਿਆਂ ਦਾ ਮੁਫਤ ਬਲੱਡ ਗਰੁੱਪ ਚੈੱਕ ਕਰਨ ਦਾ ਐਲਾਨ ਕੀਤਾ ਹੈ। ਇਸੇ ਲੜੀ ਤਹਿਤ ਮਲੋਟ ਸ਼ਹਿਰ ਦੇ ਸਰਕਾਰੀ ਮਿਡਲ ਸਕੂਲ ਵਾਰਡ ਨੰਬਰ 2 ਵਿਖੇ ਸੰਨੀ ਓਬਰਾਏ ਕਲੀਨੀਕਲ ਲੈਬ ਮਲੋਟ ਵੱਲੋਂ 58 ਬੱਚਿਆਂ ਦੇ ਬਲੱਡ ਗਰੁੱਪ ਚੈੱਕ ਕੀਤੇ ਗਏ। ਇਸ ਮੌਕੇ ਸੀ ਪੀ ਆਈ ਬਲਾਕ ਸਕੱਤਰ ਐਡਵੋਕੇਟ ਸੁਦਰਸ਼ਨ ਜੱਗਾ ਨੇ ਮੁੱਖ ਮਹਿਮਾਨ ਵਜੋਂ ਪਹੁੰਚ ਕੇ ਇਸ ਕੈਂਪ ਦੀ ਸ਼ੁਰੂਆਤ ਕਰਵਾਈ। ਸਕੂਲ ਮੁਖੀ ਗੌਰਵ ਭਟੇਜਾ ਤੇ ਇਕਾਈ ਮਲੋਟ ਦੇ ਪ੍ਰਧਾਨ ਅਨਿਲ ਜੁਨੇਜਾ ਜੋਨੀ ਨੇ ਮਾਨਯੋਗ ਓਬਰਾਏ ਸਾਹਿਬ ਨੇਕ ਕਾਰਜ ਲਈ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਜੈ ਮਾਂ ਅੰਗੂਰੀ ਦੇਵੀ ਸਮਾਜ ਸੇਵੀ ਸੰਸਥਾ ਦੇ ਸੋਹਣ ਲਾਲ ਗੁੰਬਰ, ਲੈਬ ਇੰਚਾਰਜ ਕਮਲ ਬਾਗਲਾ, ਸਾਹਿਲ ਕੈਂਥ, ਸਕੂਲ ਸਟਾਫ ਸਵਰਨਾ ਰਾਣੀ, ਪਰਮਿੰਦਰ ਕੌਰ, ਅੰਜੂ ਬਾਲਾ ਤੋਂ ਇਲਾਵਾ ਲੈਬ ਟੈਕਨੀਸ਼ੀਅਨ ਦੁਰਗਾ ਰਾਣੀ ਤੇ ਜੋਬਨਪ੍ਰੀਤ ਹਾਜ਼ਰ ਸਨ।

# ਇਜ਼ਰਾਈਲ ਦੁਆਰਾ ਫਲਸਤੀਨ 'ਤੇ ਹਮਲਿਆਂ ਦੀ ਐੱਮ ਸੀ ਪੀ ਆਈ (ਯੂ) ਵੱਲੋਂ ਨਿੰਦਾ

**ਦੋਰਾਹਾ (ਹਰਮਿੰਦਰ ਸੇਠ)**
ਮਾਰਕਸਵਾਦੀ ਕਮਿਊਨਿਸਟ ਪਾਰਟੀ ਆਫ ਇੰਡੀਆ (ਯੂਨਾਈਟਡ), ਐੱਮ ਸੀ ਪੀ ਆਈ (ਯੂ) ਦੀ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਐੱਮ ਸੀ ਪੀ ਆਈ (ਯੂ) ਦੇ ਕੌਮੀ ਜਨਰਲ ਸਕੱਤਰ ਕੁਲਦੀਪ ਸਿੰਘ ਨੇ ਅੰਤਰਰਾਸ਼ਟਰੀ ਤੇ ਰਾਸ਼ਟਰੀ ਹਾਲਤ ਬਾਰੇ ਰਿਪੋਰਟ ਕਰਦਿਆਂ ਇਜ਼ਰਾਈਲ ਦੀ ਫੌਜ ਵੱਲੋਂ ਫਲਸਤੀਨ ਦੇ ਲੋਕਾਂ ਉੱਪਰ ਕੀਤੇ ਹਮਲੇ ਵਿੱਚ ਮਾਰੇ ਗਏ ਹਜ਼ਾਰਾਂ ਹੀ ਲੋਕ, ਜਿਨ੍ਹਾਂ ਵਿੱਚ ਮਸੂਮ ਬੱਚੇ ਵੀ ਸਨ, ਦੀ ਘੋਰ ਨਿੰਦਾ ਕਰਦਿਆਂ ਇ ਨੂੰ ਗੈਰ-ਮਾਨਵੀ ਕਰਾਰ ਦਿੱਤਾ। ਇਜ਼ਰਾਈਲ ਨੇ ਹਸਪਤਾਲ ਤੇ ਧਾਰਮਿਕ ਅਸਥਾਨ ਵੀ ਨਹੀਂ ਛੱਡੇ ਤੇ ਲੱਖਾਂ ਲੋਕਾਂ ਨੂੰ ਤੰਗ ਥਾਂਵਾਂ ਅੰਦਰ ਬੰਦ ਕੀਤੇ ਜਾਣ, ਜਿਹੜੇ ਭੁੱਖ ਤੇ ਹੋਰ ਲੋੜੀਂਦੀਆਂ ਵਸਤਾਂ ਤੋਂ ਵਾਂਝੇ ਹਨ, ਦੀ ਵੀ ਘੋਰ ਨਿੰਦਾ ਕੀਤੀ। ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਿਰੇਂਦਰ ਮੋਦੀ ਵੱਲੋਂ ਇਜ਼ਰਾਈਲ-ਫਲਸਤੀਨ ਵਿਚਕਾਰ ਹੋ ਰਹੀ ਜੰਗ ਵਿੱਚ ਅਮਰੀਕਾ ਦੀ ਕੱਠਪੁਤਲੀ ਇਜ਼ਰਾਈਲ ਦੇ ਹੱਕ ਵਿੱਚ ਦਿੱਤੇ ਬਿਆਨ ਦੀ ਵੀ ਸਖਤ ਨਿੰਦਾ ਕੀਤੀ। ਪੰਜਾਬ ਅੰਦਰ ਅਮਨ-ਕਾਨੂੰਨ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਰੋਜ਼ ਵਾਪਰ ਰਹੀਆਂ ਕਤਲ, ਲੁੱਟ-ਖੋਹ ਦੀਆਂ ਘਟਨਾਵਾਂ ਲੋਕਾਂ ਦੇ ਜੀਵਨ ਲਈ ਖਤਰਾ ਬਣ ਰਹੀਆਂ ਹਨ। ਮਾਫੀਆ ਗ੍ਰੋਹ ਮੁੜ ਸਿਰ ਚੁੱਕ ਰਹੇ ਹਨ ਤੇ ਗੈਰ-ਕਾਨੂੰਨੀ ਮਾਈਨਿੰਗ ਜਾਰੀ ਹੈ। ਮੀਟਿੰਗ ਦੇ ਅੰਤ ਵਿੱਚ ਪਾਸ ਕੀਤੇ ਮਤਿਆਂ ਰਾਹੀਂ ਰੂਸ ਤੇ ਯੂਕਰੇਨ ਵਿਚਕਾਰ ਹੋ ਰਹੀ ਜੰਗ ਕਾਰਨ ਵਿਸ਼ਵ ਅੰਦਰ ਕੱਚੇ ਤੇਲ ਤੇ ਅਨਾਜ ਦੀਆਂ ਕੀਮਤਾਂ 'ਚ ਵਾਧਾ ਤੇ ਪੈਦਾ ਹੋ ਰਹੀ ਥੁੜ ਉੱਪਰ ਚਿੰਤਾ ਜ਼ਾਹਰ ਕਰਦਿਆਂ ਇਸ ਜੰਗ ਨੂੰ ਬੰਦ ਕਰਨ ਦੀ ਅਪੀਲ ਕੀਤੀ। ਐੱਮ ਸੀ ਪੀ ਆਈ (ਯੂ) ਦੀ ਕੇਂਦਰੀ ਕਮੇਟੀ ਦੀ ਦੋਰਾਹਾ ਵਿਖੇ 28-29 ਅਕਤੂਬਰ ਨੂੰ ਹੋ ਰਹੀ ਮੀਟਿੰਗ ਨੂੰ ਸਫਲ ਬਣਾਉਣ ਦਾ ਪ੍ਰੋਗਰਾਮ ਵੀ ਉਲੀਕਿਆ ਗਿਆ। ਮੀਟਿੰਗ ਵਿੱਚ ਜ਼ੋਰਾ ਸਿੰਘ, ਪ੍ਰੇਮ ਸਿੰਘ, ਅਮਰਜੀਤ ਸਿੰਘ ਤੇ ਪ੍ਰਵੀਨ ਕੌਸ਼ਲ ਨੇ ਆਪਣੇ ਵਿਚਾਰ ਰੱਖੇ।

# ਪੱਤਰਕਾਰ ਮਹੇਸ਼ ਸ਼ੇਰਾ ਨੂੰ ਸਦਮਾ, ਮਾਤਾ ਦਾ ਦਿਹਾਂਤ

**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਤੋਂ ਐੱਨ ਡਬਲਯੂ ਚੈਨਲ ਦੇ ਕਰਤਾ-ਧਰਤਾ ਪੱਤਰਕਾਰ ਮਹੇਸ਼ ਸ਼ੇਰਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਮਾਤਾ ਅੰਗਰੇਜ਼ ਕੌਰ (ਧਰਮਪਤਨੀ ਸਵ. ਫਕੀਰ ਚੰਦ), ਜੋ ਕਿ ਪਿਛਲੇ ਕੁਝ ਸਮੇਂ ਤੋਂ ਬੀਮਾਰ ਚੱਲ ਰਹੇ ਸਨ ਅਤੇ ਆਪਣੀ 90 ਸਾਲ ਦੀ ਉਮਰ ਭੋਗ ਕੇ ਇਸ ਨਾਸ਼ਵਾਨ ਸੰਸਾਰ ਨੂੰ ਅਲਵਿਦਾ ਕਹਿ ਗਏ।



ਇਸ ਦੁੱਖ ਦੀ ਘੜੀ ਵਿੱਚ ਸਮੂਹ ਪੱਤਰਕਾਰ ਸਾਹਿਬਾਨ ਤੇ ਇਲਾਕੇ ਦੀਆਂ ਧਾਰਮਿਕ, ਰਾਜਨੀਤਕ, ਸਮਾਜ ਸੇਵੀ ਸੰਸਥਾਵਾਂ ਦੇ ਪਤਵੰਤਿਆਂ ਵੱਲੋਂ ਮਹੇਸ਼ ਸ਼ੇਰਾ, ਉਨ੍ਹਾਂ ਦੇ ਭਰਾ ਪ੍ਰਵੇਸ਼ ਸ਼ੇਰਾ ਤੇ ਪਰਮਜੀਤ ਸ਼ੇਰਾ ਨਾਲ ਦੁੱਖ ਸਾਂਝਾ ਕੀਤਾ ਗਿਆ।

# ਸਤਨਾਮ ਸਿੰਘ ਨੇ ਬੀਬੜੀਆਂ ਵਾਲੇ ਡੇਰੇ 'ਚ ਸਬਮਰਸੀਬਲ ਮੋਟਰ ਲਵਾਈ

**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਦੇ ਜਦੋਂ ਦਾਨੀਆਂ ਦੀ ਲਿਸਟ 'ਤੇ ਝਾਤੀ ਮਾਰੀਏ ਤਾਂ ਸਤਨਾਮ ਸਿੰਘ ਵਾਟਰ ਵਰਕਸ ਵਾਲੇ ਦਾ ਨਾਮ ਪਹਿਲੇ ਦਾਨੀਆਂ ਵਿੱਚ ਆਉਂਦਾ ਹੈ। ਸਤਨਾਮ ਸਿੰਘ ਇੱਕ ਗਰੀਬ ਦਲਿਤ ਪਰਵਾਰ ਵਿੱਚੋਂ ਹੈ। ਉਹ ਵਾਟਰ ਵਰਕਸ ਮਹਿਕਮੇ ਵਿੱਚੋਂ ਪੰਪ ਉਪ੍ਰੇਟਰ ਰੀਟਾਇਰ ਹੈ। ਸਤਨਾਮ ਸਿੰਘ ਨੇ ਕਈ ਸ਼ਮਸ਼ਾਨ ਘਾਟਾਂ ਲਈ ਚਾਰ ਦੀਵਾਰੀਆਂ ਤੇ ਹੋਰ ਲੋੜਵੰਦਾਂ ਲਈ ਸਬਮਰਸੀਬਲ ਮੋਟਰਾਂ ਲਾ ਕੇ ਪਾਣੀ ਦੀ ਲੋੜ ਪੂਰੀ ਕੀਤੀ ਹੈ। ਇਸੇ ਲੜੀ ਵਿੱਚੋਂ ਹੁਣ ਬੀਬੜੀਆਂ ਵਾਲੇ ਡੇਰੇ ਵਿੱਚ ਸਬਮਰਸੀਬਲ ਮੋਟਰ ਲਵਾ ਕੇ ਦਿੱਤੀ ਗਈ ਹੈ। ਸਤਨਾਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਨ ਨੂੰ ਸਕੂਨ ਮਿਲਦਾ ਹੈ, ਜਦੋਂ ਕਿਸੇ ਲੋੜਵੰਦ ਦੀ ਲੋੜ ਪੂਰੀ ਕਰਦਾ ਹਾਂ। ਉਨ੍ਹਾਂ ਕਿਹਾ ਕਿ ਇਹ ਸੇਵਾ ਇਸੇ ਤਰ੍ਹਾਂ ਹੈ ਚਲਦੀ ਰਹੇਗੀ।



# ਮੋਦੀ ਸਰਕਾਰ ਦੇ ਰਾਜ 'ਚ ਵਧੀ ਮਹਿੰਗਾਈ ਤੋਂ ਅੱਜ ਹਰ ਵਰਗ ਪ੍ਰੇਸ਼ਾਨ : ਡਾ. ਅਮਰ ਸਿੰਘ

**2024 'ਚ ਦੇਸ਼ ਵਾਸੀ ਭਾਜਪਾ ਨੂੰ ਚੱਲਦਾ ਕਰਨ ਦਾ ਮਨ ਬਣਾ ਚੁੱਕੇ ਹਨ : ਰਣਦੀਪ ਨਾਭਾ**



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਤੇ ਸਾਬਕਾ ਕੈਬਨਿਟ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਨੇ ਕਾਂਗਰਸ ਪਾਰਟੀ ਦਫਤਰ ਅਮਲੋਹ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਦੌਰਾਨ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਮਰ ਸਿੰਘ, ਰਣਦੀਪ ਸਿੰਘ ਨਾਭਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਰਾਜ ਵਿੱਚ ਵਧੀ ਮਹਿੰਗਾਈ ਤੋਂ ਅੱਜ ਹਰ ਵਰਗ ਦੇ ਲੋਕ ਪ੍ਰੇਸ਼ਾਨ ਹਨ ਤੇ ਇਸ ਮਹਿੰਗਾਈ ਕਾਰਨ ਆਮ ਲੋਕਾਂ ਨੂੰ ਆਪਣੇ ਘਰ ਦਾ ਗੁਜ਼ਾਰਾ ਚਲਾਉਣਾ ਬਹੁਤ ਹੀ ਮੁਸ਼ਕਲ ਹੋ ਗਿਆ ਹੈ, ਜਿਸ ਦਾ ਜਵਾਬ ਭਾਰਤ ਦੇ ਲੋਕ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਮੋਦੀ ਸਰਕਾਰ ਨੂੰ ਚੱਲਦਾ ਕਰ ਕੇ ਦੇਣਗੇ।

ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਕੀਤੀ ਜਾ ਰਹੀ ਮਿਹਨਤ ਨਾਲ ਕਾਂਗਰਸ ਪਾਰਟੀ ਨੂੰ ਹੋਰ ਬਲ ਮਿਲਿਆ ਹੈ, ਜਿਸ ਦੇ ਚੰਗੇ ਨਤੀਜੇ ਸਾਹਮਣੇ ਆਉਣਗੇ। ਉਨ੍ਹਾਂ ਪਾਰਟੀ ਵਰਕਰਾਂ ਤੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣੀ ਮਿਹਨਤ ਜਾਰੀ ਰੱਖਣ ਤਾਂ ਕਿ 2024 ਵਿੱਚ ਵਿਰੋਧੀ ਪਾਰਟੀਆਂ ਨੂੰ ਵੱਡੀਆਂ ਹਾਰਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪਵੇ।

ਇਸ ਮੌਕੇ ਬਲਾਕ ਪ੍ਰਧਾਨ ਜਗਬੀਰ ਸਿੰਘ ਸਲਾਣਾ, ਬਲਾਕ ਸੰਮਤੀ ਮੈਂਬਰ ਬਲਵੀਰ ਸਿੰਘ ਮਿੰਟੂ, ਜੱਗਾ ਸਰਪੰਚ ਸਮਸ਼ਪੁਰ, ਸਮਸ਼ੇਰ ਸਿੰਘ ਸਰਪੰਚ ਅੰਨੀਆਂ, ਗੁਰਪ੍ਰੀਤ ਸਿੰਘ ਗਰੇਵਾਲ ਸਰਪੰਚ, ਜਗਬੀਰ ਸਿੰਘ ਸਰਪੰਚ ਬਡਾਲੀ, ਜਗਦੀਪ ਸਿੰਘ ਮਾਨ, ਗੁਰਬਚਨ ਸਿੰਘ ਕਾਹਨਪੁਰਾ, ਜਗਮੀਤ ਸਿੰਘ ਛੰਨਾ, ਬਿੱਲੂ ਮਿਸਾਲ, ਰਾਕੇਸ਼ ਗੋਗੀ, ਸ਼ਿਵ ਗਰਗ, ਮਨਪ੍ਰੀਤ ਸਿੰਘ ਮਿੰਟਾ ਦਫਤਰ ਇੰਚਾਰਜ ਆਦਿ ਮੌਜੂਦ ਸਨ।

# ਝਾੜ ਸਾਹਿਬ ਕਾਲਜ ਵਿਖੇ ਵਰਲਡ ਫੂਡ ਡੇ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**
ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਹੋਮ ਸਾਇੰਸ ਵਿਭਾਗ ਦੇ ਮੁਖੀ ਡਾ. ਰਣਜੀਤ ਕੌਰ ਦੇ ਯਤਨਾਂ ਸਦਕਾ ਕਾਲਜ ਵਿਖੇ 'ਵਰਲਡ ਫੂਡ ਡੇ' ਤਹਿਤ ਮਿਲਟਸ ਦੀ ਮਹੱਤਤਾ ਨੂੰ ਦਰਸਾਉਂਦੀ ਹੋਈ ਨੁਮਾਇਸ਼ ਲਗਾਈ ਗਈ, ਜਿਸ ਦਾ ਉਦਘਾਟਨ ਸੁਖਮਿੰਦਰ ਸਿੰਘ ਸਕੱਤਰ (ਵਿੱਦਿਆ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਹਰਜਤਿੰਦਰ ਸਿੰਘ ਬਾਜਵਾ ਆਨਰੇਰੀ ਸਕੱਤਰ ਕਾਲਜ ਲੋਕਲ ਮੈਨੇਜਿੰਗ ਕਮੇਟੀ, ਗੁਰਬਖ਼ਸ਼ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ, ਬਾਬਾ ਅਜੀਤ ਸਿੰਘ (ਕਾਰ ਸੇਵਾ ਗੁਰਦੁਆਰਾ ਝਾੜ ਸਾਹਿਬ ਵਾਲੇ) ਵੱਲੋਂ ਕੀਤਾ ਗਿਆ। ਇਸ ਮੌਕੇ ਵਿਦਿਆਰਥਣਾਂ ਨੇ ਬਾਜ਼ਰਾ, ਕੋਧਰਾ, ਜਵਾਰ, ਰਾਗੀ, ਕੰਗਣੀ ਆਦਿ ਮੋਟੇ ਅਨਾਜਾਂ ਦੇ ਵੱਖ-ਵੱਖ ਖਾਦ ਪਦਾਰਥ ਤਿਆਰ ਕੀਤੇ, ਜਿਸ ਦੀ ਪਸੰਸਾ ਕਰਦੇ ਹੋਏ ਸਕੱਤਰ ਵਿੱਦਿਆ ਨੇ ਕਿਹਾ ਕਿ ਸਾਲ-2023 ਮੋਟੇ ਅਨਾਜ ਨੂੰ ਸਮਰਪਤ ਕੀਤਾ ਗਿਆ ਹੈ ਤਾਂ ਜੋ ਮੋਟੇ ਅਨਾਜ ਨੂੰ ਮੁੜ ਭੋਜਨ ਥਾਲੀ ਵਿੱਚ ਸ਼ਾਮਲ ਕੀਤਾ ਜਾ ਸਕੇ। ਡਾ. ਰਣਜੀਤ ਕੌਰ ਵੱਲੋਂ ਮੋਟੇ ਅਨਾਜਾਂ ਦੀ ਖੁਰਾਕੀ ਮਹੱਤਤਾ ਵਿਸ਼ੇ 'ਤੇ ਵਿਦਿਆਰਥਣਾਂ ਨੂੰ ਵਿਸ਼ੇਸ਼ ਲੈਕਚਰ ਦਿੱਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਮਨੁੱਖੀ ਸਰੀਰ ਨੂੰ ਤੰਦਰੁਸਤ ਰੱਖਣ ਲਈ ਸੰਤੁਲਤ ਭੋਜਨ ਦੀ ਲੋੜ ਅਨੁਸਾਰ ਪ੍ਰੋਟੀਨ, ਨਮਕ, ਖਣਿਜ ਪਦਾਰਥ ਕਾਰਬੋਹਾਈਡਰੇਟ ਆਦਿ ਬਾਰੇ ਦੱਸਦੇ ਹੋਏ ਮੋਟੇ ਅਨਾਜ ਦੀਆਂ ਕਿਸਮਾਂ ਜਿਵੇਂ ਬਾਜ਼ਰਾ, ਜਵਾਰ, ਰਾਗੀ, ਕੰਗਣੀ, ਕੁਟਕੀ, ਸਵਾਂਕ ਆਦਿ ਵਰਗੀਆਂ ਫਸਲਾਂ ਬਾਰੇ ਦੱਸਿਆ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਹੋਮ ਸਾਇੰਸ ਵਿਭਾਗ ਦੀ ਇਸ ਕਾਰਗੁਜ਼ਾਰੀ ਦੀ ਸ਼ਲਾਘਾ ਤੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਲੈਕਚਰ ਸਮੇਂ ਦੀ ਲੋੜ ਹਨ, ਕਿਉਂਕਿ ਹਰ ਉਮਰ ਵਰਗ ਦਾ ਮਨੁੱਖ ਕੁਪੋਸ਼ਣ ਦਾ ਸ਼ਿਕਾਰ ਹੈ ਤੇ ਇਸ ਅਨਾਜ ਨੂੰ ਪੋਸ਼ਣ ਅਤੇ ਸ਼ੁੱਧੀ ਗੁਣਾਂ ਦੇ ਅਧਾਰ 'ਤੇ ਭਵਿੱਖ ਦੇ ਭੋਜਨ ਦੇ ਰੂਪ ਵਿੱਚ ਦੇਖਿਆ ਜਾ ਰਿਹਾ ਹੈ। ਇਹ ਅਨਾਜ ਤਨਾਅ ਤੇ ਮਾਨਸਿਕ ਸਿਹਤ ਲਈ ਵੀ ਬਹੁਤ ਲਾਹੇਵੰਦ ਹੈ। ਇਸੇ ਲਈ ਕਾਲਜ ਵਿੱਚ ਸਮੇਂ-ਸਮੇਂ 'ਤੇ ਸਿਹਤ ਨਾਲ ਸਬੰਧਤ ਕੈਂਪ ਤੇ ਲੈਕਚਰ ਕਰਵਾਏ ਜਾਂਦੇ ਹਨ।

# 6 ਰੋਜ਼ਾ ਬੱਕਰੀ ਪਾਲਣ ਸਿਖਲਾਈ ਪ੍ਰੋਗਰਾਮ ਆਯੋਜਿਤ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਖੇਤੀਬਾੜੀ ਅਫ਼ਸਰ ਡਾ. ਹਸਨ ਸਿੰਘ ਦੇ ਦਿਸ਼ਾ-ਨਿਰਦੇਸ਼ਾ ਤੇ ਪ੍ਰੋਜੈਕਟ ਡਾਇਰੈਕਟ ਆਤਮਾ ਡਾ. ਤੇਜਦੀਪ ਕੌਰ ਬੋਪਾਰਾਏ ਦੀ ਯੋਗ ਅਗਵਾਈ ਹੇਠ ਆਤਮਾ ਸਕੀਮ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ (ਕੇਵੀਕੇ) ਵਿਖੇ ਹੈਦਰਾਬਾਦ ਮੈਨੇਜ ਤੇ ਪਮੇਤੀ ਲੁਧਿਆਣਾ ਵੱਲੋਂ 6 ਰੋਜ਼ਾ ਟ੍ਰੇਨਿੰਗ ਦਾ ਪ੍ਰਬੰਧ ਕੀਤਾ ਗਿਆ।

ਇਸ ਮੌਕੇ ਪ੍ਰੋ. ਐਨੀਮਲ ਸਾਇੰਸ ਡਾ. ਅਜੀਤਪਾਲ ਸਿੰਘ ਧਾਲੀਵਾਲ ਵੱਲੋਂ ਬੱਕਰੀ ਪਾਲਣ ਦੇ ਕਿੱਤੇ ਤੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਆਪਣੇ ਕੁੰਜੀਵਤ ਭਾਸ਼ਣ 'ਚ ਕਿਹਾ ਕਿ ਕਿਸਾਨਾਂ ਵਿਸੇਸ਼ ਕਰਕੇ ਨੌਜਵਾਨਾਂ ਨੂੰ ਖੇਤੀਬਾੜੀ ਨਾਲ ਸਹਾਇਕ ਧੰਦੇ ਜ਼ਰੂਰ ਅਪਣਾਉਣੇ ਚਾਹੀਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਸਮੇਂ-ਸਮੇਂ 'ਤੇ ਲੱਗਣ ਵਾਲੇ ਸਿਖਲਾਈ ਪ੍ਰੋਗਰਾਮਾਂ 'ਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੁ ਬੇਰੁਜ਼ਗਾਰਾਂ ਨੂੰ ਸਵੈ ਰੁਜ਼ਗਾਰ ਦੇ ਕਾਬਲ ਹੋ ਸਕਣ।

ਉਨ੍ਹਾਂ ਕਿਹਾ ਕਿ ਖੇਤੀਬਾੜੀ ਨਾਲ ਸਹਾਇਕ ਧੰਦੇ ਬੱਕਰੀ ਪਾਲਣ ਸੰਬੰਧੀ ਉਚੇਚੇ ਤੌਰ 'ਤੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹੋ ਜਿਹੇ ਪ੍ਰੋਗਰਾਮ ਬੇਰੁਜ਼ਗਾਰੀ ਦੂਰ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਲੋਨ ਲੈ ਕੇ ਆਪਣਾ ਸਹਾਇਕ ਧੰਦਾ ਸ਼ੁਰੂ ਕਰਕੇ ਆਪਣੇ ਪੈਰਾਂ 'ਤੇ ਖੜੇ ਹੋ ਕੇ ਪਰਵਾਰ ਅਤੇ ਸਮਾਜ ਲਈ ਵਡਮੁੱਲਾ ਯੋਗਦਾਨ ਪਾ ਸਕਦੇ ਹਨ। ਇਸ ਮੌਕੇ ਬਲਵਿੰਦਰ ਸਿੰਘ ਤੁੰਗਵਾਲੀ ਦੇ ਬੱਕਰੀ ਫਾਰਮ ਤੇ ਵੈਟਰਨਰੀ ਪੋਲੀਟੈਕਨਿਕ ਤੇ ਰਿਸਰਚ ਟ੍ਰੇਨਿੰਗ ਸੈਂਟਰ, ਕਾਲਝਰਾਨੀ 'ਚ ਪ੍ਰੈਕਟੀਕਲ ਗਿਆਨ ਵਾਸਤੇ ਸਿਖਿਆਰਥੀਆਂ ਨੂੰ ਵਿਜ਼ਿਟ ਕਰਾਇਆ ਗਿਆ। ਇਸ ਤੋਂ ਇਲਾਵਾ ਸਿਖਿਆਰਥੀਆਂ ਨੂੰ ਖੇਤੀ ਭਵਨ ਤੇ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਕਿਸਾਨ ਮੇਲਾ ਵਿਖਾਇਆ ਗਿਆ, ਜਿਸ ਵਿੱਚ ਸਹਾਇਕ ਧੰਦੇ ਅਪਨਾਉਣ ਵਾਲੇ ਕਿਸਾਨਾਂ ਦੇ ਸਟਾਲਾਂ ਦੀ ਵਿਜ਼ਿਟ ਕਰਾਈ ਗਈ ਅਤੇ ਨਾਲ ਹੀ ਜ਼ਿਲ੍ਹਾ ਨੋਡਲ ਅਫ਼ਸਰ ਪਰਾਲੀ ਪ੍ਰਬੰਧਨ ਨਵਜੀਤ ਸਿੰਘ ਢਿੱਲੋਂ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਵੀ ਪ੍ਰੇਰਿਆ ਗਿਆ। ਇਸ ਦੌਰਾਨ ਨੌਜਵਾਨਾਂ ਨੇ ਇਹੋ ਜਿਹੇ ਪ੍ਰੋਗਰਾਮਾਂ ਲਈ ਸੰਬੰਧਤ ਵਿਭਾਗ ਤੇ ਸੂਬਾ ਸਰਕਾਰ ਦਾ ਧੰਨਵਾਦ ਵੀ ਕੀਤਾ।


## ਉੱਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਸੈਕਿੰਡ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 16.11.2023 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਕਰਨ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 25.10.2023 | 02.11.2023 | 16.11.2023 / 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | ਸਮਾਨ ਨੇਚਰ ਦਾ ਕੰਮ |
|---|---|---|---|---|---|---|---|
| 1. | 274-2023-24-PLMX-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਪਠਾਨਕੋਟ-ਜੋਗਿੰਦਰਨਗਰ ਸੈਕਸ਼ਨ ਵਿਚ ਟ੍ਰੈਕ ਦੇ ਰਖਰਖਾਅ ਦੇ ਲਈ ਵਿਵਿਧ ਪੀ.ਵੇ. ਕੰਮ। | 36,95,615.58/- | 73,900.00/- | 60 ਦਿਨ | 12 ਮਹੀਨੇ | "ਲਾਗੂ ਨਹੀਂ" |
| 2. | 275-2023-24-JAT-DRM-FZR | ਸਹਾਇਕ ਮੰਡਲ ਇੰਜੀਨੀਅਰ-1/ਪਠਾਨਕੋਟ ਦੇ ਅਨੁਭਾਗ ਵਿਚ ਪਠਾਨਕੋਟ ਵਿਚ ਆਰਪੀਐਫ ਕਰਮਚਾਰੀਆਂ ਦੇ ਲਈ 40 ਬਿਸਤਰਿਆਂ ਵਾਲੇ ਮਹਿਲਾ ਬੈਰਕ ਆਵਾਸ ਦੇ ਪ੍ਰਾਵਧਾਨ ਦੇ ਲਈ ਮੌਜੂਦਾ ਆਰਪੀਐਫ ਬੈਰਕ ਪਰਿਸਰ ਦਾ ਉਨਯਨ ਅਤੇ ਸੰਸ਼ੋਧਨ। | 2,11,82,896.54/- | 2,55,900.00/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਕੰਮ ਦੇ ਇਲਾਵਾ |
| 3. | 276-2023-24-JAT-DRM-FZR | ਭਰੋਲੀ-ਜੰਮੂ ਸੈਕਸ਼ਨ ਵਿਚ ਪੁਲ ਨੰਬਰ 137 ਡੀਐਨ ਅਤੇ 139 ਡੀਐਨ ਦੇ ਗਾਈਡ ਬਾਂਧ ਦੀ ਮੁਰੰਮਤਾ, ਸੁਰੱਖਿਆ ਕੰਮ ਅਤੇ ਹੋਰ ਵਖ-ਵਖ ਕੰਮ। | 2,25,38,490.04/- | 2,62,700.00/- | 60 ਦਿਨ | 10 ਮਹੀਨੇ | ਪੁਲਾਂ ਦਾ ਨਿਰਮਾਣ/ਪੁਨਰਵਾਸ |
| 4. | 277-2023-24-JAT-DRM-FZR | ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਤਹਿਤ ਭਰੋਲੀ-ਜੰਮੂ ਸੈਕਸ਼ਨ ਵਿਚ ਪੁਲ ਨੰਬਰ 28 ਤੇ ਕਿਮੀ 19.21 ਅਤੇ ਪੁਲ ਨੰਬਰ 43 ਤੇ ਕਿਮੀ 25.633 ਸੁਰੱਖਿਆ ਕੰਮ ਵਿਚ ਸੁਧਾਰ ਕਰਨ ਲਈ। | 2,33,83,596.67/- | 2,66,900/- | 60 ਦਿਨ | 08 ਮਹੀਨੇ | ਪੁਲਾਂ ਦਾ ਨਿਰਮਾਣ/ਪੁਨਰਵਾਸ |
| 5. | 278-2023-24-JAT-DRM-FZR | ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਤਹਿਤ ਅਨੁਭਾਗ ਇੰਜੀਨੀਅਰ/ਕੰਮ/ਜੰਮੂ ਦੇ ਅਨੁਭਾਗ ਵਿਚ ਪੁਲਾਂ ਦੀ ਮੁਰੰਮਤ ਅਤੇ ਰਖਰਖਾਅ ਜਿਸ ਵਿਚ ਫਰਸ਼ ਦੀ ਮੁਰੰਮਤ, ਸੁਰੱਖਿਆ ਕੰਮ, ਤਟਬੰਧ ਅਤੇ ਪਹੁੰਚ ਵਿਚ ਸੁਧਾਰ ਅਤੇ ਵਖ-ਵਖ ਕੰਮ ਸ਼ਾਮਲ ਹਨ। | 39,89,618.21/- | 79,800/- | 60 ਦਿਨ | 10 ਮਹੀਨੇ | "ਲਾਗੂ ਨਹੀਂ" |
| 6. | 279-2023-24-JAT-DRM-FZR | ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਤਹਿਤ ਅਨੁਭਾਗ ਇੰਜੀਨੀਅਰ/ਕੰਮ/ਕਠੂਆ ਦੇ ਅਨੁਭਾਗ ਵਿਚ ਪੁਲਾਂ ਦੀ ਮੁਰੰਮਤ ਅਤੇ ਰਖਰਖਾਅ ਜਿਸ ਵਿਚ ਫਰਸ਼ ਦੀ ਮੁਰੰਮਤ, ਸੁਰੱਖਿਆ ਕੰਮ, ਤਟਬੰਧ ਅਤੇ ਪਹੁੰਚ ਵਿਚ ਸੁਧਾਰ ਅਤੇ ਵਖ-ਵਖ ਕੰਮ ਸ਼ਾਮਲ ਹਨ। | 39,89,618.21/- | 79,800/- | 60 ਦਿਨ | 10 ਮਹੀਨੇ | "ਲਾਗੂ ਨਹੀਂ" |
| 7. | 280-2023-24-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੇਕਸ਼ਨ ਵਿਚ ਐਲਐਚਐਸ ਸੀ-8 ਤੇ ਅਪਾਕਸੀ ਮੁਰੰਮਤ ਹੰਪ, ਡੀ-ਸਿਲਟਿੰਗ ਅਤੇ ਹੋਰ ਵਖ-ਵਖ ਕੰਮ। | 88,66,533.49/- | 1,77,300.00/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਕੰਮ ਦੇ ਇਲਾਵਾ |
| 8. | 282-2023-24-JAT-DRM-FZR | ਸਹਾਇਕ ਮੰਡਲ - ਸੈਕਿੰਡ/ ਫਿਰੋਜਪੁਰ ਦੇ ਤਹਿਤ ਸਹਾਇਕ ਮੰਡਲ ਇੰਜੀਨੀਅਰ/ਜੰਮੂ ਤਵੀ ਦੇ ਭਰੌਲੀ - ਜੰਮੂ ਤਵੀ ਸੈਕਸ਼ਨ ਤੇ 25.712 ਟ੍ਰੈਕ ਕਿਲੋਮੀਟਰ, ਜੋ 22.495 ਟ੍ਰੈਕ ਕਿਲੋਮੀਟਰ ਹੈ, ਕਿਲੋਮੀਟਰ 38.817 ਤੋਂ 42.8 (ਡਾਊਨ), 46.8 ਤੋਂ 52.934 (ਡਾਊਨ), ਕਿਲੋਮੀਟਰ 32.112 ਤੋਂ 33.879 (ਅਪ), ਕਿਲੋਮੀਟਰ 35.755 (ਅਪ), ਕਿਲੋਮੀਟਰ 42.85 ਤੋਂ 47.048 (ਅਪ), ਕਿਲੋਮੀਟਰ 52.897 ਤੋਂ 59.57 (ਅਪ), ਕਿਲੋਮੀਟਰ 63.798 ਤੋਂ 64.799 (ਅਪ) ਅਤੇ 3.217 ਟ੍ਰੈਕ ਕਿਲੋਮੀਟਰ 20.178 ਤੋਂ 20.178 ਤੋਂ 21.133 (ਡਾਊਨ ਤੇ ਕਿਲੋਮੀਟਰ 37.522 ਤੋਂ 38.522 (ਡਾਊਨ) ਅਤੇ ਕਿਲੋਮੀਟਰ 21.033 ਤੋਂ 22.00 (ਅਪ) ਰੇਲ ਨਵੀਨੀਕਰਨ ਦੇ ਮਾਧਿਅਮ (ਪਹਿਲ) ਨਾਲ ਕੰਮ ਕਰਨਾ। | 4,46,77,887.84/- | 3,73,400.00/- | 60 ਦਿਨ | 10 ਮਹੀਨੇ | ਪੂਰਾ ਟ੍ਰੈਕ ਨਵੀਨੀਕਰਨ/ਪੂਰਾ ਰੇਲ ਨਵੀਨੀਕਰਨ/ ਪੂਰਾ ਫਿਟਿੰਗ ਨਵੀਨੀਕਰਨ/ ਪੂਰਾ ਟਰਨ ਆਊਟ ਨਵੀਨੀਕਰਨ, ਟ੍ਰੈਕ ਦੇ ਉਠਾਨ ਦੀ ਜਾਂਚ/ਛਨਾਈ, ਡਿਸਟ੍ਰੇਸਿੰਗ, ਟ੍ਰੈਕ ਮੇਂਟਨੈਂਸ ਮਸ਼ੀਨ ਦੇ ਪੂਰਵ ਅਤੇ ਬਾਅਦ ਦੇ ਕੰਮ ਅਤੇ ਟੀ-28 ਮਸ਼ੀਨ ਨਾਲ ਟਰਨ ਆਊਟ ਨਵੀਨੀਕਰਨ ਦਾ ਕੰਮ। |
| 9. | 283-2023-24-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਪਠਾਨਕੋਟ ਸਿਟੀ ਰੇਲਵੇ ਸਟੇਸ਼ਨ ਤੇ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ 12.00 ਮੀਟਰ ਚੌੜੇ ਫੁਟ ਓਵਰ ਬ੍ਰਿਜ ਦਾ ਕੰਮ ਕਰਨ ਲਈ। | 2,66,83,022.12/- | 2,83,400.00/- | 60 ਦਿਨ | 10 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਕੰਮ ਦੇ ਇਲਾਵਾ |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.:- 274-2023-24-PLMX-DRM-FZR, 275,276,277,278,279&282-2023-24-JAT-DRM-FZR, 280&283-2023-24-PTK-DRM-FZR Dt. 26.10.2023 3350/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸਬ-ਡਵੀਜ਼ਨ 'ਚ ਪਰਾਲੀ ਸਾੜਨ 'ਤੇ ਸਖਤੀ, ਕੀਤੇ 22 ਚਲਾਨ



**ਡੇਰਾਬੱਸੀ, (ਕ੍ਰਿਸ਼ਨ ਗਰਗ)**- ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਪਰਾਲੀ ਸਾੜਨ ਦੇ ਕੇਸਾਂ 'ਚ ਇੱਕ ਦਮ ਤੇਜ਼ੀ ਦੇ ਮੱਦੇਨਜ਼ਰ ਸਖਤ ਕਾਰਵਾਈ ਦੇ ਦਿੱਤੇ ਨਿਰਦੇਸ਼ਾਂ ਦੀ ਪਾਲਣਾ ਵਿੱਚ ਐਸ ਡੀ ਐਮ ਡੇਰਾਬੱਸੀ ਵੱਲੋਂ ਸਬ ਡਵੀਜ਼ਨ ਡੇਰਾਬੱਸੀ 'ਚ ਪਰਾਲੀ ਸਾੜਨ 'ਤੇ ਸਖਤੀ ਕਰ ਦਿੱਤੀ ਗਈ ਹੈ। ਐਸ ਡੀ ਐਮ ਹਿਮਾਂਸ਼ੂ ਗੁਪਤਾ ਅਨੁਸਾਰ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀਆਂ ਹਦਾਇਤਾਂ 'ਤੇ ਸਬ ਡਵੀਜ਼ਨ ਵਿੱਚ ਪਰਾਲੀ ਨਾ ਸਾੜਨ ਦੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਜ਼ਿਲ੍ਹਾ ਮੈਜਿਸਟ੍ਰੇਟ ਆਦੇਸ਼ਾਂ ਦੀ ਉਲੰਘਣਾ ਕਰਨ ਵਾਲੇ ਜ਼ਮੀਨ ਮਾਲਕਾਂ ਖਿਲਾਫ਼ ਹੁਣ ਤੱਕ 22 ਚਲਾਨ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਸੰਭਾਲਣ ਲਈ ਡੇਰਾਬੱਸੀ ਸਬ ਡਵੀਜ਼ਨ 'ਚ ਬੇਲਰ ਮਸ਼ੀਨਾਂ ਦੀ ਉਪਲਬਧਤਾ ਵੀ ਕਰਵਾਈ ਗਈ ਹੈ, ਜਿਸ ਨਾਲ ਹੁਣ ਤੱਕ 10000 ਏਕੜ ਦੇ ਕਰੀਬ ਰਕਬੇ ਦੀ ਪਰਾਲੀ ਦੀਆਂ ਗੰਢਾਂ ਬਣਾ ਕੇ ਸੰਭਾਲੀਆਂ ਗਈਆਂ ਹਨ ਜੋ ਕਿ ਅੱਗੇ ਫੈਕਟਰੀਆਂ ਵਿੱਚ ਜੈਵਿਕ ਬਾਲਣ ਦੇ ਰੂਪ 'ਚ ਵਰਤੀ ਜਾ ਸਕੇਗੀ।

ਐਸ ਡੀ ਐਮ ਅਨੁਸਾਰ ਇਸ ਤੋਂ ਇਲਾਵਾ ਜਿਨ੍ਹਾਂ ਵੀ ਥਾਂਵਾਂ 'ਤੇ ਅੱਗ ਲੱਗਣ ਦੀ ਸੂਚਨਾ ਪ੍ਰਾਪਤ ਹੁੰਦੀ ਹੈ, ਉੱਥੇ ਤੁਰੰਤ ਫਾਇਰ ਬ੍ਰਿਗੇਡ ਟੈਂਕਰ ਭੇਜ ਕੇ ਅੱਗ 'ਤੇ ਮੌਕੇ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕੁੱਝ ਥਾਂਵਾਂ 'ਤੇ ਦੇਖਣ 'ਚ ਆਇਆ ਹੈ ਕਿ ਇੱਕ ਖੇਤ 'ਚ ਤਾਂ ਬੇਲਰ ਮਸ਼ੀਨ ਰਾਹੀਂ ਗੰਢਾਂ ਬਣਾਈਆਂ ਜਾ ਰਹੀਆਂ ਹਨ ਅਤੇ ਉਸ ਦੇ ਸਾਹਮਣੇ ਵਾਲੇ ਖੇਤ 'ਚ ਪਰਾਲੀ ਨੂੰ ਅੱਗ ਲਾਈ ਹੁੰਦੀ ਹੈ। ਉਨ੍ਹਾਂ ਪਿੰਡ ਫ਼ਤਿਹਪੁਰ ਜੱਟਾਂ ਦੀ ਮਿਸਾਲ ਦਿੰਦਿਆਂ ਕਿਹਾ ਕਿ ਅੱਜ ਜਦੋਂ ਉਹ ਇਸ ਪਿੰਡ 'ਚ ਗਏ ਤਾਂ ਸੜ੍ਹਕ ਦੇ ਆਹਮੋ-ਸਾਹਮਣੇ ਦੋ ਵੱਖ-ਵੱਖ ਤਸਵੀਰਾਂ ਨਜ਼ਰ ਆਈਆਂ, ਜਿਸ 'ਚ ਇੱਕ ਪਾਸੇ ਸਮਾਰਟ ਸੀਡਰ ਦੀ ਸਹਾਇਤਾ ਨਾਲ ਬਿਜਾਈ ਕੀਤੀ ਜਾ ਰਹੀ ਸੀ ਅਤੇ ਦੂਜੇ ਪਾਸੇ ਖੇਤ 'ਚ ਪਰਾਲੀ ਨੂੰ ਅੱਗ ਲਾ ਕੇ ਸਾੜਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਸਬ ਡਵੀਜ਼ਨ 'ਚ ਹੁਣ ਤੱਕ ਸਾਹਮਣੇ ਆਏ ਪਰਾਲੀ ਨੂੰ ਅੱਗ ਲਾਉਣ ਦੇ ਮਾਮਲਿਆਂ 'ਚੋਂ 19 ਸਹੀ ਪਾਏ ਗਏ, ਜਿਨ੍ਹਾਂ 'ਚ 47500 ਰੁਪਏ ਦਾ ਵਾਤਾਵਰਣ ਮੁਆਵਜ਼ਾ ਸਬੰਧਤ ਖੇਤ ਮਾਲਕ ਨੂੰ ਜੁਰਮਾਨੇ ਵਜੋਂ ਪਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅੱਗ ਨਾ ਲਾਉਣ ਦੇ ਆਦੇਸ਼ਾਂ ਦੀ ਉਲੰਘਣਾ ਕਰਨ ਵਾਲੇ ਖੇਤ ਮਾਲਕਾਂ ਪਾਸੋਂ ਵਾਤਾਵਰਣ ਮੁਆਵਜ਼ਾ ਵਸੂਲੇ ਜਾਣ ਦੇ ਨਾਲ-ਨਾਲ ਉਨ੍ਹਾਂ ਦੇ ਮਾਲ ਰਿਕਾਰਡ 'ਚ ਵੀ 'ਰੈੱਡ ਐਂਟਰੀ' ਪਾਈ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਭਵਿੱਖ 'ਚ ਜ਼ਮੀਨ 'ਤੇ ਕਰਜ਼ ਲੈਣ, ਲਿਮਿਟ ਬਣਾਉਣ ਜਾਂ ਖਰੀਦੋ-ਫ਼ਰੋਖ਼ਤ 'ਚ ਭਵਿੱਖ 'ਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਐਸ ਡੀ ਐਮ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਾ ਕੇ ਪਰਾਲੀ ਸੰਭਾਲ ਮਸ਼ੀਨਰੀ ਰਾਹੀਂ ਇਸ ਦਾ ਨਿਪਟਾਰਾ ਕਰਨਾ ਯਕੀਨੀ ਬਣਾਉਣ ਅਤੇ ਜੇਕਰ ਉਨ੍ਹਾਂ ਨੂੰ ਮਸ਼ੀਨਰੀ ਦੀ ਉਪਲਬਧਤਾ 'ਚ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਜ਼ਿਲ੍ਹਾ ਪੱਧਰੀ ਹੈਲਪਲਾਈਨ ਨੰਬਰਾਂ 0172-2219505 ਅਤੇ 2219506 'ਤੇ ਸੰਪਰਕ ਕਰਕੇ ਆਪਣੇ ਨੇੜੇ ਮੌਜੂਦ ਮਸ਼ੀਨ ਬਾਰੇ ਸੂਚਨਾ ਲੈ ਸਕਦੇ ਹਨ।

# ਬਦਲੀ ਹੋਣ 'ਤੇ ਇੰਤਕਾਲਾਂ ਤੇ ਗਿਰਦਾਵਰੀਆਂ ਦਾ ਬਕਾਇਆ ਕੰਮ ਖਤਮ ਕਰ ਕੇ ਹੀ ਚਾਰਜ ਛੱਡਣ ਪਟਵਾਰੀ : ਤਿੜਕੇ

**ਐੱਸ.ਏ.ਐੱਸ. ਨਗਰ, (ਕ੍ਰਿਸ਼ਨ ਗਰਗ)**- ਆਮ ਤੌਰ ਉੱਤੇ ਇਹ ਦੇਖਣ ਵਿੱਚ ਆਉਂਦਾ ਹੈ ਕਿ ਬਦਲੀ ਹੋਣ 'ਤੇ ਪਟਵਾਰੀਆਂ ਵੱਲੋਂ ਆਪਣੇ ਨਾਲ ਸਬੰਧਤ ਇੰਤਕਾਲਾਂ ਤੇ ਗਿਰਦਾਵਰੀਆਂਦਾ ਕੰਮ ਵਿੱਚ ਹੀ ਛੱਡ ਦਿੱਤਾ ਜਾਂਦਾ ਹੈ। ਇਸ ਨਾਲ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਨਾਲ ਹੀ ਬਕਾਇਆ ਕਾਰਜਭਾਰ ਵੀ ਵੱਧਦਾ ਜਾਂਦਾ ਹੈ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਜਕੁਸ਼ਲਤਾ ਉੱਤੇ ਸਵਾਲੀਆ ਚਿੰਨ੍ਹ ਲੱਗ ਜਾਂਦਾ ਹੈ। ਇਸ ਲਈ ਜ਼ਿਲ੍ਹੇ ਵਿਚਲੇ ਜਿਸ ਵੀ ਪਟਵਾਰੀ ਦੀ ਬਦਲੀ ਹੋਵੇ, ਉਹ ਇੰਤਕਾਲਾਂ ਤੇ ਗਿਰਦਾਵਰੀਆਂ ਦਾ ਬਕਾਇਆ ਕੰਮ ਖਤਮ ਕਰ ਕੇ ਹੀ ਚਾਰਜ ਛੱਡੇ। ਇਹ ਹਦਾਇਤਾਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਐੱਸ. ਤਿੜਕੇ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਲ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀਆਂ। ਵਧੀਕ ਡਿਪਟੀ ਕਮਿਸਨਰ ਨੇ ਕਿਹਾ ਕਿ ਬਕਾਇਆ ਇੰਤਕਾਲ ਜਲਦ ਤੋਂ ਜਲਦ ਕੀਤੇ ਜਾਣੇ ਯਕੀਨੀ ਬਣਾਏ ਜਾਣ ਤੇ ਮਾਲ ਵਿਭਾਗ ਦੇ ਅਧਿਕਾਰੀ ਸਮਾਂਬੱਧ ਢੰਗ ਨਾਲ ਆਪਣੀਆਂ ਪ੍ਰਗਤੀ ਰਿਪੋਰਟਾਂ ਦੇਣੀਆਂ ਯਕੀਨੀ ਬਨਾਉਣ। ਮਾਲ ਵਿਭਾਗ ਨਾਲ ਸਬੰਧਤ ਪੁਰਾਣੇ ਕੇਸ ਹਰ ਹਾਲ ਪ੍ਰਮੁੱਖਤਾ ਨਾਲ ਨਿਬੇੜੇ ਜਾਣ।

ਨੇਸਵਾਮਿਤਵਾ ਸਕੀਮ ਤਹਿਤ ਪਿੰਡਾਂ ਵਿਚ ਮਕਾਨਾਂ ਦੀਆਂ ਰਜਿਸਟਰੀਆਂ ਦੇ ਕੰਮ ਵਿੱਚ ਤੇਜੀ ਲਿਆਂਦੀ ਜਾਵੇ। ਇਸ ਕੰਮ ਸਬੰਧੀ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਹੁਣ ਤਕ ਜ਼ਿਲ੍ਹੇ ਦੇ 233 ਪਿੰਡਾਂ ਦਾ ਡ੍ਰੋਨ ਸਰਵੇਖਣ ਕਰ ਕੇ 155 ਪਿੰਡਾਂ ਦੇ ਨਕਸ਼ੇ ਜਾਰੀ ਹੋ ਚੁੱਕੇ ਹਨ। ਇਸ ਮੌਕੇ ਐੱਸ.ਡੀ.ਐਮ., ਡੇਰਾਬਸੀ ਹਿਮਾਂਸੂ ਗੁਪਤਾ, ਐੱਸ.ਡੀ.ਐਮ ਮੋਹਾਲੀ ਚੰਦਰ ਜੋਤੀ ਸਿੰਘ, ਸੀ.ਐਮ.ਐੱਫ.ਓ. ਇੰਦਰਪਾਲ, ਜ਼ਿਲ੍ਹਾ ਮਾਲ ਅਫਸਰ ਅਮਨਦੀਪ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

# 9ਵੀਂ ਤੇ 11ਵੀਂ ਜਮਾਤ 'ਚ ਦਾਖਲੇ ਲਈ ਆਨਲਾਈਨ ਅਪਲਾਈ 31 ਤੱਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਦੀ ਪ੍ਰਿੰਸੀਪਲ ਰੰਜੂ ਦੁੱਗਲ ਨੇ ਦੱਸਿਆ ਕਿ ਜਵਾਹਰ ਨਵੋਦਿਆ ਵਿਦਿਆਲਿਆ ਪ੍ਰਵੇਸ਼ ਪ੍ਰੀਖਿਆ 2024-25 ਜਮਾਤਾਂ ਨੌਵੀਂ ਅਤੇ ਗਿਆਰ੍ਹਵੀਂ ਦੀਆਂ ਖਾਲੀ ਸੀਟਾਂ 'ਤੇ ਦਾਖਲੇ ਲਈ ਵਿਦਿਆਰਥੀ 31 ਅਕਤੂਬਰ 2023 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਮੌਜੂਦਾ ਵਿੱਦਿਅਕ ਸੈਸ਼ਨ 2023-24 ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ/ਮਾਨਤਾ ਪ੍ਰਾਪਤ ਸਕੂਲਾਂ ਵਿੱਚ 8ਵੀਂ ਅਤੇ 10ਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀ ਇਸ ਲਈ ਆਨਲਾਈਨ ਅਪਲਾਈ ਕਰ ਸਕਦੇ ਹਨ। ਪ੍ਰਿੰਸੀਪਲ ਰੰਜੂ ਦੁੱਗਲ ਨੇ ਦੱਸਿਆ ਕਿ ਆਨਲਾਈਨ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਵਿਦਿਆਰਥੀਆਂ ਦੀ ਲਿਖਤੀ ਪ੍ਰੀਖਿਆ 10 ਫਰਵਰੀ 2024 ਨੂੰ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ 9ਵੀਂ ਜਮਾਤ ਲਈ ਅਪਲਾਈ ਕਰਨ ਵਾਲੇ ਵਿਦਿਆਰਥੀ ਦਾ ਜਨਮ 1 ਮਈ 2009 ਤੋਂ 31 ਜੁਲਾਈ ਦਰਮਿਆਨ ਹੋਣਾ ਚਾਹੀਦਾ ਹੈ। 11ਵੀਂ ਜਮਾਤ ਲਈ ਅਪਲਾਈ ਕਰਨ ਵਾਲੇ ਵਿਦਿਆਰਥੀਆਂ ਦਾ ਜਨਮ 1 ਜੂਨ 2007 ਤੋਂ 31 ਜੁਲਾਈ 2009 ਦਰਮਿਆਨ ਹੋਣਾ ਚਾਹੀਦਾ ਹੈ। ਸਿਲੇਬਸ ਲਈ, ਆਨਲਾਈਨ ਰਜਿਸਟਰ ਕਰਨ ਲਈ ਲਿੰਕ ਅਤੇ ਯੋਗਤਾ, ਨਵੋਦਿਆ ਵਿਦਿਆਲਿਆ ਸਮਿਤੀ ਦੀ ਵੈੱਬਸਾਈਟ www.navodaya.gov.in. 'ਤੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਸਕੂਲ ਦੇ ਫੋਨ ਨੰਬਰ 01882-289393 'ਤੇ ਕੰਮ ਵਾਲੇ ਦਿਨ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ।

# ਪਟਾਕਿਆਂ ਦੇ ਆਰਜ਼ੀ ਲਾਇਸੰਸ ਲੈਣ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਮਿਤੀ 'ਚ ਅੱਜ ਤੱਕ ਵਾਧਾ

**ਜਲੰਧਰ, (ਸੁਰਿੰਦਰ ਕੁਮਾਰ)** ਪਟਾਖਿਆਂ ਦੇ ਆਰਜ਼ੀ ਲਾਇਸੰਸ ਲੈਣ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਮਿਤੀ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਹੁਣ ਜਲੰਧਰ ਸ਼ਹਿਰ ਦੇ ਬਰਲਟਨ ਪਾਰਕ ਵਿੱਚ ਪਟਾਖਿਆਂ ਨੂੰ ਵੇਚਣ ਲਈ ਆਰਜ਼ੀ ਦੁਕਾਨਾਂ ਦੇ ਆਰਜ਼ੀ ਲਾਇਸੰਸ ਲੈਣ ਦੇ ਚਾਹਵਾਨ 27 ਅਕਤੂਬਰ ਤੱਕ ਅਸਲਾ ਲਾਇਸੈਂਸਿੰਗ ਬਰਾਂਚ, ਕਮਿਸ਼ਨਰੇਟ ਜਲੰਧਰ ਦਫ਼ਤਰ ਵਿਖੇ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਫਾਰਮ ਜਮ੍ਹਾ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਪੁਲਿਸ (ਲਾਅ ਐਂਡ ਆਰਡਰ) ਅੰਕੁਰ ਗੁਪਤਾ ਨੇ ਦੱਸਿਆ ਉਨ੍ਹਾਂ ਦੱਸਿਆ ਕਿ ਪੁਲਸ ਕਮਿਸ਼ਨਰੇਟ ਜਲੰਧਰ ਸ਼ਹਿਰ ਦੇ ਵਸਨੀਕਾਂ ਜਿਨ੍ਹਾਂ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੈ ਅਤੇ ਉਹ ਆਰਜ਼ੀ ਲਾਇਸੰਸ ਲੈਣ ਲਈ ਫਾਰਮ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਫਾਰਮ ਅਪਲਾਈ ਕਰਦੇ ਸਮੇਂ ਪ੍ਰਾਰਥੀ ਦਾ ਨਾਮ, ਪਿਤਾ ਦਾ ਨਾਮ, ਪਤਾ, ਪੈਨ ਨੰਬਰ, ਆਧਾਰ ਨੰਬਰ, ਮੋਬਾਇਲ ਨੰਬਰ, ਈ-ਮਲ ਆਈ.ਡੀ. ਸਬੰਧੀ ਸੂਚਨਾ ਮੰਗੀ ਗਈ ਹੈ ਤਾਂ ਜੋ ਪ੍ਰਾਰਥੀਆਂ ਦੀ ਜੀ.ਐਸ.ਟੀ. ਐਕਟ ਤਹਤ ਰਜਿਸਟਰੇਸ਼ਨ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ 27 ਅਕਤੂਬਰ ਨੂੰ ਸ਼ਾਮ 5 ਵਜੇ ਤੋਂ ਬਾਅਦ ਆਉਣ ਵਾਲੀ ਅਰਜ਼ੀ ਵਿਚਾਰੀ ਨਹੀਂ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਡਰਾਅ ਮਿਤੀ 01.11.2023 ਨੂੰ ਬਾਅਦ ਦੁਪਹਿਰ 3 ਵਜੇ ਰੈਡ ਕਰਾਸ ਭਵਨ,ਜਲੰਧਰ ਵਿਖੇ ਕੱਢਿਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਮਾਨਯੋਗ ਸੁਪਰੀਮ ਕੋਰਟ ਜਾਂ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਜਾਂ ਸਰਕਾਰ ਵਲੋਂ ਜਾਰੀ ਕੀਤੇ ਹੁਕਮਾਂ ਵਿੱਚ ਕਿਸੇ ਪ੍ਰਕਾਰ ਦੀ ਸੋਧ/ਤਬਦੀਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ।

# ਸਾਂਝਾ ਅਧਿਆਪਕ ਮੋਰਚਾ ਨੇ ਫੂਕਿਆ ਪੰਜਾਬ ਸਰਕਾਰ ਦਾ ਪੁਤਲਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਾਂਝਾ ਅਧਿਆਪਕ ਮੋਰਚਾ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਦੇ ਕਨਵੀਨਰ ਅਮਨਦੀਪ ਸ਼ਰਮਾ ,ਜਤਿੰਦਰ ਸਿੰਘ, ਸੁਰਜੀਤ ਰਾਜਾ ਅਤੇ ਜਸਵੀਰ ਸਿੰਘ ਦੀ ਅਗਵਾਈ ਵਿਚ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਹਨਾਂ ਆਗੂਆਂ ਨੇ ਦੱਸਿਆ ਕਿ ਮੌਜੂਦਾ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਨੂੰ ਕਈ ਵਾਅਦੇ ਅਤੇ ਗਰੰਟੀਆਂ ਦਿੱਤੀਆਂ ਸਨ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਪੁਰਾਣੀ ਪੈਨਸ਼ਨ ਬਹਾਲ ਕਰਨਾ, ਬੰਦ ਕੀਤੇ ਹੋਏ ਅਨੇਕਾਂ ਭੱਤਿਆਂ ਨੂੰ ਮੁੜ ਬਹਾਲ ਕਰਨਾ, ਪਿਛਲੀ ਸਰਕਾਰ ਦੁਆਰਾ ਦਿੱਤੇ ਅਧੂਰੇ ਪੇ-ਕਮਿਸ਼ਨ ਦੇ ਬਕਾਇਆ ਨੂੰ ਦਰੁਸਤ ਕਰਕੇ ਅਦਾਇਗੀਆਂ ਕਰਨੀਆਂ, ਕੰਪਿਊਟਰ ਅਧਿਆਪਕਾਂ ਅਤੇ ਕੱਚੇ ਅਧਿਆਪਕਾਂ ਨੂੰ ਪੂਰੇ ਸਕੇਲਾਂ ਵਿੱਚ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨਾ, ਪ੍ਰਾਇਮਰੀ ਅਤੇ ਅਪਰ-ਪ੍ਰਾਇਮਰੀ ਅਧਿਆਪਕਾਂ ਦੇ ਹਰ ਵਰਗ ਦੀਆਂ ਸਮਾਂ ਬੱਧ ਪਦਉਨਤੀਆਂ ਕਰਨੀਆਂ, ਪੰਜਵੀਂ ਅਤੇ ਅੱਠਵੀਂ ਸ੍ਰੇਣੀ ਦੇ ਵਿਦਿਆਰਥੀਆਂ ਕੋਲੋਂ ਪ੍ਰੀਖਿਆ ਫੀਸਾਂ ਦੇ ਨਾਂਅ ਤੇ ਕੋਈ ਸਰਟੀਫਿਕੇਟ ਫੀਸ ਵੀ ਨਾ ਲੈਣਾ ਆਦਿ ਅਨੇਕਾਂ ਮਸਲੇ ਜਿਉਂ ਤੇ ਤਿਉਂ ਖੜ੍ਹੇ ਹਨ। ਪ੍ਰਿਤਪਾਲ ਸਿੰਘ ਚੌਟਾਲਾ,ਲੈਕਚਰਾਰ ਅਮਰ ਸਿੰਘ, ਲੈਕਚਰਾਰ ਕਮਲ ਕਿਸ਼ੋਰ,ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ ਅਤੇ ਜਸਵੰਤ ਮੁਕੇਰੀਆਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਦੇ ਮਸਲੇ ਜਲਦ ਹੱਲ ਨਾ ਕੀਤੇ ਤਾਂ ਇਸਦੇ ਗੰਭੀਰ ਨਤੀਜੇ ਪੰਜਾਬ ਸਰਕਾਰ ਨੂੰ ਆਉਂਦੀਆਂ ਪੰਚਾਇਤੀ ਚੋਣਾਂ ਅਤੇ ਫਿਰ ਲੋਕ ਸਭਾ ਚੋਣਾਂ ਵਿੱਚ ਭੁਗਤਣੇ ਪੈਣਗੇ। ਧਰਨੇ ਨੂੰ ਸੁਨੀਲ ਕੁਮਾਰ, ਜਰਨੈਲ ਸਿੰਘ, ਮਦਨ ਲਾਲ, ਸ਼ਾਮ ਸੁੰਦਰ ਕਪੂਰ, ਸਰਬਜੀਤ ਸਿੰਘ ਟਾਂਡਾ, ਜਸਵੰਤ ਮੁਕੇਰੀਆਂ, ਸੰਦੀਪ ਸ਼ਰਮਾ ਬਾਗਪੁਰ ਨੇ ਵੀ ਸੰਬੋਧਨ ਕੀਤਾ। ਲੈਕਚਰਾਰ ਹਰਵਿੰਦਰ ਸਿੰਘ, ਮਨਪ੍ਰੀਤ ਸਿੰਘ ਕੋਟਲਾ,ਸਤਵੀਰ ਸਿੰਘ, ਨਰਿੰਦਰ ਮੰਗਲ, ਨਰਿੰਦਰ ਅਜਨੋਹਾ,ਦਵਿੰਦਰ ਸਿੰਘ ਹੁਸ਼ਿਆਰਪੁਰ ਤੇ ਰਾਜ ਕੁਮਾਰ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹੋ ਰਹੀਆਂ ਹੇਰਾਫੇਰੀਆਂ ਨੂੰ ਰੋਕਣ ਲਈ ਨਿੱਜੀ ਦਖਲ ਦੇਣ ਦੀ ਅਪੀਲ ਕੀਤੀ। ਇਸ ਮੌਕੇ ਰਣਵੀਰ ਸਿੰਘ,ਕੇਸਵ ਖੇਪੜ, ਸਸੀਕਾਂਤ ਗੜ੍ਹਸ਼ੰਕਰ, ਹੈਡਮਾਸਟਰ ਸੰਦੀਪ ਸਿੰਘ, ਪ੍ਰਿੰਸੀਪਲ ਹਰਜੀਤ ਸਿੰਘ, ਕਮਲਦੀਪ ਸਿੰਘ, ਜਸਵਿੰਦਰ ਸਿੰਘ, ਅਨੁਪਮ ਰਤਨ, ਸਤਨਾਮ ਸਿੰਘ,ਪਰਸ ਰਾਮ ਮੁਕੇਰੀਆਂ,ਸਚਿਨ ਕੁਮਾਰ, ਲੈਕਚਰਾਰ ਗੁਰਨਾਮ ਸਿੰਘ, ਮੈਡਮ ਰਮਨਦੀਪ ਕੌਰ ਸੈਣੀ,ਪਰਮਜੀਤ ਸਿੰਘ, ਗੁਰਚਰਨ ਸਿੰਘ, ਸੰਜੀਵ ਅੱਜੋਵਾਲ,ਕਸਮੀਰ ਸਿੰਘ, ਸੁਸੀਲ ਪਠਾਨੀਆਂ, ਮੁਕੇਸ ਕੁਮਾਰ , ਉਂਕਾਰ ਸਿੰਘ , ਪੰਕਜ ਕੁਮਾਰ, ਨਿਰਮਲ ਸਿੰਘ ,ਹਰਕੰਵਲ ਸਿੰਘ ਸਮੇਤ ਵੱਡੀ ਗਿਣਤੀ ਵਿਚ ਅਧਿਆਪਕ ਸ਼ਾਮਿਲ ਸਨ।

# ਖੇਤੀਬਾੜੀ ਵਿਭਾਗ ਵੱਲੋਂ ਕਣਕ ਦੇ ਬੀਜਾਂ ਦੀ ਕੀਤੀ ਜਾ ਰਹੀ ਹੈ ਵੰਡ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪੰਜਾਬ ਸਰਕਾਰ ਵੱਲੋਂ ਇਸ ਸਾਲ ਕਣਕ ਬੀਜ 'ਤੇ ਦਿੱਤੀ ਜਾਣ ਵਾਲੀ ਸਬਸਿਡੀ ਸਬੰਧੀ ਜਾਣਕਾਰੀ ਦਿੰਦੇ ਹੋਏ ਖੇਤੀ ਵਿਕਾਸ ਅਫਸਰ ਅਮਰਜੀਤ ਸਿੰਘ ਨੇ ਦੱਸਿਆ ਕਿ ਕਣਕ ਦੇ ਤਸਦੀਕਸ਼ੁਦਾ ਬੀਜ ਦੀ ਕੀਮਤ ਦਾ 50 ਫੀਸਦੀ ਜਾਂ ਵੱਧ ਤੋਂ ਵੱਧ 01 ਹਜ਼ਾਰ ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਸਬਸਿਡੀ ਦਿੱਤੀ ਜਾਵੇਗੀ। ਇੱਕ ਕਿਸਾਨ ਨੂੰ ਵੱਧ ਤੋਂ ਵੱਧ ਪੰਜ ਏਕੜ ਲਈ ਬੀਜ 'ਤੇ ਸਬਸਿਡੀ ਦਿੱਤੀ ਜਾਵੇਗੀ।

ਖੇਤੀਬਾੜੀ ਵਿਭਾਗ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਕਣਕ ਦੇ ਬੀਜ਼ ਦੀ ਨਵੀ ਕਿਸਮ ਡੀ.ਬੀ.ਡਬਲਯੂ-222 ਦੀ ਵੰਡ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਖੇਤੀਬਾੜੀ ਵਿਭਾਗ ਦੇ ਦਫਤਰ ਤੋਂ ਪਨਸੀਡ ਕਣਕ ਦੇ ਬੀਜ ਦੀ ਸੁਧਰੀ ਹੋਈ ਕਿਸਮ ਉਪਲੱਬਧ ਕਰਵਾਈ ਜਾ ਰਹੀ ਹੈ।

ਖੇਤੀਬਾੜੀ ਮਾਹਿਰਾਂ ਦੇ ਅਨੁਸਾਰ ਕਣਕ ਦੇ ਬੀਜ ਦੀ ਇਹ ਕਿਸਮ ਪੀਲੀ ਕੁੰਗੀ ਦਾ ਟਾਕਰਾ ਕਰਨ ਦੇ ਸਮਰੱਥ ਹੈ। ਕਣਕ ਦੇ ਬੀਜ ਦੀਆਂ ਨਵੀਆਂ ਕਿਸਮਾਂ ਦੇ ਬੀਜਾ ਦੀ ਕੀਮਤ 1110 ਰੁਪਏ ਹੈ ਤੇ 40 ਕਿੱਲੋਂ ਪ੍ਰਤੀ ਬੈਗ ਹੈ। ਖੇਤੀਬਾੜੀ ਵਿਭਾਗ ਤੋ ਬੀਜ ਲੈਣ ਲਈ ਕਿਸਾਨਾਂ ਨੂੰ ਵਿਭਾਗ ਦੇ ਪੋਰਟਲ 'ਤੇ ਅਪਲਾਈ ਕਰ ਸਕਦੇ ਹਨ।

ਇਸ ਮੌਕੇ ਵਰਿੰਦਰ ਸਿੰਘ, ਰਾਜ ਕੁਮਾਰ, ਅਰਜਨ ਸਿੰਘ, ਹਰਪ੍ਰੀਤ ਸਿੰਘ, ਬੀਰ ਚੰਦ ਅਤੇ ਕਿਸਾਨ ਹਾਜ਼ਰ ਸਨ।

# ਟ੍ਰੇਨਿੰਗ ਸੈਂਟਰਾਂ 'ਤੇ ਆਧਾਰ ਕਾਰਡ ਅਧਾਰਤ ਹਾਜ਼ਰੀ ਸ਼ੁਰੂ ਕਰਨ ਦਾ ਫੈਸਲਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** – ਹਰਿਆਣਾ ਸਰਕਾਰ ਨੇ ਹਰਿਆਣਾ ਕੌਸ਼ਲ ਵਿਕਾਸ ਮਿਸ਼ਨ ਤਹਿਤ ਨੌਜੁਆਨਾਂ ਦੇ ਸਿਖਲਾਈ ਤਹਿਤ ਚਲਾਏ ਜਾ ਰਹੇ ਸੂਬੇ ਦੇ ਸਾਰੇ ਟ੍ਰੇਨਿੰਗ ਸੈਂਟਰਾਂ 'ਤੇ ਆਧਾਰ ਕਾਰਡ ਅਧਾਰਿਤ ਹਾਜਰੀ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਪਹਿਲੇ ਪੜਾਅ ਵਿਚ ਤਿੰਨ ਟ੍ਰੇਨਿੰਗ ਸੈਂਟਰਾਂ 'ਤੇ ਪਾਇਲਟ ਯੋਜਨਾ ਸ਼ੁਰੂ ਕੀਤੀ ਗਈ ਜੋ ਸਫਲ ਰਹੀ ਹੈ। ਇਸੀ ਸਫਲਤਾ ਨੂੰ ਦੇਖਦੇ ਹੋਏ ਇਸ ਨੂੰ ਹੁਣ ਪੂਰੇ ਸੂਬੇ ਦੇ ਸਾਰੇ ਟ੍ਰੇਨਿੰਗ ਸੈਂਟਰਾਂ 'ਤੇ ਨੌਜੁਆਨਾਂ ਦੀ ਆਧਾਰ ਕਾਰਡ ਅਧਾਰਿਤ ਹਾਜਰੀ ਸ਼ੁਰੂ ਕੀਤੀ ਜਾ ਰਹੀ ਹੈ। ਹਰਿਆਣਾ ਕੌਸ਼ਲ ਵਿਕਾਸ ਮਿਸ਼ਨ ਦੇ ਨਿਦੇਸ਼ਕ ਡਾ. ਵਿਵੇਕ ਅਗਰਵਾਲ ਨੇ ਦਸਿਆ ਕਿ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿਚ ਸਿਖਲਾਈ ਭਾਗੀਦਾਰਾਂ ਦੇ ਸਹਿਯੋਗ ਨਾਲ ਟ੍ਰੇਨਿੰਗ ਸੈਂਟਰਾਂ 'ਤੇ ਸ਼ਾਰਟ ਟਰਮ ਸਕਿਲ ਵਿਕਾਸ ਸਿਖਲਾਈ ਪ੍ਰਬੰਧਿਤ ਕੀਤੇ ਜਾਂਦੇ ਹਨ। ਇੰਨ੍ਹਾਂ ਟ੍ਰੇਨਿੰਗ ਸੈਂਟਰਾਂ 'ਤੇ ਅਸਿਸਟੈਂਟ ਇਲੈਕਟ੍ਰੀਸ਼ਿਅਨ, ਡਾਟਾ ਐਂਟਰੀ ਆਪਰੇਟਰ, ਬਿਊਟੀਸ਼ਿਅਨ, ਵੇਅਰ ਹਾਊਸ ਪੈਕਰ, ਆਪਰੇਟਰ, ਜੂਨੀਅਰ ਐਨਾਲਿਸਟ, ਸੈਲਫ ਐਂਪਲਾਇਡ ਟੇਲਰ, ਯੋਗਾ ਇੰਸਟਰਕਟਰ, ਇੰਸਟਾਲੇਸ਼ਨ ਤਕਨੀਸ਼ਿਅਨ, ਕ੍ਰਾਫਟ ਬੇਕਰ ਵਰਗੇ ਕਈ ਸਿਖਲਾਈ ਕੋਰਸ ਕਰਵਾਏ ਜਾਂਦੇ ਹਨ। ਇਹ ਸਿਖਲਾਈ ਵੱਖ-ਵੱਖ ਤਿੰਨ ਤੋਂ ਚਾਰ ਮਹੀਨਿਆਂ ਦੇ ਸਮੇਂ ਦੇ ਹੁੰਦੇ ਹਨ।

ਡਾ. ਅਗਰਵਾਲ ਨੇ ਦਸਿਆ ਕਿ ਹਰਿਆਣਾ ਕੌਸ਼ਲ ਵਿਕਾਸ ਮਿਸ਼ਨ ਦੇ ਤਹਿਤ ਚੱਲ ਰਹੇ ਵੱਖ-ਵੱਖ ਟ੍ਰੇਨਿੰਗ ਸੈਂਟਰਾਂ 'ਤੇ ਸਿਖਲਾਈ ਪ੍ਰਾਪਤ ਕਰ ਰਹੇ ਨੌਜੁਆਨਾਂ ਦੀ ਹਾਜਰੀ ਦੇ ਬਾਰੇ ਵਿਚ ਕੁੱਝ ਸ਼ਿਕਾਇਤਾਂ ਮਿਲੀਆਂ ਸਨ, ਜਿਸ 'ਤੇ ਮਿਸ਼ਨ ਨੇ ਕਾਰਵਾਈ ਕਰਦੇ ਹੋਏ ਪਾਇਲਟ ਦੇ ਤੌਰ 'ਤੇ ਤਿੰਨ ਟ੍ਰੇਨਿੰਗ ਸੈਂਟਰਾਂ ਕੁਰੂਕਸ਼ੇਤਰ, ਇੰਦਰੀ (ਕਰਨਾਲ) ਤੇ ਰਿਵਾੜੀ ਵਿਚ ਆਧਾਰ ਕਾਰਡ ਅਧਾਰਿਤ ਈ-ਵੈਰੀਫਿਕੇਸ਼ਨ ਪ੍ਰਣਾਲੀ ਸ਼ੁਰੂ ਕੀਤੀ ਗਈ। ਇਸ ਦਾ ਨਤੀਜਾ ਸੰਤੋਸ਼ਜਨਕ ਪਾਇਆ ਗਿਆ, ਇਸ ਲਈ ਮਿਸ਼ਨ ਇਸ ਨੂੰ ਭਵਿੱਖ ਵਿਚ ਸੂਬੇ ਦੇ ਸਾਰੇ ਕੇਂਦਰਾਂ 'ਤੇ ਜਲਦੀ ਹੀ ਲਾਗੂ ਕਰੇਗਾ।

# ਪਰਾਲੀ ਨੂੰ ਅੱਗ ਲਾਉਣ ਵਾਲੇ ਬਡਲਾ ਦੇ ਕਿਸਾਨ ਨੂੰ 15 ਹਜ਼ਾਰ ਜੁਰਮਾਨਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤ ਇੰਦਰ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਲੁਧਿਆਣਾ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬਡਲਾ ਤਹਿਸੀਲ ਹੁਸ਼ਿਆਰਪੁਰ ਵਿਖੇ ਪਰਾਲੀ ਨੂੰ ਅੱਗ ਲਗਾਉਣ ਦੀ ਘਟਨਾ ਦਾ ਪਤਾ ਲੱਗਾ। ਸੂਚਨਾ ਮਿਲਣ 'ਤੇ ਕਲੱਸਟਰ ਅਫਸਰ ਡਾ. ਅਧਿਰਾਜ ਸਿੰਘ (ਵੈਟਰਨਰੀ ਅਫਸਰ), ਨੋਡਲ ਅਫਸਰ ਗੁਰਿੰਦਰ ਸਿੰਘ (ਪੰਚਾਇਤ ਅਫਸਰ) ਅਤੇ ਪਟਵਾਰੀ ਕੁਲਵਿੰਦਰ ਸਿੰਘ ਨੇ ਮੌਕੇ ਦਾ ਦੌਰਾ ਕੀਤਾ। ਇਸ ਦੌਰਾਨ ਕਰੀਬ 6 ਏਕੜ ਰਕਬੇ ਵਿੱਚ ਪਰਾਲੀ ਸਾੜਨ ਦੀ ਘਟਨਾ ਦੀ ਪੁਸ਼ਟੀ ਹੋਈ ਹੈ। ਐਸ ਡੀ ਐਮ ਨੇ ਦੱਸਿਆ ਕਿ ਇਸ ਦੌਰਾਨ ਅਧਿਕਾਰੀਆਂ ਵਲੋਂ ਸੰਬੰਧਤ ਕਿਸਾਨ ਪਰਮਜੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਬਡਲਾ ਨਾਲ ਸੰਪਰਕ ਕੀਤਾ ਗਿਆ। ਕਿਸਾਨ ਵੱਲੋਂ ਤਸੱਲੀਬਖਸ਼ ਸਪੱਸ਼ਟੀਕਰਨ ਨਾ ਦੇਣ ਕਾਰਨ ਕਿਸਾਨ ਨੂੰ 15 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਖੇਤੀਬਾੜੀ ਅਫਸਰ ਹੁਸ਼ਿਆਰਪੁਰ-2 ਦੀਪਕ ਪੁਰੀ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸੀ ਆਰ ਐਮ ਸਕੀਮ ਤਹਿਤ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਸਬਸਿਡੀ 'ਤੇ ਪਰਾਲੀ ਪ੍ਰਬੰਧਨ ਲਈ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ। ਜੇਕਰ ਕਿਸੇ ਕਿਸਾਨ ਨੂੰ ਪਰਾਲੀ ਪ੍ਰਬੰਧਨ ਲਈ ਮਸ਼ੀਨ ਦੀ ਲੋੜ ਹੈ ਤਾਂ ਉਹ ਬਲਾਕ ਖੇਤੀਬਾੜੀ ਦਫਤਰ ਨਾਲ ਸੰਪਰਕ ਕਰੇ ਪਰ ਕਿਸੇ ਵੀ ਹਾਲਤ ਵਿੱਚ ਪਰਾਲੀ ਨਾ ਸਾੜਨ ਅਤੇ ਵਾਤਾਵਰਨ ਦੀ ਸ਼ੁੱਧਤਾ ਨੂੰ ਬਣਾਈ ਰੱਖਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਧਰਮਵੀਰ ਸ਼ਾਰਦਾ, ਸਰਪੰਚ ਹਰੀਪਾਲ ਸਿੰਘ ਅਤੇ ਹੋਰ ਕਿਸਾਨ ਵੀ ਹਾਜ਼ਰ ਸਨ।

# ਮਹੀਨਾਵਾਰ ਪੈਨਸ਼ਨ ਵੰਡ ਸਮਾਗਮ ਦੌਰਾਨ ਆਟੇ ਦੀਆਂ ਥੈਲੀਆਂ ਵੀ ਤਕਸੀਮ



**ਫਗਵਾੜਾ ( ਜਸਵਿੰਦਰ ਢੱਡਾ)** ਇਲੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਿਟੀ ਦੀ ਤਰਫੋਂ ਕਲੱਬ ਪ੍ਰਧਾਨ ਲਾਇਨ ਆਸ਼ੂ ਮਾਰਕੰਡਾ ਦੀ ਅਗਵਾਈ ਹੇਠ ਲੋੜਵੰਦ ਔਰਤਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਨਾਲ ਆਟੇ ਦੀਆਂ ਥੈਲੀਆਂ ਦੇਣ ਦਾ ਤੀਸਰਾ ਮਹੀਨਾਵਾਰ ਸਮਾਗਮ ਚਿਰਾਗ ਐਸੋਸੀਏਟਸ ਸੁਭਾਸ਼ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿਚ ਸਮਾਜ ਸੇਵਕ ਹਰਨੀਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵਕ ਐਸ.ਪੀ. ਬਸਰਾ ਹਾਜ਼ਰ ਰਹੇ। ਮੁੱਖ ਮਹਿਮਾਨ ਹਰਨੀਤ ਸਿੰਘ ਨੇ ਪੈਨਸ਼ਨ ਅਤੇ ਆਟੇ ਦੀਆਂ ਥੈਲੀਆਂ ਵੰਡਣ ਦੀ ਸ਼ੁਰੂਆਤ ਕਰਵਾਈ ਅਤੇ ਕਲੱਬ ਦੇ ਇਸ ਪ੍ਰੋਜੈਕਟ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਲਾਇਨ ਆਸ਼ੂ ਮਾਰਕੰਡਾ ਅਤੇ ਉਨ੍ਹਾਂ ਦੀ ਟੀਮ ਸਮਾਜ ਸੇਵਾ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾ ਰਹੀ ਹੈ, ਜੋ ਹੋਰਨਾਂ ਲਈ ਵੀ ਪ੍ਰੇਰਨਾਦਾਇਕ ਹੈ। ਕਲੱਬ ਦੇ ਪ੍ਰਧਾਨ ਲਾਇਨ ਆਸ਼ੂ ਮਾਰਕੰਡਾ ਨੇ ਸਮਾਜ ਸੇਵਕ ਬੱਬੂ ਮਨੀਲਾ ਅਤੇ ਤਜਿੰਦਰ ਬਾਵਾ ਦਾ ਇਸ ਪ੍ਰੋਜੈਕਟ ਵਿੱਚ ਸਹਿਯੋਗ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਕਲੱਬ ਦੇ ਵਿੱਤ ਸਕੱਤਰ ਲਾਇਨ ਜੁਗਲ ਬਵੇਜਾ ਸਨ। ਪ੍ਰੋਗਰਾਮ ਦੌਰਾਨ ਕਲੱਬ ਦੇ ਸਕੱਤਰ ਲਾਇਨ ਸੰਜੀਵ ਲਾਂਬਾ ਨੇ ਪਤਵੰਤਿਆਂ ਨੂੰ ਕਲੱਬ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਕਲੱਬ ਵੱਲੋਂ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦਾ ਸੰਚਾਲਨ ਡਿਸਟ੍ਰਿਕਟ ਚੇਅਰਮੈਨ (ਮਨੋਰੰਜਨ) ਲਾਇਨ ਜਸਵੀਰ ਮਾਹੀ ਨੇ ਕੀਤਾ। ਇਸ ਮੌਕੇ ਕਲੱਬ ਦੇ ਪੀ.ਆਰ.ਓ. ਲਾਇਨ ਸੁਮਿਤ ਭੰਡਾਰੀ, ਕਰਤਾਰ ਚੰਦ ਅਤੇ ਵਿਨੋਦ ਸ਼ਰਮਾ ਤੋਂ ਇਲਾਵਾ ਡਿਸਟ੍ਰਿਕਟ ਚੇਅਰਮੈਨ (ਮਾਨਵਤਾਵਾਦੀ) ਅਤੇ ਜੀਐਲਟੀ ਮੈਂਬਰ ਲਾਇਨ ਗੁਰਦੀਪ ਸਿੰਘ ਕੰਗ, ਡਿਸਟ੍ਰਿਕਟ ਚੇਅਰਮੈਨ (ਵਿਦਿਆਰਥੀ ਭਲਾਈ) ਲਾਇਨ ਅਤੁਲ ਜੈਨ, ਜ਼ੋਨ ਚੇਅਰਮੈਨ ਲਾਇਨ ਸੁਨੀਲ ਢੀਂਗਰਾ, ਲਾਇਨ ਵਿਪਨ ਸ਼ਰਮਾ, ਲਾਇਨ ਸੰਜੇ ਤ੍ਰੇਹਨ, ਲਾਇਨ ਵਿਪਨ ਠਾਕੁਰ, ਲਾਇਨ ਐਸ.ਕੇ. ਅਗਰਵਾਲ ਐਡਵੋਕੇਟ ਆਦਿ ਹਾਜ਼ਰ ਸਨ।

# ਗੌਰਮਿੰਟ ਪੈਨਸ਼ਨਰ ਯੂਨੀਅਨ ਦੀ ਮੀਟਿੰਗ 'ਚ ਪ੍ਰੋ. ਬਲਵਿੰਦਰ ਕੌਰ ਦੀ ਮੌਤ 'ਤੇ ਦੁੱਖ ਪ੍ਰਗਟ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਗੌਰਮਿੰਟ ਪੈਨਸ਼ਨਰ ਯੂਨੀਅਨ ਦੀ ਮੀਟਿੰਗ ਗੁਰੂ ਰਵਿਦਾਸ ਭਵਨ ਸੁਲਤਾਨਪੁਰ ਲੋਧੀ ਵਿਖੇ ਕਰਨੈਲ ਸਿੰਘ ਦੀ ਪ੍ਰਧਾਨਗੀ ਵਿੱਚ ਕੀਤੀ ਗਈ। ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਕਈ ਮਤੇ ਪਾਸ ਕੀਤੇ ਗਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਕਰਨੈਲ ਸਿੰਘ ਅਤੇ ਮਾਸਟਰ ਸੁੱਚਾ ਸਿੰਘ ਮਿਰਜਾ ਪੁਰ ਨੇ ਦੱਸਿਆ ਕਿ ਅਸੀਂ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ 66 ਮਹੀਨੇ ਤੋਂ ਪੈਨਸ਼ਨਰਾਂ ਦੀ ਬਕਾਇਆ ਰਾਸ਼ੀ ਜਾਰੀ ਕੀਤੀ ਜਾਵੇ। 12 ਫੀਸਦੀ ਡੀਏ ਦਾ ਬਕਾਇਆ ਦਿੱਤਾ ਜਾਵੇ, ਠੇਕੇ 'ਤੇ ਭਰਤੀ ਬੰਦ ਕੀਤੀ ਜਾਵੇ, ਕੱਚੇ ਮੁਲਾਜਮਾਂ ਨੂੰ ਪੱਕਾ ਕੀਤਾ ਜਾਵੇ ਅਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਪ੍ਰੋ ਬਲਵਿੰਦਰ ਕੌਰ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹਾਂ ਅਤੇ ਮੰਗ ਕਰਦੇ ਹਾਂ ਕਿ ਉਹਨਾਂ ਦੇ ਕਾਤਲਾਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ। ਮੀਟਿੰਗ ਦੌਰਾਨ ਸੁੱਚਾ ਸਿੰਘ ਸਕੱਤਰ, ਜਗੀਰ ਸਿੰਘ ਬਾਜਵਾ, ਗੁਰਚਰਨ ਦਾਸ, ਚਰਨ ਸਿੰਘ, ਗੁਰਦੇਵ ਸਿੰਘ, ਸੋਹਣ ਸਿੰਘ, ਪਿਆਰਾ ਸਿੰਘ, ਹਰਦੀਪ ਸਿੰਘ, ਅਜੀਤ ਸਿੰਘ, ਭੁਪਿੰਦਰ ਸਿੰਘ ਮੋਠਾਂਵਾਲਾ,ਅਮਰਜੀਤ ਸਿੰਘ, ਮੁਨਸਾ ਸਿੰਘ, ਬਲਵੀਰ ਸਿੰਘ, ਬਲਵਿੰਦਰ ਸਿੰਘ, ਸਵਰਨ ਸਿੰਘ, ਮਲਕੀਤ ਸਿੰਘ, ਮਦਨ ਲਾਲ ਕੰਡਾ ਸੂਬਾ ਆਗੂ, ਸੂਬਾ ਸਿੰਘ ਢਿੱਲੋਂ, ਗੁਰਚਰਨ ਸਿੰਘ, ਸਾਧੂ ਸਿੰਘ, ਮਾਸਟਰ ਚਰਨ ਸਿੰਘ ਹੈਬਤਪੁਰ,ਮਕੇਸ ਕੁਮਾਰ, ਕੇਵਲ ਸਿੰਘ, ਦੇਸ ਰਾਜ, ਅਮਰਜੀਤ ਸਿੰਘ, ਸਾਧੂ ਸਿੰਘ, ਸੁਰਜੀਤ ਸਿੰਘ, ਮੋਹਨ ਲਾਲ ਆਦਿ ਹਾਜਰ ਸਨ।

# ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਤਹਿਤ 100 ਪ੍ਰਤੀਸ਼ਤ ਪੰਜੀਕਰਨ ਦਾ ਟੀਚਾ ਪ੍ਰਾਪਤ ਕੀਤਾ ਜਾਵੇ : ਵਧੀਕ ਜ਼ਿਲ੍ਹਾ ਚੋਣ ਅਫ਼ਸਰ



**ਐ ਸ.ਏ.ਐ ਸ.ਨਗਰ, (ਗੁਰਜੀਤ ਬਿੱਲਾ)**- ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ 'ਚ ਚਲਾਈ ਜਾ ਰਹੀ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਤਹਿਤ 100 ਪ੍ਰਤੀਸ਼ਤ ਪੰਜੀਕਰਨ ਕਰਨ ਦਾ ਟੀਚਾ ਪ੍ਰਾਪਤ ਕਰਨ ਨੂੰ ਮੁੱਖ ਰੱਖਦਿਆਂ 27 ਅਕਤੂਬਰ ਨੂੰ ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ ਮੌਕੇ ਰਾਜ ਪੱਧਰ ਦੀ ਸਾਈਕਲ ਰੈਲੀ ਕੀਤੀ ਜਾ ਰਹੀ ਹੈ। ਇਹ ਰੈਲੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 3ਬੀ1 ਮੋਹਾਲੀ ਤੋਂ ਸ਼ੁਰੂ ਹੋ ਕੇ ਸ਼ਿਵਾਲਿਕ ਪਬਲਿਕ ਸਕੂਲ, ਮੋਹਾਲੀ ਤੱਕ ਜਾਵੇਗੀ। ਇਸ ਸਾਈਕਲ ਰੈਲੀ ਵਿੱਚ ਵੱਖ ਵੱਖ ਸਕੂਲਾਂ ਦੇ ਲਗਭਗ 250 ਵਿਦਿਆਰਥੀਆਂ ਵਲੋਂ ਭਾਗ ਲਿਆ ਜਾਵੇਗਾ। ਇਸ ਸਬੰਧੀ ਤਿਆਰੀ ਲਈ ਅੱਜ ਵਧੀਕ ਡਿਪਟੀ ਕਮਿਸਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਵਿਰਾਜ ਐਸ ਤਿੜਕੇ ਵਲੋਂ ਜ਼ਿਲ੍ਹਾ ਸਵੀਪ ਨੋਡਲ ਅਫਸਰ ਗੁਰਬਖਸ਼ੀਸ਼ ਸਿੰਘ, ਚੋਣ ਤਹਿਸੀਲਦਾਰ ਸੰਜੇ ਕੁਮਾਰ ਅਤੇ ਪੀ.ਡਬਲਯੂ.ਡੀ. ਕੋਆਰਡੀਨੇਟਰ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਵੀਪ ਗਤੀਵਿਧੀਆਂ ਨੂੰ ਵੱਡੇ ਪੱਧਰ 'ਤੇ ਉਲੀਕਿਆ ਜਾਵੇ ਤਾਂ ਜੋ 18-19 ਸਾਲ ਦੇ ਵੋਟਰਾਂ ਦਾ 100 ਪ੍ਰਤੀਸ਼ਤ ਪੰਜੀਕਰਨ ਕੀਤਾ ਜਾ ਸਕੇ। ਰੈਲੀ ਦੌਰਾਨ ਆਮ ਜਨਤਾ ਨੂੰ ਹੇਠ ਲਿਖੇ ਅਨੁਸਾਰ ਸਰਸਰੀ ਸੁਧਾਈ ਦੇ ਪ੍ਰੋਗਰਾਮ ਸਬੰਧੀ ਜਾਗਰੂਕ ਕੀਤਾ ਜਾਵੇਗਾ। ਜਿਸ ਤਹਿਤ 27 ਅਕਤੂਬਰ ਤੋਂ 9 ਦਸੰਬਰ ਤੱਕ ਵੋਟਰਾਂ ਤੋਂ ਵੋਟਾਂ ਬਣਵਾਉਣ ਅਤੇ ਕਟਵਾਉਣ ਸਬੰਧੀ ਦਾਅਵੇ ਅਤੇ ਇਤਰਾਜ਼ ਲਏ ਜਾਣੇ ਹਨ। ਇਸ ਸਬੰਧੀ 4 ਤੇ 5 ਨਵੰਬਰ ਅਤੇ 2 ਤੇ 3 ਦਸੰਬਰ ਨੂੰ ਬੀ.ਐਲ.ਓ ਵਲੋਂ ਪੋਲਿੰਗ ਬੂਥਾਂ 'ਤੇ ਸਪੈਸ਼ਲ ਕੈਂਪ ਵੀ ਲਗਾਏ ਜਾਣੇ ਹਨ। ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ 27 ਅਕਤੂਬਰ ਦੇ ਮੌਕੇ ਆਮ ਜਨਤਾ ਨੂੰ ਵੋਟਾਂ ਬਣਾਉਣ ਅਤੇ ਉਸ ਦਾ ਸਹੀ ਇਸਤੇਮਾਲ ਕਰਨ ਲਈ ਜਾਗਰੂਕ ਕਰਨ ਲਈ ਕੱਢੀ ਜਾਣ ਵਾਲੀ ਸਾਈਕਲ ਰੈਲੀ 'ਚ ਮੁੱਖ ਮਹਿਮਾਨ ਵਜੋਂ ਮੁੱਖ ਚੋਣ ਅਫਸਰ ਪੰਜਾਬ ਸਿਬਿਨ ਸੀ ਆਈ.ਏ.ਐਸ. ਪੁੱਜਣਗੇ। ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਗੁਰਬਖਸ਼ੀਸ਼ ਸਿੰਘ ਨੇ ਮੀਟਿੰਗ 'ਚ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਵੋਟਰ ਸਾਖਰਤਾ ਕਲੱਬ ਬਣਾ ਕੇ 100 ਨੌਜੁਆਨਾਂ ਦੀ 100 ਪ੍ਰਤੀਸ਼ਤ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ। ਇਸ ਸਬੰਧੀ ਹਰ ਕਾਲਜ ਅਤੇ ਸਕੂਲ ਵਿੱਚ ਦੋ ਕੈਂਪਸ ਅੰਬੈਸਡਰ ਵੀ ਨਿਯੁਕਤ ਕੀਤੇ ਜਾ ਰਹੇ ਹਨ, ਜੋ ਕਿ ਨੌਜੁਆਨਾਂ, ਮਹਿਲਾ ਵੋਟਰਾਂ ਅਤੇ ਸ਼ਹਿਰੀ ਵੋਟਰਾਂ ਵਿੱਚ ਵੋਟਰ ਜਾਗਰੂਕਤਾ ਪੈਦਾ ਕਰਨਗੇ। ਇਸ ਸਬੰਧੀ ਐਨ.ਜੀ.ਓਜ਼ ਅਤੇ ਰਾਸ਼ਟਰੀ ਸੇਵਾ ਯੋਜਨਾ ਦੇ ਵਾਲੰਟਰੀਆਂ ਦਾ ਵੀ ਸਹਿਯੋਗ ਲਿਆ ਜਾਵੇਗਾ।

# ਦੁਸਹਿਰਾ ਗਰਾਊਂਡ ਦੀ ਕਾਇਆ-ਕਲਪ ਲਈ 26.67 ਲੱਖ ਰੁਪਏ ਦਾ ਚੈੱਕ ਸੌਂਪਿਆ



**ਜਲੰਧਰ, (ਸੁਰਿੰਦਰ ਕੁਮਾਰ)**- ਬਸਤੀ ਬਾਵਾ ਖੇਲ ਸਥਿਤ ਕਟਿਹਰਾ ਮੁਹੱਲਾ ਦੁਸਹਿਰਾ ਗਰਾਊਂਡ ਦੀ ਕਾਇਆਕਲਪ ਲਈ ਬੋਰਡ ਦੀ ਤਰਫੋਂ 26.67 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਵੱਲੋਂ ਇਹ ਰਾਸ਼ੀ ਇਸ ਪਾਰਕ ਦੀ ਕਾਇਆ ਕਲਪ 'ਤੇ ਖਰਚ ਕੀਤੀ ਜਾਵੇਗੀ, ਜਿਸ ਨਾਲ ਆਸ-ਪਾਸ ਦੇ ਲੋਕਾਂ ਨੂੰ ਇੱਥੇ ਵਧੀਆ ਸਹੂਲਤਾਂ ਮਿਲ ਸਕਣਗੀਆਂ। ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਇਹ ਰਾਸੀ ਸਥਾਨਕ ਦੁਸਹਿਰਾ ਉਤਸਵ ਕਮੇਟੀ ਦੀ ਹਾਜਰੀ ਵਿੱਚ ਜਾਰੀ ਕੀਤੀ ਗਈ ਹੈ, ਜਿਸ ਤਹਿਤ ਇੱਥੇ ਕਈ ਵੱਡੇ ਕਾਰਜ ਕਰਵਾਏ ਜਾਣਗੇ। ਇਹ ਸਾਰਾ ਕੰਮ ਨਗਰ ਨਿਗਮ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨੂੰ ਖਰਚਣ ਤੋਂ ਬਾਅਦ ਇਸ ਪਾਰਕ ਦੀ ਦਿੱਖ ਪੂਰੀ ਤਰ੍ਹਾਂ ਬਦਲ ਜਾਵੇਗੀ ਅਤੇ ਲੋਕਾਂ ਨੂੰ ਉਹ ਸਾਰੀਆਂ ਸਹੂਲਤਾਂ ਮਿਲਣਗੀਆਂ ਜੋ ਕਿ ਵੱਡੇ ਪਾਰਕ ਵਿੱਚ ਹੋਣੀਆਂ ਚਾਹੀਦੀਆਂ ਹਨ।

ਇਸ ਮੌਕੇ ਰਾਜਨ ਅੰਗੁਰਾਲ , ਸਾਬਕਾ ਇਲਾਕਾ ਕੌਂਸਲਰ ਵਿਨੀਤ ਧੀਰ, ਸੰਜੀਵ ਭਗਤ, ਗੁਰਨਾਮ ਸਿੰਘ, ਗੌਰਵ ਪੁਰੀ, ਰਾਜਵਿੰਦਰ ਸਿੰਘ ਸਮੇਤ ਕਈ ਆਗੂ ਹਾਜਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਤੈਰਾਕੀ 'ਚੋਂ ਜਿੱਤੇ ਤਗਮੇ



**ਜਲੰਧਰ (ਸੈਲੀ ਐਲਬਰਟ)**:--ਉੱਤਰੀ ਭਾਰਤ ਦੀ ਸਿਰਮੌਰ ਵਿਦਿਅਕ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਵਿਦਿਆਰਥੀਆਂ ਨੇ ਕਾਲਜ ਦਾ ਨਾਂਅ ਰੌਸ਼ਨ ਕਰਦਿਆਂ ਜ਼ਿਲ੍ਹਾ ਮੋਹਾਲੀ ਵਿਖੇ ਆਯੋਜਿਤ 'ਖੇਡਾਂ ਵਤਨ ਪੰਜਾਬ ਦੀਆਂ-2023' ਵਿਚ ਤੈਰਾਕੀ ਵਿਚੋਂ ਸੋਨ ਤਗਮੇ ਜਿੱਤੇ। ਇਨ੍ਹਾਂ ਖੇਡਾਂ ਵਿਚ ਕਾਲਜ ਦੇ ਵਿਦਿਆਰਥੀ ਰੋਹਿਤ ਨੇ ਤੈਰਾਕੀ ਦੇ ਈਵੈਂਟ 100 ਮੀਟਰ ਬ੍ਰੇਸਟ ਸਟ੍ਰੋਕ ਵਿਚੋਂ ਗੋਲਡ ਮੈਡਲ ਅਤੇ ਰਿਲੇ ਈਵੈਂਟ ਵਿਚੋਂ ਕਾਂਸੇ ਦਾ ਤਗਮਾ ਜਿੱਤਿਆ। ਇਸੇ ਤਰ੍ਹਾਂ ਵਿਦਿਆਰਥੀ ਬਲਵੰਤ ਸਿੰਘ ਨੇ 100 ਮੀਟਰ ਫ੍ਰੀ ਸਟਾਇਲ ਈਵੈਂਟ ਵਿਚੋਂ ਸਿਲਵਰ ਅਤੇ ਰਿਲੇ ਈਵੈਂਟ ਵਿਚੋਂ ਕਾਂਸੇ ਦਾ ਤਗਮਾ ਜਿੱਤਿਆ। ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਜੇਤੂ ਖਿਡਾਰੀਆਂ, ਖੇਡ ਵਿਭਾਗ ਅਤੇ ਤੈਰਾਕੀ ਕੋਚ ਉਮੇਸ਼ ਸ਼ਰਮਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਲਜ ਗਵਰਨਿੰਗ ਕੌਂਸਲ ਹਮੇਸ਼ਾਂ ਹੀ ਅਜਿਹੇ ਵਿਦਿਆਰਥੀਆਂ ਨੂੰ ਉੱਚਤਮ ਖੇਡ ਸਹੂਲਤਾਂ ਦੇਣ ਲਈ ਪ੍ਰਤੀਬੱਧ ਹੈ। ਉਨ੍ਹਾਂ ਕਿਹਾ ਕਿ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਪੜ੍ਹਾਈ ਦੇ ਨਾਲ-ਨਾਲ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਦੇ ਖਿਡਾਰੀ ਵੀ ਪੈਦਾ ਕਰ ਰਿਹਾ ਹੈ। ਇਸ ਮੌਕੇ ਕਾਲਜ ਗਵਰਨਿੰਗ ਕੌਂਸਲ ਦੀ ਪ੍ਰਧਾਨ ਸਰਦਾਰਨੀ ਬਲਬੀਰ ਕੌਰ ਨੇ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਡਾ. ਐਸ.ਐਸ. ਬੈਂਸ, ਡੀਨ ਸਪੋਰਟਸ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਜਗਦੀਸ਼ ਸਿੰਘ ਅਤੇ ਅੰਮ੍ਰਿਤ ਲਾਲ ਸੈਣੀ ਵੀ ਹਾਜ਼ਰ ਸਨ।

# ਦਰੀਆ ਵਿਖੇ ਕੀਰਤਨ ਦਰਬਾਰ ਸ਼ਰਧਾਪੂਰਵਕ ਸੰਪੰਨ



**ਅੱਡਾ ਸਰਾਂ (ਜਸਵੀਰ ਕਾਜਲ)**-ਕੁੱਲੀ ਬਾਬਾ ਖੁਸ਼ਦਿੱਲ ਪਿੰਡ ਦਰੀਆ ਵਿਖੇ ਬਾਬਾ ਸੰਗਤ ਸਿੰਘ ਜੀ ਅਤੇ ਬਾਬਾ ਜੀਵਨ ਸਿੰਘ ਜੈਤਾ, ਰੰਗਰੇਟਾ ਗੁਰੂ ਕਾ ਬੇਟਾ ਜੀ ਨੂੰ ਸਮਰਪਿਤ ਕਰਵਾਏ ਗਏ 50ਵੇਂ ਸਾਲਾਨਾ ਖੁਸ਼ਦਿਲ ਕੀਰਤਨ ਦਰਬਾਰ ਵਿਚ ਵੱਖ ਵੱਖ ਪਿੰਡਾਂ ਤੋਂ ਆਈਆਂ ਸੰਗਤਾਂ ਨੇ ਹਾਜ਼ਰੀ ਲੁਆਈ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਦੀ ਦੇਖਰੇਖ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਵਿਚ ਸਜਾਏ ਗਏ ਦੀਵਾਨ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਸਿੱਖ ਪ੍ਰਚਾਰਕਾਂ ਨੇ ਸੰਗਤ ਨੂੰ ਗੁਰਮਤਿ ਨਾਲ ਜੋੜਿਆ। ਕੀਰਤਨ ਦਰਬਾਰ ਵਿਚ ਭਾਈ ਦਾਤਾਰ ਸਿੰਘ ਦਾਤਾ, ਢਾਡੀ ਦੀਦਾਰ ਸਿੰਘ ਸੰਗਤਪੁਰੀ ਫਗਵਾੜਾ, ਢਾਡੀ ਸਰੂਪ ਸਿੰਘ ਕੜਿਆਣਾ ਫਿਲੌਰ, ਢਾਡੀ ਹਰਜਿੰਦਰ ਸਿੰਘ ਨੂਰ ਬੁੱਟਰ ਅੰਬਾਲਾ, ਢਾਡੀ ਕਮਲਜੀਤ ਸਿੰਘ ਦਸੂਹਾ ਵਾਲੇ, ਕਵੀਸ਼ਰ ਭਾਈ ਬਲਵੀਰ ਸਿੰਘ ਹੁਸ਼ਿਆਰਪੁਰ, ਭਾਈ ਗੁਰਮੁਖ ਸਿੰਘ ਐਮ. ਏ., ਜੌਹਲ ਜੋਗੀ ਜਲੰਧਰ, ਭਾਈ ਦਵਿੰਦਰ ਸਿੰਘ ਬੋਦਲਾਂ ਵਾਲੇ, ਭਾਈ ਰਾਜਵੀਰ ਸਿੰਘ ਬੋਦਲਾਂ ਵਾਲੇ, ਭਾਈ ਸਤਿੰਦਰ ਪਾਲ ਸਿੰਘ ਬੋਦਲਾਂ ਵਾਲੇ, ਪ੍ਰੋਫੈਸਰ ਅਵਤਾਰ ਸਿੰਘ ਬੋਦਲਾਂ ਵਾਲੇ ਭਾਈ, ਜਸਵਿੰਦਰ ਸਿੰਘ ਗੜ੍ਹਦੀਵਾਲਾ, ਕੁਲਵਿੰਦਰ ਸਿੰਘ ਅਕੈਡਮੀ ਫਤਿਹਪੁਰ ਹੁਸ਼ਿਆਰਪੁਰ, ਭਾਈ ਮੋਹਨ ਸਿੰਘ ਤਲਵੰਡੀ ਵਾਲੇ, ਭਾਈ ਗੁਰਮੁਖ ਸਿੰਘ ਕੰਧਾਲਾ ਜੱਟਾਂ ਵਾਲੇ, ਬੀਬੀ ਮਨਪ੍ਰੀਤ ਕੌਰ ਕੰਧਾਲਾ ਜੱਟਾਂ, ਬੀਬੀ ਭੁਪਿੰਦਰ ਕੌਰ ਖਾਲਸਾ ਕੰਧਾਲਾ ਜੱਟਾਂ, ਬੀਬੀ ਖੁਸ਼ਪ੍ਰੀਤ ਕੌਰ ਅਤੇ ਬੀਬਾ ਭੁਪਿੰਦਰ ਕੌਰ ਕੰਧਾਲਾ ਜੱਟਾਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਸਿੱਖ ਪ੍ਰਚਾਰਕਾਂ ਨੇ ਦੀਵਾਨ ਵਿਚ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਜੀਵਨ ਜਾਚ ਬਣਾਉਣ ਦੀ ਪ੍ਰੇਰਨਾ ਦਿੱਤੀ।

# ਅਸ਼ੋਕ ਵਿਜੇ ਦਸਵੀਂ ਮਹਾਂਉਤਸਵ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**—ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਵੱਲੋਂ 11ਵਾਂ ਅਸ਼ੋਕ ਵਿਜੇ ਦਸਵੀਂ ਮਹਾਂਉਤਸਵ (ਅੰਬੇਡਕਰ ਧੰਮ ਕ੍ਰਾਂਤੀ ਸਮਾਗਮ) ਡਾਕਟਰ ਬੀ. ਆਰ. ਅੰਬੇਡਕਰ ਕਮੇਟੀ ਮਾਹਿਲਪੁਰ ਦੇ ਸਹਿਯੋਗ ਨਾਲ ਵੀਡੀਓ ਕਾਲੋਨੀ ਮਾਹਿਲਪੁਰ ਵਿਖੇ ਕਰਵਾਇਆ ਗਿਆ। ਨਿਰਮਲ ਕੌਰ ਬੋਧ ਸਾਬਕਾ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ ਰੀਬਨ ਕੱਟ ਕੇ ਇਸ ਸਮਾਗਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਏਐਸਆਈ ਸੁਖਦੇਵ ਸਿੰਘ, ਏਐਸਆਈ ਬਲਵਿੰਦਰ ਸਿੰਘ, ਅਮਰਜੀਤ ਕੌਰ, ਧਰਮ ਸਿੰਘ ਪ੍ਰਧਾਨ ਡਾਕਟਰ ਬੀ ਆਰ ਅੰਬੇਡਕਰ ਕਮੇਟੀ, ਸੀਮਾ ਰਾਣੀ ਬੋਧ ਪ੍ਰਧਾਨ ਜੈ ਭੀਮ ਕਾਰਵਾ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ, ਜਗਤਾਰ ਸਿੰਘ ਸਾਬਕਾ ਐਸਡੀਓ ਬਿਜਲੀ ਬੋਰਡ, ਸੁਨੀਤਾ, ਮਾਸਟਰ ਜੈ ਰਾਮ ਬਾੜੀਆਂ, ਡਾਕਟਰ ਪਰਮਿੰਦਰ ਸਿੰਘ ਅਪਥੈਲਮਿਕ ਅਫਸਰ, ਜਸਵਿੰਦਰ ਕੌਰ, ਮਨਜੀਤ ਕੌਰ, ਅੰਜਲੀ, ਸੁਆਮੀ ਰਜਿੰਦਰ ਰਾਣਾ, ਗੁਰਪ੍ਰੀਤ ਰਾਣਾ, ਬਲਵਿੰਦਰ ਮਰਵਾਹਾ, ਰਾਜ ਕੁਮਾਰ, ਕੁਲਵਿੰਦਰ ਬਿੱਟੂ ਸੈਲਾ ਖੁਰਦ, ਨਿਰਮਲ ਸਿੰਘ ਮੁੱਗੋਵਾਲ, ਰੇਖਾ ਰਾਣੀ, ਤਰਸੇਮ ਕੌਰ, ਸੁਖਵਿੰਦਰ ਸਿੰਘ ਰਿਟਾਇਰਡ ਬੈਂਕ ਮੁਲਾਜਮ ਆਦਿ ਹਾਜਰ ਸਨ। ਤਥਾਗਤ ਭਗਵਾਨ ਬੁੱਧ, ਬੋਧੀਸੱਤਵ ਸਮਰਾਟ ਅਸ਼ੋਕ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੀਆਂ ਤਸਵੀਰਾਂ ਅੱਗੇ ਨਮਨ ਕੀਤਾ ਗਿਆ ਅਤੇ ਸਮੂਹਿਕ ਤੌਰ 'ਤੇ ਮੈਡੀਟੇਸ਼ਨ ਕਰਕੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ। ਦੀਆ ਰਾਣੀ ਦੀ ਯੋਗ ਅਗਵਾਈ ਹੇਠ ਬੱਚੀਆਂ ਵਲੋਂ ਨਾਟਕਾਂ, ਕੋਰੀਓਗਰਾਫੀਆਂ ਅਤੇ ਗੀਤਾਂ ਰਾਹੀਂ ਭਗਵਾਨ ਬੁੱਧ, ਸਤਿਗੁਰੂ ਰਵਿਦਾਸ ਮਹਾਰਾਜ, ਭਗਵਾਨ ਵਾਲਮੀਕ ਮਹਾਰਾਜ ਅਤੇ ਬਾਬਾ ਸਾਹਿਬ ਅੰਬੇਡਕਰ ਜੀ ਦੀਆਂ ਕਲਿਆਣਕਾਰੀ ਸਿੱਖਿਆਵਾਂ ਦਾ ਸੁਨੇਹਾ ਦਿੱਤਾ ਗਿਆ। ਸੀਮਾ ਰਾਣੀ ਬੋਧ ਨੇ ਕਿਹਾ ਕਿ ਬੁੱਧ ਧੰਮ ਵਿੱਚ ਅਸ਼ੋਕ ਵਿਜੇ ਦਸਵੀਂ ਮਹਾਂਉਤਸਵ ਦਾ ਵਿਸ਼ੇਸ਼ ਮਹੱਤਵ ਹੈ। ਉਹਨਾਂ ਦੱਸਿਆ ਕਿ ਲਗਭਗ 2360 ਸਾਲ ਪਹਿਲਾਂ ਸਮਰਾਟ ਅਸ਼ੋਕ ਨੇ ਯੁੱਧ ਦਾ ਰਸਤਾ ਛੱਡ ਕੇ ਬੁੱਧ ਦਾ ਰਸਤਾ ਫੜਿਆ ਸੀ, ਉਦੋਂ ਤੋਂ ਲੈ ਕੇ ਹੁਣ ਤੱਕ ਇਸ ਦਿਨ ਨੂੰ ਬੁੱਧ ਧੰਮ ਵਿੱਚ ਬਹੁਤ ਹੀ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਪਰਵਿੰਦਰ ਸਿੰਘ ਹੁਸ਼ਿਆਰਪੁਰ ਜ਼ਿਲ੍ਹਾ ਇੰਚਾਰਜ ਭੀਮ ਆਰਮੀ, ਜੋਗਿੰਦਰ ਸਿੰਘ ਪਾਲੀ ਐਮਸੀ, ਰਾਮ ਜੀ, ਜਥੇਦਾਰ ਸਤਨਾਮ ਸਿੰਘ, ਰਣਜੀਤ ਕੌਰ, ਸੰਤ ਅਜਮੇਰ ਸਿੰਘ ਬਾੜੀਆਂ, ਦੀਆ ਰਾਣੀ, ਪ੍ਰਭਜੋਤ ਕੌਰ, ਅਰਾਧਨਾ, ਨੈਨਸੀ, ਹੀਨਾ, ਮਨਪ੍ਰੀਤ ਕੌਰ, ਰਾਧਾ ਰਾਣੀ, ਹਨੀ, ਰਘਵੀਰ ਮਾਹੀ, ਬਲਜੋਤ ਸਿੰਘ, ਸੁਨੀਤਾ, ਪੂਨਮ, ਦੀਸੀਕਾ, ਜੈਸਮੀਨ, ਬਲੈਸੀ ਰਾਣਾ,ਸੁਨੀਤਾ, ਮਹਿੰਦਰ ਕੌਰ, ਰਮੇਸ਼ ਕੁਮਾਰ ਸਮੇਤ ਸੁਸਾਇਟੀ ਦੇ ਮੈਂਬਰ ਸਮਰਥਕ ਅਤੇ ਵਾਰਡ ਨੰਬਰ 11,12, 13 ਨਿਵਾਸੀ ਵੱਡੀ ਗਿਣਤੀ ਵਿੱਚ ਹਾਜਰ ਸਨ। ਇਸ ਮੌਕੇ ਚਾਹ ਪਕੌੜਿਆਂ ਦਾ ਲੰਗਰ ਅਟੁੱਟ ਚੱਲਿਆ। ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੀਆਂ ਬੱਚੀਆਂ ਅਤੇ ਸਮਾਗਮ ਦੇ ਸਹਿਯੋਗੀ ਸੱਜਣਾਂ ਨੂੰ ਸਿਰੋਪਾਓ ਅਤੇ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਗਿਆ।

27--Otc-PAGE- 9 qxd.qxd 10/26/2023 10:35 PM Page 1



# ਡੀ ਸੀ ਵੱਲੋਂ ਪਰਾਲੀ ਨਾ ਸਾੜਨ ਦਾ ਸੁਨੇਹਾ ਦਿੰਦੀਆਂ ਜਾਗਰੂਕਤਾ ਵੈਨਾਂ ਰਵਾਨਾ



**ਜਲੰਧਰ, : (ਸ਼ੈਲੀ ਐਲਬਰਟ)**:- ਪਰਾਲੀ ਨੂੰ ਅੱਗ ਨਾ ਲਾਉਣ ਅਤੇ ਇਸਦੇ ਸੁਚੱਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਵੀਰਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਤਿੰਨ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੈਨਾਂ ਵੱਲੋਂ ਅਗਲੇ 30 ਦਿਨਾਂ ਵਿੱਚ ਜ਼ਿਲ੍ਹੇ ਦੇ 982 ਪਿੰਡਾਂ ਨੂੰ ਕਵਰ ਕਰਦਿਆਂ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਉਣ ਤੋਂ ਇਲਾਵਾ ਫਸਲ ਦੀ ਰਹਿੰਦ-ਖੂੰਹਦ ਦਾ ਇਨ ਸੀਟੂ ਅਤੇ ਐਕਸ ਸੀਟੂ ਵਿਧੀਆਂ ਰਾਹੀਂ ਸੁਚੱਜਾ ਪ੍ਰਬੰਧਨ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੈਨਾਂ ਵਿੱਚ ਆਡੀਓ ਸੰਦੇਸ਼ ਵੀ ਚਲਾਏ ਜਾਣਗੇ ਅਤੇ ਵਿਭਾਗ ਵੱਲੋਂ ਤਿਆਰ ਲਿਟਰੇਚਰ ਰਾਹੀਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਇਸ ਦੀ ਸੁਚੱਜੀ ਸੰਭਾਲ ਦੇ ਢੰਗ-ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਪ੍ਰਸ਼ਾਸਨ ਵੱਲੋਂ ਵਿਆਪਕ ਰਣਨੀਤੀ ਉਲੀਕੀ ਗਈ ਹੈ, ਜਿਸ ਤਹਿਤ ਕਿਸਾਨਾਂ ਨੂੰ ਸਬਸਿਡੀ 'ਤੇ ਅਤਿ-ਆਧੁਨਿਕ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਨਾਲ-ਨਾਲ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਕੈਂਪ ਲਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਫਸਲ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਲਈ ਜਾਗਰੂਕਤਾ ਫੈਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਪੱਧਰ 'ਤੇ ਹੁਣ ਤੱਕ 120 ਕੈਂਪ ਲਗਾਏ ਜਾ ਚੁੱਕੇ ਹਨ। ਇਸ ਤੋਂ ਇਲਾਵਾ ਪਿੰਡਾਂ ਵਿੱਚ ਪਰਾਲੀ ਨਾ ਸਾੜਨ ਦਾ ਸੰਦੇਸ਼ ਦਿੰਦੇ 600 ਕੰਧ ਚਿੱਤਰ ਵੀ ਬਣਵਾਏ ਗਏ ਹਨ।

ਉਨ੍ਹਾਂ ਦੱਸਿਆ ਕਿ ਇਸ ਜਾਗਰੂਕਤਾ ਮੁਹਿੰਮ ਵਿੱਚ ਸਕੂਲੀ ਬੱਚਿਆਂ ਨੂੰ ਸ਼ਾਮਲ ਕਰਦਿਆਂ ਉਨ੍ਹਾਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਜਾ ਰਹੇ ਹਨ ਤਾਂ ਜੋ ਪਰਾਲੀ ਨੂੰ ਅੱਗ ਨਾ ਲਾਉਣ ਦਾ ਸੁਨੇਹਾ ਘਰ-ਘਰ ਭੇਜਿਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਜਾਗਰੂਕਤਾ ਮੁਹਿੰਮ ਵਿੱਚ ਪਿੰਡਾਂ ਦੇ ਸਰਪੰਚਾਂ, ਪੰਚਾਂ, ਨੰਬਰਦਾਰਾਂ ਅਤੇ ਹੋਰ ਮੋਹਤਬਰਾਂ ਨੂੰ ਵੀ ਸ਼ਾਮਲ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਸ ਮਾੜੇ ਰੁਝਾਨ ਨੂੰ ਰੋਕਣ ਦਾ ਸੱਦਾ ਹਰ ਵਿਅਕਤੀ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਜਿਨ੍ਹਾਂ ਪਿੰਡਾਂ ਵਿੱਚ ਪਿਛਲੇ ਸਾਲ ਅੱਗ ਲਾਉਣ ਦੀਆਂ ਘਟਨਾਵਾਂ ਜ਼ਿਆਦਾ ਘਟਨਾਵਾਂ ਸਾਹਮਣੇ ਆਈਆਂ ਸਨ, ਉਥੇ ਵਧੇਰੇ ਤਵਜੋਂ ਦਿੱਤੀ ਜਾਵੇ ਤਾਂ ਜੋ ਖੇਤਾਂ ਵਿੱਚ ਅੱਗ ਲਾਉਣ ਦੀਆਂ ਘਟਨਾਵਾਂ 'ਤੇ ਲਗਾਮ ਲਾਈ ਜਾ ਸਕੇ।

# ਦੁਸਹਿਰਾ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਮਨਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰਾਜਪੁਰ ਭਾਈਆਂ ਵਿਖੇ ਦੁਸਹਿਰਾ ਅਜਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਵੱਲੋਂ ਮੋਦੀ, ਅਮਿਤ ਸ਼ਾਹ, ਅਡਾਨੀ, ਅੰਬਾਨੀ ਦਾ ਪੁਤਲਾ ਫੂਕ ਕੇ ਮਨਾਇਆ ਗਿਆ। ਇਸ ਮੌਕੇ ਆਜਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੋਦੀ ਸਰਕਾਰ ਆਪਣੇ ਕੀਤੇ ਵਾਅਦਿਆਂ ਤੋਂ ਮੁੱਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਐਮ ਐਸ ਪੀ ਤੋਂ ਪੱਲਾ ਝਾੜ ਰਹੀ ਹੈ। ਇਸ ਮੌਕੇ ਸਮੂਹ ਕਿਸਾਨ ਭਰਾਵਾਂ ਵੱਲੋਂ ਮੋਦੀ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ। ਇਸ ਮੌਕੇ ਜਥੇਦਾਰ ਜਸਵੀਰ ਸਿੰਘ ਸੰਘਾ ਸਾਬਕਾ ਸਰਪੰਚ ਰਾਜਪੁਰ ਭਾਈਆਂ, ਜਥੇਦਾਰ ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਨੰਬਰਦਾਰ ਸੁਖਵਿੰਦਰ ਸਿੰਘ ਸੱਤਾ ਰਾਜਪੁਰ ਭਾਈਆਂ, ਨੰਬਰਦਾਰ ਜਤਿੰਦਰ ਸਿੰਘ ਘੁੰਮਣ ਬੱਡਲਾ, ਕੁਲਦੀਪ ਕੁਮਾਰ ਬੱਡਲਾ, ਜਸਵੰਤ ਸਿੰਘ ਸਾਬਕਾ ਸਰਪੰਚ ਬੱਡਲਾ, ਸਤਵੀਰ ਸਿੰਘ, ਗੁਰਪ੍ਰੀਤ ਸਿੰਘ ਹੁੱਕੜਾ, ਮਨਜੀਤ ਸਿੰਘ ਹੁੱਕੜਾ, ਹੈਪੀ ਮੁੱਖਲਿਆਣਾ, ਅਮਰਜੀਤ ਸਿੰਘ ਹਾਰਟਾ, ਸੱਤਾ ਹੇੜੀਆ, ਬਲਜੀਤ ਸਿੰਘ, ਜੁਲਾਰ ਸਿੰਘ, ਜਥੇਦਾਰ ਦੁੱਖਭੰਜਨ ਸਿੰਘ ਹਾਰਟਾ, ਮਹਿੰਦਰ ਸਿੰਘ ਬੱਬੀ, ਕਮਲਜੀਤ ਸਿੰਘ, ਮਨਦੀਪ ਸਿੰਘ ਆਦਿ ਹਾਜਰ ਸਨ।

# ਸਕੂਲਾਂ 'ਚ ਜੁਆਇਨਿੰਗ ਹੋਣ ਤੱਕ ਜਾਰੀ ਰਹੇਗਾ ਪੱਕਾ ਮੋਰਚਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਈਟੀਟੀ ਕਾਡਰ ਦੀਆਂ 5994 ਅਸਾਮੀਆਂ ਦੀ ਭਰਤੀ ਪੂਰੀ ਕਰਵਾਉਣ ਲਈ ਪੈਰਵਾਈ ਕਰ ਰਹੀ ਈਟੀਟੀ ਟੈਟ ਪਾਸ ਬੇਰੋਜਗਾਰ 5994 ਅਧਿਆਪਕ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਸਕੂਲੀ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਲਗਾਇਆ ਪੱਕਾ ਮੋਰਚਾ ਅੱਜ 17ਵੇਂ ਦਿਨ 'ਚ ਦਾਖਲ ਹੋ ਚੁੱਕਾ ਹੈ। ਸੂਬਾ ਕਮੇਟੀ ਆਗੂਆਂ ਨੇ ਕਿਹਾ ਕਿ ਪੱਕਾ ਮੋਰਚਾ ਪੂਰੀ ਚੜ੍ਹਦੀ ਕਲਾ 'ਚ ਚੱਲ ਰਿਹਾ ਹੈ। ਰੋਜਾਨਾ ਵੱਡੀ ਗਿਣਤੀ ਕਾਡਰ ਪੱਕੇ ਮੋਰਚੇ ਵਿੱਚ ਸ਼ਮੂਲੀਅਤ ਕਰ ਰਿਹਾ ਹੈ। ਆਗੂਆਂ ਨੇ ਕਿਹਾ ਕਿ ਹੁਣ ਤਾਂ ਉਮੀਦਵਾਰਾਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪੇ ਅਤੇ ਬੱਚੇ ਵੀ ਸ਼ਿਰਕਤ ਕਰਕੇ ਪੰਜਾਬ ਸਰਕਾਰ ਨੂੰ ਕੋਸ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਮੁੱਚਾ ਈਟੀਟੀ ਕੇਡਰ ਸਕੂਲਾਂ ਵਿੱਚ ਜੁਆਇਨ ਨਹੀ ਕਰ ਲੈਂਦਾ ਉਦੋਂ ਤੱਕ ਸਿੱਖਿਆ ਮੰਤਰੀ ਦੇ ਪਿੰਡ ਵਿੱਚ ਲੱਗਾ ਪੱਕਾ ਮੋਰਚਾ ਜਾਰੀ ਰਹੇਗਾ।

ਇਸ ਮੋਰਚੇ ਬਾਰੇ ਜਾਣਕਾਰੀ ਦਿੰਦਿਆਂ ਸੂਬਾ ਕਮੇਟੀ ਮੈਂਬਰ ਬਲਿਹਾਰ ਬੱਲੀ, ਪਰਮਪਾਲ, ਬੱਗਾ ਖੁਡਾਲ, ਕੁਲਵਿੰਦਰ ਬਰੇਟਾ, ਜਸਪ੍ਰੀਤ ਮਾਨਸਾ, ਪਰਗਟ ਸਿੰਘ, ਲਵਪ੍ਰੀਤ ਦੰਦੀਵਾਲ, ਜੱਸੀ, ਹਰੀਸ਼ ਕੁਮਾਰ ਤੇ ਬੰਟੀ ਅਬੋਹਰ ਨੇ ਦੱਸਿਆ ਕਿ ਮੌਜੂਦਾ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਨੌਜਵਾਨ ਠੰਡੀਆਂ ਰਾਤਾਂ ਖੁੱਲ੍ਹੇ ਅਸਮਾਨ ਹੇਠ ਕੱਟਣ ਲਈ ਮਜਬੂਰ ਹਨ। ਕਮੇਟੀ ਮੈਂਬਰਾਂ ਨੇ ਚਿਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਉਕਤ ਈਟੀਟੀ 5994 ਬੇਰੁਜਗਾਰ ਅਧਿਆਪਕਾਂ ਦੀ ਸਾਰ ਨਾ ਲਈ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ 5994 ਭਰਤੀ ਪੂਰੀ ਕਰਨ ਲਈ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਸਮੇਤ ਵਿਭਾਗ ਦੇ ਵੱਖ-ਵੱਖ ਉੱਚ ਅਧਿਕਾਰੀਆਂ ਨਾਲ ਅਨੇਕਾਂ ਵਾਰ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ, ਇਨ੍ਹਾਂ ਮੀਟਿੰਗਾਂ ਦੌਰਾਨ ਟਾਲ-ਮਟੋਲ ਅਤੇ ਭਰੋਸੇ ਤੋਂ ਇਲਾਵਾ ਕੁਝ ਨਹੀ ਮਿਲਿਆ। ਇਨ੍ਹਾਂ ਮੀਟਿੰਗਾਂ ਦੌਰਾਨ ਕੋਈ ਹੱਲ ਨਾ ਨਿੱਕਲਣ ਤੋਂ ਖਫਾ ਹੋ ਕੇ ਯੂਨੀਅਨ ਨੇ ਮਜਬੂਰੀ ਵਸ ਪੱਕਾ ਮੋਰਚਾ ਲਗਾਉਣ ਦਾ ਫੈਸਲਾ ਲਿਆ ਹੈ। ਆਗੂਆਂ ਨੇ ਮੰਗ ਕੀਤੀ ਹੈ ਕਿ ਪੈਨਲ ਮੀਟਿੰਗ ਦੌਰਾਨ ਕੀਤੇ ਵਾਅਦੇ ਮੁਤਾਬਿਕ ਪੰਜਾਬ ਸਰਕਾਰ ਜਲਦ ਤੋਂ ਜਲਦ ਮਾਨਯੋਗ ਹਾਈਕੋਰਟ ਵਿੱਚ "ਐਫੀਡੇਵਿਟ" ਦੇ ਕੇ ਭਰਤੀ ਪੂਰੀ ਕਰੇ।

# ਪਿਸਤੌਲ ਦੇ ਜ਼ੋਰ 'ਤੇ ਮਨੀ ਚੇਂਜਰ ਦੀ ਦੁਕਾਨ 'ਤੇ ਲੁੱਟ ਦੀ ਕੋਸ਼ਿਸ਼



**ਫਿਲੌਰ ( ਨਿਰਮਲ )** ਨਜਦੀਕੀ ਪਿੰਡ ਨਗਰ ਵਿਖੇ ਇੱਕ ਮਨੀ ਚੇਂਜਰ ਦੀ ਦੁਕਾਨ 'ਤੇ 2 ਮੋਟਰਸਾਈਕਲ ਸਵਾਰਾਂ ਨੇ ਪਿਸਤੌਲ ਦੀ ਨੋਕ 'ਤੇ ਲੁੱਟ ਖੋਹ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੁਕਾਨਦਾਰ ਉੱਪਰ ਫਾਇਰ ਵੀ ਕੀਤਾ ਪਰ ਦੁਕਾਨਦਾਰ ਨੇ ਦਲੇਰੀ ਦਿਖਾਉਂਦੇ ਹੋਏ ਲੁਟੇਰਿਆਂ ਦਾ ਸਾਹਮਣਾ ਕੀਤਾ ਤੇ ਉਨ੍ਹਾਂ ਬੇਰੰਗ ਭੱਜਣਾ ਪਿਆ। ਮਨੀ ਚੇਂਜਰ ਦੇ ਮਾਲਕ ਦੀਪਕ ਨੇ ਦੱਸਿਆ ਕਿ ਮੋਟਰਸਾਈਕਲ 'ਤੇ ਸਵਾਰ 2 ਲੁਟੇਰੇ ਉਸ ਦੀ ਦੁਕਾਨ ਅੰਦਰ ਗ੍ਰਾਹਕ ਬਣ ਕੇ ਆਏ ਅਤੇ ਉਸ ਪਾਸੋਂ ਪੈਸਿਆਂ ਦੀ ਮੰਗ ਕੀਤੀ। ਮੈਂ ਉਨ੍ਹਾਂ ਕੋਲੋਂ ਪੇਮੈਂਟ ਨੰਬਰ ਮੰਗਿਆ ਤਾਂ ਅੱਗਿਓਂ ਉਕਤ ਲੁਟੇਰਿਆਂ ਨੇ ਰਿਵਾਲਵਰ ਉਸ ਉਪਰ ਪਿਸਤੌਲ ਤਾਣ ਦਿੱਤੀ ਅਤੇ ਛੋਟੇ ਭਰਾ ਮਨੀਸ਼ ਨਾਲ ਹੱਥੋਪਾਈ ਸ਼ੁਰੂ ਕਰ ਦਿੱਤੀ ਅਤੇ ਮੇਰੇ ਉਪਰ ਗੋਲੀ ਦਾਗ ਦਿੱਤੀ। ਮੇਰੇ ਹੱਥ ਵਿੱਚ ਫੜਿਆ ਗਲਾਸ ਮੈਂ ਉਨ੍ਹਾਂ ਲੁਟੇਰਿਆਂ ਵੱਲ ਮਾਰਿਆ ਤੇ ਗੋਲੀ ਦਾ ਰੁੱਖ ਬਦਲ ਗਿਆ ਅਤੇ ਉਹ ਬੇਰੰਗ ਭੱਜ ਗਏ। ਸਾਰੀ ਘਟਨਾ ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ। ਘਟਨਾ ਦੀ ਜਾਂਚ ਕਰਨ ਪਹੁੰਚੇ ਏ.ਐਸ.ਆਈ ਵਿਜੇ ਕੁਮਾਰ ਨੇ ਦੁਕਾਨਦਾਰ ਦੇ ਬਿਆਨ ਕਲਮਬੰਦ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ 29 ਨੂੰ ਮਨਾਇਆ ਜਾਵੇਗਾ



**ਅੱਡਾ ਸਰਾਂ (ਜਸਵੀਰ ਸਿੰਘ ਕਾਜਲ)** ਗੜ੍ਹਦੀਵਾਲਾ ਦੇ ਨਜਦੀਕ ਗੁਰਦੁਆਰਾ ਸਿੰਘ ਸਭਾ ਬਾਹਗਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ 29 ਅਕਤੂਬਰ ਦਿਨ ਐਤਵਾਰ ਨੂੰ ਮਨਾਇਆ ਜਾਵੇਗਾ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਬਾਬਾ ਅਜਮੇਰ ਸਿੰਘ ਬਾਹਗਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ,ਉਪਰੰਤ ਢਾਡੀ ਜਥਾ ਭਾਈ ਜਸਵੀਰ ਸਿੰਘ ਜੀ ਮੋਹਲਕੇ ਅਤੇ ਉਨਾਂ ਦੇ ਸਾਥੀਆਂ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੀ ਜੀਵਨੀ ਬਾਰੇ ਜਾਣੂ ਕਰਵਾਇਆ ਜਾਵੇਗਾ ਤੇ ਕੀਰਤਨੀ ਜਥਿਆਂ ਵੱਲੋਂ ਕੀਰਤਨ ਵੀ ਕੀਤਾ ਜਾਵੇਗਾ।

# ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ



**ਬਹਿਰਾਮ (ਅਵਤਾਰ ਕਲੇਰ)** ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਇਤਿਹਾਸਿਕ ਸਥਾਨ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਪਾਤਸ਼ਾਹੀ ਛੇਵੀਂ ਜੀਂਦੋਵਾਲ ਬੰਗਾ ਵਿਖੇ ਮਹੀਨਾਵਾਰ ਗੁਰਮਤਿ ਸਮਾਗਮ ਬਹੁਤ ਹੀ ਸ਼ਰਧਾ ਤੇ ਪਿਆਰ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਇਸਤਰੀ ਸਤਿਸੰਗ ਸਭਾ ਬੰਗਾ ਦੀਆਂ ਬੀਬੀਆਂ ਵਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੁਆਰਾ ਹੋਈ। ਭਾਈ ਗੁਰਮੁਖ ਸਿੰਘ , ਭਾਈ ਸਤਨਾਮ ਸਿੰਘ ਅਤੇ ਬੀਬੀ ਹਰਪਾਲ ਕੌਰ ਭਾਈ ਪਰਮਜੀਤ ਸਿੰਘ ਝਿੱਕਾ ਦੇ ਰਾਗੀ ਜਥਿਆਂ ਵੱਲੋਂ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ ਗਿਆ।

ਇਸ ਸਮੇਂ ਸਿੱਖ ਐਜੂਕੇਸ਼ਨ ਬੈਲਜੀਅਮ ਵਲੋਂ ਸਿਖਲਾਈ ਪ੍ਰਾਪਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਆਏ ਬੱਚਿਆਂ ਨੇ ਸੰਗਤਾਂ ਨੂੰ ਕੀਰਤਨ ਅਤੇ ਵਾਰਾਂ ਨਾਲ ਨਿਹਾਲ ਕੀਤਾ। ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਪ੍ਰੋਫੈਸਰ ਅਤੇ ਸਿੱਖ ਕੌਮ ਦੇ ਮਹਾਨ ਵਿਦਵਾਨ ਡਾਕਟਰ ਸਰਬਜੀਤ ਸਿੰਘ ਰੇਣੁਕਾ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ । ਇਸ ਮੌਕੇ ਭਾਈ ਜੋਗਾ ਸਿੰਘ, ਮੈਨੇਜਰ ਜਸਬੀਰ ਸਿੰਘ, ਸੁਰਜੀਤ ਸਿੰਘ ਨਵਾਂਸ਼ਹਿਰ, ਸੁਖਵਿੰਦਰ ਸਿੰਘ ਗੋਬਿੰਦਪੁਰ, ਅਵਤਾਰ ਸਿੰਘ, ਜਸਪਾਲ ਸਿੰਘ ਅਰੋੜਾ,ਰੰਮੀ ਅਰੋੜਾ, ਲਖਬੀਰ ਸਿੰਘ ਸਰਪੰਚ ਜਿੰਦੋਵਾਲ,ਅਮਰਜੀਤ ਸਿੰਘ ਸੈਕਟਰੀ, ਮਾਸਟਰ ਤਰਲੋਕ ਸਿੰਘ ਫਲੋਰਾ, ਭਾਈ ਸੁਖਦੇਵ ਸਿੰਘ ਬੰਗਾ, ਇਕਬਾਲ ਸਿੰਘ, ਬੀਬੀ ਜੀਤ ਕੌਰ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਨਰੇਸ਼ ਕੁਮਾਰ ਮਜਾਰੀ, ਬੀਬੀ ਤਜਿੰਦਰ ਕੌਰ ਮਨਜੀਤ ਸਿੰਘ ਬੰਗਾ, ਕੁਲਜਿੰਦਰਜੀਤ ਸਿੰਘ ਸੋਢੀ, ਸੋਡੀ ਸਿੰਘ ਮਾਹਲ, ਪਰਵਿੰਦਰ ਸਿੰਘ ਜੌਹਰ ਤੇ ਸੰਗਤਾਂ ਹਾਜਰ ਸਨ।

# 40ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਸ਼ੁਰੂ

**ਜਲੰਧਰ ( ਸ਼ੈਲੀ ਐਲਬਰਟ)**-ਭਾਰਤੀ ਨੇਵੀ ਮੁੰਬਈ ਨੇ ਐਫਸੀਆਈ ਦਿੱਲੀ ਨੂੰ ਸਖਤ ਮੁਕਾਬਲੇ ਮਗਰੋਂ 3-2 ਦੇ ਫਰਕ ਨਾਲ ਹਰਾ ਕੇ 40ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਉਦਘਾਟਨੀ ਮੈਚ ਵਿੱਚ ਜਿੱਤ ਦਰਜ ਕਰਦੇ ਹੋਏ ਅਗਲੇ ਦੌਰ ਵਿੱਚ ਪ੍ਰਵੇਸ਼ ਕੀਤਾ। ਸਥਾਨਕ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਸ਼ੁਰੂ ਹੋਏ ਉਕਤ ਟੂਰਨਾਮੈਂਟ ਦਾ ਉਦਘਾਟਨ ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕੀਤਾ ਜਦਕਿ ਇੰਡੀਅਨ ਆਇਲ ਦੇ ਰਾਜਨ ਬੇਰੀ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਬਲਕਾਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸੁਰਜੀਤ ਹਾਕੀ ਸਟੇਡੀਅਮ ਦੀਆਂ ਫਲੱਡ ਲਾਇਟਾਂ ਜਲਦ ਹੀ ਬਦਲ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਭਾਰਤੀ ਹਾਕੀ ਵਿੱਚ ਸੁਰਜੀਤ ਹਾਕੀ ਟੂਰਨਾਮੈਂਟ ਦਾ ਅਹਿਮ ਯੋਗਦਾਨ ਹੈ। ਇਸ ਮੌਕੇ ਤੇ ਇੰਡੀਅਨ ਆਇਲ ਦੇ ਰਾਜਨ ਬੇਰੀ ਨੇ ਕਿਹਾ ਕਿ ਸੁਰਜੀਤ ਹਾਕੀ ਸਟੇਡੀਅਮ ਵਿੱਚ ਇੰਡੀਅਨ ਆਇਲ ਵਲੋਂ ਆਧੁਨਿਕ ਸਕੋਰ ਬੋਰਡ ਲਗਾਇਆ ਜਾਵੇਗਾ। ਸੇਂਟ ਫਰਾਂਸਿਸ ਸਕੂਲ ਕਰਤਾਰਪੁਰ ਦੀਆਂ ਲੜਕੀਆਂ ਵਲੋਂ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਉਦਘਾਟਨੀ ਮੈਚ ਵਿੱਚ ਦੋਵੇਂ ਟੀਮਾਂ ਨੇ ਬੇਹਤਰੀਨ ਹਾਕੀ ਦਾ ਪ੍ਰਦਰਸ਼ਨ ਕੀਤਾ। ਖੇਡ ਦੇ 6ਵੇਂ ਮਿੰਟ ਵਿੱਚ ਭਾਰਤੀ ਨੇਵੀ ਦੇ ਸ਼ੁਸ਼ੀਲ ਧਾਨਵਰ ਨੇ ਮੈਦਾਨੀ ਗੋਲ ਕਰਕੇ ਸਕੋਰ 1-0 ਕੀਤਾ। ਖੇਡ ਦੇ 20ਵੇਂ ਮਿੰਟ ਵਿੱਚ ਐਫਸੀਆਈ ਦਿੱਲੀ ਦੇ ਅਕਸ਼ੇ ਦੂਬੇ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਬਰਾਬਰ ਕੀਤਾ। ਅੱਧੇ ਸਮੇਂ ਤੱਕ ਦੋਵੇਂ ਟੀਮਾਂ 1-1 ਦੀ ਬਰਾਬਰੀ 'ਤੇ ਸਨ। ਖੇਡ ਦੇ 32ਵੇਂ ਮਿੰਟ ਵਿੱਚ ਭਾਰਤੀ ਨੇਵੀ ਦੇ ਸ਼ੁਸ਼ੀਲ ਧਾਨਵਰ ਨੇ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਸਕੋਰ 2-1 ਕੀਤਾ। ਖੇਡ ਦੇ 44ਵੇਂ ਮਿੰਟ ਵਿੱਚ ਭਾਰਤੀ ਨੇਵੀ ਦੇ ਸੰਨਜੀਤ ਟੋਪੋ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 3-1 ਕੀਤਾ। ਅਗਲੇ ਮਿੰਟ ਵਿੱਚ ਐਫਸੀਆਈ ਦੇ ਆਗਿਆਪਾਲ ਨੇ ਗੋਲ ਕਰਕੇ ਸਕੋਰ 2-3 ਕੀਤਾ। ਇਸ ਮੌਕੇ 'ਤੇ ਸੁਰਜੀਤ ਹਾਕੀ ਸੋਸਾਇਟੀ ਦੇ ਪ੍ਰਧਾਨ ਅਤੇ ਜਲੰਧਰ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਲਖਵਿੰਦਰ ਪਾਲ ਸਿੰਘ ਖਹਿਰਾ, ਮੈਡਮ ਸਰੋਜਨੀ ਸ਼ਾਰਦਾ,ਐਲਆਰ ਨਈਅਰ, ਉਲੰਪੀਅਨ ਬਲਵਿੰਦਰ ਸਿੰਘ ਸ਼ੰਮੀ, ਚਰਨਜੀਤ ਸਿੰਘ ਚੰਨੀ ਸੀਟੀ ਗਰੁੱਪ, ਨੱਥਾ ਸਿੰਘ ਗਾਖਲ, ਸੁਰਿੰਦਰ ਸਿੰਘ ਭਾਪਾ ਜਨਰਲ ਸਕੱਤਰ ਸੁਰਜੀਤ ਹਾਕੀ ਸੋਸਾਇਟੀ, ਇਕਬਾਲ ਸਿੰਘ ਸੰਧੂ ਸੀਈਓ ਸੁਰਜੀਤ ਸੋਸਾਇਟੀ, ਰਾਮ ਪ੍ਰਤਾਪ, ਨਰਿੰਦਰ ਸਿੰਘ ਜੱਜ, ਰਣਜੀਤ ਸਿੰਘ ਰਾਣਾ ਟੁੱਟ,ਸੁਖਜੀਤ ਕੌਰ, ਗੌਰਵ ਅਗਰਵਾਲ,ਸਤਪਾਲ ਤੂਰ, ਰਵਿੰਦਰ ਸਿੰਘ ਪੁਆਰ, ਅਨੂਪ ਸਿੰਘ ਪਾਸਪੋਰਟ ਅਫਸਰ ਜਲੰਧਰ, ਅਬਿੰਦਰ ਕੁਲਾਰ ਹਾਜ਼ਰ ਸਨ।

# ਦੀਵਾਲੀ ਤੇ ਗੁਰੂ ਨਾਨਕ ਦੇਵ ਪ੍ਰਕਾਸ਼ ਪੁਰਬ ਸੰਬੰਧੀ ਆਤਿਸ਼ਬਾਜੀ ਨੂੰ ਲੈ ਕੇ ਮਨਾਹੀ ਦੇ ਹੁਕਮ

**ਐਸ.ਏ.ਐਸ.ਨਗਰ, (ਕ੍ਰਿਸ਼ਨ ਗਰਗ)**- ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀਮਤੀ ਆਸ਼ਿਕਾ ਜੈਨ ਨੇ ਸਾਹਿਬਜਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਦੀਵਾਲੀ (12 ਨਵੰਬਰ) ਅਤੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ (27 ਨਵੰਬਰ) ਸਬੰਧੀ ਆਤਿਸ਼ਬਾਜੀ ਨੂੰ ਲੈ ਕੇ ਜਨਤਕ ਹਿੱਤ ਵਿੱਚ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਮਨਾਹੀ ਦੇ ਹੁਕਮ ਜਾਰੀ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਇਨ੍ਹਾਂ ਤਿਉਹਾਰਾਂ/ਪ੍ਰਕਾਸ਼ ਉਤਸਵ ਨੂੰ ਮੁੱਖ ਰੱਖਦੇ ਹੋਏ ਡਾਇਰੈਕਟਰ, ਉਦਯੋਗ ਅਤੇ ਕਾਮਰਸ ਵਿਭਾਗ, ਪੰਜਾਬ ਸਰਕਾਰ ਵੱਲੋਂ ਮਾਨਯੋਗ ਹਾਈਕੋਰਟ ਵੱਲੋਂ ਜਾਰੀ ਕੀਤੇ ਹੁਕਮਾਂ ਦੀ ਪਾਲਣਾ ਵਿੱਚ ਜਾਰੀ ਵਿਸਤ੍ਰਤ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣ ਲਈ ਆਖਿਆ ਹੈ। ਕਿਉਂਕਿ ਇਨ੍ਹਾਂ ਤਿਉਹਾਰਾਂ ਦੇ ਮੱਦੇਨਜਰ ਦੁਕਾਨਦਾਰਾਂ ਵੱਲੋਂ ਫਾਇਰ ਕਰੈਕਰਜ/ਪਟਾਖਿਆਂ ਦੀ ਖਰੀਦ/ਵੇਚ ਅਤੇ ਸਟੋਰੇਜ ਕੀਤੀ ਜਾਂਦੀ ਹੈ।

ਇਨ੍ਹਾਂ ਹਦਾਇਤਾਂ ਮੁਤਾਬਕ ਪ੍ਰਬੰਧਕਾਂ ਵੱਲੋਂ ਇਨ੍ਹਾਂ ਦਿਨ/ਤਿਉਹਾਰਾਂ ਨੂੰ ਮਨਾਉਣ ਲਈ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਤੋਂ ਉਕਤ ਹਦਾਇਤਾਂ ਵਿੱਚ ਦਰਸਾਏ ਅਨੁਸਾਰ ਪ੍ਰਵਾਨਗੀ ਪ੍ਰਾਪਤ ਕੀਤੀ ਹੋਣੀ ਚਾਹੀਦੀ ਹੈ ਅਤੇ ਦਰਸਾਏ ਗਏ ਮਿਤੀ ਅਤੇ ਸਮੇਂ ਅਨੁਸਾਰ ਨਿਰਧਾਰਤ ਅਵਾਜ ਅੰਦਰ ਹੀ ਫਾਇਰ ਕਰੈਕਰਜ/ਪਟਾਖੇ ਚਲਾਉਣ ਦੀ ਆਗਿਆ ਹੋਵੇਗੀ। ਦੀਵਾਲੀ ਵਾਲੇ ਦਿਨ 12 ਨਵੰਬਰ ਨੂੰ ਕੇਵਲ ਸ਼ਾਮ 8 ਵਜੇ ਤੋਂ ਰਾਤ 10 ਵਜੇ ਤੱਕ ਹੀ ਫਾਇਰ ਕਰੈਕਰਜ/ਪਟਾਖੇ ਚਲਾਉਣ ਦੀ ਆਗਿਆ ਹੋਵੇਗੀ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਵਾਲੇ ਦਿਨ 27 ਨਵੰਬਰ ਨੂੰ ਕੇਵਲ ਸਵੇਰੇ 4 ਵਜੇ ਤੋਂ 5 ਵਜੇ ਤੱਕ ਅਤੇ ਸ਼ਾਮ 9 ਵਜੇ ਤੋਂ ਰਾਤ 10 ਵਜੇ ਤੱਕ ਹੀ ਫਾਇਰ ਕਰੈਕਰਜ/ਪਟਾਖੇ ਚਲਾਉਣ ਦੀ ਆਗਿਆ ਹੋਵੇਗੀ। ਇਨ੍ਹਾਂ ਹੁਕਮਾਂ ਅਨੁਸਾਰ ਕੇਵਲ ਗਰੀਨ ਪਟਾਖੇ ਜੋ ਸੀ ਐਸ ਆਈ ਆਰ-ਨੀਰੀ ਵੱਲੋਂ ਸਰਟੀਫਾਇਡ ਹੋਣ। ਉਨਾਂ ਦੀ ਵਿਕਰੀ ਅਤੇ ਇਸਤੇਮਾਲ ਜ਼ਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਵਿੱਚ ਕੀਤਾ ਜਾਵੇਗਾ। ਜ਼ਿਲ੍ਹੇ ਵਿੱਚ ਸਥਿੱਤ ਸਰਕਾਰੀ/ਪ੍ਰਾਈਵੇਟ ਹਸਪਤਾਲਾਂ, ਨਰਸਿੰਗ ਹੋਮ, ਪ੍ਰਾਇਮਰੀ ਅਤੇ ਜ਼ਿਲ੍ਹਾ ਹੈਲਥ ਕੇਅਰ ਸੈਂਟਰ, ਵਿਦਿਅਕ ਅਦਾਰੇ, ਅਦਾਲਤਾਂ ਨੂੰ 'ਸਾਈਲੈਂਸ ਜੋਨ' ਘੋਸ਼ਿਤ ਕੀਤਾ ਜਾਂਦਾ ਹੈ। ਇਨ੍ਹਾਂ ਦੇ 100 ਮੀਟਰ ਦੇ ਏਰੀਆ ਵਿੱਚ ਫਾਇਰ ਕਰੈਕਰਜ/ਪਟਾਖੇ ਚਲਾਉਣ 'ਤੇ ਪੂਰਨ ਪਾਬੰਦੀ ਹੋਵੇਗੀ। ਸੀਨੀਅਰ ਕਪਤਾਨ ਪੁਲਸ, ਸਮੂਹ ਉਪ ਮੰਡਲ ਮੈਜਿਸਟਰੇਟਜ, ਸਬੰਧਤ ਵਿਭਾਗ ਅਤੇ ਪ੍ਰਦੂਸ਼ਣ ਵਿਭਾਗ ਵੱਲੋਂ ਸਰਕਾਰ ਦੀਆਂ ਉਕਤ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇਗੀ। ਪਟਾਖਿਆ ਦੀ ਵੇਚ ਸਬੰਧੀ ਜਲਣਸ਼ੀਲ ਐਕਟ 1884 ਤੇ ਰੂਲਜ 2008 ਤਹਿਤ ਵੈਲਿਡ ਲਾਇਸੰਸ ਹੋਣਾ ਜਰੂਰੀ ਹੈ। ਇਹ ਹੁਕਮ 01 ਜਨਵਰੀ 2024 ਤੱਕ ਲਾਗੂ ਰਹੇਗਾ।

# ਡਾ. ਰਕੇਸ਼ ਢੰਡ ਨੇ ਰਾਮ ਲੀਲ੍ਹਾ ਦੇ ਬਾਲ ਕਲਾਕਾਰਾਂ ਨੂੰ ਕੀਤਾ ਸਨਮਾਨਤ



**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**-ਪ੍ਰਭੂ ਸ਼੍ਰੀਰਾਮ ਦੇ ਆਦਰਸ਼ਵਾਦੀ ਜੀਵਨ ਤੋਂ ਸੇਧ ਲਵੋ ਤੇ ਆਪਣਾ ਜੀਵਨ ਸਫਲ ਬਣਾਓ। ਉਕਤ ਵਿਚਾਰ ਪ੍ਰਸਿੱਧ ਸਮਾਜਸੇਵੀ ਡਾ. ਰਕੇਸ਼ ਢੰਡ ਨੇ ਸ਼ਿਵ ਮੰਦਰ ਨੂਰਪੁਰਬੇਦੀ ਵਿਖੇ ਰਾਮਲੀਲਾ ਦੇ ਬਾਲਕ ਕਲਾਕਾਰਾਂ ਦੇ ਸਨਮਾਨ ਮੌਕੇ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਗਟਾਏ। ਡਾ. ਢੰਡ ਨੇ ਕਿਹਾ ਕਿ ਸ਼ੋਸ਼ਲ ਮੀਡੀਆ ਦੇ ਯੁੱਗ 'ਚ ਜਦੋਂ ਅੱਜ ਹਰ ਇਨਸਾਨ ਕੋਲ ਸਮੇਂ ਦੀ ਘਾਟ ਹੈ ਦੇ ਬਾਵਜੂਦ ਕਲਾਕਾਰਾਂ ਵੱਲੋਂ ਲਗਾਤਾਰ 12 ਦਿਨਾਂ ਤੱਕ ਲੋਕਾਂ ਨੂੰ ਧਾਰਮਿਕ ਭਾਵਨਾ ਨਾਲ ਜੋੜਨ ਲਈ ਆਰੰਭਿਆ ਗਿਆ ਉਪਰਾਲਾ ਇਕ ਸ਼ਲਾਘਾਯੋਗ ਕਦਮ ਹੈ। ਉਨਾਂ ਰਾਮ ਲੀਲਾ ਦੇ ਸਮੂਹ ਬਾਲ ਕਲਾਕਾਰਾਂ ਨੂੰ ਸਨਮਾਨਿਤ ਕੀਤਾ ਅਤੇ ਆਪਣੀ ਤਰਫੋਂ ਨਕਦ ਆਰਥਿਕ ਸਹਾਇਤਾ ਰਾਸ਼ੀ ਵੀ ਪ੍ਰਦਾਨ ਕੀਤੀ। ਸਮਾਜਸੇਵਿਕਾ ਡਾ. ਅਨੁਪਮ ਢੰਡ ਨੇ ਆਪਣੀ ਤਰਫੋਂ ਸ਼ਿਵ ਮੰਦਰ ਵਿਖੇ ਬਣਾਏ ਜਾ ਰਹੇ ਵਿਸ਼ਾਲ ਹਾਲ ਦੇ ਨਿਰਮਾਣ ਲਈ 11 ਬੋਰੀ ਸੀਮਿੰਟ ਦੇਣ ਦਾ ਵੀ ਐਲਾਨ ਕੀਤਾ। ਇਸ ਮੌਕੇ ਨਗਰ ਪੰਚਾਇਤ ਨੂਰਪੁਰਬੇਦੀ ਦੇ ਸਾਬਕਾ ਪ੍ਰਧਾਨ ਮਾ. ਜਗਨ ਨਾਥ ਭੰਡਾਰੀ, ਕਲੱਬ ਦੇ ਪ੍ਰਧਾਨ ਵਿਜੇ ਸ਼ਰਮਾ, ਸੰਜੀਵ ਭੰਡਾਰੀ, ਮਾ. ਰਜਨੀਸ਼ ਸ਼ਰਮਾ, ਨਰਿੰਦਰ ਬੱਗਾ, ਦਿਨੇਸ਼ ਹੱਲਨ, ਰਾਜੇਸ਼ ਰਾਜੂ, ਬੌਬੀ ਤਲਵਾੜੇ ਵਾਲੇ, ਡਾ. ਓਂਕਾਰੇਸ਼ਵਰ ਸ਼ਰਮਾ, ਰਾਹੁਲ ਸ਼ਰਮਾ, ਰਾਕੇਸ਼ ਭੰਡਾਰੀ, ਸ਼ਿਵ ਕੁੰਦਰਾ, ਪ੍ਰਮੋਦ ਬਹਿਕੀ, ਪੰਡਿਤ ਬਲਵੀਰ ਚੰਦ, ਇੰਦਰਜੀਤ ਸ਼ਰਮਾ ਤੇ ਦਿਨੇਸ਼ ਜੌਲੀ ਆਦਿ ਹਾਜ਼ਰ ਸਨ।

# ਗੁਰਜੀਤ ਸਿੰਘ ਖਾਲਸਾ ਨਾਲ ਦੁੱਖ ਪ੍ਰਗਟ



**ਫਗਵਾੜਾ (ਡਾ. ਰਮਨ, ਢੱਡਾ )** ਕੈਨੇਡਾ ਨਿਵਾਸੀ ਪੰਥਕ ਆਗੂ ਤੇ ਲੇਖਕ ਗੁਰਜੀਤ ਸਿੰਘ ਖਾਲਸਾ ਦੇ ਸਹੁਰੇ ਜਸਵੰਤ ਸਿੰਘ (ਰਮੀਦੀ) ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸੀਨੀਅਰ ਅਕਾਲੀ ਆਗੂ ਜਥੇਦਾਰ ਬਹਾਦਰ ਸਿੰਘ ਸੰਗਤਪੁਰ ( ਸਰਪੰਚ ) ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸਰਕਲ ਪ੍ਰਧਾਨ ਜਥੇਦਾਰ ਗੁਰਮੁਖ ਸਿੰਘ, ਜਸਪਾਲ ਸਿੰਘ ਗਿੱਲ, ਮਾਸਟਰ ਜਸਪਾਲ ਸਿੰਘ ਗਰੇਵਾਲ, ਗੁਰਦੀਪ ਸਿੰਘ ਗੰਡਮ ਸੁਖਬੀਰ ਸਿੰਘ ਕਿੰਨੜਾ ਅਤੇ ਸੁਰਮੁਖ ਸਿੰਘ ਖਲਵਾੜਾ ਨੇ ਪਰਵਾਰ ਨਾਲ ਦੁਖ ਸਾਂਝਾ ਕਰਦਿਆਂ ਵਿੱਛੜੀ ਰੂਹ ਨੂੰ ਗੁਰੂ ਚਰਨਾਂ ਵਿਚ ਨਿਵਾਸ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਪਰਮਾਤਮਾ ਅੱਗੇ ਅਰਦਾਸ ਕੀਤੀ। ਇਸ ਮੌਕੇ ਢਾਡੀ ਪਲਦੀਪ ਸਿੰਘ ਅਠੌਲੀ ਦੇ ਪਿਤਾ ਗੁਰਬਖਸ਼ ਸਿੰਘ ਅਠੌਲੀ ਨੇ ਦੱਸਿਆ ਕਿ ਸਵ. ਜਸਵੰਤ ਸਿੰਘ ਰਮੀਦੀ ਧਾਰਮਿਕ ਵਿਚਾਰਾਂ ਵਾਲੇ ਅਤੇ ਪਰਮਾਤਮਾ ਦੀ ਰਜਾ ਵਿਚ ਰਾਜੀ ਰਹਿਣ ਵਾਲੇ ਬਹੁਤ ਨੇਕ ਦਿਲ ਸ਼ਖਸੀਅਤ ਸਨ। ਲੋੜਵੰਦਾਂ ਦੀ ਮੱਦਦ ਕਰਨ ਲਈ ਹਮੇਸ਼ਾ ਤੱਤਪਰ ਰਹਿੰਦੇ ਸੀ। ਉਹਨਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ ਪਰਵਾਰ ਦੇ ਨਾਲ ਸਮਾਜ ਨੂੰ ਵੀ ਵੱਡਾ ਘਾਟਾ ਪਿਆ ਹੈ।

# ਦਿਹਾਣਾ ਵਿਖੇ ਧਾਰਮਿਕ ਸਮਾਗਮ ਭਲਕੇ

**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਭਗਵਾਨ ਵਾਲਮੀਕਿ ਮੰਦਰ ਦੇ ਅਸਥਾਨ 'ਤੇ ਮਹਾਂਰਿਸ਼ੀ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ 28 ਅਕਤੂਬਰ ਨੂੰ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਮੰਦਰ ਪ੍ਰਧਾਨ ਹਰਮੇਸ਼ ਕੁਮਾਰ ਮੇਸ਼ੀ ਤੇ ਪ੍ਰਦੀਪ ਸਿੰਘ ਨੇ ਦੱਸਿਆ ਕਿ 27 ਅਕਤੂਬਰ ਨੂੰ ਸਵੇਰੇ 10 ਵਜੇ ਸ੍ਰੀ ਰਮਾਇਣ ਜੀ ਦੇ ਪਾਠ ਆਰੰਭ ਕੀਤੇ ਜਾਣਗੇ, ਜਿਨ੍ਹਾਂ ਦੇ 28 ਅਕਤੂਬਰ ਨੂੰ ਸਵੇਰੇ 10 ਵਜੇ ਭੋਗ ਪਾਏ ਜਾਣਗੇ। ਉਪਰੰਤ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਪੂਜਾ ਅਰਚਨਾ ਕੀਤੀ ਜਾਵੇਗੀ। ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਸਹਾਇਕ ਸਿਵਲ ਸਰਜਨ ਵੱਲੋਂ ਆਮ ਆਦਮੀ ਕਲੀਨਿਕ ਦੀ ਅਚਨਚੇਤ ਚੈਕਿੰਗ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਾਇਕ ਸਿਵਲ ਸਰਜਨ ਡਾ. ਬਲਬੀਰ ਕੁਮਾਰ ਨੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਪਿੰਡ ਕਮਾਮ ਵਿਖੇ ਚੱਲ ਰਹੇ ਆਮ ਆਦਮੀ ਕਲੀਨਿਕ ਦੀ ਅਚਨਚੇਤ ਚੈਕਿੰਗ ਕੀਤੀ। ਉਨ੍ਹਾਂ ਵੱਲੋਂ ਮਰੀਜ਼ਾਂ ਦੇ ਰਜਿਸਟ੍ਰੇਸ਼ਨ ਰਿਕਾਰਡ, ਦਵਾਈਆਂ ਦੀ ਉਪਲੱਬਧਤਾ ਅਤੇ ਸਾਫ-ਸਫਾਈ ਦੇ ਪ੍ਰਬੰਧਾਂ ਦਾ ਵਿਸ਼ੇਸ਼ ਤੌਰ 'ਤੇ ਨਿਰੀਖਣ ਕੀਤਾ। ਉਨ੍ਹਾਂ ਸਮੁੱਚੇ ਸਟਾਫ ਨੂੰ ਓਪੀਡੀ ਦੇ ਨਿਰਧਾਰਿਤ ਟੀਚਿਆਂ ਦੀ ਮੁਕੰਮਲ ਪ੍ਰਾਪਤੀ ਦੀ ਹਦਾਇਤ ਕਰਦੇ ਹੋਏ ਕਿਹਾ ਕਿ ਆਮ ਆਦਮੀ ਕਲੀਨਿਕ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਮੁਫਤ ਸਿਹਤ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਇਆ ਜਾਵੇ। ਇਥੇ ਡਿਊਟੀ 'ਤੇ ਤਾਇਨਾਤ ਸਟਾਫ ਦੀ ਹਾਜ਼ਰੀ ਵੀ ਚੈੱਕ ਕੀਤੀ ਤੇ ਮਰੀਜ਼ਾਂ ਨਾਲ ਚੰਗਾ ਵਤੀਰਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਹਰਕੀਰਤ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।



# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਨੇ ਸਿੱਖਿਆ ਮੰਤਰੀ ਖ਼ਿਲਾਫ਼ ਮਾਮਲਾ ਦਰਜ ਕਰਨ ਦੀ ਕੀਤੀ ਮੰਗ



**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਨੇ ਪ੍ਰੋ. ਬਲਵਿੰਦਰ ਕੌਰ ਖੁਦਕੁਸ਼ੀ ਮਾਮਲੇ 'ਚ ਸਿੱਖਿਆ ਮੰਤਰੀ ਨੂੰ ਬਰਖਾਸਤ ਕਰ ਕੇਸ ਦਰਜ ਕਰਨ ਦੀ ਮੰਗ ਕੀਤੀ ਹੈ। ਅੱਜ ਇੱਥੇ ਅੱਡਾ ਝੀਰ ਦਾ ਖੂਹ ਵਿਖੇ ਹਾਜੀਪੁਰ ਇਕਾਈ ਦੇ ਕਾਰਕੁਨਾਂ ਨੇ ਘਟਨਾ ਦੇ ਵਿਰੋਧ 'ਚ ਸਿੱਖਿਆ ਮੰਤਰੀ ਹਰਜੋਤ ਬੈਂਸ ਦਾ ਪੁਤਲਾ ਫੂਕ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਬਲੀ ਨੇ ਕਿਹਾ ਕਿ ਬਿਹਤਰ ਸਿੱਖਿਆ ਅਤੇ ਸਿਹਤ ਪ੍ਰਬੰਧ 'ਚ ਸੁਧਾਰ ਦੇ ਨਾਅਰੇ ਨਾਲ ਆਮ ਆਦਮੀ ਪਾਰਟੀ ਸੱਤਾ 'ਚ ਆਈ ਸੀ। 'ਆਪ' ਸਰਕਾਰ ਦੇ ਕਰੀਬ ਪੌਣੇ ਦੋ ਕੁ ਸਾਲਾਂ ਦੇ ਕਾਰਜਕਾਲ 'ਚ ਸਰਕਾਰੀ ਵਿੱਦਿਅਕ ਅਦਾਰੇ ਅਤੇ ਹਸਪਤਾਲ ਸਟਾਫ ਤੋਂ ਸੱਖਣੇ ਹਨ। ਮੁਲਾਜ਼ਮ ਆਪਣੀਆਂ ਮੰਗਾਂ ਨੂੰ ਲੈ ਕੇ ਮੁਜ਼ਾਹਰੇ ਕਰ ਰਹੇ ਹਨ, ਉੱਥੇ ਹੀ ਵੱਡੀ ਗਿਣਤੀ ਬੇਰੁਜ਼ਗਾਰ ਨੌਜਵਾਨ ਨੌਕਰੀ ਲੱਗਣ ਲਈ ਧਰਨੇ ਲਾ ਰਹੇ ਹਨ। ਹਰਾ ਪੈਨ ਬੇਰੁਜ਼ਗਾਰਾਂ ਨੂੰ ਨੌਕਰੀ ਦੇਣ ਲਈ ਚਲਾਉਣ ਦਾ ਦਾਅਵਾ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੇ ਮੰਤਰੀਆਂ ਕੋਲ ਬੇਰੁਜ਼ਗਾਰਾਂ ਦੀ ਗੱਲ ਸੁਣਨ ਅਤੇ ਉਨ੍ਹਾਂ ਦੇ ਮਸਲੇ ਹੱਲ ਕਰਨ ਤੱਕ ਦਾ ਸਮਾਂ ਨਹੀਂ ਹੈ। ਰੁਜ਼ਗਾਰ ਦੀ ਮੰਗ ਲੈ ਕੇ 1158 ਸਹਾਇਕ ਪ੍ਰੋਫੈਸਰ ਯੂਨੀਅਨ ਪਿਛਲੇ ਕਰੀਬ ਡੇਢ ਮਹੀਨੇ ਤੋਂ ਸਿੱਖਿਆ ਮੰਤਰੀ ਹਰਜੋਤ ਬੈਂਸ ਦੀ ਰਿਹਾਇਸ਼ 'ਤੇ ਪੱਕਾ ਧਰਨਾ ਲਾਈ ਬੈਠੇ ਹੋਏ ਸਨ। ਧਰਨੇ 'ਚ ਸ਼ਾਮਲ ਪ੍ਰੋਫੈਸਰ ਬਲਵਿੰਦਰ ਕੌਰ ਨੇ ਆਪਣੇ ਖੁਦਕੁਸ਼ੀ ਨੋਟ 'ਚ ਸਿੱਖਿਆ ਮੰਤਰੀ 'ਤੇ ਗੰਭੀਰ ਦੋਸ਼ ਲਗਾਏ ਹਨ। ਨੌਜਵਾਨ ਸਭਾ ਸਿੱਖਿਆ ਮੰਤਰੀ 'ਤੇ ਲਗਾਏ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰਨ, ਹਰਜੋਤ ਬੈਂਸ ਨੂੰ ਬਰਖਾਸਤ ਕਰ ਕੇਸ ਦਰਜ ਕਰਨ ਦੀ ਮੰਗ ਕਰਦੀ ਹੈ। ਇਸ ਮਾਮਲੇ 'ਚ ਪੰਜਾਬ ਸਰਕਾਰ ਦੀ ਹੁਣ ਤੱਕ ਦੀ ਕਾਰਵਾਈ ਤੋਂ ਅਸੰਤੁਸ਼ਟ ਨੌਜਵਾਨ ਸਭਾ ਨੇ ਸਿੱਖਿਆ ਮੰਤਰੀ ਬੈਂਸ ਦਾ ਪੁਤਲਾ ਫੂਕ ਕੇ ਆਪਣਾ ਵਿਰੋਧ ਦਰਜ ਕਰਵਾਇਆ। ਹੋਰਨਾਂ ਤੋਂ ਇਲਾਵਾ ਇਸ ਮੌਕੇ ਰਾਜੇਸ਼ ਕੁਮਾਰ, ਸਤੀਸ਼ ਕੁਮਾਰ, ਵਿਨੋਦ ਕੁਮਾਰ, ਮਨਜੀਤ ਸਿੰਘ, ਵਿਜੈ ਕੁਮਾਰ, ਅਕਸ਼ੇ ਕੁਮਾਰ, ਸੁਮੀਤ, ਪਵਿੱਤਰ ਸਿੰਘ ਆਦਿ ਹਾਜ਼ਰ ਸਨ।

# ਸਾਵਰ ਪੀਰ ਸੱਚੀ ਦਰਗਾਹ ਵਿਖੇ ਝੰਡਾ ਤੇ ਚਾਦਰ ਚੜ੍ਹਾਉਣ ਦੀ ਰਸਮ ਸ਼ਰਧਾਪੂਰਵਕ ਸੰਪੰਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)**-ਸਾਵਰ ਪੀਰ ਸੱਚੀ ਦਰਗਾਹ ਅਹੀਆਪੁਰ ਵਿਖੇ 26 ਅਕਤੂਬਰ ਨੂੰ ਹਜ਼ਰਤ ਸਰਕਾਰ ਸਾਬਿਰ ਪਾਕ ਦੀ ਯਾਦ ਨੂੰ ਸਮਰਪਿਤ ਕਰਵਾਏ ਜਾ ਰਹੇ 19ਵੇਂ ਸਾਲਾਨਾ ਸੱਭਿਆਚਾਰਕ ਜੋੜ ਮੇਲੇ ਸਬੰਧੀ ਅੱਜ ਦਰਬਾਰ ਸਜਾਇਆ ਗਿਆ, ਜਿਸ ਵਿੱਚ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤ ਨੂੰ ਗੁਰੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਉਨ੍ਹਾਂ ਨੇ ਦਰਗਾਹ 'ਤੇ ਨਿਸ਼ਾਨ ਸਾਹਿਬ ਅਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ। ਦਰਬਾਰ 'ਚ ਬੈਠੀ ਸੰਗਤ ਨੂੰ ਨਾਮ ਸਿਮਰਨ ਨਾਲ ਜੋੜਦੇ ਹੋਏ ਬਾਬਾ ਸ਼ੇਰ ਸਿੰਘ ਨੇ ਕਿਹਾ ਕਿ ਹਰ ਇਨਸਾਨ ਨੂੰ ਸਤਿਸੰਗ 'ਚ ਜ਼ਰੂਰ ਜਾਣਾ ਚਾਹੀਦਾ ਹੈ ਅਤੇ ਸੰਤ ਮਹਾਂਪੁਰਸ਼ਾਂ ਦੇ ਵਚਨ ਸਿਰਫ਼ ਕੰਨਾਂ ਨਾਲ ਹੀ ਨਹੀਂ ਸੁਣਨੇ ਚਾਹੀਦੇ ਸਗੋਂ ਉਨ੍ਹਾਂ ਸ਼ਬਦਾਂ ਨੂੰ ਦਿਲ ਦੀਆਂ ਗਹਿਰਾਈਆਂ ਵਿੱਚ ਉਤਾਰ ਕੇ ਉਸ 'ਤੇ ਅਮਲ ਵੀ ਕਰਨਾ ਚਾਹੀਦਾ ਹੈ। ਇਨਸਾਨ ਨੂੰ ਗੁਰੂਘਰ ਦੀ ਸੇਵਾ ਕਰਦੇ ਹੋਏ ਰੋਜ਼ਾਨਾ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ।

ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਬੀਬੀ ਬਲਜੀਤ ਕੌਰ, ਮੀਰ ਹਸਨ ਸਾਬਰੀ, ਡਾ. ਮੀਰ ਕਮਲ, ਦੇਵਿਕਾ, ਰਾਜੇਸ਼ ਜਸਰਾ, ਸੋਨੂੰ, ਗੋਲਡੀ, ਛਿੰਦਾ, ਲੱਕੀ, ਗੁਰਸ਼ਰਨ ਸਿੰਘ, ਬਲਜੀਤ ਸਿੰਘ ਅਤੇ ਹੋਰ ਸੰਗਤਾਂ ਨੇ ਦਰਬਾਰ 'ਚ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਮਾਤਾ ਚਿੰਤਪੂਰਨੀ ਮੰਦਰ 'ਚ ਸਾਲਾਨਾ ਜਾਗਰਣ ਕਰਵਾਇਆ



**ਕਰਤਾਰਪੁਰ (ਹਰਮੇਸ਼ ਦੱਤ)** ਪਿੰਡ ਮੁਰਾਰ ਵਿੱਚ ਸਥਿਤ ਮਾਤਾ ਚਿੰਤਪੂਰਨੀ ਮੰਦਰ ਵਿੱਚ ਸਾਲਾਨਾ ਜਾਗਰਣ ਕਰਵਾਇਆ ਗਿਆ, ਜਿਸ ਵਿੱਚ ਜੋਤੀ ਸ਼ਰਮਾ ਐਂਡ ਪਾਰਟੀ ਅਤੇ ਬਿੱਟੂ ਰਾਜਾ ਐਂਡ ਪਾਰਟੀ ਨੇ ਮਹਾਮਾਈ ਜੀ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਲਵਲੀ ਕਾਲੀਆ ਅਤੇ ਪਰਮਜੀਤ ਕਾਲੀਆ ਨੇ ਦੱਸਿਆ ਕਿ ਮਾਤਾ ਚਿੰਤਪੂਰਨੀ ਪ੍ਰਬੰਧਕ ਕਮੇਟੀ ਦੁਆਰਾ ਕਰਵਾਏ ਗਏ ਮਹਾਮਾਈ ਜੀ ਦੇ ਜਾਗਰਣ ਵਿੱਚ ਪਿੰਡ ਵਾਸੀਆਂ ਅਤੇ ਐਨ.ਆਈ.ਵੀਰਾਂ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ। ਇਸ ਮੌਕੇ ਉਮਾ ਸ਼ੰਕਰ,ਸੁਭਾਸ਼ ਚੰਦਰ, ਭੂਸ਼ਨ ਕਾਲੀਆ,ਅਸ਼ੋਕ ਕਮਾਰ,ਮਲਿਕ ਰਾਮ,ਸਵਦੀਸਕਾਲੀਆ,ਅੰਕਿਤ,ਸੋਗੀ,ਆਸ਼ੂ,ਸੰਦੀਪ,ਦਿਨੇਸ਼,ਲਵ,ਮਨਦੀਪ,ਦਕਸ਼ ਕੁਮਾਰ,ਪਿੰਕੂ,ਰੋਹਿਤ,ਜੀਵਨ,ਪੁਨੀਤ,ਰਾਹੁਲ,ਵਰੁਣ,ਦੀਪੂ,ਰੋਸ਼ਨ ਲਾਲ,ਲਲਿਤ ਕੁਮਾਰ,ਚਰਨਜੀਵ ਲਾਲ,ਸ਼ਿਵ ਕੁਮਾਰ ਕਾਲੀਆ, ਸੁਰੇਸ਼ ਕਮਾਰ,ਤਰੁਨ ਕਾਲੀਆ,ਹਰਦੀਪ,ਸੁਰਜੀਤ ਸਿੰਘ,ਨਵਦੀਪ,ਜਤਿਨ,ਵਿਸ਼ਾਲ,ਪਵਨ,ਪੀਟੂ,ਵਿਪਨ,ਬਲਵੀਰ ਸਿੰਘ,ਓਮ ਦੱਤ,ਕਪਿਲ ਦੇਵ ਆਦਿ ਸੰਗਤਾਂ ਹਾਜਰ ਸਨ।

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਅਸ਼ੋਕ ਵਿਜੈ ਦਸਮੀ ਮਹਾਂਉਤਸਵ



**ਫਗਵਾੜਾ ( ਜਸਵਿੰਦਰ ਢੱਡਾ )** ਅਸ਼ੋਕ ਵਿਜੈ ਦਸਮੀ ਮਹਾਂਉਤਸਵ ਕਮੇਟੀ, ਰੇਲ ਕੋਚ ਫੈਕਟਰੀ, ਕਪੂਰਥਲਾ ਵੱਲੋਂ ਸੱਤਵਾਂ ਅਸ਼ੋਕ ਵਿਜੈ ਦਸਮੀ ਮਹਾਂਉਤਸਵ ਲਵ ਕੁਸ਼ ਪਾਰਕ ਵਿੱਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਜਿਸ ਦੀ ਪ੍ਰਧਾਨਗੀ ਮਾ. ਸੋਹਨ ਲਾਲ ਗਿੰਡਾ ਫਾਉਂਡਰ ਚੇਅਰਮੈਨ ਬੋਧੀਸਤਵ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ, ਫੂਲਪੁਰ ਧਨਾਲ ਨੇ ਕੀਤੀ । ਅਸ਼ੋਕ ਵਿਜੇ ਦਸਮੀ ਮਹਾਂਉਤਸਵ ਕਮੇਟੀ ਦੇ ਕੋਆਰਡੀਨੇਟਰ ਉਮਾ ਸ਼ੰਕਰ ਸਿੰਘ ਨੇ ਮੰਚ ਸੰਚਾਲਨ ਕਰਦਿਆਂ ਦੱਸਿਆ ਕਿ ਇਹ ਵਿਸ਼ਾਲ ਸਮਾਰੋਹ ਸਮਰਾਟ ਅਸ਼ੋਕ ਅਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਦੁਆਰਾ ਸ਼ੁਰੂ ਕੀਤੀ ਗਈ ਧੰਮ ਕ੍ਰਾਂਤੀ ਨੂੰ ਸਮਰਪਿਤ ਹੈ ।ਪੰਚਸ਼ੀਲ ਅਤੇ ਤ੍ਰਿਸਰਨ ਦਾ ਪਾਠ ਕੀਤਾ ਗਿਆ ਅਤੇ ਸੰਵਿਧਾਨ ਦੀ ਉਦੇਸ਼ਿਕਾ ਜੋਨਲ ਪ੍ਰਧਾਨ ਜੀਤ ਸਿੰਘ ਨੇ ਕਰਵਾਈ । ਸੋਹਨ ਲਾਲ ਗਿੰਡਾ ਅਤੇ ਆਰ. ਕੇ. ਪਾਲ, ਨੇ ਕਿਹਾ ਕਿ ਕਲਿੰਗਾ ਦੀ ਜੰਗ ਜਿੱਤਣ ਤੋਂ ਬਾਅਦ ਸਮਰਾਟ ਅਸ਼ੋਕ ਵਿੱਚ ਵੱਡੀ ਤਬਦੀਲੀ ਆਈ ਸੀ। ਕਲਿੰਗਾ ਯੁੱਧ ਵਿੱਚ ਲੱਖਾਂ ਲੋਕ ਮਾਰੇ ਗਏ ਸਨ, ਚਾਰੇ ਪਾਸੇ ਖੂਨ-ਖਰਾਬਾ ਦੇਖ ਕੇ ਸਮਰਾਟ ਅਸ਼ੋਕ ਦਾ ਦਿਲ ਦਹਿਲ ਗਿਆ ਸੀ। ਲਗਾਤਾਰ ਨੌਂ ਦਿਨ ਪਸਚਾਤਾਪ ਕਰਨ ਤੋਂ ਬਾਅਦ ਦਸਵੇਂ ਦਿਨ ਅਹਿੰਸਾ ਦਾ ਮਾਰਗ ਅਪਣਾਉਣ ਦਾ ਫੈਸਲਾ ਕੀਤਾ ਗਿਆ ਅਤੇ ਆਪਣਾ ਸਾਰਾ ਜੀਵਨ ਬੁੱਧ ਧੰਮ ਦੇ ਪ੍ਰਚਾਰ ਲਈ ਸਮਰਪਿਤ ਕਰ ਦਿੱਤਾ। ਇਸੇ ਕਰਕੇ ਇਸ ਦਿਨ ਨੂੰ ਅਸ਼ੋਕ ਵਿਜੇ ਦਸਮੀ ਵਜੋਂ ਮਨਾਇਆ ਜਾਂਦਾ ਹੈ। ਇਸ ਦਿਨ ਹੀ ਤਥਾਗਤ ਬੁੱਧ ਨੇ ਗਿਆਨ ਪ੍ਰਾਪਤੀ ਤੋਂ ਬਾਅਦ, ਸਾਰਨਾਥ ਵਿੱਚ ਪੰਜ ਭਿਕਸ਼ੂਆਂ ਨੂੰ ਉਪਦੇਸ਼ ਦਿੱਤਾ ਅਤੇ 14 ਅਕਤੂਬਰ 1956 ਨੂੰ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਨੇ ਨਾਗਪੁਰ ਵਿੱਚ 6 ਲੱਖ ਲੋਕਾਂ ਦੇ ਨਾਲ ਬੁੱਧ ਧੰਮ ਵਿੱਚ ਦੀਕਸ਼ਾ ਲਈ। ਸਹਾਇਕ ਕਮਾਂਡੈਂਟ ਨਰਿੰਦਰ ਕੁਮਾਰ, ਡਾ. ਅੰਬੇਡਕਰ ਸੁਸਾਇਟੀ ਦੇ ਪ੍ਰਧਾਨ ਕਿਸ਼ਨ ਲਾਲ ਜੱਸਲ, ਜਨਰਲ ਸਕੱਤਰ ਧਰਮ ਪਾਲ ਪੈਂਥਰ, ਆਲ ਇੰਡੀਆ ਐਸ.ਸੀ./ਐਸ.ਟੀ ਇੰਪਲਾਇਜ ਐਸੋਸੀਏਸ਼ਨ ਦੇ ਜੋਨਲ ਸਕੱਤਰ ਸੋਹਣ ਬੈਠਾ, ਓ.ਬੀ.ਸੀ ਕਰਮਚਾਰੀ ਐਸੋਸੀਏਸ਼ਨ ਦੇ ਜੋਨਲ ਸਕੱਤਰ ਅਸ਼ੋਕ ਕੁਮਾਰ, ਕਾਰਜਕਾਰੀ ਪ੍ਰਧਾਨ ਅਰਵਿੰਦ ਕੁਮਾਰ, ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਦੇ ਪ੍ਰਧਾਨ ਹਰਦੀਪ ਸਿੰਘ, ਜਨਰਲ ਸਕੱਤਰ ਝਲਮਣ ਸਿੰਘ ਅਤੇ ਬਾਬਾ ਜੀਵਨ ਸਿੰਘ ਵੈਲਫੇਅਰ ਸੁਸਾਇਟੀ ਦੇ ਜਨਰਲ ਸਕੱਤਰ ਅਵਤਾਰ ਸਿੰਘ ਮੌੜ ਆਦਿ ਨੇ ਵਧਾਈ ਦਿੱਤੀ ਅਤੇ ਸਮਰਾਟ ਅਸ਼ੋਕ, ਤਥਾਗਤ ਬੁੱਧ ਅਤੇ ਬਾਬਾ ਸਾਹਿਬ ਦੇ ਧੰਮ ਦੀ ਸੋਚ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਨ੍ਹਾਂ ਤੋਂ ਇਲਾਵਾ ਪ੍ਰਸਿੱਧ ਮਿਸ਼ਨਰੀ ਕਲਾਕਾਰਾਂ ਰੂਪ ਲਾਲ ਧੀਰ, ਬਲਵਿੰਦਰ ਬਿੱਟੂ, ਕਮਲ ਤੱਲਣ ਅਤੇ ਰਾਣੀ ਅਰਮਾਨ ਆਦਿ ਨੇ ਬਾਬਾ ਸਾਹਿਬ ਅਤੇ ਸਮਰਾਟ ਅਸ਼ੋਕ ਦੇ ਜੀਵਨ ਨਾਲ ਸਬੰਧਤ ਆਪਣੇ ਮਿਸ਼ਨਰੀ ਗੀਤ ਪੇਸ਼ ਕਰਕੇ ਸਮਾਗਮ ਨੂੰ ਸਿਖਰਾਂ 'ਤੇ ਪਹੁੰਚਾਇਆ। ਸਮਾਗਮ ਵਿਚ ਭਰਤ ਸਿੰਘ ਸੀਨੀਅਰ ਈ.ਡੀ.ਪੀ.ਐਮ., ਕਾਂਸ਼ੀ ਟੀ ਵੀ ਤੋਂ ਨਿਰਮਲ ਗੁੜਾ, ਬਸਪਾ ਦੇ ਸੀਨੀਅਰ ਆਗੂ ਰਾਕੇਸ਼ ਕੁਮਾਰ ਦਾਤਾਰਪੁਰੀ, ਡਾ. ਜਸਵੰਤ ਸਿੰਘ ਅਤੇ ਰਾਮ ਲਾਲ ਮਹੇ, ਸਲਵਿੰਦਰ ਸਿੰਘ ਜੀਓਨਾ, ਹੰਸ ਰਾਜ ਬੱਸੀ, ਸੋਨੂੰ ਅਰਿਆਵਾਲ ਤੋਂ ਇਲਾਵਾ ਨਾਰੀ ਸਕਤੀ ਸੰਗਠਨ ਤੋਂ ਸੰਗੀਤਾ ਆਦਿ ਨੇ ਸ਼ਮੂਲੀਅਤ ਕੀਤੀ। ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਧਾਨ ਹਰਵਿੰਦਰ ਸਿੰਘ ਖਹਿਰਾ, ਕਾਨੂੰਨੀ ਸਲਾਹਕਾਰ ਰਣਜੀਤ ਸਿੰਘ, ਬਾਮਸੇਫ ਦੇ ਕਨਵੀਨਰ ਕਸਮੀਰ ਸਿੰਘ, ਦੇਸ ਰਾਜ ਆਡੀਟਰ, ਵਿਜੇ ਚਾਵਲਾ, ਕਰਨ ਸਿੰਘ, ਸੰਤੋਖ ਰਾਮ ਜਨਾਗਲ, ਪੂਰਨ ਚੰਦ, ਟੀ.ਪੀ.ਸਿੰਘ ਬੋਧ, ਅਮਰਜੀਤ ਸਿੰਘ ਮੱਲ, ਮਨਜੀਤ ਸਿੰਘ, ਬਨਵਾਰੀ ਲਾਲ, ਰਾਜ ਕੁਮਾਰ ਪ੍ਰਜਾਪਤੀ, ਸੰਧੂਰਾ ਸਿੰਘ, ਜਸਪਾਲ ਸਿੰਘ ਚੌਹਾਨ, ਨਿਰਮਲ ਸਿੰਘ, ਪ੍ਰਬੋਧ ਸਿੰਘ, ਧਰਮਵੀਰ ਅੰਬੇਡਕਰੀ, ਕ੍ਰਿਸ਼ਨ ਸਿੰਘ, ਪਰਨੀਸ਼ ਕੁਮਾਰ, ਜਗਜੀਵਨ ਰਾਮ, ਵਿਜੇ ਕੁਮਾਰ ਅਤੇ ਗੁਰਬਖਸ਼ ਸਲੋਹ ਆਦਿ ਨੇ ਅਹਿਮ ਭੂਮਿਕਾਵਾਂ ਨਿਭਾਈਆਂ।

# ਓਵਰਲੋਡ ਤੇ ਓਵਰ ਸਪੀਡ ਵਾਹਨਾਂ 'ਤੇ ਸਖਤ ਕਾਰਵਾਈ ਕਰੇ ਪ੍ਰਸ਼ਾਸਨ : ਬੀ ਟੀ ਐੱਫ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਸਬ -ਦਫਤਰ ਬਸੀ ਕਿੱਕਰਾਂ ਵਿਖੇ ਫੋਰਸ ਦੇ ਸਟੇਟ ਪ੍ਰਧਾਨ ਵੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ, ਦੋਆਬਾ ਪ੍ਰਧਾਨ ਨੇਕੂ ਅਜਨੋਹਾ ਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਪ੍ਰਸ਼ਾਸਨ ਵਲੋਂ ਓਵਰਲੋਡ ਅਤੇ ਓਵਰ ਸਪੀਡ ਵਾਹਨਾਂ 'ਤੇ ਸਖਤ ਕਾਰਵਾਈ ਕਰਕੇ ਸੜਕ ਸੁਰੱਖਿਆ ਨਿਯਮਾਂ ਨੂੰ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਕ ਪਾਸੇ ਓਵਰਲੋਡ ਵਾਹਨ ਤੇ ਦੂਜੇ ਪਾਸੇ ਤੇਜ਼ ਰਫਤਾਰ ਦੌੜਦੀਆਂ ਰੇਤ ਅਤੇ ਗੋਬਰ ਨਾਲ ਭਰੀਆਂ ਟ੍ਰੈਕਟਰ-ਟ੍ਰਾਲੀਆਂ ਦੇ ਕਾਰਨ ਸੜਕ 'ਤੇ ਚੱਲਣਾ ਮੁਸ਼ਕਲ ਹੋ ਜਾਂਦਾ ਹੈ ਅਤੇ ਦੁਰਘਟਨਾਵਾਂ ਦਾ ਖਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਐਨਾ ਹੀ ਨਹੀਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਦੇ ਕਾਰਨ ਕਈ ਲੋਕ ਦੁਰਘਟਨਾਵਾਂ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਗੋਹੇ ਨਾਲ ਭਰੀਆਂ ਟ੍ਰਾਲੀਆਂ ਕਾਰਨ ਸੜਕ ਉਪਰ ਗੰਦਗੀ ਫੈਲਦੀ ਹੈ ਅਤੇ ਇਸ ਦੇ ਲਈ ਜ਼ਿੰਮੇਦਾਰਾਂ ਨੂੰ ਜੁਰਮਾਨਾ ਵੀ ਲਗਾਇਆ ਜਾਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਸਵੇਰ ਦੇ ਸਮੇਂ ਨਲੋਈਆਂ ਚੌਕ ਤੋਂ ਬਾਗਪੁਰ ਤੱਕ ਲੱਕੜੀ ਨਾਲ ਭਰੀਆਂ ਓਵਰਲੋਡ ਟ੍ਰਾਲੀਆਂ ਕਾਰਨ ਰਾਹਗੀਰਾਂ ਦੀ ਜਾਨ ਜੋਖਿਮ ਵਿੱਚ ਰਹਿੰਦੀ ਹੈ ਅਤੇ ਇਸ ਦੌਰਾਨ ਇੱਥੇ ਨਾ ਤਾਂ ਟ੍ਰੈਫਿਕ ਪੁਲਿਸ ਵੀ ਨਹੀ ਹੁੰਦੀ । ਉਹਨਾ ਕਿਹਾ ਕਿ ਸੜਕਾ ਤੇ ਸਰੇਆਮ ਨਿਯਮਾਂ ਦੀਆਂ ਧੱਜੀਆਂ ਉਡ ਰਹੀਆਂ ਹਨ ਅਤੇ ਇਨਾਂ ਨੂੰ ਰੋਕਣ ਦੇ ਲਈ ਪ੍ਰਸ਼ਾਸਨ ਨੂੰ ਸਖਤ ਕਦਮ ਚੁੱਕਣ ਦੀ ਜ਼ਰੂਰਤ ਹੈ। ਹਾਦਸਿਆਂ ਦੇ ਡਰ ਦੇ ਚੱਲਦਿਆਂ ਕਈ ਲੋਕਾਂ ਨੇ ਤਾਂ ਸੈਰ 'ਤੇ ਜਾਣਾ ਤੱਕ ਛੱਡ ਦਿੱਤਾ ਹੈ। ਬੇਗਮਪੁਰਾ ਟਾਇਗਰ ਫੋਰਸ ਨੇ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਤੋਂ ਮੰਗ ਕੀਤੀ ਕਿ ਸ਼ਹਿਰ ਅਤੇ ਬਾਹਰੀ ਇਲਾਕਿਆਂ ਵਿਚ ਟ੍ਰੈਫਿਕ ਨਿਯਮਾਂ ਨੂੰ ਪੁਖਤਾ ਕਰਨ ਦੇ ਲਈ ਸਖਤ ਕਦਮ ਚੁੱਕੇ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਜੱਸਾ ਨੰਦਨ, ਰਾਜ ਕੁਮਾਰ ਬੱਧਣ ਨਾਰਾ ਜ਼ਿਲ੍ਹਾ ਉੱਪ ਪ੍ਰਧਾਨ, ਵਿੱਕੀ ਸਿੰਘ ਪੁਰਹੀਰਾਂ , ਗੁਰਪ੍ਰੀਤ ਕੁਮਾਰ, ਸਨੀ ਸੀਣਾ, ਭਿੰਦਾ ਸੀਣਾ, ਅਮਨਦੀਪ, ਦੋਆਬਾ ਇੰਚਾਰਜ ਜੱਸਾ ਸਿੰਘ ਨੰਦਨ, ਸਤੀਸ਼ ਕੁਮਾਰ ਸ਼ੇਰਗੜ੍ਹ, ਚਰਨਜੀਤ ਸਿੰਘ ਡਾਡਾ, ਸੰਤ ਜੋਗਾ ਸਿੰਘ , ਗੋਗਾ ਮਾਂਝੀ, ਵਿਜੈ ਕੁਮਾਰ ਸੋਨੂੰ, ਜਸਵਿੰਦਰ ਗਿਆਨੀ, ਅਵਿਨਾਸ਼ ਸਿੰਘ, ਬਿੱਟੂ ਵਿਰਦੀ ਪੰਚ ਸ਼ੇਰਗੜ੍ਹ, ਕਮਲਜੀਤ ਸਿੰਘ, ਦਵਿੰਦਰ ਕੁਮਾਰ, ਚਰਨਜੀਤ ਡਾਡਾ, ਨਰੇਸ਼ ਕੁਮਾਰ ਸ਼ਹਿਰੀ ਪ੍ਰਧਾਨ, ਬਾਲੀ, ਰਵੀ ਸੁੰਦਰ ਨਗਰ, ਗੁਰਪ੍ਰੀਤ ਗੋਪਾ, ਨਿੱਕਾ ਬਸੀ ਕਿੱਕਰਾਂ, ਰਵੀ, ਭੁਪਿੰਦਰ ਕੁਮਾਰ ਬੱਧਣ, ਅਵਤਾਰ ਡਿੰਪੀ, ਚਰਨਜੀਤ ਡਾਡਾ, ਕਮਲਜੀਤ ਡਾਡਾ, ਲਾਡੀ ਸ਼ੇਰਗੜ੍ਹ, ਸੋਨੂੰ ਛਾਉਣੀ ਕਲਾਂ, ਕਿਸ਼ੋਰੀ ਸ਼ੇਰਗੜ੍ਹ ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਪੰਜਵੀਂ ਤੇ ਅੱਠਵੀਂ ਦੇ ਬੋਰਡ ਜੁਰਮਾਨੇ-ਫੀਸਾਂ 'ਚ ਵਿਆਪਕ ਵਾਧੇ ਕਾਰਨ ਮਾਪੇ ਤੇ ਅਧਿਆਪਕ ਪ੍ਰੇਸ਼ਾਨ

## ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਬੱਚਿਆਂ ਦੀਆਂ ਸਾਰੀਆਂ ਫੀਸਾਂ ਮਾਫ ਕਰਨ ਦੀ ਮੰਗ

**ਜ਼ੀਰਾ (ਨਰਿੰਦਰ ਅਨੇਜਾ)**

ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਹਰ ਸਾਲ ਪੰਜਵੀਂ, ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਬੋਰਡ ਵੱਲੋਂ ਲਈਆਂ ਜਾਂਦੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਨਰਲ ਸਕੱਤਰ ਗੁਰਪ੍ਰੀਤ ਮਾੜੀਮੇਘਾ, ਸਰਪ੍ਰਸਤ ਚਰਨ ਸਿੰਘ ਸਰਾਭਾ, ਵਿੱਤ ਸਕੱਤਰ ਨਵੀਨ ਸਚਦੇਵਾ ਜ਼ੀਰਾ, ਐਡੀਸ਼ਨਲ ਸਕੱਤਰ ਬਾਜ ਸਿੰਘ ਭੁੱਲਰ, ਸੀਨੀ. ਮੀਤ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ, ਸੁਖਜਿੰਦਰ ਸਿੰਘ ਖਾਨਪੁਰ, ਸਲਾਹਕਾਰ ਪ੍ਰੇਮ ਚਾਵਲਾ, ਮੀਤ ਪ੍ਰਧਾਨ ਸੰਜੀਵ ਸ਼ਰਮਾ, ਟਹਿਲ ਸਿੰਘ ਸਰਾਭਾ, ਪ੍ਰਿੰਸੀਪਲ ਮਨਦੀਪ ਸਿੰਘ ਥਿੰਦ, ਰਾਜਵੀਰ ਸਿੰਘ ਢਿੱਲੋਂ ਤੇ ਜਿੰਦਰ ਪਾਇਲਟ ਆਗੂਆਂ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਸਰਟੀਫਿਕੇਟ ਫੀਸ ਦੇ ਨਾਂ 'ਤੇ 200 ਰੁਪੈ ਪ੍ਰਤੀ ਵਿਦਿਆਰਥੀ



ਬੱਚਿਆਂ ਦੀ ਫੀਸ ਮਾਫੀ ਦੀ ਮੰਗ ਕਰਦੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਅਹੁਦੇਦਾਰ।

ਲਏ ਜਾ ਰਹੇ ਹਨ, ਜਦਕਿ ਸਿੱਖਿਆ ਅਧਿਕਾਰ ਐਕਟ 2009 ਅਨੁਸਾਰ ਅੱਠਵੀਂ ਜਮਾਤ ਤੱਕ ਬੱਚਿਆਂ ਨੂੰ ਮੁਫਤ ਤੇ ਜ਼ਰੂਰੀ ਸਿੱਖਿਆ ਦਾ ਅਧਿਕਾਰ ਦਿੱਤਾ ਗਿਆ ਹੈ।

ਪੰਜਾਬ ਸਕੂਲ ਸਿੱਖਿਆ ਬੋਰਡ ਦਾ ਆਨਲਾਈਨ ਪੋਰਟਲ ਪਿਛਲੇ ਲਗਭਗ 20 ਦਿਨਾਂ ਤੋਂ ਬੰਦ ਪਿਆ ਹੈ। 28 ਸਤੰਬਰ ਤੋਂ ਬਾਅਦ ਪੋਰਟਲ 'ਤੇ ਬੱਚਿਆਂ ਦਾ ਕੋਈ ਵੀ ਆਨਲਾਈਨ ਕੰਮ ਨਹੀਂ ਹੋ ਰਿਹਾ ਹੈ, ਪਰ ਪੰਜਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੀ ਬਿਨਾਂ ਲੇਟ ਫੀਸ ਅਪਲਾਈ ਕਰਨ ਦੀ ਮਿਤੀ 5 ਸਤੰਬਰ ਤੱਕ ਸੀ। ਪੋਰਟਲ ਬੰਦ ਹੋਣ ਕਾਰਨ ਅਤੇ ਬੋਰਡ ਤੇ ਪੰਜਾਬ ਸਰਕਾਰ ਵੱਲੋਂ ਫੀਸਾਂ ਸਬੰਧੀ ਕੋਈ ਸਾਰਥਕ ਹੱਲ ਨਾ ਕਰਨ ਕਰਕੇ ਮਾਪੇ ਤੇ ਅਧਿਆਪਕ ਦੋਚਿੱਤੀ ਵਿੱਚ ਹਨ, ਪਰ ਹੁਣ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਆਨਲਾਈਨ ਪੋਰਟਲ ਦੀ ਸਮੱਸਿਆ ਤੇ ਫੀਸਾਂ ਦਾ ਸਾਰਥਕ ਹੱਲ ਕਰਨ ਦੀ ਬਜਾਏ ਵਿਦਿਆਰਥੀਆਂ ਨੂੰ 1500 ਰੁਪਏ ਪ੍ਰਤੀ ਵਿਦਿਆਰਥੀ ਜੁਰਮਾਨਾ ਲਗਾ ਦਿੱਤਾ ਹੈ ਤੇ ਸਰਟੀਫਿਕੇਟ ਫੀਸ ਜੋੜ ਕੇ ਪ੍ਰਤੀ ਵਿਦਿਆਰਥੀ 1700 ਰੁਪਏ ਭਰਨ ਲਈ ਆਨਲਾਈਨ ਪੋਰਟਲ 'ਤੇ ਹਦਾਇਤ ਦੇ ਦਿੱਤੀ ਹੈ। ਇਸ ਨਾਲ ਵਿਦਿਆਰਥੀਆਂ ਦੇ ਮਾਪੇ ਤੇ ਅਧਿਆਪਕ ਚਿੰਤਾ ਵਿੱਚ ਹਨ। ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਇੰਨੇ ਵੱਡੇ ਪੱਧਰ 'ਤੇ ਜੁਰਮਾਨੇ ਕਰਨ ਨਾਲ ਉਨ੍ਹਾਂ ਦਾ ਸਿੱਖਿਆ ਪ੍ਰਤੀ ਤੇ ਵਿਦਿਆਰਥੀ ਵਿਰੋਧੀ ਚਿਹਰਾ ਸਪੱਸ਼ਟ ਹੋ ਗਿਆ ਹੈ। ਆਗੂਆਂ ਨੇ ਦੱਸਿਆ ਕਿ ਜਦੋਂ ਬੋਰਡ ਦਾ ਪੋਰਟਲ ਹੀ ਬੰਦ ਕਰ ਦਿੱਤਾ ਤਾਂ 1500 ਰੁਪਏ ਪ੍ਰਤੀ ਵਿਦਿਆਰਥੀ ਜੁਰਮਾਨਾ ਲਾਉਣਾ ਤਾਨਾਸ਼ਾਹੀ ਰਵਈਆ ਹੈ। ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੱਚਿਆਂ ਉੱਪਰ ਇਹ ਫੀਸਾਂ ਤੇ ਜੁਰਮਾਨੇ ਥੋਪਣ ਦੀ ਬਜਾਏ ਪੰਜਵੀਂ ਤੇ ਅੱਠਵੀਂ ਦੇ ਸਾਰੇ ਵਿਦਿਆਰਥੀਆਂ ਦੀ ਬੋਰਡ ਦੀ ਫੀਸ ਤੇ ਜੁਰਮਾਨੇ ਤੁਰੰਤ ਵਾਪਸ ਲਏ ਜਾਣ ਅਤੇ ਆਨਲਾਈਨ ਪੋਰਟਲ ਖੋਲ੍ਹ ਕੇ ਫੀਸਾਂ ਤੇ ਜੁਰਮਾਨਿਆਂ ਨੂੰ ਖਤਮ ਕੀਤਾ ਜਾਵੇ ਅਤੇ ਅਧਿਆਪਕਾਂ ਨੂੰ ਪੰਜਵੀਂ ਤੇ ਅੱਠਵੀਂ ਦੇ ਬੋਰਡ ਸਬੰਧੀ ਕੰਮ ਕਰਨ ਲਈ ਘੱਟੋ ਘੱਟ 10 ਦਿਨਾਂ ਦਾ ਸਮਾਂ ਦਿੱਤਾ ਜਾਵੇ।

### 4520 ਗਰਭਵਤੀਆਂ ਨੇ ਲਿਆ ਜੇ ਐੱਸ ਐੱਸ ਕੇ ਦਾ ਲਾਭ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਅਧੀਨ ਗਰਭਵਤੀਆਂ ਤੇ ਬੱਚਿਆਂ ਨੂੰ ਲੋੜੀਂਦੀਆਂ, ਸੁਰੱਖਿਅਤ ਅਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਯਤਨਸ਼ੀਲ ਹੈ। ਇਸ ਸਾਲ ਸਤੰਬਰ ਮਹੀਨੇ ਤੱਕ ਜ਼ਿਲ੍ਹੇ ਅਧੀਨ 4520 ਗਰਭਵਤੀਆਂ ਨੇ ਜਨਨੀ ਸ਼ਿਸ਼ੂ ਸੁਰੱਖਿਆ ਪ੍ਰੋਗਰਾਮ ਦਾ ਲਾਭ ਲਿਆ। ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਜਨਨੀ ਸ਼ਿਸ਼ੂ ਸੁਰੱਖਿਆ ਪ੍ਰੋਗਰਾਮ ਸਰਕਾਰੀ ਸਿਹਤ ਸੰਸਥਾ ਤੱਕ ਪੁਹੰਚ ਕਰਨ ਵਾਲੀ ਹਰ ਗਰਭਵਤੀ ਤੇ ਨਵਜੰਮੇ ਲਈ ਸਿਹਤ ਵਿਭਾਗ ਦੀ ਸਭ ਤੋਂ ਅਹਿਮ ਸਕੀਮ ਹੈ। ਇਸ ਸਕੀਮ ਤਹਿਤ ਔਰਤ ਦੇ ਗਰਭਵਤੀ ਹੋਣ ਤੋਂ ਜਣੇਪੇ ਤੋਂ 42 ਦਿਨ ਤੱਕ ਤੇ ਨਵਜੰਮੇ ਬੱਚੇ ਨੂੰ ਜਨਮ ਤੋਂ 30 ਦਿਨ ਤੱਕ ਲਾਭਪਾਤਰੀ ਮੰਨਿਆ ਜਾਂਦਾ ਹੈ। ਇਸ ਤਹਿਤ ਲਾਭਪਾਤਰੀਆਂ ਨੂੰ ਸਰਕਾਰੀ ਸਿਹਤ ਸੰਸਥਾ ਵਿੱਚ ਹਰ ਗਰਭਵਤੀ ਔਰਤ ਦੇ ਟੈਸਟ, ਦਵਾਈਆਂ, ਚੈੱਕਅਪ, ਮੁਫਤ ਅਤੇ ਨਕਦੀ ਰਹਿਤ ਜਣੇਪਾ (ਨਾਰਮਲ ਤੇ ਸੀਸੈਕਸ਼ਨ), ਸਿਹਤ ਸੰਸਥਾ ਵਿੱਚ ਜਣੇਪੇ ਸਮੇਂ ਰਹਿਣ ਦੌਰਾਨ ਮੁਫ਼ਤ ਖੁਰਾਕ, ਖੂਨ ਦਾ ਮੁਫਤ ਪ੍ਰਬੰਧ, ਘਰ ਤੋਂ ਸਿਹਤ ਸੰਸਥਾ ਤੱਕ ਮੁਫਤ ਆਵਾਜਾਈ, ਰੈਫਰਲ ਕੇਸਾ ਵਿੱਚ ਮੁਫ਼ਤ ਆਵਾਜਾਈ, ਜਣੇਪੇ ਤੋਂ ਬਾਅਦ ਸਿਹਤ ਸੰਸਥਾ ਤੋਂ ਘਰ ਵਾਪਸ ਜਾਣ ਲਈ ਮੁਫਤ ਆਵਾਜਾਈ ਆਦਿ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

# ਗੰਦੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਲਿਬਰੇਸ਼ਨ ਨੇ ਸੀਵਰੇਜ ਬੋਰਡ ਦੇ ਦਫਤਰ ਨੂੰ ਲਾਇਆ ਕੁੰਡਾ

**ਮਾਨਸਾ (ਪਮਾਰ)**-ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਵੱਲੋਂ ਮਾਨਸਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਸੀਵਰੇਜ ਦੇ ਖੜੇ ਗੰਦੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਸੀਵਰੇਜ ਬੋਰਡ ਮਾਨਸਾ ਦੇ ਦਫਤਰ ਨੂੰ ਕੁੰਡਾ ਲਗਾ ਕੇ ਐੱਸ ਡੀ ਓ, ਨਗਰ ਕੌਂਸਲ ਪ੍ਰਧਾਨ ਤੇ ਤਿੰਨ ਨਗਰ ਕੌਂਸਲਰਾਂ ਨੂੰ ਦਫਤਰ ਅੰਦਰ ਬੰਦ ਕਰ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਇਨਕਲਾਬ ਦਾ ਨਾਅਰਾ ਦੇ ਕੇ ਸੱਤਾ 'ਤੇ ਬੈਠੀ ਆਮ ਆਦਮੀ ਪਾਰਟੀ ਦੀ ਸਰਕਾਰ ਅੱਜ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਇਸ ਸਰਕਾਰ ਤੋਂ ਪੰਜਾਬ ਦਾ ਹਰ ਵਰਗ ਦੁਖੀ ਹੋ ਚੁੱਕਿਆ ਹੈ। ਆਮ ਲੋਕਾਂ ਦੀ ਸੁਣਵਾਈ ਤਾਂ ਦੂਰ, ਚੁਣੇ ਹੋਏ ਨਗਰ ਕੌਂਸਲ ਪ੍ਰਧਾਨ ਤੇ ਕੌਂਸਲਰਾਂ ਨੂੰ ਵੀ ਧਰਨੇ ਦੇ ਨੋਟਿਸ ਦੇਣੇ ਪੈ ਰਹੇ ਹਨ। ਕਾਮਰੇਡ ਰਾਣਾ ਨੇ ਸੰਬੋਧਨ ਕਿਹਾ ਕਿ ਮਾਨਸਾ ਸ਼ਹਿਰ ਅੰਦਰ ਸੀਵਰੇਜ ਦੇ ਪੱਕੇ ਹੱਲ ਲਈ ਬਣਾਂਵਾਲੀ ਥਰਮਲ ਪਲਾਂਟ ਨਾਲ ਕੀਤੇ ਐਗਰੀਮੈਂਟ ਨੂੰ ਲਾਗੂ ਕਰਵਾ ਕੇ ਸ਼ਹਿਰ ਤੇ ਆਸ-ਪਾਸ ਦੇ ਪਿੰਡਾਂ ਦੇ ਗੰਦੇ ਪਾਣੀ ਨੂੰ ਟਰੀਟਮੈਂਟ ਪਲਾਂਟ ਰਾਹੀਂ ਸਾਫ ਕਰਕੇ ਥਰਮਲ ਵਿੱਚ ਵਰਤਣ ਲਈ ਕਿਹਾ

■ **ਪੰਜਾਬ ਸਰਕਾਰ ਹਰ ਫਰੰਟ 'ਤੇ ਹੋਈ ਫੇਲ੍ਹ : ਰਾਣਾ**



ਜਾਵੇ। ਉਨ੍ਹਾ ਕਿਹਾ ਕਿ ਸ਼ਹਿਰ ਦੇ ਵੱਖ ਵੱਖ ਵਾਰਡਾਂ ਦਾ ਦੌਰਾ ਕਰਨ ਤੋਂ ਪਤਾ ਲੱਗਾ ਹੈ ਕਿ ਸੀਵਰੇਜ ਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਮਿਲ ਕੇ ਵੱਡੀਆਂ ਬੀਮਾਰੀਆਂ ਨੂੰ ਸੱਦਾ ਦੇ ਰਿਹਾ ਹੈ। ਗੰਦਾ ਪਾਣੀ ਸੜਕਾਂ 'ਤੇ ਖੜਨ ਕਰਕੇ ਲੰਘਣਾ ਮੁਸ਼ਕਲ ਹੋ ਗਿਆ ਹੈ। ਸੜਕਾਂ 'ਤੇ ਖੜੇ ਗੰਦੇ ਪਾਣੀ ਕਾਰਨ ਡੇਂਗੂ ਤੇ ਮਲੇਰੀਆ ਕਾਰਨ ਸੈਂਕੜੇ ਮਰੀਜ਼ ਹਸਪਤਾਲਾਂ ਵਿੱਚ ਦਾਖਲ ਹਨ ਤੇ ਲੱਖ ਲੱਖ ਰੁਪਏ ਦੀ ਤਨਖ਼ਾਹ ਲੈਣ ਵਾਲੇ ਅਫਸਰ ਦਫਤਰਾਂ 'ਚੋਂ ਬਾਹਰ ਨਹੀਂ ਨਿਕਲ ਰਹੇ। ਇਸ ਮੌਕੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸ਼ਹਿਰੀ ਸਕੱਤਰ ਕਾਮਰੇਡ ਸੁਰਿੰਦਰ ਸ਼ਰਮਾ ਤੇ ਸੀ ਪੀ ਆਈ ਐੱਮ ਦੇ ਆਗੂ ਕਾਮਰੇਡ ਘਣਸ਼ਾਮ ਨਿੱਕੂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸ਼ਹਿਰ ਵਿੱਚੋਂ ਗੰਦੇ ਪਾਣੀ ਦੀ ਸਮੱਸਿਆ ਦਾ ਹੱਲ ਨਹੀਂ ਹੁੰਦਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਘਰਾਂਗਣਾ, ਇਨਕਲਾਬੀ ਨੌਜਵਾਨ ਸਭਾ ਦੇ ਆਗੂ ਗੁਰਪਿਆਰ ਗੇਹਲੇ, ਪ੍ਰਦੀਪ ਖਾਲਸਾ, ਭੋਲਾ ਸਿੰਘ, ਨਰਿੰਦਰ ਕੁਮਾਰ, ਜਸਵੀਰ ਸਿੰਘ ਐੱਲ ਜੀ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ



**ਬਰੇਟਾ (ਰੀਤਵਾਲ)**-ਬੀਤੀ ਦੇਰ ਸ਼ਾਮ ਹੋਏ ਸੜਕ ਹਾਦਸੇ 'ਚ ਇੱਕ ਵਿਅਕਤੀ ਦੀ ਮੌਤ ਅਤੇ ਇੱਕ ਵਿਅਕਤੀ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਹੈ। ਜਾਂਚ ਅਧਿਕਾਰੀ ਬ੍ਰਿਸ਼ਭਾਨ ਨੇ ਦੱਸਿਆ ਕਿ ਜੀਤ ਸਿੰਘ (35) ਵਾਸੀ ਬਰੇਟਾ ਅਤੇ ਕਾਕਾ ਸਿੰਘ ਦੇਰ ਸ਼ਾਮ ਮੋਟਰਸਾਈਕਲ 'ਤੇ ਸਵਾਰ ਹੋ ਕੇ ਧਰਮਪੁਰੇ ਵਾਲੀ ਸਾਈਡ ਤੋਂ ਬਰੇਟਾ ਪਿੰਡ ਵੱਲ ਆ ਰਹੇ ਸਨ। ਇਸ ਦੌਰਾਨ ਉਨ੍ਹਾਂ ਦੀ ਟੱਕਰ ਸਾਹਮਣੇ ਤੋਂ ਆ ਰਹੇ ਇੱਕ ਟਰੈਕਟਰ ਨਾਲ ਹੋ ਗਈ । ਜਿਸ ਵਿੱਚ ਜੀਤ ਸਿੰਘ ਦੀ ਮੌਤ ਹੋ ਗਈ ਜਦਕਿ ਕਾਕਾ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ। ਉਨ੍ਹਾ ਦੱਸਿਆ ਕਿ ਪੁਲਸ ਵੱਲੋ 174 ਦੀ ਕਾਰਵਾਈ ਕਰਕੇ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ ਗਈ ਹੈ।

### ਜਗਜੀਤ ਭੰਡਾਰੀ ਦੀ ਯਾਦ 'ਚ ਅੱਖਾਂ ਦਾ ਕੈਂਪ 29 ਨੂੰ



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)**-ਧਾਰਮਕ, ਸਮਾਜਕ ਤੇ ਰਾਜਨੀਤਕ ਸਫਾਂ ਵਿੱਚ ਜਾਣੇ ਪਛਾਣੇ ਚਿਹਰੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਤੇ ਦੀਪਇੰਦਰ ਸਿੰਘ ਭੰਡਾਰੀ ਵੱਲੋਂ ਆਪਣੇ ਸਵਰਗਵਾਸੀ ਪਿਤਾ ਸ੍ਰ. ਜਗਜੀਤ ਸਿੰਘ ਭੰਡਾਰੀ ਦੀ ਯਾਦ ਵਿੱਚ ਲੋਕ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ 29 ਅਕਤੂਬਰ ਨੂੰ ਸਵੇਰੇ 9:30 ਤੋਂ ਲੈ ਕੇ 1 ਵਜੇ ਤੱਕ 43ਵਾਂ ਅੱਖਾਂ ਦਾ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਲਗਭਗ ਮੁਕੰਮਲ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲੋਕ ਸੇਵਾ ਸੁਸਾਇਟੀ ਦੇ ਸੀਨੀਅਰ ਮੈਂਬਰ ਤੇ ਸਵਰਗੀ ਜਗਜੀਤ ਸਿੰਘ ਭੰਡਾਰੀ ਦੇ ਸਪੁੱਤਰ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਤੇ ਲੋਕ ਸੇਵਾ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਨੇ ਦੱਸਿਆ ਕਿ ਸਵਰਗੀ ਜਗਜੀਤ ਸਿੰਘ ਭੰਡਾਰੀ ਦੀ ਯਾਦ 'ਚ ਇਹ ਅੱਖਾਂ ਦਾ ਕੈਂਪ ਲੋਕ ਸੇਵਾ ਸੋਸਾਇਟੀ ਦੇ ਸਹਿਯੋਗ ਨਾਲ ਐੱਲ ਆਰ ਡੀ.ਏ.ਵੀ. ਕਾਲਜ ਵਿਖੇ ਲਗਾਇਆ ਜਾ ਰਿਹਾ ਹੈ। ਇਸ ਮੌਕੇ ਸ਼ੰਕਰਾ ਆਈ ਹਸਪਤਾਲ ਮੁੱਲਾਂਪੁਰ ਦੇ ਅੱਖਾਂ ਦੇ ਮਾਹਰ ਡਾਕਟਰ ਚਿੱਟੇ ਮੋਤੀਏ ਵਾਲੇ ਮਰੀਜ਼ਾਂ ਦਾ ਚੈੱਕਅੱਪ ਕਰ ਕੇ ਉਨ੍ਹਾਂ ਦੇ ਆਪ੍ਰੇਸ਼ਨ ਸ਼ੰਕਰਾ ਆਈ ਹਸਪਤਾਲ ਵਿਖੇ ਮੁਫਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸਿਰਫ਼ ਚਿੱਟੇ ਮੋਤੀਏ ਵਾਲੇ ਮਰੀਜ਼ਾਂ ਦਾ ਚੈੱਕਅੱਪ ਕੀਤਾ ਜਾਵੇਗਾ। ਮਰੀਜ਼ ਆਪਣਾ ਆਧਾਰ ਕਾਰਡ ਨਾਲ ਲੈ ਕੇ ਆਉਣ।

### ਐੱਨ ਐੱਚ-54 ਅਧੀਨ ਆਈਆਂ ਜ਼ਮੀਨਾਂ ਦੇ ਬਕਾਏ ਦੀ ਰਾਸ਼ੀ ਜਲਦ ਦਿੱਤੀ ਜਾਵੇਗੀ : ਡੀ ਸੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਨੈਸ਼ਨਲ ਹਾਈਵੇ ਨੰਬਰ 54 ਜੋ ਅੰਮ੍ਰਿਤਸਰ ਤੋਂ ਬਠਿੰਡਾ ਤੱਕ ਚਾਰ ਮਾਰਗੀ ਬਣਾਇਆ ਗਿਆ ਸੀ, ਜਿਸ ਅਧੀਨ ਜ਼ਿਲ੍ਹਾ ਫਿਰੋਜ਼ਪੁਰ ਦੇ ਵੱਖ-ਵੱਖ ਪਿੰਡਾਂ ਦਾ ਰਕਬਾ ਐਕਵਾਇਰ ਕੀਤਾ ਗਿਆ ਸੀ।ਐਕੁਆਇਰ ਕੀਤੇ ਗਏ ਰਕਬੇ ਦਾ ਮੁਆਵਜ਼ਾ ਕੁਝ ਜ਼ਮੀਨ ਮਾਲਕਾਂ ਨੂੰ ਪਹਿਲਾਂ ਦੇ ਦਿੱਤਾ ਗਿਆ ਸੀ, ਪਰ ਕਈ ਮਾਲਕਾਂ ਦਾ ਮੁਆਵਜਾ ਅਜੇ ਤੱਕ ਕਿਸੇ ਕਾਰਨਾਂ ਕਰਕੇ ਉਨ੍ਹਾਂ ਨੂੰ ਨਹੀਂ ਮਿਲਿਆ ਸੀ, ਉਨ੍ਹਾਂ ਨੂੰ ਮੁਆਵਜ਼ਾ ਜਲਦੀ ਦਿੱਤਾ ਜਾਵੇਗਾ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦਿੱਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਵੱਖ-ਵੱਖ ਸਬ ਡਵੀਜ਼ਨਾਂ ਅਧੀਨ ਆਉਂਦੇ ਪਿੰਡਾਂ ਜਿਨ੍ਹਾਂ ਦੀ ਜ਼ਮੀਨ ਨੈਸ਼ਨਲ ਹਾਈਵੇ ਲਈ ਐਕੁਆਇਰ ਹੋਈ ਸੀ, ਪਰ ਉਨ੍ਹਾਂ ਨੂੰ ਅਜੇ ਤੱਕ ਮੁਆਵਜ਼ਾ ਨਹੀਂ ਮਿਲਿਆ, ਉਹ ਆਪਣੀ ਲਿਖਤੀ ਦਰਖਾਸਤ ਤੇ ਹੋਰ ਸਬੂਤਾਂ ਸਮੇਤ ਕੰਮ ਵਾਲੇ ਦਿਨ ਸਬੰਧਤ ਐੱਸਡੀਐੱਮ ਦਫ਼ਤਰ ਨੂੰ ਦੇ ਸਕਦੇ ਹਨ ਤਾਂ ਜੁ ਉਨ੍ਹਾਂ ਦਾ ਬਣਦਾ ਮੁਆਵਜ਼ਾ ਜਲਦੀ ਉਨ੍ਹਾਂ ਨੂੰ ਦਿੱਤਾ ਜਾ ਸਕੇ।

### ਅੱਖਾਂ ਦਾ ਮੁਫਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਅੱਜ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਮੁੱਦਕੀ ਸੜਕ ਉੱਪਰ ਸਥਿਤ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਚੇਅਰਮੈਨ ਨਵਦੀਪ ਸਿੰਘ ਬਰਾੜ (ਬੱਬੂ) ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਕੂਲ ਦੇ ਸੰਸਥਾਪਕ ਤੇ ਸਾਡੇ ਪਿਤਾ ਸਵ: ਜਗਸੀਰ ਸਿੰਘ ਜੱਗਾ ਬਰਾੜ ਦੀ ਯਾਦ ਵਿੱਚ ਸਮੂਹ ਬਰਾੜ ਪਰਵਾਰ ਵੱਲੋਂ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ 27 ਅਕਤੂਬਰ ਨੂੰ ਸਵੇਰੇ 09 ਵਜੇ ਤੋਂ ਦੁਪਹਿਰ 01 ਵਜੇ ਤੱਕ ਸਥਾਨਕ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦੌਰਾਨ ਦਵਾਈਆਂ ਦੇ ਨਾਲ ਲੋੜਵੰਦਾਂ ਨੂੰ ਐਨਕਾਂ ਵੀ ਮੁਫਤ ਦਿੱਤੀਆਂ ਜਾਣਗੀਆਂ ਤੇ ਚਿੱਟੇ ਮੋਤੀਏ ਦੇ ਮੁਫਤ ਆਪ੍ਰੇਸ਼ਨ ਕਰਵਾਏ ਜਾਣਗੇ।

# ਮਾਤਾ ਗੁਜਰੀ ਕਾਲਜ ਦੀ ਕ੍ਰਿਕਟ ਟੀਮ ਨੇ ਸੈਮੀਫਾਈਨਲ ਜਿੱਤ ਫਾਈਨਲ 'ਚ ਜਗ੍ਹਾ ਬਣਾਈ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**


ਮਾਤਾ ਗੁਜਰੀ ਕਾਲਜ ਦੀ ਜੇਤੂ ਕ੍ਰਿਕਟ ਟੀਮ ਦੇ ਖਿਡਾਰੀਆਂ ਨਾਲ ਆਨਰੇਰੀ ਸਕੱਤਰ ਜਗਦੀਪ ਸਿੰਘ ਚੀਮਾ, ਪ੍ਰਿੰਸੀਪਲ ਡਾ. ਕਸਮੀਰ ਸਿੰਘ, ਡਾ. ਬਿਕਰਮਜੀਤ ਸਿੰਘ ਤੇ ਹੋਰ।

ਮਾਤਾ ਗੁਜਰੀ ਕਾਲਜ ਦੀ ਕ੍ਰਿਕਟ ਟੀਮ ਨੇ ਅੰਤਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਵਿੱਚ ਸੈਮੀਫਾਈਨਲ ਮੁਕਾਬਲੇ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਫਾਈਨਲ ਮੁਕਾਬਲੇ ਵਿੱਚ ਜਗ੍ਹਾ ਬਣਾ ਲਈ ਹੈ। ਇਹ ਮੈਚ ਮਾਤਾ ਗੁਜਰੀ ਕਾਲਜ ਤੇ ਸਰਕਾਰੀ ਬਰਜਿੰਦਰਾ ਕਾਲਜ ਦੀਆਂ ਟੀਮਾਂ ਵਿਚਕਾਰ ਹੋਇਆ, ਜਿਸ ਵਿੱਚ ਮਾਤਾ ਗੁਜਰੀ ਕਾਲਜ ਦੀ ਟੀਮ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ 8 ਵਿਕਟਾਂ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਸਰਕਾਰੀ ਬਰਜਿੰਦਰਾ ਕਾਲਜ ਦੀ ਟੀਮ 88 ਦੌੜਾਂ ਬਣਾ ਕੇ ਹੀ ਆਲ ਆਊਟ ਹੋ ਗਈ, ਜਿਸ ਦੇ ਜਵਾਬ ਵਿੱਚ ਮਾਤਾ ਗੁਜਰੀ ਕਾਲਜ ਦੀ ਟੀਮ ਨੇ ਕੇਵਲ 2 ਵਿਕਟਾਂ ਦੇ ਨੁਕਸਾਨ ਨਾਲ 10 ਓਵਰਾਂ ਵਿੱਚ ਹੀ 91 ਦੌੜਾਂ ਬਣਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ। ਮੈਚ ਵਿੱਚ ਕਾਲਜ ਦੇ ਹੋਣਹਾਰ ਖਿਡਾਰੀ ਅਕਸ਼ੈ ਵਰਮਾ ਨੇ ਸ਼ਾਨਦਾਰ ਬੱਲੇਬਾਜ਼ੀ ਕਰਦੇ ਹੋਏ 61 ਦੌੜਾਂ ਬਣਾਈਆਂ ਤੇ ਸੁਨੀਲ ਕੁਮਾਰ ਵਰਮਾ ਤੇ ਗਿਮਨਜੀਤ ਸਿੰਘ ਦੋਹਾਂ ਨੇ 4-4 ਵਿਕਟਾਂ ਪ੍ਰਾਪਤ ਕੀਤੀਆਂ। ਇਸ ਮੈਚ ਤੋਂ ਪਹਿਲਾਂ ਖੇਡਿਆ ਗਿਆ ਪਹਿਲਾ ਸੈਮੀਫਾਈਨਲ ਮੈਚ ਸਰਕਾਰੀ ਕਾਲਜ ਰੋਪੜ ਅਤੇ ਡੀ.ਏ.ਵੀ. ਕਾਲਜ ਬਠਿੰਡਾ ਵਿਚਕਾਰ ਹੋਇਆ, ਜਿਸ ਵਿੱਚ ਡੀ.ਏ.ਵੀ. ਕਾਲਜ ਬਠਿੰਡਾ ਦੀ ਟੀਮ ਨੇ 10 ਵਿਕਟਾਂ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਕਾਲਜ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਜਗਦੀਪ ਸਿੰਘ ਚੀਮਾ ਨੇ ਮਾਤਾ ਗੁਜਰੀ ਕਾਲਜ ਦੀ ਜੇਤੂ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਨੇ ਪਿਛਲੇ ਲੰਮੇ ਸਮੇਂ ਤੋਂ ਵੱਖ-ਵੱਖ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੁਆਰਾ ਕਾਲਜ ਦਾ ਨਾਂਅ ਰੋਸ਼ਨ ਕੀਤਾ ਹੈ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਮੌਜੂਦਾ ਸਮੇਂ ਦੀਆਂ ਵਿੱਦਿਅਕ ਲੋੜਾਂ ਦੀ ਪੂਰਤੀ ਕਰਦੇ ਹੋਏ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਇਸ ਮਹਾਨ ਅਦਾਰੇ ਵੱਲੋਂ ਧਾਰਮਿਕ, ਸਮਾਜਿਕ, ਸੱਭਿਆਚਾਰਕ ਤੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਨਿਰੰਤਰ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਸਵੈ ਅਨੁਸ਼ਾਸਨ, ਸਵੈ ਵਿਸ਼ਵਾਸ ਅਤੇ ਟੀਮ ਵਰਕ ਆਦਿ ਗੁਣਾਂ ਨੂੰ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਡੀਨ ਸਪੋਰਟਸ ਡਾ. ਦਵਿੰਦਰ ਸਿੰਘ, ਯੂਨੀਵਰਸਿਟੀ ਕੋਚ ਅਵਤਾਰ ਸਿੰਘ, ਕ੍ਰਿਕਟ ਟੀਮ ਇੰਚਾਰਜ ਪ੍ਰੋ. ਮੁਹੰਮਦ ਅਨਵਰ, ਖੇਡ ਵਿਭਾਗ ਦੇ ਮੁਖੀ ਪ੍ਰੋ. ਹਰਜੀਤ ਕੌਰ, ਕੋਚ ਬਹਾਦਰ ਸਿੰਘ ਅਤੇ ਹੋਰ ਅਧਿਆਪਕ ਸਹਿਬਾਨ ਹਾਜ਼ਰ ਸਨ।

# ਮੋਟੀਵੇਟਰਾਂ ਨੂੰ ਮੀਟਿੰਗ 'ਤੇ ਬੁਲਾ ਕੇ ਵਿੱਤ ਮੰਤਰੀ ਵੱਲੋਂ ਮੀਟਿੰਗ ਕਰਨ ਤੋਂ ਨਾਂਹ

■ **2 ਹੋਰ ਜਥੇਬੰਦੀਆਂ ਨੂੰ ਵੀ ਮੁੜਨਾ ਪਿਆ ਖਾਲੀ**

**ਬਰੇਟਾ (ਗੋਬਿੰਦ ਸ਼ਰਮਾ)**-ਦੁਸਹਿਰੇ ਵਾਲੇ ਦਿਨ ਮੋਟੀਵੇਟਰ ਵਰਕਰ ਯੂਨੀਅਨ ਵੱਲੋਂ ਹੁਸ਼ਿਆਰਪੁਰ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਸੀ, ਜਿਸ ਤੋਂ ਉਪਰੰਤ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਨੇ ਵਿੱਤ ਮੰਤਰੀ ਪੰਜਾਬ ਤੇ ਜਲ ਸਪਲਾਈ ਮੰਤਰੀ ਜਿੰਪਾ ਨਾਲ 25 ਅਕਤੂਬਰ ਦੀ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ, ਪ੍ਰੰਤੂ ਵਿੱਤ ਮੰਤਰੀ ਪੰਜਾਬ ਨੇ ਮੋਟੀਵੇਟਰਾਂ ਸਮੇਤ ਸਾਰੀਆਂ ਜਥੇਬੰਦੀਆਂ ਨਾਲ ਇਹ ਮੀਟਿੰਗ ਕਰਨ ਤੋਂ ਮਨ੍ਹਾ ਕਰ ਦਿੱਤਾ। ਜਾਣਕਾਰੀ ਦਿੰਦਿਆਂ ਸੂਬਾ ਆਗੂ ਗੁਰਪ੍ਰੀਤ ਸੋਢੀ ਤੇ ਸਤਨਾਮ ਸਿੰਘ ਨੇ ਦੱਸਿਆ ਕਿ ਉਹ ਦਿੱਤੇ ਸਮੇਂ 'ਤੇ ਸਿਵਲ ਸਕੱਤਰੇਤ ਵਿਖੇ ਪੁੱਜ ਗਏ ਸਨ, ਪ੍ਰੰਤੂ ਵਿੱਤ ਮੰਤਰੀ ਦੇ ਦਫਤਰ ਵੱਲੋਂ ਜਥੇਬੰਦੀ ਆਗੂਆਂ ਦੇ ਸਿਵਲ ਸਕੱਤਰੇਤ ਵਿਖੇ ਜਾਣ ਦੇ ਪਾਸ ਨਹੀਂ ਬਣਾਏ ਗਏ, ਕਿਉਂਕਿ ਪਿਛਲੀ ਦਿਨੀਂ ਇਸ ਮੀਟਿੰਗ ਵਿੱਚ ਹਾਜ਼ਰ ਰਹਿਣ ਨੂੰ ਲੈ ਕੇ ਮਹਿਕਮੇ ਦੇ ਉੱਚ ਅਧਿਕਾਰੀਆਂ ਦੇ ਆਪਸੀ ਕਲੇਸ਼ ਦਾ ਇਕ ਪੱਤਰ ਸਾਹਮਣੇ ਆਇਆ ਸੀ, ਜਿਸ ਤੋਂ ਬਾਅਦ ਇਹ ਮੀਟਿੰਗ ਵਿੱਚ ਕਈ ਉੱਚ ਅਧਿਕਾਰੀ ਗੈਰ-ਹਾਜ਼ਰ ਸਨ ਤੇ ਜਲ ਸਪਲਾਈ ਮੰਤਰੀ ਵੀ ਮੀਟਿੰਗ ਵਿੱਚ ਨਾ ਪੁੱਜ ਸਕੇ, ਜਿਸ ਤੋਂ ਸਾਫ ਹੁੰਦਾ ਹੈ ਕਿ ਵਿੱਤ ਮੰਤਰੀ ਪੰਜਾਬ ਤੇ ਵਿਭਾਗ ਕੋਲ ਠੋਸ ਜਵਾਬ ਨਾ ਹੋਣ ਕਾਰਨ ਪਹਿਲਾਂ ਹੀ ਪ੍ਰੀ ਪਲਾਨਿੰਗ ਕਰਕੇ ਜਾਣ ਬੁੱਝ ਕੇ ਮੀਟਿੰਗ ਕਰਨ ਤੋਂ ਨਾਂਹ ਕਰ ਦਿੱਤੀ ਗਈ ਹੈ। ਰਵੀ ਕੁਲਰੀਆਂ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਆਪਣੇ ਪੁਰਾਣੇ ਦਿਨ ਭੁੱਲ ਚੁੱਕੇ ਹਨ, ਜਦੋਂ ਉਹ ਵਿਰੋਧੀ ਧਿਰ ਦੇ ਨੇਤਾ ਹੁੰਦੇ ਹੋਏ ਮੋਟੀਵੇਟਰਾਂ ਦੇ ਧਰਨੇ ਵਿੱਚ ਪੁੱਜ ਕੇ ਸਾਡੀਆਂ ਮੰਗਾਂ ਨੂੰ ਸਹੀ ਕਰਾਰ ਦਿੰਦੇ ਸਨ। ਅੱਜ ਉਹ ਆਪ ਸੱਤਾ ਹਾਸਲ ਕਰਕੇ ਉਨ੍ਹਾ ਨਾਲ ਮਾੜਾ ਸਲੂਕ ਕਰ ਰਹੇ ਹਨ, ਇਸ ਕਰਕੇ ਸਮੂਹ ਮੋਟੀਵੇਟਰ ਵਰਕਰਾਂ ਵਿੱਚ ਰੋਸ ਹੈ। ਇਸੇ ਰੋਸ ਦੇ ਚੱਲਦੇ ਸਮੂਹ ਵਰਕਰਾਂ ਨੇ ਇਹ ਐਲਾਨ ਕੀਤਾ ਹੈ ਕਿ ਵਿਭਾਗ ਨਾਲ ਅਗਲੀ ਮੀਟਿੰਗ ਨਾ ਕਰਦੇ ਹੋਏ ਉਹ ਮੁੱਖ ਮੰਤਰੀ ਪੰਜਾਬ ਦੇ ਅਗਲੇ ਸੂਬਾ ਪੱਧਰੀ ਸਮਾਗਮ ਵਿੱਚ ਕਾਲੇ ਝੰਡਿਆਂ ਤੇ ਪੈਟਰੋਲ ਦੀਆਂ ਬੋਤਲਾਂ ਲੈ ਕੇ ਪ੍ਰਦਰਸ਼ਨ ਕਰਨਗੇ। ਹੁਣ ਉਨ੍ਹਾ ਦਾ ਮਕਸਦ ਮੀਟਿੰਗ ਕਰਨਾ ਨਹੀਂ, ਅਪਣਾ ਹੱਲ ਕਰਵਾਉਣਾ ਹੈ, ਜੇਕਰ ਮੁੱਖ ਮੰਤਰੀ ਪੰਜਾਬ ਦੇ ਸਮਾਗਮ ਦੌਰਾਨ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ, ਉਸ ਦੀ ਸਿੱਧੀ ਜ਼ਿੰਮੇਵਾਰੀ ਵਿੱਤ ਮੰਤਰੀ ਪੰਜਾਬ ਤੇ ਜਲ ਸਪਲਾਈ ਵਿਭਾਗ ਦੀ ਹੋਵੇਗੀ।

# ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਬੈਠਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਸਾਹਿਤਕ ਬੈਠਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਟੀ. ਲੋਚਨ ਦੀ ਪ੍ਰਧਾਨਗੀ ਵਿੱਚ ਹੋਈ।

ਮੀਟਿੰਗ ਵਿੱਚ ਸਭ ਤੋਂ ਪਹਿਲਾਂ ਇੱਕ ਸ਼ੋਕ ਮਤੇ ਰਾਹੀਂ ਸਾਹਿਤਕਾਰ ਪ੍ਰੋ. ਅਨੂਪ ਵਿਰਕ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਰਘਬੀਰ ਸਿੰਘ ਭਰਤ, ਨਿਰੰਜਣ ਸੂਖਮ ਤੇ ਟੀ. ਲੋਚਨ ਨੇ ਭਾਵਪੂਰਤ ਗੱਲਾਂ ਕੀਤੀਆਂ। ਰਚਨਾਵਾਂ ਦੇ ਦੌਰ ਵਿੱਚ ਕਸ਼ਮੀਰ ਸਿੰਘ, ਨਛੱਤਰ ਸਿੰਘ, ਸਾਹਿਤਕਾਰ ਰਘਬੀਰ ਸਿੰਘ ਭਰਤ, ਅਵਤਾਰ ਸਿੰਘ ਉਟਾਲਾਂ, ਗੀਤਕਾਰ ਜਸਵੀਰ ਸਿੰਘ ਝੱਜ, ਸ਼ਾਇਰ ਨਿਰੰਜਨ ਸੂਖਮ, ਸ਼ਾਇਰ ਅਮਰਿੰਦਰ ਸੋਹਲ ਤੇ ਸ਼ਾਇਰ ਸ. ਨਸੀਮ ਨੇ ਆਪੋ ਆਪਣੀਆਂ ਰਚਨਾਵਾਂ ਸੁਣਾਈਆਂ।

ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ 'ਤੇ ਉਸਾਰੂ ਬਹਿਸ 'ਚ ਹਾਜ਼ਰ ਸਾਹਿਤਕਾਰਾਂ ਨੇ ਭਾਗ ਲਿਆ। ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ ਵਿੱਚ ਸਭਾ ਦੇ ਪ੍ਰਧਾਨ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਗੁਰੂ ਨਾਨਕ ਕਾਲਜ ਦੀਆਂ ਖਿਡਾਰਨਾਂ ਨੇ ਖੋ-ਖੋ 'ਚ ਇਤਿਹਾਸ ਰਚਿਆ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਨੇ ਖੇਡਾਂ ਦੇ ਖੇਤਰ ਵਿੱਚ ਉਸ ਸਮੇਂ ਇੱਕ ਹੋਰ ਨਵਾਂ ਕੀਰਤੀਮਾਨ ਸਥਾਪਤ ਕੀਤਾ, ਜਦੋਂ ਕਾਲਜ ਦੀਆਂ ਖੋ ਖੋ ਖਿਡਾਰਨਾਂ ਨੇ ਪਟਿਆਲਾ ਵਿਖੇ ਰਾਜ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਦੇ ਉਮਰ ਵਰਗ 21 ਪਲੱਸ ਵਿੱਚ ਭਾਗ ਲੈਂਦਿਆਂ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਕਾਲਜ ਦੇ ਕੋਚ ਤੇ ਖੋ ਖੋ ਟੀਮ ਇੰਚਾਰਜ ਹਰਵਿੰਦਰ ਵਿਰਕ ਨੇ ਦੱਸਿਆ ਕਿ ਕਾਲਜ ਦੀਆਂ ਖਿਡਾਰਨਾਂ ਨੇ ਮੁਕਤਸਰ ਜ਼ਿਲ੍ਹੇ ਵੱਲੋਂ ਭਾਗ ਲੈਂਦਿਆਂ ਰੂਪਨਗਰ, ਮੋਹਾਲੀ, ਲੁਧਿਆਣਾ ਤੇ ਫਾਈਨਲ ਮੈਚ ਵਿੱਚ ਪਟਿਆਲਾ ਨੂੰ ਇੱਕ ਤਰਫਾ ਮੁਕਾਬਲੇ ਵਿੱਚ ਚਿੱਤ ਕਰਦਿਆਂ ਇਹ ਮਾਣਮੱਤੀ ਟਰਾਫੀ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਕਾਲਜ ਦੀ ਖਿਡਾਰਨ ਗੁਰਵੀਰ ਕੌਰ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਲੇਅਰ ਆਫ ਦੀ ਟੂਰਨਾਮੈਂਟ ਬਣਨ ਦਾ ਮਾਣ ਪ੍ਰਾਪਤ ਕੀਤਾ। ਇਸ ਦੌਰਾਨ ਖਿਡਾਰਨਾਂ ਦੇ ਕਾਲਜ ਪਹੁੰਚਣ 'ਤੇ ਵਧੀਕ ਸਕੱਤਰ ਸ੍ਰ. ਮਨਜੀਤ ਸਿੰਘ ਬਰਕੰਦੀ ਤੇ ਪ੍ਰਿੰਸੀਪਲ ਡਾਕਟਰ ਤੇਜਿੰਦਰ ਕੌਰ ਧਾਲੀਵਾਲ ਵੱਲੋਂ ਸਮੂਹ ਖੋ ਖੋ ਖਿਡਾਰਨਾਂ ਤੇ ਕੋਚਜ਼ ਦਾ ਨਿੱਘਾ ਸਵਾਗਤ ਕੀਤਾ ਤੇ ਇਸ ਮਾਣਮੱਤੇ ਮੌਕੇ ਸੰਬੋਧਨ ਕਰਦਿਆਂ ਸਮੂਹ ਖਿਡਾਰਨਾਂ, ਸਰੀਰਕ ਸਿੱਖਿਆ ਵਿਭਾਗ ਦੇ ਡਾਕਟਰ ਗਗਨਦੀਪ ਕੌਰ, ਟੀਮ ਇੰਚਾਰਜ ਹਰਵਿੰਦਰ ਵਿਰਕ ਤੇ ਸੁਰਿੰਦਰ ਕੌਰ ਅਤੇ ਵਿਸ਼ੇਸ਼ ਤੌਰ 'ਤੇ ਸਟੇਟ ਐਵਾਰਡੀ ਖੋ ਖੋ ਕੋਚ ਤਰਸੇਮ ਕੁਮਾਰ ਨੂੰ ਸ਼ਾਬਾਸ਼ ਤੇ ਮੁਬਾਰਕਬਾਦ ਦਿੱਤੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਭ ਦੀ ਅੱਣਥਕ ਮਿਹਨਤ ਦੀ ਬਦੌਲਤ ਹੀ ਅੱਜ ਕਾਲਜ ਨੇ ਇਹ ਮੁਕਾਮ ਹਾਸਲ ਕੀਤਾ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਰਾਣਾ ਬਲਜਿੰਦਰ ਕੌਰ, ਡਾਕਟਰ ਨਿਰਮਲਜੀਤ ਕੌਰ, ਡਾਕਟਰ ਨੀਲਾ ਨੀਨਾ ਮਹਿਤਾ, ਲੈਕਚਰਾਰ ਰੁਪਿੰਦਰਜੀਤ ਸੰਧੂ ਤੇ ਸੁਪਰਡੈਂਟ ਬਾਬੂ ਰਾਮ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



### ਇਮੀਗ੍ਰੇਸ਼ਨ ਪਲੈਨਰ ਨੇ 2 ਸਾਲ ਦੇ ਗੈਪ ਦੇ ਬਾਵਜੂਦ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਹੁਤ ਹੀ ਥੋੜ੍ਹੇ ਸਮੇਂ 'ਚ ਆਈਲਟਸ ਦੀ ਦੁਨੀਆ ਵਿੱਚ ਆਪਣਾ ਨਾਂ ਬਣਾ ਰਹੀ 'ਦਾ ਇਮੀਗ੍ਰੇਸ਼ਨ ਪਲੈਨਰ', ਜੋ ਕਿ ਕਾਲੇ ਕੇ ਰੋਡ ਉੱਪਰ ਸਥਿਤ ਹੈ, ਨੇ ਨਵਪ੍ਰੀਤ ਕੌਰ ਪੁੱਤਰੀ ਮੋਹਨ ਸਿੰਘ ਵਾਸੀ ਮੁਦਕੀ ਰੋਡ ਬਾਘਾ ਪੁਰਾਣਾ ਦਾ 2 ਸਾਲ ਦੇ ਗੈਪ ਹੋਣ ਦੇ ਬਾਵਜੂਦ ਕੈਨੇਡਾ ਦਾ ਸਟੱਡੀ ਵੀਜ਼ਾ ਲਗਵਾਇਆ।

ਨਵਪ੍ਰੀਤ ਕੌਰ ਨੇ ਸਟਾਫ਼ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਸਟਾਫ ਦੀ ਅਣਥੱਕ ਮਿਹਨਤ ਸਦਕਾ ਹੀ ਮੇਰਾ ਕੈਨੇਡਾ ਦਾ ਸਟੱਡੀ ਵੀਜ਼ਾ ਲੱਗਿਆ ਹੈ। ਐੱਮ ਡੀ ਯੋਗੇਸ਼ ਗੋਇਲ ਤੇ ਗਗਨਦੀਪ ਨੇ ਵਿਦਿਆਰਥਣ ਨਵਪ੍ਰੀਤ ਕੌਰ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਡੀ ਏ ਵੀ ਕਾਲਜ ਦੇ ਵਿਦਿਆਰਥੀਆਂ ਦਾ ਯੂਥ ਐਂਡ ਹੈਰੀਟੇਜ ਫੈਸਟੀਵਲ 'ਚ ਸ਼ਾਨਦਾਰ ਪ੍ਰਦਰਸ਼ਨ



ਡੀ.ਏ.ਵੀ. ਕਾਲਜ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਪ੍ਰਬੰਧਕ।

**ਮਲੋਟ (ਗੁਰਮੀਤ ਸਿੰਘ ਮੱਕੜ)**

ਪ੍ਰਿੰਸੀਪਲ ਸਭਾਸ਼ ਗੁਪਤਾ ਦੀ ਅਗਵਾਈ ਹੇਠ ਡਾ. ਮੁਕਤਾ ਮੁਟਨੇਜਾ (ਇੰਚਾਰਜ ਈ.ਐੱ.ਏ. ਤੇ ਯੁਵਕ ਭਲਾਈ ਵਿਭਾਗ) ਤੇ ਮੈਡਮ ਰਿਪੂ (ਸਹਿ-ਇੰਚਾਰਜ ਦੇ ਸਹਿਯੋਗ ਨਾਲ ਡੀ.ਏ.ਵੀ. ਕਾਲਜ ਦੇ ਵਿਦਿਆਰਥੀਆਂ ਨੇ ਦਸਮੇਸ਼ ਗਰਲਜ਼ ਕਾਲਜ ਬਾਦਲ ਵਿਖੇ ਚੱਲ ਰਹੇ ਪੰਜਾਬ ਯੂਨੀਵਰਸਿਟੀ ਦੇ ਜ਼ੋਨਲ ਯੂਥ ਐਂਡ ਹੈਰੀਟੇਜ ਫੈਸਟੀਵਲ-2023 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਮੁਕਾਬਲਿਆਂ ਵਿੱਚ ਇਨਾਮ ਜਿੱਤੇ, ਜਿਨ੍ਹਾਂ ਵਿੱਚੋਂ ਗੁਰਪ੍ਰੀਤ ਸਿੰਘ ਨੇ ਕਵਿਤਾ ਲੇਖਣ ਵਿੱਚ ਪਹਿਲਾ ਸਥਾਨ, ਗਰੁੱਪ ਸ਼ਬਦ 'ਚ ਦੂਜਾ ਸਥਾਨ, ਲੇਖ ਬੁਣਾਈ 'ਚ ਕੰਚਨ ਨੇ ਤੀਜਾ ਸਥਾਨ, ਸ਼ਾਇਰਾ ਨੇ ਵਿਅਕਤੀਗਤ ਵਾਰ ਤੇ ਵਿਅਕਤੀਗਤ ਕਵੀਸ਼ਰੀ 'ਚ ਤੀਜਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਪ੍ਰਿੰਸੀਪਲ ਸੁਭਾਸ਼ ਗੁਪਤਾ ਨੇ ਸਾਰੇ ਭਾਗੀਦਾਰਾਂ, ਜੇਤੂਆਂ, ਈ.ਐੱਮ.ਏ. ਵਿਭਾਗ ਦੇ ਇੰਚਾਰਜ ਸੁਦੇਸ਼ ਗਰੋਵਰ, ਡਾ. ਜਸਬੀਰ ਕੌਰ, ਡਾ. ਵਿਨੀਤ ਕੁਮਾਰ, ਰਾਮ ਮਨੋਜ ਸ਼ਰਮਾ, ਗੌਰਵ ਆਰੀਆ, ਮੈਡਮ ਕੋਮਲ ਤੇ ਮੈਡਮ ਭੁਪਿੰਦਰ ਨੂੰ ਵਧਾਈ ਦਿੱਤੀ। ਇਸ ਤੋਂ ਇਲਾਵਾ ਸਮੂਹ ਸਟਾਫ਼ ਨੇ ਇਸ ਇਤਿਹਾਸਕ ਪ੍ਰਦਰਸ਼ਨ ਦੇ ਸਾਰੇ ਪ੍ਰਤੀਯੋਗੀਆਂ ਤੇ ਇੰਚਾਰਜਾਂ ਨੂੰ ਮੁਕਾਬਲੇ ਦੇ ਅਗਲੇ ਪੜਾਅ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਪ੍ਰਤੀਯੋਗਤਾ ਤੇ ਡਿਬੇਟ 'ਚ ਦਨਿਸ਼ ਨੇ ਦੂਜਾ ਸਥਾਨ, ਜਸਵਿੰਦਰ ਸਿੰਘ ਨੇ ਨਾਨ-ਪਰਕਸ਼ਨ ਤੇ ਵਿਅਕਤੀਗਤ ਇੰਡੀਅਨ ਆਰਕੈਸਟਰਾ ਅਤੇ ਵਾਰ 'ਚ ਦੂਜਾ ਸਥਾਨ, ਸੁਖਹਰਮਨਦੀਪ ਨੇ ਵਿਅਕਤੀਗਤ ਸ਼ਬਦ 'ਚ ਦੂਜਾ ਤੇ ਇਨਸਟਾਲੇਸ਼ਨ 'ਚ ਤੀਜਾ ਸਥਾਨ,

# ਮਿਹਨਤੀ ਆਗੂ ਨੂੰ ਪਾਰਟੀ ਅੰਦਰ ਹਮੇਸ਼ਾ ਵਿਸ਼ੇਸ਼ ਸਥਾਨ ਦਿੱਤਾ ਜਾਂਦੈ : ਰਾਜੂ ਖੰਨਾ

■ **ਮੱਖਣ ਸਿੰਘ ਲਾਲਕਾ ਨੂੰ ਹਲਕਾ ਨਾਭਾ ਦਾ ਇੰਚਾਰਜ ਲੱਗਣ 'ਤੇ ਰਾਜੂ ਖੰਨਾ ਦੀ ਅਗਵਾਈ 'ਚ ਕੀਤਾ ਸਨਮਾਨਤ**


ਮੱਖਣ ਸਿੰਘ ਲਾਲਕਾ ਨੂੰ ਸਨਮਾਨਤ ਕਰਨ ਸਮੇਂ ਗੁਰਪ੍ਰੀਤ ਸਿੰਘ ਰਾਜੂ ਖੰਨਾ ਤੇ ਹਲਕਾ ਅਮਲੋਹ ਦੀ ਸਮੁੱਚੀ ਲੀਡਰਸ਼ਿਪ।

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਵੱਲੋਂ ਮਿਹਨਤੀ ਆਗੂਆਂ ਤੇ ਵਰਕਰਾਂ ਨੂੰ ਹਮੇਸ਼ਾ ਸਮੇਂ ਸਮੇਂ ਸੇਵਾ ਕਰਨ ਲਈ ਵਿਸ਼ੇਸ਼ ਸਥਾਨ ਦਿੱਤਾ ਜਾਂਦਾ ਹੈ, ਤਾਂ ਜੋ ਆਗੂ ਤੇ ਵਰਕਰ ਅਪਣੀ ਮਿਹਨਤ ਸਦਕਾ ਪਾਰਟੀ ਵਿੱਚ ਅੱਗੇ ਵਧ ਸਕੇ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਹਲਕਾ ਨਾਭਾ ਦੇ ਨਵ-ਨਿਯੁਕਤ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦਾ ਪਾਰਟੀ ਦਫਤਰ ਅਮਲੋਹ ਵਿੱਚ ਹਲਕੇ ਦੀ ਸੀਨੀਅਰ ਲੀਡਰਸ਼ਿਪ ਨੂੰ ਨਾਲ ਲੈ ਕੇ ਵਿਸ਼ੇਸ਼ ਸਨਮਾਨ ਕਰਨ ਸਮੇਂ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਰਾਜੂ ਖੰਨਾ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਮੱਖਣ ਸਿੰਘ ਲਾਲਕਾ ਦੀਆਂ ਪਾਰਟੀ ਅੰਦਰ ਨਿਭਾਈਆਂ ਸੇਵਾਵਾਂ ਨੂੰ ਦੇਖਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਵੱਲੋਂ ਲਾਲਕਾ ਨੂੰ ਮੁੜ ਹਲਕਾ ਨਾਭਾ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਗਿਆ ਹੈ, ਤਾਂ ਜੋ ਅੱਗੋਂ ਮਿਹਨਤ ਕਰਕੇ ਪਾਰਟੀ ਨੂੰ ਮੁੜ ਮਜ਼ਬੂਤ ਕੀਤਾ ਜਾ ਸਕੇ। ਰਾਜੂ ਖੰਨਾ ਵੱਲੋਂ ਜਿੱਥੇ ਮੱਖਣ ਸਿੰਘ ਲਾਲਕਾ ਨੂੰ ਹਲਕਾ ਨਾਭਾ ਦਾ ਇੰਚਾਰਜ ਲੱਗਣ 'ਤੇ ਵਧਾਈ ਦਿੱਤੀ ਗਈ, ਉਥੇ ਉਨ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੇ ਮਾਣ ਸਤਿਕਾਰ ਲਈ ਜਿੱਥੇ ਹਮੇਸ਼ਾ ਰਿਣੀ ਰਹਿਣਗੇ, ਉਥੇ ਉਹ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੇ ਹਮੇਸ਼ਾ ਧੰਨਵਾਦੀ ਰਹਿਣਗੇ, ਜਿਨ੍ਹਾਂ ਵੱਲੋਂ ਉਨ੍ਹਾਂ ਨੂੰ ਨਾਭਾ ਹਲਕੇ ਦੀ ਸੇਵਾ ਕਰਨ ਲਈ ਪਾਰਟੀ ਪਾਸੋਂ ਮਾਣ ਸਤਿਕਾਰ ਦਿਵਾਇਆ ਗਿਆ ਹੈ। ਇਸ ਮੀਟਿੰਗ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ, ਜਥੇਦਾਰ ਪਰਮਜੀਤ ਸਿੰਘ ਖਨਿਆਨ, ਕੈਪਟਨ ਜਸਵੰਤ ਸਿੰਘ ਬਾਜਵਾ, ਜਥੇਦਾਰ ਹਰਬੰਸ ਸਿੰਘ ਬਡਾਲੀ, ਸੀਨੀਅਰ ਆਗੂ ਕਰਮਜੀਤ ਸਿੰਘ ਭਗੜਾਣਾ, ਜਥੇਦਾਰ ਹਰਬੰਸ ਸਿੰਘ ਬਡਾਲੀ, ਜਥੇਦਾਰ ਕੁਲਦੀਪ ਸਿੰਘ ਮੁੱਢੜੀਆ, ਡਾ. ਅਰਜੁਨ ਸਿੰਘ, ਯੂਥ ਆਗੂ ਕੰਵਲਜੀਤ ਸਿੰਘ ਗਿੱਲ, ਬਿੱਟੂ ਸਰਪੰਚ ਮੁੱਢੜੀਆ ਤੇ ਕੌਂਸਲਰ ਸੋਮਨਾਥ ਅਜਨਾਲੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹਲਕਾ ਅਮਲੋਹ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਵਿੱਚ ਮੱਖਣ ਸਿੰਘ ਲਾਲਕਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ।

ਇਸ ਮੌਕੇ ਗੁਰਦੀਪ ਸਿੰਘ ਮੰਡੋਫਲ, ਪਰਮਿੰਦਰ ਸਿੰਘ ਨੀਟਾ ਸੰਧੂ, ਕਾਲਾ ਅਰੋੜਾ, ਭਗਵਾਨ ਦਾਸ ਮਾਜਰੀ, ਜਥੇਦਾਰ ਗੁਰਬਖਸ਼ ਸਿੰਘ ਬੈਣਾ, ਜਥੇਦਾਰ ਸ਼ਰਧਾ ਸਿੰਘ ਛੰਨਾ, ਹਰਵਿੰਦਰ ਸਿੰਘ ਬਿੰਦਾ, ਸੋਨੀ ਕਲਾਲਮਾਜਰਾ, ਯੂਥ ਆਗੂ ਡਾ. ਬਲਕਾਰ ਸਿੰਘ ਘੁੰਡਰ, ਜਥੇਦਾਰ ਕੁਲਦੀਪ ਸਿੰਘ ਮਛਰਾਈ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਸਾਹੀ, ਤਰਸੇਮ ਸਿੰਘ ਅਮਲੋਹ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਲਕਾ ਅਮਲੋਹ ਦੇ ਵਰਕਰ ਤੇ ਆਗੂ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਗੁਰਦੁਆਰਾ ਬਾਬੇ ਸ਼ਹੀਦਾਂ ਵਿਖੇ ਹੋਏ ਨਤਮਸਤਕ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕੁਝ ਸਮਾਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵ-ਨਿਯੁਕਤ ਕੀਤੇ ਗਏ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਚੇਅਰਮੈਨ ਅਮਰਜੀਤ ਸਿੰਘ ਲੰਢੇਕੇ ਮਾਲਵੇ ਦੇ ਪ੍ਰਸਿੱਧ ਧਾਰਮਿਕ ਪਵਿੱਤਰ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ (ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ) ਚੰਦ ਪੁਰਾਣਾ ਵਿਖੇ ਉਚੇਚੇ ਤੌਰ 'ਤੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨਾਲ ਬੂਟਾ ਸਿੰਘ ਦੌਲਤਪੁਰਾ ਸੀਨੀਅਰ ਅਕਾਲੀ ਆਗੂ, ਗੁਰਬਿੰਦ ਸਿੰਘ ਸਿੰਘਾਂਵਾਲਾ ਸੀਨੀਅਰ ਅਕਾਲੀ ਆਗੂ ਵੀ ਮੌਜੂਦ ਸਨ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਲੰਢੇਕੇ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਅੱਗੇ ਨਤਮਸਤਕ ਹੋਣ ਉਪਰੰਤ ਇਸ ਅਸਥਾਨ ਦੇ ਮੁੱਖ ਸੇਵਾਦਾਰ ਸਮਾਜ ਸੇਵੀ ਸੰਤ ਬਾਬਾ ਗੁਰਦੀਪ ਸਿੰਘ ਕੋਲ ਹਾਜ਼ਰੀ ਲਗਵਾਈ, ਜਿੱਥੇ ਬਾਬਾ ਗੁਰਦੀਪ ਸਿੰਘ ਨੇ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਅਮਰਜੀਤ ਸਿੰਘ ਲੰਢੇਕੇ ਨੂੰ ਵਧਾਈ ਦਿੱਤੀ, ਉੱਥੇ ਉਨ੍ਹਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਲੰਢੇਕੇ ਨੇ ਕਿਹਾ ਕਿ ਸ਼ਹੀਦਾਂ ਦੇ ਇਸ ਪਵਿੱਤਰ ਅਸਥਾਨ 'ਤੇ ਹਾਜ਼ਰੀ ਲਗਵਾ ਕੇ ਮਨ ਨੂੰ ਬਹੁਤ ਹੀ ਖੁਸ਼ੀ ਮਹਿਸੂਸ ਹੁੰਦੀ ਹੈ। ਇਹ ਮਾਲਵੇ ਦਾ ਪ੍ਰਸਿੱਧ ਅਸਥਾਨ ਹੈ, ਜਿੱਥੇ ਕਿ ਸਮਾਜ ਭਲਾਈ ਦੇ ਅਨੇਕਾਂ ਕਾਰਜ ਕੀਤੇ ਜਾਂਦੇ ਹਨ, ਮਹਾਂਪੁਰਸ਼ ਵੀ ਬਹੁਤ ਹੀ ਮਾਣ ਬਖਸ਼ਦੇ ਹਨ, ਜਿਸ ਕਰਕੇ ਸਾਡੀ ਇਸ ਅਸਥਾਨ ਪ੍ਰਤੀ ਬੇਅਥਾਹ ਸ਼ਰਧਾ ਹੈ ਤੇ ਇੱਥੇ ਆ ਕੇ ਜ਼ਿੰਦਗੀ ਦਾ ਸਭ ਕੁੱਝ ਹਾਸਲ ਹੁੰਦਾ। ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਅਸਥਾਨ 'ਤੇ ਨਤਮਸਤਕ ਹੋਣ ਵਾਲੇ ਹਰੇਕ ਵਿਅਕਤੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ, ਕਿਉਂਕਿ ਗੁਰੂ ਘਰੋਂ ਹਮੇਸ਼ਾ ਹੀ ਨਿਮਾਣਿਆਂ ਨੂੰ ਮਾਣ ਮਿਲਦਾ ਹੈ। ਇਸ ਮੌਕੇ ਭਾਈ ਚਮਕੌਰ ਸਿੰਘ, ਧਰਮ ਸਿੰਘ, ਦਰਸ਼ਨ ਸਿੰਘ ਡਰੋਲੀ ਭਾਈ, ਸੁੱਖਾ ਸਿੰਘ ਮੋਗਾ, ਅਜਮੇਰ ਸਿੰਘ ਹਾਜ਼ਰ ਸਨ।

# ਸਪੈਸ਼ਲ ਕੈਂਪ ਲਗਾ ਕੇ ਡੀ ਸੀ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਉਨ੍ਹਾਂ ਦੇ ਦਰਾਂ 'ਤੇ ਜਾ ਕੇ ਹੱਲ ਕਰਨ ਲਈ ਯਤਨਸ਼ੀਲ ਤੇ ਵਚਨਬੱਧ ਹੈ। ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਗਾਏ ਜਾ ਰਹੇ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਗ਼ਰੀਬ ਤੇ ਲੋੜਵੰਦ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਪਿੰਡ ਪਥਰਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 'ਪੰਜਾਬ ਸਰਕਾਰ ਤੁਹਾਡੇ ਦੁਆਰ' ਤਹਿਤ ਸੰਗਤ ਦਰਸ਼ਨ ਦੌਰਾਨ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪਿੰਡ ਪਥਰਾਲਾ, ਡੂੰਮਵਾਲੀ ਤੇ ਨਰਸਿੰਘ ਕਲੋਨੀ ਦੇ ਪਿੰਡਾਂ ਦੇ ਆਮ ਲੋਕਾਂ ਦੀਆਂ ਸਾਂਝੀਆਂ ਤੇ ਨਿੱਜੀ ਸਮੱਸਿਆਵਾਂ ਵੀ ਸੁਣੀਆਂ ਗਈਆਂ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਦਫ਼ਤਰਾਂ ਵਿੱਚ ਆਉਣ ਵਾਲੇ ਸਾਰੇ ਬਜ਼ੁਰਗਾਂ ਤੇ ਪਿੰਡ ਦੇ ਵਸਨੀਕਾਂ ਦੇ ਜਾਇਜ਼ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਨਾ ਯਕੀਨੀ ਬਣਾਉਣ। ਇਸ ਦੌਰਾਨ ਉਨ੍ਹਾਂ ਵੱਲੋਂ ਜਿੱਥੇ ਬਹੁਤੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ, ਉਥੇ ਕਈ ਹੋਰ ਸਮੱਸਿਆਵਾਂ ਦੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਲਵਜੀਤ ਕਲਸੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਮੈਡਮ ਨੀਰੂ ਗਰਗ, ਜ਼ਿਲ੍ਹਾ ਸਮਾਜਿਕ ਨਿਆ ਤੇ ਅਧਿਕਾਰਤ ਅਫ਼ਸਰ ਬਰਿੰਦਰ ਸਿੰਘ, ਲੀਡ ਬੈਂਕ ਮੈਨੇਜਰ ਸ੍ਰੀਮਤੀ ਮੰਜੂ ਗਲਹੋਤਰਾ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਮੌਜੂਦ ਪਿੰਡਾਂ ਦੀਆਂ ਪੰਚਾਇਤਾਂ ਤੇ ਮੋਹਤਬਰ ਆਦਿ ਹਾਜ਼ਰ ਸਨ।

# ਬੀ ਕੇ ਯੂ ਕ੍ਰਾਂਤੀਕਾਰੀ ਯੂਥ ਵਿੰਗ ਜ਼ਿਲ੍ਹਾ ਮੋਗਾ ਦੀ ਚੋਣ



**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਜ਼ਿਲ੍ਹਾ ਮੋਗਾ ਨਾਲ ਜੁੜੇ ਨੌਜਵਾਨਾਂ ਨਾਲ ਬੀਬੀ ਕਾਹਨ ਕੌਰ ਗੁਰਦੁਆਰਾ ਸਾਹਿਬ ਮੋਗਾ ਵਿਖੇ ਬਲਾਕ ਪ੍ਰਧਾਨ ਜਗਮੋਹਨ ਸਿੰਘ ਕੰਗ ਦੀ ਪ੍ਰਧਾਨਗੀ ਵਿੱਚ ਮੀਟਿੰਗ ਕੀਤੀ ਗਈ।ਨੌਜਵਾਨ ਆਗੂ ਹਰਮਨਦੀਪ ਸਿੰਘ ਵਿਸ਼ੇਸ਼ ਤੌਰ 'ਤੇ ਇਸ ਮੀਟਿੰਗ ਵਿੱਚ ਪੁੱਜੇ।ਹਰਮਨਦੀਪ ਸਿੰਘ ਨੇ ਦੱਸਿਆ ਕਿ ਸਾਡਾ ਸਮਾਜ ਬੁਰਾਈਆਂ ਨਾਲ ਭਰਿਆ ਪਿਆ ਹੈ।

ਨੌਜਵਾਨ ਦੇਸ਼ ਦਾ ਭਵਿੱਖ ਹਨ।ਇਸ ਭਵਿੱਖ ਨੂੰ ਦੇਸ਼ ਦੇ ਹਾਕਮਾਂ ਨੇ ਕੁਰਾਹੇ ਪਾਇਆ ਹੋਇਆ ਹੈ। ਨੌਜਵਾਨ ਬੇਰੁਜ਼ਗਾਰੀ ਦੇ ਝੰਬੇ ਪਏ ਹਨ।ਨੌਜਵਾਨਾਂ ਨੂੰ ਨਸ਼ਿਆਂ ਦੀ ਆਦਤ ਪਾ ਦਿੱਤੀ ਗਈ ਹੈ।ਹਾਕਮ ਪਾਰਟੀਆਂ ਉਨ੍ਹਾਂ ਨੂੰ ਆਪਣੇ ਲੱਠ-ਮਾਰਾਂ ਦੇ ਤੌਰ 'ਤੇ ਵਰਤਦੀਆਂ ਹਨ।ਬਹੁਤੇ ਨੌਜਵਾਨ ਜ਼ਮੀਨਾਂ ਵੇਚ ਕੇ ਵਿਦੇਸ਼ਾਂ ਨੂੰ ਭੱਜੇ ਜਾ ਰਹੇ ਹਨ।ਉਨ੍ਹਾ ਕਿਹਾ ਕਿ ਕਿਸਾਨੀ ਨਾਲ ਸੰਬੰਧਤ ਨੌਜਵਾਨਾਂ ਨੂੰ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਯੂਥ ਵਿੰਗ ਦੇ ਤੌਰ 'ਤੇ ਕੰਮ ਕਰਨਾ ਚਾਹੀਦਾ ਹੈ।

ਉਨ੍ਹਾ ਕਿਹਾ ਕਿ ਨਵੇਂ ਖ਼ੂਨ ਦਾ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਣਾ ਸ਼ੁੱਭ ਸ਼ਗਨ ਹੈ।ਅਖੀਰ ਵਿੱਚ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਗੁਰਮੀਤ ਸਿੰਘ ਮਾਹਲਾ ਜਨਰਲ ਸਕੱਤਰ, ਸੰਜੀਵ ਅਰੋੜਾ ਪ੍ਰਧਾਨ, ਕਲਵੰਤ ਸਿੰਘ ਮੀਤ ਪ੍ਰਧਾਨ, ਗੁਰਤੇਜ ਸਿੰਘ ਸੀਨੀਅਰ ਮੀਤ ਪ੍ਰਧਾਨ, ਬੋਹੜ ਸਿੰਘ ਚੀਦਾ ਸਹਾਇਕ ਸਕੱਤਰ ਤੇ ਹਰਜੀਤ ਸਿੰਘ ਸਮਾਲਸਰ ਪ੍ਰੈੱਸ ਸਕੱਤਰ ਚੁਣੇ ਗਏ। ਸਾਰੇ ਆਗੂਆਂ ਨੇ ਭਰੋਸਾ ਦਵਾਇਆ ਕਿ ਉਹ ਕਿਸਾਨ ਯੂਨੀਅਨ ਕਰਾਂਤੀਕਾਰੀ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰਨਗੇ।

27-Oct-PAGE-11-Majha-23.qxd 10/26/2023 10:39 PM Page 1



# ਨਸ਼ਿਆਂ ਖਿਲਾਫ਼ ਪੁਲਸ ਦਾ ਸਰਚ ਅਭਿਆਨ, ਤੜਕਸਾਰ ਕੀਤੀ ਛਾਪੇਮਾਰੀ



ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)- ਸਥਾਨਕ ਪੁਲਸ ਵੱਲੋਂ ਨਸ਼ਾ ਤਸਕਰ ਖਿਲਾਫ਼ ਸ਼ੁਰੂ ਕੀਤੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਅੱਜ ਐਸ ਐਚ ਓ ਪਰਮਜੀਤ ਸਿੰਘ ਵਿਰਦੀ ਦੀ ਅਗਵਾਈ 'ਚ ਨਸ਼ਾ ਤਸਕਰਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ।

ਤੜਕਸਾਰ ਹੋਈ ਇਸ ਛਾਪੇਮਾਰੀ ਦੌਰਾਨ ਪੁਲਸ ਨੇ ਵੱਖ ਵੱਖ ਇਲਾਕਿਆਂ ਵਿੱਚ ਟੀਮਾਂ ਬਣਾ ਕੇ ਛਾਪੇਮਾਰੀ ਕੀਤੀ। ਇਸ ਸਰਚ ਅਭਿਆਨ ਦੌਰਾਨ ਜ਼ਿਆਦਾਤਰ ਨਸ਼ਾ ਤਸਕਰ ਰੂਪੋਸ਼ ਦਿਖਾਈ ਦਿੱਤੇ। ਐਸ ਐਚ ਓ ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਅੱਜ ਦਾ ਸਰਚ ਅਭਿਆਨ ਕਾਫੀ ਸਫਲ ਰਿਹਾ, ਭਾਵੇਂ ਇਸ ਛਾਪੇਮਾਰੀ ਦੌਰਾਨ ਪੁਲਸ ਨੂੰ ਕੋਈ ਬਰਾਮਦਗੀ ਨਹੀਂ ਹੋਈ ਪਰ ਪੁਲਸ ਦੀ ਦਸਤਕ ਨਾਲ ਨਸ਼ਾ ਤਸਕਰਾਂ ਵਿੱਚ ਡਰ ਦਾ ਮਾਹੌਲ ਹੈ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਸਰਗਰਮ ਨਸ਼ਾ ਤਸਕਰ ਜੇਲ੍ਹ ਦੀ ਹਵਾ ਖਾ ਰਹੇ ਹਨ ਅਤੇ ਬਚੇ ਖੁਚੇ ਆਪਣੇ ਕਾਰੋਬਾਰ ਬੰਦ ਕਰਕੇ ਰੂਪੋਸ਼ ਹਨ। ਉਨ੍ਹਾਂ ਦੱਸਿਆ ਕਿ ਪੁਲਸ ਪ੍ਰਸ਼ਾਸਨ ਦੀ ਸਖ਼ਤੀ ਕਾਰਨ ਇਲਾਕੇ 'ਚ ਨਸ਼ਿਆ ਦੀ ਵਿਕਰੀ ਦਾ ਗ੍ਰਾਫ ਕਾਫੀ ਘਟਿਆ ਹੈ। ਐਸ ਐਚ ਓ ਨੇ ਦੱਸਿਆ ਕਿ ਅੱਜ ਦੇ ਸਰਚ ਅਭਿਆਨ ਦੌਰਾਨ ਨਸ਼ਿਆਂ ਲਈ ਬਦਨਾਮ ਨਿੰਮ ਵਾਲੀ ਘਾਟੀ, ਮੁਹੱਲਾ ਅਕਬਰਪੁਰਾ, ਕਸਬਾ ਫਤਿਆਬਾਦ ਦਾ ਚੰਡੀਗੜ੍ਹ ਮੁਹੱਲਾ ਸਰਚ ਕੀਤਾ ਗਿਆ। ਇਸ ਦੌਰਾਨ ਕੁਝ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕਰਨ ਦੇ ਨਾਲ-ਨਾਲ ਵੱਖ ਵੱਖ ਟਿਕਾਣਿਆਂ ਦੀ ਤਲਾਸ਼ੀ ਲਈ ਗਈ। ਡੀ ਐਸ ਪੀ ਰਵੀਸ਼ੇਰ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਨਸ਼ਿਆਂ ਖਿਲਾਫ਼ ਇਹ ਛਾਪੇਮਾਰੀ ਏਸੇ ਤਰ੍ਹਾਂ ਜਾਰੀ ਰੱਖੀ ਜਾਵੇਗੀ।

# ਕੇਜਰੀਵਾਲ ਦੀ ਗਾਰੰਟੀ ਜੁਮਲੇ ਨਹੀਂ, ਅਸੀਂ ਜੋ ਵਾਅਦੇ ਕਰਦੇ ਹਾਂ ਉਨ੍ਹਾਂ ਨੂੰ ਪੂਰਾ ਵੀ ਕਰਦੇ ਹਾਂ : ਭਗਵੰਤ ਮਾਨ

## ਮੱਧ ਪ੍ਰਦੇਸ਼ 'ਚ 'ਆਪ' ਉਮੀਦਵਾਰਾਂ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਮੱਧ ਪ੍ਰਦੇਸ਼ ਵਿਧਾਨ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ। ਮਾਨ ਨੇ 'ਆਪ' ਉਮੀਦਵਾਰਾਂ ਦੇ ਨਾਲ ਬੁੰਦੇਲਖੰਡ ਖੇਤਰ ਦੇ ਮਹਾਰਾਜਪੁਰ, ਛਤਰਪੁਰ ਨਗਰ ਅਤੇ ਬਿਜਾਵਰ ਵਿਧਾਨ ਸਭਾ ਹਲਕਿਆਂ 'ਚ ਵੱਖ-ਵੱਖ ਥਾਵਾਂ 'ਤੇ ਰੋਡ ਸ਼ੋਅ ਕੀਤੇ ਅਤੇ ਲੋਕਾਂ ਨੂੰ ਆਮ ਆਦਮੀ ਪਾਰਟੀ ਨੂੰ ਵੋਟ ਦੇਣ ਦੀ ਅਪੀਲ ਕੀਤੀ। ਰੋਡ ਸ਼ੋਅ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਦਿੱਲੀ ਅਤੇ ਪੰਜਾਬ 'ਚ ਕੰਮ ਕੀਤਾ ਹੈ, ਸਰਕਾਰ ਬਣਨ ਤੋਂ ਬਾਅਦ ਇੱਥੇ ਵੀ ਉਸੇ ਤਰ੍ਹਾਂ ਕੰਮ ਕਰਾਂਗੇ। ਇੱਥੇ ਵੀ ਲੋਕਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾਵੇਗੀ। ਅਸੀਂ ਬੇਹਤਰ ਇਲਾਜ ਲਈ ਮੁਹੱਲਾ ਕਲੀਨਿਕ ਬਣਾਵਾਂਗੇ ਅਤੇ ਬੱਚਿਆਂ ਦੀ ਪੜ੍ਹਾਈ ਲਈ ਚੰਗੇ ਸਰਕਾਰੀ ਸਕੂਲ ਬਣਾਵਾਂਗੇ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਗਾਰੰਟੀ ਭਾਜਪਾ ਦੀ ਤਰ੍ਹਾਂ ਜੁਮਲਾ ਨਹੀਂ ਹੁੰਦੀ। ਅਸੀਂ ਜੋ ਵਾਅਦਾ ਕਰਦੇ ਹਾਂ ਉਹ ਪੂਰਾ ਕਰਦੇ ਹਾਂ। ਅਸੀਂ ਦਿੱਲੀ ਅਤੇ ਪੰਜਾਬ ਵਿੱਚ ਜੋ ਵੀ ਵਾਅਦੇ ਕੀਤੇ, ਉਹ ਪੂਰੇ ਕੀਤੇ। ਅੱਜ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਹਨ। ਮਾਨ ਨੇ ਕਿਹਾ ਕਿ ਪਿਛਲੇ ਡੇਢ ਸਾਲ ਵਿੱਚ ਅਸੀਂ ਪੰਜਾਬ 'ਚ 700 ਦੇ ਕਰੀਬ ਮੁਹੱਲਾ ਕਲੀਨਿਕ ਖੋਲ੍ਹੇ ਹਨ। ਅਸੀਂ ਪੰਜਾਬ 'ਚ 'ਸਕੂਲ ਆਫ ਐਮੀਨੈਂਸ' ਬਣਾਉਣਾ ਸ਼ੁਰੂ ਕਰ ਦਿੱਤਾ ਹੈ। ਅਸੀਂ ਨੌਜਵਾਨਾਂ ਨੂੰ 37000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਭਾਜਪਾ ਅਤੇ ਕਾਂਗਰਸ 'ਤੇ ਹਮਲਾ ਕਰਦਿਆਂ ਮਾਨ ਨੇ ਕਿਹਾ ਕਿ ਸਰਕਾਰ ਬਣਾਉਣ ਤੋਂ ਬਾਅਦ ਦੋਵੇਂ ਪਾਰਟੀਆਂ ਸਾਢੇ ਚਾਰ ਸਾਲ ਲੋਕਾਂ ਨੂੰ ਲੁੱਟਦੀਆਂ ਹਨ ਅਤੇ ਚੋਣਾਂ ਤੋਂ ਛੇ ਮਹੀਨੇ ਪਹਿਲਾਂ ਕੋਈ ਨਾ ਕੋਈ ਕੰਮ ਕਰਕੇ ਲੋਕਾਂ ਨੂੰ ਮੂਰਖ ਬਣਾਉਂਦੀਆਂ ਹਨ। ਕਾਂਗਰਸ ਅਤੇ ਭਾਜਪਾ ਪੰਜ-ਪੰਜ ਸਾਲ ਦੀਆਂ ਕਿਸ਼ਤਾਂ ਵਿੱਚ ਦੇਸ਼ ਨੂੰ ਲੁੱਟ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਮੱਧ ਪ੍ਰਦੇਸ਼ 'ਚ ਆਪਣੇ 18 ਸਾਲਾਂ ਦੇ ਸ਼ਾਸਨ ਦੌਰਾਨ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਕੀਤਾ ਹੈ। ਹੁਣ ਦਿੱਲੀ ਅਤੇ ਪੰਜਾਬ ਵਾਂਗ ਮੱਧ ਪ੍ਰਦੇਸ਼ ਦੇ ਲੋਕ ਇੱਥੇ ਵੀ ਬਦਲਾਅ ਚਾਹੁੰਦੇ ਹਨ ਅਤੇ ਬਦਲਾਅ ਦਾ ਮਤਲਬ ਹੈ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ।

# ਕਲਾਸਵਾਲਾ ਸੀਨੀਅਰ ਸੈਕੰਡਰੀ ਸਕੂਲ 'ਚ ਧਾਰਮਿਕ ਪ੍ਰੀਖਿਆ ਦੇ ਇਨਾਮ ਵੰਡੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਸਾਲ 22 ਅਤੇ 23 ਦੀ ਪ੍ਰੀਖਿਆ ਵਿੱਚ ਅੱਵਲ ਰਹਿਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਕੂਲ ਦੀ ਪ੍ਰਿੰਸੀਪਲ ਸ਼ਾਲਨੀ ਦੱਤਾ ਦੀ ਰਹਿਨੁਮਾਈ ਹੇਠ 16 ਵਿਦਿਆਰਥੀਆਂ ਨੂੰ 33 ਹਜ਼ਾਰ 600 ਰੁਪਏ ਰਾਸ਼ੀ ਵੰਡੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇੰਸਪੈਕਟਰ ਵਰਿੰਦਰ ਵੀਰ ਸਿੰਘ ਅਤੇ ਪ੍ਰਚਾਰਕ ਸਿਮਰਨਜੀਤ ਸਿੰਘ ਵੱਲੋਂ ਬੱਚਿਆਂ ਨੂੰ ਰਾਸ਼ੀ ਵੰਡੀ ਗਈ ਅਤੇ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਧਾਰਮਿਕ ਪ੍ਰੀਖਿਆ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਸ਼ਾਲਨੀ ਦੱਤਾ ਵਲੋਂ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਉਚ ਆਚਰਨ ਅਤੇ ਸ਼ੁੱਧ ਰਹਿਤ ਮਰਿਆਦਾ ਨੂੰ ਅਪਣਾਉਣ ਬਾਰੇ ਸਿੱਖਿਆ ਦਿੱਤੀ ਗਈ। ਇਸ ਮੌਕੇ ਸਕੂਲ ਦੇ ਉਪ ਪ੍ਰਿੰਸੀਪਲ ਪਰਮਿੰਦਰ ਕੌਰ, ਹੈਡਮਾਸਟਰ ਪਰਮਜੀਤ ਸਿੰਘ, ਹਰਦੀਪ ਸਿੰਘ ਅਤੇ ਮੈਡਮ ਸਰਨਬੀਰ ਕੌਰ ਅਤੇ ਮੈਡਮ ਰੂਹੀ ਭਗਤ ਆਦਿ ਹਾਜ਼ਰ ਸਨ।

## ਦਾਣਾ ਮੰਡੀ ਭਿੱਖੀਵਿੰਡ 'ਚ ਕੰਡੇ-ਵੱਟੇ ਤੇ ਤੋਲ ਦੀ ਅਚਨਚੇਤ ਚੈਕਿੰਗ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜਸਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ (ਨਕਦੀ ਫਸਲਾਂ), ਇੰਚਾਰਜ ਮਾਰਕੀਟਿੰਗ ਵਿੰਗ ਸੁਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਸਹਾਇਕ ਮਾਰਕੀਟਿੰਗ ਅਫਸਰ (ਅੰਮ੍ਰਿਤਸਰ ਅਤੇ ਤਰਨ ਤਾਰਨ) ਹਰਦੀਪ ਕੌਰ ਦੀ ਅਗਵਾਈ ਹੇਠ ਗੁਰਬੀਰ ਸਿੰਘ ਅਤੇ ਮਨਪ੍ਰੀਤ ਕੌਰ ਖੇਤੀਬਾੜੀ ਵਿਕਾਸ ਅਫਸਰ ਦੀ ਟੀਮ ਵੱਲੋਂ ਦਾਣਾ ਮੰਡੀ ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ ਵਿੱਚ ਕੰਡੇ ਵੱਟੇ ਅਤੇ ਤੋਲ ਦੀ ਚੈਕਿੰਗ ਕੀਤੀ ਗਈ । ਇਸ ਦੌਰਾਨ ਹਰਦੀਪ ਕੌਰ ਨੇ ਕਿਸਾਨਾਂ ਨੂੰ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਉਣ ਦੇ ਨਾਲ ਨਾਲ ਆੜ੍ਹਤੀਆਂ ਕੋਲੋਂ ਪੱਕੇ ਫਾਰਮ ਪ੍ਰਾਪਤ ਕਰਨ ਲਈ ਕਿਹਾ। ਇਸ ਦੇ ਨਾਲ ਹੀ ਟੀਮ ਵੱਲੋਂ ਝੋਨੇ ਅਤੇ ਬਾਸਮਤੀ ਦੀ ਤੁਲਾਈ ਦੌਰਾਨ ਮਾਰਕਿਟ ਕਮੇਟੀ ਭਿੱਖੀਵਿੰਡ ਦੇ ਸਟਾਫ ਦੀ ਹਾਜ਼ਰੀ 'ਚ ਕੰਡੇ ਵੱਟਿਆਂ ਦੇ ਤਸਦੀਕਸ਼ੁਦਾ ਹੋਣ ਅਤੇ ਤੋਲ ਦੀ ਚੈਕਿੰਗ ਕੀਤੀ ਗਈ। ਇੱਥੇ ਹੀ ਉਨ੍ਹਾਂ ਵੱਲੋਂ ਕਿਸਾਨਾਂ ਨੂੰ ਅਨਲੋਡਿੰਗ ਅਤੇ ਮਸ਼ੀਨ ਰਾਹੀਂ ਸਾਫ ਸਫਾਈ ਦੇ ਖਰਚਿਆਂ ਬਾਰੇ ਦੱਸਿਆ ਗਿਆ ਅਤੇ ਤੋਲ ਸਮੇਂ ਮੌਕੇ 'ਤੇ ਹਾਜ਼ਰ ਰਹਿਣ ਦੀ ਵੀ ਅਪੀਲ ਕੀਤੀ ਗਈ। ਇਸ ਮੌਕੇ ਮੰਡੀ ਸੁਪਰਵਾਈਜ਼ਰ ਅਤੇ ਮਾਰਕਿਟ ਕਮੇਟੀ ਭਿੱਖੀਵਿੰਡ ਦੇ ਹੋਰ ਕਰਮਚਾਰੀ ਹਾਜ਼ਰ ਸਨ।

## ਭਗਵਾਨ ਵਾਲਮੀਕਿ ਦੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ

ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਸਬੰਧੀ ਰਾਜ ਪੱਧਰੀ ਸਮਾਗਮ 28 ਅਕਤੂਬਰ ਨੂੰ ਮਨਾਇਆ ਜਾ ਰਿਹਾ ਹੈ, ਜਿਸ ਦਾ ਰਾਜ ਪੱਧਰੀ ਸਮਾਗਮ ਵਾਲਮੀਕਿ ਤੀਰਥ ਵਿਖੇ ਹੋਵੇਗਾ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਤਿਆਰੀਆਂ ਜਾ ਜਾਇਜ਼ਾ ਲੈਂਦੇ ਹੋਏ ਦੱਸਿਆ ਕਿ ਪ੍ਰਸ਼ਾਸਨ ਵਲੋਂ ਪੂਰੇ ਜ਼ੋਰਾਂ ਸ਼ੋਰਾਂ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਆਪਣੀ ਡਿਊਟੀ ਤਨਦੇਹੀ ਨਾਲ ਕਰ ਰਹੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਪਣੀ ਨਿਗਰਾਨੀ ਹੇਠ ਕੰਮ ਕਰਵਾਏ ਜਾਣ ਤਾਂ ਜੋ ਕਿਸੇ ਕਿਸਮ ਦੀ ਮੁਸ਼ਕਲ ਪੇਸ ਨਾ ਆਵੇ। ਉਨ੍ਹਾ ਕਿਹਾ ਕਿ ਇਸ ਸਮਾਗਮ ਵਿਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਭਗਵਾਨ ਵਾਲਮੀਕਿ ਤੀਰਥ ਵਿਖੇ ਬਣ ਰਹੇ ਪੈਨੋਰਮਾ ਦਾ ਉਦਘਾਟਨ ਵੀ ਕਰਨਗੇ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੌਕੇ ਵੱਖ ਵੱਖ ਭਜਨ ਮੰਡਲੀਆਂ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਉਪਦੇਸ਼ਾਂ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਭਗਵਾਨ ਵਾਲਮੀਕਿ ਤੀਰਥ ਤੇ ਲਾਈਟਿੰਗ, ਸਾਫ਼ ਸਫਾਈ, ਪਾਰਕਿੰਗ ਆਦਿ ਦੇ ਪ੍ਰਬੰਧ ਪੂਰੇ ਹੋ ਚੁੱਕੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਉਪ ਮੰਡਲ ਮੈਜਿਸਟਰੇਟ ਅਜਨਾਲਾ ਅਰਵਿੰਦਰ ਪਾਲ ਸਿੰਘ, ਡੀ.ਐਫ.ਐਸ.ਸੀ. ਅਮਨਜੀਤ ਸਿੰਘ, ਤਹਿਸੀਲਦਾਰ ਪਰਮਜੀਤ ਸਿੰਘ ਗੋਰਾਇਆ, ਜ਼ਿਲ੍ਹਾ ਸਮਾਜਕ ਤੇ ਸੁਰੱਖਿਆ ਅਫਸਰ ਪੱਲਵ , ਜ਼ਿਲ੍ਹਾ ਮੰਡੀ ਅਫਸਰ ਅਮਨਦੀਪ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਈ ਵੀ ਐਮ ਤੇ ਵੀ ਵੀ ਪੀ ਏ ਟੀ ਦੀ ਪਹਿਲੇ ਪੱਧਰ ਦੀ ਜਾਂਚ ਦਾ ਲਿਆ ਜਾਇਜ਼ਾ

ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ)-ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਲੋਕ ਸਭਾ ਚੋਣਾਂ 2024 ਦੌਰਾਨ ਵਰਤੀਆਂ ਜਾਣ ਵਾਲੀਆਂ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦਾ ਕੰਮ ਬੈਲ ਕੰਪਨੀ, ਬੰਗਲੌਰ ਵੱਲੋਂ ਭੇਜੇ ਗਏ 10 ਇੰਜੀਨੀਅਰਾਂ ਵੱਲੋਂ 16 ਅਕਤੂਬਰ ਤੋਂ ਕੀਤਾ ਜਾ ਰਿਹਾ ਹੈ। 25 ਅਕਤੂਬਰ ਨੂੰ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦੇ ਕੰਮ ਦੀ ਘਨਸ਼ਾਮ ਥੋਰੀ, ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਵੱਲੋਂ ਈ.ਵੀ.ਐਮ. ਵੇਅਰਹਾਊਸ, ਪਿੰਡ ਦਬੁਰਜੀ ਵਿਖੇ ਸਮੀਖਿਆ ਕੀਤੀ ਗਈ।

ਥੋਰੀ ਨੇ ਦੱਸਿਆ ਕਿ ਵੋਟਿੰਗ ਮਸ਼ੀਨਾਂ ਦੀ ਇਸ ਪ੍ਰੀਕਿਰਿਆ ਦੀ ਵੈਬ ਕਾਸਟਿੰਗ ਵੀ ਕਰਵਾਈ ਜਾ ਰਹੀ ਹੈ ਤਾਂ ਜੋ ਨਿਰਪੱਖ ਤੇ ਸੁਚੱਜੀ ਵੋਟਿੰਗ ਕਰਵਾਉਣ ਲਈ ਸਮੇਂ ਸਿਰ ਸਾਰੀਆਂ ਵੋਟਿੰਗ ਮਸ਼ੀਨਾਂ ਦੇ ਕੰਮਕਾਜ ਦੀ ਜਾਂਚ ਕਰਨੀ ਜ਼ਰੂਰੀ ਹੈ। ਉਨ੍ਹਾ ਇਹ ਵੀ ਦੱਸਿਆ ਗਿਆ ਕਿ ਜਿਹੜੀਆਂ ਵੋਟਿੰਗ ਮਸ਼ੀਨਾਂ ਖਰਾਬ ਹਨ, ਨੂੰ ਭਾਰਤ ਚੋਣ ਕਮਿਸ਼ਨ ਦੇ ਹੁਕਮਾਂ 'ਤੇ ਬੈਲ ਕੰਪਨੀ ਨੂੰ ਭੇਜ ਦਿੱਤਾ ਜਾਵੇਗਾ।

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਮੈਂਬਰਾਂ/ਨੁਮਾਇੰਦਿਆਂ ਦੀ ਸ਼ਮੂਲੀਅਤ ਲਈ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦੇ ਕੰਮ ਦੌਰਾਨ ਹਾਜ਼ਰ ਰਹਿਣ ਦੀ ਅਪੀਲ ਕੀਤੀ ਗਈ। ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੁੱਲ 5605 ਬੀ.ਯੂ., 3637 ਸੀ.ਯੂ. ਅਤੇ 3370 ਵੀਵੀਪੈਟ ਮੌਜੂਦ ਹਨ ਤੇ ਹੁਣ ਤੱਕ ਕੁੱਲ 1424 ਬੀ.ਯੂ., 1283 ਸੀ.ਯੂ. ਅਤੇ 1333 ਵੀਵੀਵੈਟ ਚੈੱਕ ਕੀਤੇ ਜਾ ਚੁੱਕੇ ਹਨ।

# ਐਸ ਡੀ ਐਮ ਨੇ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਸੰਬੰਧੀ ਅਧਿਕਾਰੀਆਂ ਨੂੰ ਜਾਰੀ ਕੀਤੀਆਂ ਹਦਾਇਤਾਂ



ਮਜੀਠਾ (ਸੋਇਮ ਆਨੰਦ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੇ ਮੱਦੇਨਜਰ ਵੋਟਰ ਸੂਚੀਆਂ ਦੀ ਤਿਆਰੀ ਵਾਸਤੇ ਐਸ.ਡੀ.ਐਮ ਮਜੀਠਾ ਕਮ ਰਿਟਰਨਿੰਗ ਅਫਸਰ ਅਤੇ ਰਿਵਾਇਜ਼ਿੰਗ ਅਥਾਰਟੀ ਡਾ. ਹਰਨੂਰ ਕੌਰ ਢਿੱਲੋਂ ਵਲੋਂ ਤਹਿਸੀਲਦਾਰ ਮਜੀਠਾ ਰਤਨਜੀਤ ਖੁੱਲਰ, ਮਾਲ ਪਟਵਾਰੀਆਂ, ਰੈਵਿਨਿਊ ਕਾਨੂੰਗੋ, ਨਗਰ ਕੌਂਸਲ ਮਜੀਠਾ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿਚ ਸ਼੍ਰੋਮਣੀ ਗੁਰਦਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਾਸਤੇ ਚੋਣ ਹਲਕਾ 101 ਗੁਰੂ ਕਾ ਬਾਗ ਵਾਸਤੇ ਵੋਟਾਂ ਬਣਾਉਣ ਦੀ ਪ੍ਰਕਿਰਿਆ ਜਿਹੜੀ ਕਿ ਗੁਰਦੁਆਰਾ ਕਮਿਸ਼ਨ ਵਲੋਂ ਜਾਰੀ ਕੀਤੀ ਗਈ ਹੈ, ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਐਸ.ਡੀ.ਐਮ ਮਜੀਠਾ ਡਾ. ਢਿੱਲੋਂ ਨੇ ਦੱਸਿਆ ਕਿ ਇਹ ਵੋਟਾਂ ਬਣਾਉਣ ਲਈ ਕੇਵਲ ਸਿੱਖ ਕੇਸਾਧਾਰੀ ਵੋਟਰ ਜਿਨ੍ਹਾਂ ਦੀ ਉਮਰ 21 ਅਕਤੂਬਰ ਨੂੰ 21 ਸਾਲ ਜਾਂ ਇਸ ਤੋਂ ਉਪਰ ਹੋਵੇਗੀ ਹੀ ਫਾਰਮ ਭਰ ਸਕਦੇ ਹਨ ਅਤੇ ਜਿਹੜੇ ਕਿ 21 ਅਕਤੂਬਰ ਤੋਂ ਭਰਨੇ ਸ਼ੁਰੂ ਹੋ ਚੁੱਕੇ ਹਨ। ਇਸ ਦੇ ਨਾਲ ਹੀ ਦਾਅਵੇ ਇਤਰਾਜ਼ ਕਰਨ ਦੀ ਅੰਤਿਮ ਮਿਤੀ 26 ਦਸੰਬਰ ਹੋਵੇਗੀ। ਉਨ੍ਹਾਂ ਦੱਸਿਆ ਕਿ ਪੇਂਡੂ ਇਲਾਕਿਆਂ ਦੇ ਫਾਰਮ ਸਬੰਧਤ ਹਲਕਾ ਪਟਵਾਰੀਆਂ ਜਿਨ੍ਹਾਂ ਦੇ ਬੀ.ਐਲ.ਓਜ਼ ਸਹਿਯੋਗੀ ਹੋਣਗੇ ਅਤੇ ਸ਼ਹਿਰੀ ਇਲਾਕੇ ਵਿਚਲੇ ਨਗਰ ਕੌਂਸਲ ਦਫਤਰ ਵਿਖੇ ਫਾਰਮ ਉਪਰ ਆਪਣੀ ਤਾਜ਼ਾ ਰੰਗੀਨ ਪਾਸਪੋਰਟ ਆਕਾਰ ਦੀ ਸਵੈ ਤਸਦੀਕ ਕੀਤੀ ਫੋਟੋ ਚਿਪਕਾ ਕੇ ਫਾਰਮ ਨੂੰ ਚੰਗੀ ਤਰ੍ਹਾਂ ਸਾਫ ਅੱਖਰਾਂ ਵਿਚ ਭਰ ਕੇ ਨਿੱਜੀ ਤੌਰ 'ਤੇ ਪੇਸ਼ ਹੋ ਕੇ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 12 ਸਾਲ ਬਾਅਦ ਹੋਣ ਵਾਲੀ ਇਸ ਚੋਣ ਵਾਸਤੇ ਵੋਟਾਂ ਬਣਾਉਣ ਵਾਲੇ ਫਾਰਮਾਂ 'ਚ ਤਬਦੀਲੀ ਕੀਤੀ ਗਈ ਹੇ। ਨਵੇਂ ਸੋਧੇ ਹੋਏ ਫਾਰਮ ਵਿਚ ਇੱਕ ਸਵੈ ਘੋਸ਼ਣਾ ਪੱਤਰ ਹੈ ਜਿਹੜਾ ਭਰਨਾ ਹੈ, ਫੋਟੋ ਲਗਾਉਣੀ ਹੈ, ਆਪਣੀ ਸ਼ਨਾਖਤ ਵਾਸਤੇ ਕੋਈ ਸਬੂਤ ਦੇਣਾ ਲਾਜ਼ਮੀ ਹੋਵੇਗਾ। ਸਭ ਤੋਂ ਅਹਿਮ ਇਹ ਫਾਰਮ ਬੰਡਲਾਂ ਵਿਚ ਅਤੇ ਪੁਰਾਣੇ ਭਰੇ ਹੋਏ ਫਾਰਮ ਕਿਸੇ ਵੀ ਸੂਰਤ 'ਚ ਪ੍ਰਵਾਨ ਨਹੀਂ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਹਲਕਾ 101 ਗੁਰੂ ਕਾ ਬਾਗ ਅਧੀਨ ਮਜੀਠਾ, ਅਜਨਾਲਾ, ਰਾਜਾਸਾਂਸੀ, ਲੋਪੋਕੇ, ਚੁਗਾਵਾਂ, ਜਸਤਰਵਾਲ ਅਤੇ ਪਾਖਰਪੁਰਾ ਆਦਿ ਕਾਨਗੋਈਆਂ ਦੇ ਪਿੰਡ ਸ਼ਾਮਲ ਹਨ।

ਇਸ ਮੌਕੇ ਉਨ੍ਹਾਂ ਨਾਲ ਤਹਿਸੀਲਦਾਰ ਰਤਨਜੀਤ ਖੁੱਲਰ, ਚੋਣ ਕਾਨੂੰਗੋ ਦੀਪਕ ਮੋਹਨ, ਏ ਐਸ ਐਮ ਸੰਦੀਪ ਕੌਰ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ ਸਮੇਤ ਮਾਲ ਪਟਵਾਰੀ, ਰੈਵਿਨਿਊ ਕਾਨੂੰਗੋ, ਨਗਰ ਕੌਂਸਲ ਦੇ ਕਰਮਚਾਰੀ, ਬੀ.ਐਲ.ਓਜ਼ ਵੀ ਹਾਜ਼ਰ ਸਨ।

# ਦਿੱਲੀ ਕਮੇਟੀ ਦੀ ਕਾਰਜਕਾਰਨੀ 'ਚ ਕੋਈ ਅਹੁਦਾ ਨਾ ਮਿਲਣ ਤੋਂ ਬਾਅਦ ਸਰਨੇ ਤੇ ਬਾਦਲਾਂ ਦੀ ਸਾਂਝ ਟੁੱਟਣੀ ਯਕੀਨੀ : ਭੋਮਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਕੱਲ੍ਹ ਅੰਮ੍ਰਿਤਸਰ ਵਿਖੇ ਪਰਮਜੀਤ ਸਿੰਘ ਸਰਨਾ ਵਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਪਰ ਲਗਾਏ ਗਏ ਦੋਸ਼ਾਂ ਨੂੰ ਮੂਲੋਂ ਰੱਦ ਕਰਦਿਆਂ ਸਰਨਾ ਭਰਾਵਾਂ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਜਨਵਰੀ ਮਹੀਨੇ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਦੀ ਹੋਣ ਵਾਲੀ ਚੋਣ ਵਿੱਚ ਅਹੁਦਾ ਹਾਸਲ ਕਰਨ ਲਈ ਹਰ ਤਰ੍ਹਾਂ ਦੇ ਪਾਪੜ ਵੇਲਣ ਦੀ ਚਾਰਾਜੋਈ ਸ਼ੁਰੂ ਕਰ ਦਿੱਤੀ ਹੈ । ਭੋਮਾ ਨੇ ਕਿਹਾ ਕਿ ਜੱਗ ਜਾਣਦਾ ਹੈ ਕਿ ਸਰਨੇ ਭਰਾਵਾਂ ਦਾ ਕੋਈ ਦੀਨ ਈਮਾਨ ਹੀ ਨਹੀਂ ਹੈ। ਇਹ ਕੁਰਸੀ ਦੀ ਚੌਧਰ ਖਾਤਰ ਕਿਸੇ ਵੀ ਹੱਦ ਤੱਕ ਡਿਗ ਸਕਦੇ ਹਨ । ਇਨ੍ਹਾਂ ਨੂੰ ਸਿਰਫ ਤੇ ਸਿਰਫ ਪ੍ਰਧਾਨਗੀ ਵਾਲੀ ਕੁਰਸੀ ਚਾਹੀਦੀ ਹੈ ਉਹ ਭਾਵੇਂ ਸਿੱਖਾਂ ਦੀ ਕਾਤਲ ਜਮਾਤ ਕਾਂਗਰਸ ਦੇ ਦੇਵੇ ਜਾਂ ਸਰਸੇ ਸਾਧ ਦੇ ਚੇਲੇ ਬਾਦਲ । ਉਨ੍ਹਾਂ ਕਿਹਾ ਸਰਨਿਆਂ ਦੀ ਬਾਦਲਾਂ ਨਾਲ ਵਪਾਰਕ ਹਿਤਾਂ ਲਈ ਪ੍ਰਧਾਨਗੀ ਖ਼ਾਤਰ ਸਾਂਝ ਹੈ। ਉਨ੍ਹਾਂ ਕਿਹਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵਲੋਂ ਸ਼ਾਨਦਾਰ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ਜਿਸ ਤੋਂ ਸਰਨੇ ਬੁਖਲਾਏ ਹੋਏ ਹਨ । ਉਨ੍ਹਾਂ ਕਿਹਾ ਜਨਵਰੀ ਵਿੱਚ ਦੋ ਸਾਲ ਬਾਅਦ ਹੋਣ ਵਾਲੀ ਕਾਰਜਕਾਰਨੀ ਦੀ ਚੋਣ ਦੌਰਾਨ ਸਰਨੇ ਨੂੰ ਕੋਈ ਅਹੁਦਾ ਨਹੀਂ ਮਿਲਣਾ । ਫ਼ਿਰ ਜਦ ਇਹ ਸੁਆਰਥ ਪੂਰਾ ਨਾ ਹੋਇਆ ਤਾਂ ਜਨਵਰੀ ਵਿੱਚ ਹੀ ਇਨ੍ਹਾਂ ਦਾ ਬਾਦਲਾਂ ਨਾਲੋਂ ਅਵੱਸ਼ ਤਲਾਕ ਹੋ ਜਾਵੇਂਗਾ । ਉਨ੍ਹਾਂ ਕਿਹਾ ਸਰਨੇ ਪਹਿਲਾਂ ਜਿਹੜੇ ਮੂੰਹ ਨਾਲ ਬਾਦਲਾਂ ਨੂੰ ਗਾਲ੍ਹਾਂ ਕੱਢਿਆ ਕਰਦੇ ਸਨ ਹੁਣ ਕੁਰਸੀ ਲੈਣ ਦੀ ਖਾਤਰ ਓਹੀ ਜ਼ੁਬਾਨ ਨਾਲ ਉਨ੍ਹਾਂ ਦੀਆ ਸਿਫ਼ਤਾਂ ਤੇ ਤਾਰੀਫ਼ਾਂ ਕਰਦੇ ਨਹੀਂ ਥੱਕਦੇ । ਅਸਲ 'ਚ ਇਹ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸ਼ਾਨਦਾਰ ਸੇਵਾਵਾਂ ਤੇ ਪ੍ਰਾਪਤੀਆਂ ਤੋਂ ਬੁਖਲਾਏ ਹੋਏ ਆਪਣਾ ਦਿਮਾਗੀ ਤਵਾਜ਼ਨ ਖੋਹ ਬੈਠੇ ਹਨ । ਜੋ ਮੂਹ ਵਿਚ ਆਉਂਦਾ ਹੈ ਉਹੀ ਬੋਲੀ ਜਾਂਦੇ ਹਨ ।

ਦਿੱਲੀ ਕਮੇਟੀ ਨੇ ਹਰ ਧਰਮ ਅਤੇ ਜਾਤੀ ਤੇ ਇਨਸਾਨ ਨੂੰ ਬਿਨਾਂ ਕਿਸੇ ਭੇਦਭਾਵ ਦੇ, ਹਰ ਕਿਸਮ ਦੀ ਕਰੋਨਾ ਕਾਲ ਵਿੱਚ ਸਹੂਲਤ ਦਿੱਤੀ ਸੀ ਭਾਵੇਂ ਦਵਾਈਆਂ ਹੋਣ ਜਾਂ ਰਾਸ਼ਸ਼ਨ ਸਭ ਦੇ ਘਰ ਘਰ ਪਹੁੰਚਾਇਆ ਗਿਆ। ਪਰ ਸਰਨੇ ਭਰਾਵਾਂ ਦੀ ਪ੍ਰਧਾਨਗੀ ਕਾਲ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਚ ਘੁਟਾਲੇ ਕਰਨ ਅਤੇ ਸਿੱਖਾਂ ਦੀ ਕਾਤਲ ਪਾਰਟੀ ਕਾਂਗਰਸ ਨਾਲ ਕੁਰਸੀ ਖਾਤਰ ਯਰਾਨੇ ਵਧਾਉਣ ਤੋਂ ਇਲਾਵਾ ਇਨ੍ਹਾਂ ਨੂੰ ਹੋਰ ਕੁਝ ਨਹੀਂ ਸੀ ਦਿਸਦਾ । ਇਸ ਲਈ ਦਿੱਲੀ ਦੇ ਸਿੱਖਾਂ ਨੇ ਇਨ੍ਹਾਂ ਨੂੰ ਲਗਾਤਾਰ ਦੋ ਵਾਰੀ ਨਕਾਰਿਆ ਹੈ।

# ਪੀ ਐਮ ਓ ਦੁਆਰਾ ਸ੍ਰੀ ਹਰਿਮੰਦਰ ਸਾਹਿਬ ਦੇ ਪਾਵਨ ਮਾਡਲ ਦੀ ਨਿਲਾਮੀ ਮੰਦਭਾਗੀ: ਆਪ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਨੇ ਸ੍ਰੀ ਹਰਿਮੰਦਰ ਸਾਹਿਬ ਦੇ ਪਾਵਨ ਮਾਡਲ ਨੂੰ ਨਿਲਾਮ ਕਰਨ ਦੇ ਪ੍ਰਧਾਨ ਮੰਤਰੀ ਦਫਤਰ ਦੇ ਫੈਸਲੇ ਦੀ ਨਿੰਦਾ ਕੀਤੀ ਹੈ। ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 2015 ਵਿੱਚ ਦਰਬਾਰ ਸਾਹਿਬ ਦੀ ਫੇਰੀ ਦੌਰਾਨ ਭੇਟ ਕੀਤਾ ਗਿਆ ਸੀ। ਪੀ ਐਮ ਓ ਮੋਦੀ ਵੱਲੋਂ ਤੋਹਫੇ ਵਜੋਂ ਪ੍ਰਾਪਤ 912 ਵਸਤਾਂ ਦੀ ਨਿਲਾਮੀ ਕਰ ਰਿਹਾ ਹੈ ਅਤੇ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਇਨ੍ਹਾਂ ਵਿੱਚੋਂ ਇੱਕ ਹੈ। ਇਸ ਨੂੰ ਨਿਲਾਮੀ ਸਾਈਟ 'ਤੇ 13,500 ਦੀ ਬੇਸ ਕੀਮਤ ਨਾਲ ਸੂਚੀਬੱਧ ਕੀਤਾ ਗਿਆ ਹੈ। ਇਸ 'ਤੇ ਪ੍ਰਤੀਕਿਰਿਆ ਦਿੰਦਿਆਂ 'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਫਤਰ ਗੁਰੂ ਸਾਹਿਬ ਦੇ ਆਸ਼ੀਰਵਾਦ ਦੀ ਕੀਮਤ ਨਹੀਂ ਲਗਾ ਸਕਦਾ ਅਤੇ ਸਿੱਖ ਕੌਮ ਦੀ ਆਸਥਾ ਦੇ ਪ੍ਰਤੀਕ ਨੂੰ ਨਿਲਾਮ ਕਰਨਾ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਵੀ ਠੇਸ ਪਹੁੰਚਾ ਰਿਹਾ ਹੈ। ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਪੀਐਮਓ ਨੂੰ ਤੁਰੰਤ ਸਿੱਖ ਕੌਮ ਤੋਂ ਮੁਆਫੀ ਮੰਗਣੀ ਚਾਹੀਦੀ ਹੈ ਅਤੇ ਉਕਤ ਮਾਡਲ ਨੂੰ ਨਿਲਾਮੀ ਵਾਲੀ ਥਾਂ ਤੋਂ ਹਟਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਪੀ ਐਮ ਓ ਵੱਲੋਂ ਬਿਨਾਂ ਸੋਚੇ ਸਮਝੇ ਇਸ ਨੂੰ ਨਿਲਾਮੀ ਲਈ ਰੱਖਿਆ ਗਿਆ ਹੈ। ਹਰਿਮੰਦਰ ਸਾਹਿਬ ਦੇ ਪਾਵਨ ਮਾਡਲ ਨੂੰ ਵੇਚਿਆ ਨਹੀਂ ਜਾਣਾ ਚਾਹੀਦਾ।

# ਸਿੱਖ ਧਰਮ 'ਚ ਜਾਤ ਪਾਤ ਨੂੰ ਕੋਈ ਥਾਂ ਨਹੀਂ : ਕੁਹਾੜਕਾ

ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਦਸ ਗੁਰੂ ਸਾਹਿਬਾਨ ਨੇ ਜਾਤ ਪਾਤ ਦਾ ਖੰਡਨ ਕੀਤਾ ਤੇ ਪੰਜਵੇਂ ਪਾਤਸ਼ਾਹ ਨੇ ਅੰਮ੍ਰਿਤਸਰ ਤੇ ਤਰਨ ਤਾਰਨ ਦਰਬਾਰ ਸਾਹਿਬ ਦੇ ਚਾਰ ਦਰਵਾਜ਼ੇ ਰੱਖ ਕੇ ਬਰਾਬਰਤਾ ਅਤੇ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ, ਪਰ ਅੱਜ ਉਨ੍ਹਾ ਦੇ ਹੁਕਮ ਦੇ ਉਲਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਜਿਹੜੇ ਫਾਰਮ ਤਿਆਰ ਕਰਵਾਏ ਜਾ ਰਹੇ ਹਨ ਉਨ੍ਹਾਂ ਵਿੱਚ ਅਨੁਸੂਚਿਤ ਜਾਤੀਆਂ ਲਈ ਸਭ ਤੋਂ ਥੱਲੇ ਵੱਖਰੇ ਤੌਰ 'ਤੇ ਲਿਖਿਆ ਹੈ ਕਿ ਮੈਂ ਬਿਆਨ ਕਰਦਾ/ ਕਰਦੀ ਹਾਂ ਕਿ ਮੈ ਇਸ ਜਾਤੀ ਦਾ/ਦੀ ਹਾਂ ਕਿ ਮੈਂ ਇਸ ਜਾਤੀ ਦਾ/ਦੀ ਮੈਂਬਰ ਹਾਂ ਜੋ ਸਵਿਧਾਨ ਦੀ ਧਾਰਾ 341 ਅਧੀਨ ਅਨੁਸੂਚਿਤ ਜਾਤੀ ਘੋਸ਼ਤ ਕੀਤੀ ਗਈ ਹੈ ਜੋ ਕਿ ਸਿੱਖ ਸਿਧਾਂਤ, ਸਿੱਖ ਪਰੰਪਰਾਵਾਂ, ਸਿੱਖ ਮਰਯਾਦਾ ਦੇ ਉਲਟ ਹੈ ਜੋ ਉਨ੍ਹਾਂ ਲੋਕਾਂ ਨੂੰ ਸਿੱਖ ਹੋਣ ਦੇ ਨਾਲ ਨਾਲ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਦਰਸਾਉਂਦਾ ਹੋਇਆ ਅਹਿਸਾਸ ਕਰਾਉਂਦਾ ਹੈ ਜੋ ਠੀਕ ਨਹੀਂ ਹੈ। ਉਕਤ ਸਬੰਧੀ ਗੁਰਦੁਆਰਾ ਕਮਿਸ਼ਨ ਨੂੰ ਚਾਹੀਦਾ ਹੈ ਕਿ ਉਹ ਫਾਰਮ ਨੂੰ ਦਰੁਸਤ ਕਰੇ ਤੇ ਸਿੱਖ ਸਿਧਾਂਤਾਂ ਦੀ ਰਾਖੀ ਕਰੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਮੁਖ ਸਿੰਘ ਕੋਹਾੜਕਾ ਨੇ ਪ੍ਰੈਸ ਸਾਹਮਣੇ ਕੀਤਾ।

# ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀ ਅਥਲੈਟਿਕਸ ਮੁਕਾਬਲਿਆਂ 'ਚ ਮੋਹਰੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀਆਂ ਨੇ ਜ਼ੋਨ ਗੋਇੰਦਵਾਲ ਸਾਹਿਬ ਦੇ ਹੋਏ ਅਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ - ਵੱਖ ਮੁਕਾਬਲਿਆਂ ਵਿੱਚ 30 ਮੈਡਲ ਜਿੱਤੇ । ਸਕੂਲ ਪ੍ਰਿੰਸੀਪਲ ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਵਿੱਚੋਂ ਅੰਡਰ- 14 ਲੜਕਿਆਂ ਦੇ ਮੁਕਾਬਲਿਆਂ ਵਿੱਚ ਮਨਿੰਦਰਦੀਪ ਸਿੰਘ ਨੇ ਲੰਬੀ ਛਾਲ ਵਿੱਚ ਪਹਿਲਾ ਅਤੇ 200 ਮੀ: ਦੌੜ ਵਿੱਚ ਤੀਸਰਾ ਸਥਾਨ ,ਅਬੀਜੋਤ ਸਿੰਘ, ਅੰਮ੍ਰਿਤਪਾਲ ਸਿੰਘ ਨੇ ਡਿਸਕਸ ਥ੍ਰੋਅ ਵਿੱਚ ਤੀਸਰਾ ਸਥਾਨ। ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਬਾਣੀ ਨੇ 200 ਮੀ: ਦੌੜ 'ਚ ਪਹਿਲਾ ਅਤੇ ਸ਼ਾਟਪੁੱਟ 'ਚ ਤੀਸਰਾ ਸਥਾਨ, 4100 ਮੀ: ਰਿਲੇਅ ਦੌੜ ਵਿੱਚ ਮਨਸਿਮਰਨ ਕੌਰ, ਬਾਣੀ, ਹਰਸਿਮਰਨ ਅਤੇ ਖੁਸ਼ਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ - 17 ਲੜਕੀਆਂ ਦੇ ਮੁਕਾਬਲਿਆਂ ਵਿੱਚ ਪਵਨਦੀਪ ਕੌਰ ਨੇ 200 ਮੀਟਰ ਦੌੜ ਵਿਚ ਤੀਸਰਾ, ਰਿਪਨਦੀਪ ਨੇ ਲੰਬੀ ਛਾਲ 'ਚ ਤੀਸਰਾ ਅਤੇ ਡਿਸਕਸ ਥ੍ਰੋਅ ਵਿੱਚ ਦਿਵਿਆ ਨੇ ਤੀਸਰਾ ਸਥਾਨ, ਰਿਪਨਦੀਪ ਨੇ ਲੰਬੀ ਛਾਲ 'ਚ ਦੂਸਰਾ, 4100 ਮੀ: ਰਿਲੇਅ ਦੌੜ ਵਿੱਚ ਪਵਨਦੀਪ ਕੌਰ, ਗੁਰਲੀਨ ਕੌਰ, ਰਿਪਨਦੀਪ ਅਤੇ ਦਿਵਿਆ ਦੂਸਰਾ ਸਥਾਨ ਅਤੇ ਲੜਕਿਆਂ ਵਿੱਚ ਨੂਰਦੀਪ ਸਿੰਘ ਨੇ 200 ਮੀ: ਦੌੜ ਵਿੱਚ ਦੂਸਰਾ ਸਥਾਨ ਅਤੇ ਲੰਬੀ ਛਾਲ ਵਿੱਚ ਤੀਸਰਾ ਸਥਾਨ, ਅਰਮਾਨਦੀਪ ਸ਼ਰਮਾ ਨੇ ਜੈਵਲਿਨ ਥ੍ਰੋਅ ਵਿੱਚ ਤੀਸਰਾ ਸਥਾਨ ਹਾਸਲ ਕੀਤਾ।

ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ 15 ਵਿਦਿਆਰਥੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੁਣੇ ਗਏ ਹਨ। ਇਸ ਮੌਕੇ ਸਕੂਲ ਦੇ ਐਮ ਡੀ ਰਵਿੰਦਰ ਕੁਮਾਰ, ਮਾਸਟਰ ਮੰਗਤ ਰਾਮ ਅਤੇ ਪ੍ਰਿੰਸੀਪਲ ਅਨੀਤਾ ਚਤਰਥ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ ਦਾ ਸਿਹਰਾ ਕੋਚ ਸਹਿਬਾਨ ਤੇਜਿੰਦਰਪ੍ਰੀਤ ਸਿੰਘ, ਜਸਬੀਰ ਸਿੰਘ ਅਤੇ ਸਮੂਹ ਅਧਿਆਪਕ ਸਹਿਬਾਨ ਨੂੰ ਦਿੰਦੇ ਹੋਏ ਵਿਦਿਆਰਥੀਆਂ ਅਤੇ ਕੋਚ ਸਹਿਬਾਨ ਨੂੰ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।

# ਕਬੱਡੀ ਕੱਪ 'ਚ ਸੁਰ ਸਿੰਘ ਦੀ ਟੀਮ ਰਹੀ ਜੇਤੂ



ਮਜੀਠਾ (ਸੋਇਮ ਆਨੰਦ/ਪ੍ਰੀਤਮ ਸਿੰਘ)- ਪੁੱਤਰਾਂ ਦੇ ਦਾਨੀ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਕਬੱਡੀ ਕੱਪ ਡੇਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਵਲੋਂ ਅੱਜ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਦੀਦਾਰ ਸਿੰਘ ਕੱਥੂਨੰਗਲ ਵਾਲਿਆਂ ਦੀ ਅਗਵਾਈ ਹੇਠ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ । ਕਬੱਡੀ ਕੱਪ ਨੂੰ ਕਰਵਾਉਣ ਵਿਚ ਗ੍ਰਾਮ ਪੰਚਾਇਤ ਕੱਥੂਨੰਗਲ ਦੇ ਸਰਪੰਚ ਪ੍ਰੇਮ ਸਿੰਘ ਸੋਨੀ, ਖੇਡ ਪ੍ਰਮੋਟਰ ਕੁਲਦੀਪ ਸਿੰਘ ਕਾਹਲੋਂ, ਸੰਨੀ ਹਦਾਇਤਪੁਰ ਵਲੋਂ ਵਿਸ਼ੇਸ਼ ਤੌਰ 'ਤੇ ਸਹਿਯੋਗ ਦਿੱਤਾ ਗਿਆ। ਕਬੱਡੀ ਕੱਪ ਦੌਰਾਨ ਚਾਰ ਅੰਤਰਰਾਸ਼ਟਰੀ ਪੱਧਰ ਦੀਆਂ ਟੀਮਾਂ ਬਾਬਾ ਬੁੱਢਾ ਸਾਹਿਬ ਕਬੱਡੀ ਕਲੱਬ ਰਾਮਦਾਸ ਯੂ ਐਸ ਏ, ਸੰਤ ਬਾਬਾ ਹਜਾਰਾ ਸਿੰਘ ਫਰਾਂਸ / ਯੂ ਐਸ ਏ, ਸੰਤ ਬਾਬਾ ਆਤਮਾ ਸਿੰਘ ਕਬੱਡੀ ਘਰਿਆਲਾ, ਬਾਬਾ ਦੁੱਲੇ ਸ਼ਾਹ ਕਬੱਡੀ ਕਲੱਬ ਕੋਟਲੀ ਨੇ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ।

ਫਾਈਨਲ ਮੈਚ ਸੁਰ ਸਿੰਘ ਟੀਮ ਅਤੇ ਸੰਤ ਬਾਬਾ ਹਜਾਰਾ ਸਿੰਘ ਯੂ ਐਸ ਏ ਟੀਮ ਵਿਚਕਾਰ ਹੋਇਆ। ਇਨ੍ਹਾਂ ਦੋਵਾਂ ਟੀਮਾਂ ਵਿਚਕਾਰ ਹੋਏ ਫਸਵੇਂ ਮੁਕਾਬਲੇ ਵਿੱਚ ਸੁਰ ਸਿੰਘ ਦੀ ਕਬੱਡੀ ਟੀਮ ਜੇਤੂ ਰਹੀ । ਇਸ ਦੌਰਾਨ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਡੇਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਦੀਦਾਰ ਸਿੰਘ ਕੱਥੂਨੰਗਲ ਵਾਲਿਆਂ, ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ, ਸ਼ਿੰਦੇ ਸ਼ਾਹ ਮਜੀਠਾ, ਬਚਿੱਤਰ ਸਿੰਘ ਲਾਲੀ ਢਿੰਗ ਨੰਗਲ, ਕਾਬੁਲ ਸਿੰਘ ਗਿੱਲ ਮਜੀਠਾ, ਸਰਪੰਚ ਪ੍ਰੇਮ ਸਿੰਘ ਸੋਨੀ, ਸਰਪੰਚ ਹਰਗੁਰਿੰਦਰ ਸਿੰਘ ਮਾਨ ਨੇ ਇਨਾਮ ਤਕਸੀਮ ਕੀਤੇ।

ਇਸ ਮੌਕੇ ਬਾਬਾ ਦੀਦਾਰ ਸਿੰਘ ਕੱਥੂਨੰਗਲ, ਸਰਪੰਚ ਪ੍ਰੇਮੀ ਸਿੰਘ ਸੋਨੀ, ਕੁਲਦੀਪ ਸਿੰਘ ਕਾਹਲੋਂ, ਸੰਨੀ ਹਦਾਇਤਪੁਰ, ਲਖਬੀਰ ਸਿੰਘ ਤੱਤਲਾ ਕੱਥੂਨੰਗਲ, ਹਰਭਿੰਦਰ ਸਿੰਘ ਭਿੰਡਾ, ਸਾਬਕਾ ਸਰਪੰਚ ਜਸਪਾਲ ਸਿੰਘ ਭੋਆ, ਡਾ. ਸੁਖਵਿੰਦਰ ਸਿੰਘ ਕੱਥੂਨੰਗਲ, ਮਹਿੰਦਰ ਸਿੰਘ ਕੱਥੂਨੰਗਲ, ਚਾਚਾ ਸੁਭਾਸ਼, ਸੀਪੂ ਚੋਗਾਵਾਂ, ਸੁੱਖਾ ਕੱਥੂਨੰਗਲ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ

## ਕੈਟਰੀਨਾ ਕੈਫ ਸਵਿਸ ਵਾਚ ਮੇਕਰ ਰਾਡੋ ਦੀ ਬ੍ਰੈਂਡ ਅੰਬੈਸਡਰ ਬਣੀ

ਲੁਧਿਆਣਾ-ਰਾਡੋ ਜੋ ਕਿ ਇੱਕ ਵਿਲੱਖਣ ਸਵਿਚ ਵਾਚ ਮੇਕਰ ਹੈ ਜੋ ਕਿ ਖੂਬਸੂਰਤ ਅਤੇ ਲਾਜਵਾਬ ਡਿਜ਼ਾਈਨ ਬਣਾਉਣ ਦੇ ਲਈ ਆਪਣੀਆਂ ਖਾਸ ਸਮੱਗਰੀਆਂ ਵਿੱਚ ਨਵੀਨਤਾ ਲਿਆਉਣ ਦੇ ਲਈ ਪ੍ਰਸਿੱਧ ਹੈ, ਉਸਨੂੰ ਆਪਣੇ ਬ੍ਰੈਂਡ ਅੰਬੈਸਡਰ ਵਜੋਂ ਕੈਟਰੀਨਾ ਕੈਫ ਦਾ ਐਲਾਨ ਕਰਦੇ ਹੋਏ ਖ਼ੁਸ਼ੀ ਹੋ ਰਹੀ ਹੈ। ਇਹ ਉੱਤਮ ਭਾਗੀਦਾਰੀ ਰਾਡੋ ਦੀ ਉਨ੍ਹਾਂ ਯਾਦਾਂ ਨੂੰ ਚਿਰਜੀਵੀ ਬਣਾਉਣ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ ਜੋ ਪੂਰਾ ਜੀਵਨ ਰਹਿੰਦੀਆਂ ਹਨ। ਕੈਟਰੀਨਾ ਕੈਫ ਦੀ ਉੱਤਮ ਸੁੰਦਰਤਾ ਅਤੇ ਅੰਤਰਰਾਸ਼ਟਰੀ ਪ੍ਰਸਿੱਧੀ ਨੇ ਉਸਨੂੰ ਰਾਡੋ ਦੀ ਸਟੀਕਤਾ, ਨਵੀਨਤਾ ਅਤੇ ਕਲਾਕਾਰੀ ਵਾਸਤੇ ਪ੍ਰਤੀਬੱਧਤਾ ਨੂੰ ਕਾਇਮ ਰੱਖਣ ਦੇ ਵਚਨ ਦੇ ਲਈ ਇੱਕ ਸੰਪੂਰਨ ਵਿਕਲਪ ਬਣਾਇਆ ਹੈ। ਆਪਣੇ ਵਧੀਆ ਅਤੇ ਕੁਸ਼ਲ ਕੰਮ ਦੇ ਕਾਰਨ ਕੈਟਰੀਨਾ ਕੈਫ ਰਾਡੋ ਦੇ ਲਈ ਇੱਕ ਸਹੀ ਚੋਣ ਹੈ ਕਿਓਂਕਿ ਉਸ ਵਿੱਚ ਸੰਪੂਰਨ ਮੁੱਲ ਮੌਜੂਦ ਹਨ।

# ਕਲੇਰ ਕਲਾਂ 'ਚ ਦੁਸਹਿਰੇ ਮੌਕੇ ਬਾਜਵਾ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ



ਧਾਰੀਵਾਲ (ਮਨਦੀਪ ਸਿੰਘ ਵਿੱਕੀ) - ਇਥੋਂ ਨਜ਼ਦੀਕ ਪਿੰਡ ਕਲੇਰ ਕਲਾਂ ਵਿੱਚ ਨੇਕੀ ਦੀ ਬਦੀ 'ਤੇ ਜਿੱਤ ਦੇ ਪ੍ਰਤੀਕ ਤਿਉਹਾਰ ਦੁਸਹਿਰਾ ਸਮਾਗਮ ਵਿੱਚ ਬੀ ਜੇ ਪੀ ਪੰਜਾਬ ਉਪ ਪ੍ਰਧਾਨ ਫਤਹਿਜੰਗ ਸਿੰਘ ਬਾਜਵਾ ਮੁੱਖ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਮੁੱਖ ਮਹਿਮਾਨ ਫਤਹਿਜੰਗ ਸਿੰਘ ਬਾਜਵਾ ਨੇ ਦੁਸਹਿਰੇ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਭ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸਾਰੇ ਤਿਉਹਾਰ ਸਾਂਝੇ ਤੌਰ ਤੇ ਮਨਾਉਣ ਚਾਹੀਦੇ ਹਨ। ਇਸ ਮੌਕੇ ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਫਤਹਿਜੰਗ ਸਿੰਘ ਬਾਜਵਾ ਅਤੇ ਹੋਰ ਅਹਿਮ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ। ਉਪਰੰਤ ਰਾਵਣ ਦੇ ਬੁੱਤ ਨੂੰ ਅਗਨੀ ਭੇਟ ਕਰਨ ਦੀ ਰਸਮ ਅਦਾ ਫਤਹਿਜੰਗ ਸਿੰਘ ਬਾਜਵਾ ਨੇ ਕੀਤੀ। ਇਸ ਮੌਕੇ ਸੁਰੇਸ਼ ਭਾਟੀਆ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਟਾਲਾ, ਹਰਪ੍ਰੀਤ ਸਿੰਘ ਬੇਦੀ, ਰਾਜਬੀਰ ਸਿੰਘ ਕਾਹਲੋਂ, ਮਲਕੀਤ ਸਿੰਘ ਚੌੜੇ ਆਦਿ ਤੋਂ ਇਲਾਵਾ ਦਸਹਿਰਾ ਕਮੇਟੀ ਮੁੱਖ ਪ੍ਰਬੰਧਕ ਐਡਵੋਕੇਟ ਪੁਸ਼ਕਰ ਨੰਦਾ, ਸੰਤੋਖ ਸਿੰਘ, ਬਿਕਰਮ ਸੋਨੂੰ ਨੰਦਾ, ਸੋਨੂੰ ਬਾਵਾ, ਸਰਪੰਚ ਬਲਰਾਜ ਸਿੰਘ, ਸਾਬਕਾ ਸਰਪੰਚ ਦੀਦਾਰ ਸਿੰਘ ਚੌਧਰਪੁਰ, ਬਲਵਿੰਦਰ ਸਿੰਘ ਭਿੰਦਾ, ਗੁਰਨਾਮ ਸਿੰਘ ਜਫਰਵਾਲ ਆਦਿ ਵੀ ਹਾਜ਼ਰ ਸਨ।

# ਸਰਕਾਰੀ ਮੈਡੀਕਲ ਕਾਲਜ ਦੇ ਸ਼ਤਾਬਦੀ ਸਮਾਗਮ ਨੂੰ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- 17 ਨਵੰਬਰ ਤੋਂ 19 ਨਵੰਬਰ ਤੱਕ ਸਰਕਾਰੀ ਮੈਡੀਕਲ ਕਾਲਜ ਦੇ 100 ਸਾਲ ਪੂਰਾ ਹੋਣ 'ਤੇ ਵੱਡੇ ਪੱਧਰ ਤੇ ਸਮਾਗਮ ਕਰਵਾਏ ਜਾਣਗੇ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਾਮਲ ਹੋਣਗੇ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸਿਹਤ ਤੇ ਪਰਵਾਰ ਭਲਾਈ ਮੰਤਰੀ ਬਲਬੀਰ ਸਿੰਘ ਨੇ ਦੱਸਿਆ ਕਿ ਸਰਕਾਰੀ ਮੈਡੀਕਲ ਕਾਲਜ ਦੀ ਦਿੱਖ ਨੂੰ ਸੰਵਾਰਿਆ ਜਾਵੇਗਾ। ਉਨ੍ਹਾ ਮੈਡੀਕਲ ਕਾਲਜ ਦੇ ਡਾਕਟਰਾਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਦਾ ਗੌਰਵਮਈ ਇਤਿਹਾਸ ਰਿਹਾ ਹੈ ਅਤੇ ਇਸ ਕਾਲਜ ਤੋਂ ਕਈ ਡਾਕਟਰ ਪੜ੍ਹ ਕੇ ਵਿਸ਼ਵ ਪ੍ਰਸਿੱਧ ਹੋਏ ਹਨ। ਉਨ੍ਹਾ ਦੱਸਿਆ ਕਿ ਹੁਣ ਤੱਕ ਪੀ.ਜੀ.ਆਈ. ਚੰਡੀਗੜ੍ਹ ਦੇ 9 ਡਾਇਰੈਕਟਰਾਂ ਵਿਚੋਂ 5 ਡਾਇਰੈਕਟਰ ਇਸ ਮੈਡੀਕਲ ਕਾਲਜ ਦੇ ਵਿਦਿਆਰਥੀ ਰਹੇ ਹਨ। ਸਿਹਤ ਮੰਤਰੀ ਨੇ ਕਿਹਾ ਕਿ ਮੁਹੱਲਾ ਕਲੀਨਿਕਾਂ ਵਿੱਚ ਹੁਣ ਤੱਕ 60 ਲੱਖ ਤੋਂ ਵੱਧ ਲੋਕ ਆਪਣਾ ਇਲਾਜ ਕਰਵਾ ਚੁਕੇ ਹਨ ਅਤੇ ਇਨਾਂ ਕਲੀਨਿਕਾਂ ਵਿੱਚ ਮਰੀਜ਼ਾਂ ਦੇ ਸਾਰੇ ਟੈਸਟ ਅਤੇ ਦਵਾਈ ਮੁਫ਼ਤ ਦਿੱਤੀਆਂ ਜਾਂਦੀਆਂ ਹਨ। ਉਨਾਂ ਕਿਹਾ ਕਿ ਜਲਦ ਹੀ ਸਿਹਤ ਵਿਭਾਗ ਵਿੱਚ ਖਾਲੀ ਪਈਆਂ ਆਸਾਮੀਆਂ ਨੂੰ ਪੁਰ ਕਰ ਦਿੱਤਾ ਜਾਵੇਗਾ। ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮੈਡੀਕਲ ਕਾਲਜ ਤੇ ਹਸਪਤਾਲ ਨਿਕਟ ਭਵਿੱਖ ਵਿਚ ਮਰੀਜ਼ਾਂ ਲਈ ਹਰ ਤਰ੍ਹਾਂ ਦੀ ਵਿਸ਼ਵ ਪੱਧਰੀ ਸਿਹਤ ਸਹੂਲਤ ਨਾਲ ਲੈਸ ਹੋਣਗੇ ਅਤੇ ਮਰੀਜ਼ਾਂ ਨੂੰ ਕਿਸੇ ਵੀ ਸਿਹਤ ਸਹੂਲਤ ਲਈ ਹਸਪਤਾਲ ਤੋਂ ਬਾਹਰ ਨਹੀਂ ਜਾਣਾ ਪਵੇਗਾ। ਸਿਹਤ ਤੇ ਪਰਵਾਰ ਭਲਾਈ ਮੰਤਰੀ ਬਲਬੀਰ ਸਿੰਘ ਨੇ ਗੁਰੂ ਨਾਨਕ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਪ੍ਰਬੰਧਕੀ ਅਧਿਕਾਰੀਆਂ ਨਾਲ ਕੀਤੀ ਵਿਸਥਾਰਤ ਮੀਟਿੰਗ ਕਰਦਿਆਂ ਮੈਡੀਕਲ ਕਾਲਜ ਦੀ ਲੋੜ ਨੂੰ ਧਿਆਨ ਵਿਚ ਰੱਖਦੇ ਹੋਏ ਨਵਾਂ ਪ੍ਰਬੰਧਕੀ ਬਲਾਕ ਉਸਾਰਨ, ਡਾਕਟਰਾਂ ਲਈ ਨਵੇਂ ਘਰ, ਨਰਸਿੰਗ ਕਾਲਜ ਨੂੰ ਵਾਤਾਅਨੁਕੂਲ ਕਰਨ, ਮਲਟੀ ਲੈਵਲ ਪਾਰਕਿੰਗ ਨੂੰ ਚਾਲੂ ਕਰਨ, ਬਲੱਡ ਬੈਂਕ ਨੂੰ ਵੱਡਾ ਕਰਨ ਅਤੇ ਹਸਪਤਾਲ ਵਿਚ ਡਾਕਟਰਾਂ, ਸਟਾਫ ਤੇ ਮਰੀਜ਼ਾਂ ਲਈ ਤਿੰਨ ਕੰਟੀਨਾਂ ਬਣਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜਿਹੜੇ ਵੀ ਪ੍ਰੋਜੈਟ ਮੁਕੰਮਲ ਹੋ ਚੁੱਕੇ ਹਨ, ਤੁਰੰਤ ਹੀ ਮੈਡੀਕਲ ਕਾਲਜ ਨੂੰ ਸੌਂਪੇ ਜਾਣ। ਸਿਹਤ ਮੰਤਰੀ ਨੇ ਸਟੇਟ ਕੈਂਸਰ ਇੰਸਟੀਚਿਊਟ ਦੀ ਇਮਾਰਤ ਦਾ ਕੰਮ ਥੀਏਟਰ ਕੰਪਲੈਕਸ, ਐਗਜ਼ਾਮੀਨੇਸ਼ਨ ਹਾਲ, ਨਵੇਂ ਮੈਡੀਕਲ ਵਾਰਡਾਂ, ਓ ਟੀ ਤੇ ਆਈ ਸੀ ਯੂ ਕੰਪਲੈਕਸ, ਐਡਵਾਂਸ ਟਰੋਮਾ ਸੈਂਟਰ, ਪੈਟ ਤੇ ਗਾਮਾ ਸਕੈਟ ਸੈਂਟਰ ਦੀ ਉਸਾਰੀ ਆਦਿ ਦੀ ਪ੍ਰਗਤੀ ਦਾ ਜਾਇਜ਼ਾ ਵੀ ਲਿਆ। ਇਸ ਤੋਂ ਪਹਿਲਾਂ ਸਿਹਤ ਮੰਤਰੀ ਵਲੋਂ ਸਿਵਲ ਹਸਪਤਾਲ ਦਾ ਦੌਰਾ ਵੀ ਕੀਤਾ ਗਿਆ। ਉਨ੍ਹਾ ਆਈ.ਸੀ.ਯੂ, ਵਾਰਡਾਂ ਵਿੱਚ ਜਾ ਕੇ ਪ੍ਰਬੰਧ ਦੇਖੇ ਅਤੇ ਆਪਣੀ ਤਸੱਲੀ ਪ੍ਰਗਟਾਈ। ਇਸ ਮੌਕੇ ਉਨਾਂ ਵਲੋਂ ਮਰੀਜ਼ਾਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ।

ਇਸ ਮੌਕੇ ਵਿਧਾਇਕ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ, ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ, ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਪ੍ਰਿੰਸੀਪਲ ਮੈਡੀਕਲ ਕਾਲਜ ਰਾਜੀਵ ਦੇਵਗਨ, ਵਾਇਸ ਪ੍ਰਿੰਸੀਪਲ ਡਾ. ਜੇ.ਪੀ. ਅਤਰੀ, ਮੈਡੀਕਲ ਸੁਪਰਡੈਂਟ ਡਾ. ਕਰਮਜੀਤ ਸਿੰਘ, ਐਕਸੀਐਨ ਚਰਨਦੀਪ ਸਿੰਘ, ਸਿਵਲ ਸਰਜਨ ਡਾ. ਵਿਜੈ ਕੁਮਾਰ ਤੋਂ ਇਲਾਵਾ ਹਸਪਤਾਲ ਵਿਚ ਕੰਮ ਕਰਵਾ ਰਹੇ ਸਾਰੇ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।

## ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ 'ਤੇ ਸਮੂਹ ਸ਼ਰਾਬ ਦੇ ਠੇਕੇ ਦੀਆਂ ਦੁਕਾਨਾਂ ਰਹਿਣਗੀਆਂ ਬੰਦ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਡਿਪਟੀ ਕਮਿਸ਼ਨਰ ਜ਼ਿਲ੍ਹਾ ਮੈਜਿਸਟਰੇਟ, ਘਨਸ਼ਾਮ ਥੋਰੀ, ਅੰਮ੍ਰਿਤਸਰ ਜ਼ਾਬਤਾ ਫੌਜਦਾਰੀ ਸੰਘਤਾ, 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਜ਼ਿਲ੍ਹਾ ਪੁਲਿਸ ਮੁਖੀ, ਅੰਮ੍ਰਿਤਸਰ (ਦਿਹਾਤੀ) ਦੇ ਅਧਿਕਾਰ ਖੇਤਰ ਵਿੱਚ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਸਬੰਧ ਵਿੱਚ ਕੱਢੀ ਜਾ ਰਹੀ ਸ਼ੋਭਾ ਯਾਤਰਾ ਵਾਲੇ ਦਿਨ 27 ਅਕਤੂਬਰ ਅਤੇ 28 ਅਕਤੂਬਰ ਨੂੰ ਸਮੂਹ ਸ਼ਰਾਬ ਦੇ ਠੇਕੇ ਦੀਆਂ ਦੁਕਾਨਾਂ ਬੰਦ ਕਰਨ ਦੇ ਹੁਕਮ ਦਿੱਤੇ ਹਨ। ਉਨ੍ਹਾ ਨੇ ਕਿਹਾ ਕਿ 28 ਅਕਤੂਬਰ ਨੂੰ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਪ੍ਰਗਟ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਇੱਕ ਸ਼ੋਭਾ ਯਾਤਰਾ ਇੱਕ ਦਿਨ ਪਹਿਲਾਂ ਕੱਢੀ ਜਾਵੇਗੀ। ਇਸ ਸਬੰਧ ਵਿੱਚ ਵੱਖ ਵੱਖ ਧਾਰਮਿਕ ਜਥੇਬੰਦੀਆਂ ਵੱਲੋਂ ਮੰਗ ਕੀਤੀ ਗਈ ਹੈ ਕਿ ਉਸ ਦਿਨ ਖੁੱਲ੍ਹੇ ਸ਼ਰਾਬ ਦੇ ਠੇਕੇ ਸ਼ਰਧਾਲੂਆਂ ਦੇ ਮਨਾਂ ਨੂੰ ਠੇਸ ਪਹੁੰਚਾਉਦੇ ਹਨ। ਇਸ ਲਈ ਮਿਤੀ 27 ਅਤੇ 28 ਅਕਤੂਬਰ ਵਾਲੇ ਦਿਨ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਅਮਨ ਅਤੇ ਕਾਨੂੰਨ ਦੀ ਸਥਿਤੀ ਬਹਾਲ ਰੱਖਣ ਲਈ ਸ਼ਰਾਬ ਦੇ ਠੇਕੇ ਦੀਆਂ ਦੁਕਾਨਾਂ ਬੰਦ ਕਰਨੀਆ ਜ਼ਰੂਰੀ ਹਨ।

# ਆਦਰਸ਼ ਬਿਰਧ ਆਸ਼ਰਮ ਬਣਿਆ ਇੱਕ ਹੋਰ ਬੇਸਹਾਰਾ ਬਜ਼ੁਰਗ ਦਾ ਸਹਾਰਾ




ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਅੱਜ 26 ਅਕਤੂਬਰ ਨੂੰ ਆਦਰਸ਼ ਬਿਰਧ ਆਸ਼ਰਮ ਝਾਖੋਲਾਹੜੀ ਵਲੋਂ ਦਿੱਤਾ ਗਿਆ ਬੇਸਹਾਰਾ ਬਜ਼ੁਰਗ ਬਾਪੂ ਪ੍ਰਕਾਸ਼ ਮਸੀਹ ਪੁੱਤਰ ਟਹਿਲ ਮਸੀਹ ਨਿਵਾਸੀ ਭੁੱਲੇ ਚੱਕ ਕਲੋਨੀ, ਤਿੱਬੜੀ ਗੁਰਦਾਸਪੁਰ ਨੂੰ ਸਹਾਰਾ। ਇਸ ਬਜ਼ੁਰਗ ਬਾਪੂ ਨੇ ਦੱਸਿਆ ਕਿ ਮੇਰੇ ਤਿੰਨ ਨੂੰਹ ਪੁੱਤਰ ਹਨ। ਮੇਰਾ ਵੱਡਾ ਪੁੱਤਰ ਰਮੇਸ਼ ਮਸੀਹ ਹੋ ਕਿ ਦਿਹਾੜੀ ਲਗਾਉਂਦਾ ਹੈ, ਉਸ ਤੋਂ ਛੋਟਾ ਪੁੱਤਰ ਸਤਪਾਲ ਮਸੀਹ ਭੱਠੇ 'ਤੇ ਮਜ਼ਦੂਰੀ ਕਰਦਾ ਹੈ ਅਤੇ ਸਭ ਤੋਂ ਛੋਟਾ ਪੁੱਤਰ ਗੁਜਰਾਤ ਗਿਆ ਹੈ ਕੰਮ ਕਰਨ ਲਈ। ਮੇਰੀ ਇਕ ਲੜਕੀ ਵੀ ਹੈ ਜੋ ਵਿਆਹੀ ਹੋਈ ਹੈ।

ਬਜ਼ੁਰਗ ਬਾਪੂ ਨੇ ਦੱਸਿਆ ਕਿ ਮੇਰੀ ਪਤਨੀ ਪੰਜ ਸਾਲ ਪਹਿਲਾਂ ਸਵਰਗਵਾਸ ਹੋ ਗਈ ਸੀ। ਮੈਨੂੰ ਮੇਰੇ ਤਿੰਨੇ ਪੁੱਤਰ ਰੋਟੀ ਖਾਣ ਨੂੰ ਨਹੀਂ ਦਿੰਦੇ। ਮੈਨੂੰ ਕੋਈ ਵੀ ਪੁੱਤਰ ਕੋਈ ਪੈਸਾ ਨਾ ਹੀ ਕੱਪੜੇ ਤੇ ਨਾ ਕੋਈ ਦਵਾਈ ਦਿੰਦੇ ਹਨ। ਜਿਸ ਲਈ ਮੈਂ ਇਥੇ ਆ ਗਿਆ ਹਾਂ। ਇਹ ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਪ੍ਰਬੰਧਕਾਂ ਨੇ ਬਜ਼ੁਰਗ ਬਾਪੂ ਪ੍ਰਕਾਸ਼ ਮਸੀਹ ਨੂੰ ਆਸ਼ਰਮ ਵਿਚ ਰਹਿਣ ਦੀ ਆਗਿਆ ਦਿੱਤੀ। ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਹੋਰ ਸਮੂਹ ਸਟਾਫ ਸਵਿਤਾ, ਆਰਤੀ, ਕੁਲਵਿੰਦਰ ਕੌਰ, ਸੁਖਵਿੰਦਰ ਕੌਰ, ਅੰਜੂ ਬਾਲਾ, ਅਨਿਲ ਅਤੇ ਤਰਸੇਮ ਲਾਲ ਆਦਿ ਵੀ ਮੌਜੂਦ ਸਨ।

# ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਫਿਲੌਰ, ( ਨਿਰਮਲ )** ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐਮ ਓ ) ਵਲੋਂ ਖੁਦਕੁਸ਼ੀ ਲਈ ਮਜਬੂਰ ਹੋਈ ਅਸਿਸਟੈਂਟ ਪ੍ਰੋਫੈਸਰ ਬਲਵਿੰਦਰ ਕੌਰ ਨੂੰ ਇਨਸਾਫ ਦਿਵਾਉਣ ਤੇ ਉਸ ਦੀ ਮੌਤ ਲਈ ਜਿੰਮੇਵਾਰ ਸਿੱਖਿਆ ਮੰਤਰੀ 'ਤੇ ਬਣਦੀ ਕਾਰਵਾਈ ਕਰਾਉਣ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਦੀ ਅਰਥੀ ਸਾੜ ਕੇ ਪ੍ਰਦਰਸ਼ਨ ਕੀਤਾ ਗਿਆ। ਇਸ ਸਮੇਂ ਜਰਨੈਲ ਫਿਲੌਰ, ਕੁਲਦੀਪ ਫਿਲੌਰ,ਗੁਰਦੀਪ ਗੋਗੀ,ਕੁਲਦੀ ਕੌੜਾ ਆਦਿ ਆਗੂਆਂ ਨੇ ਕਿਹਾ ਬਲਵਿੰਦਰ ਕੌਰ ਦੇ ਖੁਦਕੁਸ਼ੀ ਨੋਟ ਅਨੁਸਾਰ ਪਰਚੇ ਵਿੱਚ ਸਿੱਖਿਆ ਮੰਤਰੀ ਦਾ ਨਾਮਜਦ ਕੀਤਾ ਜਾਵੇ ਤੇ ਬਣਦੀ ਕਾਰਵਾਈ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਪੁਲਿਸ ਸਿੱਖਿਆ ਮੰਤਰੀ 'ਤੇ ਕਾਰਵਾਈ ਕਰਨ ਦੀ ਬਜਾਏ, ਬਲਵਿੰਦਰ ਕੌਰ ਦੇ ਪਤੀ ਅਤੇ ਸਹੁਰੇ 'ਤੇ ਹੀ ਕਾਰਵਾਈ ਕਰ ਰਹੀ ਹੈ। ਇਸ ਸਮੇਂ ਆਗੂਆਂ ਨੇ ਦੋਸ਼ ਲਗਾਇਆ ਕਿ ਰੋਪੜ ਦਾ ਪ੍ਰਸ਼ਾਸ਼ਨ ਬਿਨਾਂ ਪਰਵਾਰ ਦੀ ਸਹਿਮਤੀ ਤੋਂ ਪੋਸਟਮਾਰਟਮ ਕਰਕੇ ਸਸਕਾਰ ਕਰਨ ਦੀ ਤਿਆਰੀ ਕਰ ਰਿਹਾ ਹੈ ਤੇ ਉਸ ਦੇ ਇਨਸਾਫ ਲਈ ਸਿੱਖਿਆ ਮੰਤਰੀ ਦੇ ਪਿੰਡ ਤੇ ਗੰਭੀਰਪੁਰ ਤੇ ਰੋਪੜ ਵਿਖੇ ਅੰਦੋਲਨਕਾਰੀਆਂ ਨਾਲ ਧੱਕਾ ਕੀਤਾ ਜਾ ਰਿਹਾ ਹੈ। ਇਸ ਸਮੇਂ ਸਿਵਲ ਹਸਪਤਾਲ ਬਚਾਓ ਸੰਘਰਸ਼ ਕਮੇਟੀ ਤਹਿਸੀਲ ਫਿਲੌਰ ਦੇ ਆਗੂ ਪ੍ਰਸ਼ੋਤਮ ਫਿਲੌਰ, ਮਾ. ਹੰਸ ਰਾਜ, ਜਸਵੰਤ ਬੋਧ, ਰਾਮਲੁਭਾਇਆ ਭੈਣੀ, ਪਸਸਫ ਦੇ ਆਗੂ ਸਤਵਿੰਦਰ ਸਿੰਘ, ਕੁਲਦੀਪ ਕੌੜਾ, ਬਖ਼ਸ਼ੀ ਰਾਮ, ਸੀਤਲ ਬੰਗਾ, ਔਰਤ ਮੁਕਤੀ ਮੋਰਚਾ ਦੇ ਸੁਨੀਤਾ ਫਿਲੌਰ, ਹੰਸ ਕੌਰ, ਕਮਲਜੀਤ ਕੌਰ, ਕਮਲਾ ਦੇਵੀ, ਜਮਹੂਰੀ ਕਿਸਾਨ ਸਭਾ ਦੇ ਆਗੂ ਤਜਿੰਦਰ ਧਾਲੀਵਾਲ ਤੋਂ ਇਲਾਵਾ ਗੋਬਿੰਦ ਰਾਮ,ਰਾਮ ਕਿਸ਼ਨ ਤਹਿੰਗ, ਨਿਰਮਲ ਸਿੰਘ ਤਹਿੰਗ, ਗੁਰਬਚਨ ਰਾਮ, ਮਨਜੀਤ ਸੂਰਜਾ, ਰਜਿੰਦਰ ਠੇਕੇਦਾਰ, ਰਾਹੁਲ ਕੋਰੀ, ਹਰਮੇਸ਼ ਰਾਹੀ, ਮੇਜਰ ਫਿਲੌਰ, ਠੇਕੇਦਾਰ ਹੰਸ ਰਾਜ ਆਦਿ ਹਾਜਰ ਸਨ।

# ਸਬਜੀ ਮੰਡੀ 'ਚ ਦੁਕਾਨਾਂ ਦੀ ਅਲਾਟਮੈਂਟ ਲਈ ਬਰਸਟ ਵੱਲੋਂ ਆੜ੍ਹਤੀਆਂ ਨਾਲ ਮੀਟਿੰਗ



**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਮੰਡੀ ਬੋਰਡ ਮੁੱਖ ਦਫਤਰ ਮੋਹਾਲੀ ਵਿਖੇ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਦੀ ਪ੍ਰਧਾਨਗੀ ਹੇਠ ਮੋਹਾਲੀ ਮੰਡੀ ਨੂੰ ਵਿਕਸਤ ਕਰਨ ਸਬੰਧੀ ਮਾਰਕੀਟ ਕਮੇਟੀ ਮੋਹਾਲੀ ਦੇ ਆੜ੍ਹਤੀਆਂ ਨਾਲ ਮੀਟਿੰਗ ਹੋਈ ਤੇ ਮੰਡੀ ਵਿੱਚ ਖਾਲੀ ਪਈਆਂ ਦੁਕਾਨਾਂ ਦੀ ਅਲਾਟਮੈਂਟ ਕਰਨ ਬਾਰੇ ਗੱਲਬਾਤ ਕੀਤੀ ਗਈ। ਉਨ੍ਹਾਂ ਕਿਹਾ ਪਿਛਲੀਆਂ ਸਰਕਾਰਾਂ ਨੇ ਮੋਹਾਲੀ ਮੰਡੀ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਇਹ 50 ਕਰੋੜ ਦੀ ਲਾਗਤ ਨਾਲ ਬਣੀ ਸੀ ਤੇ ਇਸ ਨੂੰ ਹੁਣ ਮੁੜ ਚਾਲੂ ਕੀਤਾ ਜਾਏਗਾ ਤਾਂ ਜੋ ਮੰਡੀ ਬੋਰਡ ਨੂੰ ਚੰਗੀ ਆਮਦਨ ਹੋ ਸਕੇ। ਇਸ ਤੋਂ ਇਲਾਵਾ ਇਨਡੋਰ ਖੇਡਾਂ ਦਾ ਵੀ ਪ੍ਰਬੰਧ ਕੀਤਾ ਜਾਏਗਾ ਅਤੇ ਖਾਲੀ ਪਈਆਂ ਅਸਾਮੀਆਂ ਨੂੰ ਵੀ ਜਲਦ ਹੀ ਭਰਿਆ ਜਾਵੇਗਾ ਤਾਂ ਜੋ ਮੰਡੀ ਬੋਰਡ ਹੋਰ ਬਿਹਤਰ ਢੰਗ ਨਾਲ ਕੰਮ ਕਰੇ।

ਇਸ ਮੌਕੇ ਮਨਜੀਤ ਸਿੰਘ ਸੰਧੂ ਜੀ.ਐਮ. ਅਸਟੇਟ, ਸਵਰਣ ਸਿੰਘ ਡੀ.ਜੀ.ਐਮ. ਪ੍ਰੋਜੈਕਟ, ਗਗਨਦੀਪ ਸਿੰਘ ਡੀ.ਐਮ.ਓ. ਮੋਹਾਲੀ, ਗੋਰਵਜੀਤ ਸਿੰਘ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਮੋਹਾਲੀ ਅਤੇ ਹੋਰ ਵੀ ਕਈ ਆੜ੍ਹਤੀ ਹਾਜਰ ਰਹੇ।

# ਸਰਕਾਰੀ ਹਾਈ ਸਕੂਲ ਮਿਆਣੀ 'ਚ ਬਰਾਂਡੇ ਦੀ ਸੇਵਾ ਸ਼ੁਰੂ





**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ )**- ਸਕੂਲ ਦੀ ਤਰੱਕੀ ਲਈ ਜਿੱਥੇ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਯਤਨਸ਼ੀਲ ਹੈ, ਉੱਥੇ ਮਿਹਨਤੀ ਸਕੂਲ ਮੁਖੀ, ਸਮੂਹ ਸਟਾਫ , ਪਿੰਡ ਮਿਆਣੀ ਦੇ ਵਿਦੇਸ਼ਾਂ ਦੀ ਧਰਤੀ ਤੇ ਰਹਿ ਰਹੇ ਐਨ .ਆਰ.ਆਈ ਵੀਰਾਂ, ਪਰਮਜੀਤ ਸਿੰਘ ਬਿੱਲਾ ਸਪੁੱਤਰ ਜਸਵੰਤ ਸਿੰਘ ਦੇ ਸਹਿਯੋਗੀ ਸਾਥੀਆਂ ਵੱਲੋਂ ਰਲ ਮਿਲ ਕੇ ਸਰਕਾਰੀ ਹਾਈ ਸਕੂਲ ਮਿਆਣੀ ਵਿਚ ਬਰਾਂਡੇ ਦੀ ਸੇਵਾ ਸ਼ੁਰੂ ਕੀਤੀ ਗਈ। ਸਕੂਲ ਮੁਖੀ ਨੇ ਦੱਸਿਆ ਕਿ ਸਕੂਲ ਵਿੱਚ ਬਰਾਂਡੇ ਦੀ ਬਹੁਤ ਹੀ ਜਿਆਦਾ ਲੋੜ ਸੀ ਕਿਉਂਕਿ ਬਹੁਤ ਜਿਆਦਾ ਬਾਰਿਸ਼ ਅਤੇ ਗਰਮੀ ਦੇ ਦੌਰਾਨ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਸਾਹਮਣਾ ਸਕੂਲ ਬੱਚਿਆਂ ਅਤੇ ਸਟਾਫ ਨੂੰ ਕਰਨਾ ਪੈਂਦਾ ਸੀ। ਸਮੂਹ ਸਟਾਫ ਵੱਲੋਂ ਵੀ ਇਸੇ ਬਰਾਂਡੇ ਦੇ ਕੰਮ ਵਿੱਚ 50,000 ਦਾ ਹਿੱਸਾ ਪਾਇਆ ਗਿਆ। ਇਸੇ ਕੰਮ ਦੌਰਾਨ ਪ੍ਰਵਾਸੀ ਭਾਰਤੀ ਇਕਬਾਲ ਸਿੰਘ ਮਿਆਣੀ ਨੇ ਬਰਾਂਡੇ ਦੇ ਚੱਲ ਰਹੇ ਕੰਮ 'ਤੇ ਸੰਤੁਸਟੀ ਪ੍ਰਗਟਾਈ। ਬਲਵਿੰਦਰ ਸਿੰਘ ਕੰਪਿਊਟਰ ਫੈਕਲਟੀ ਨੇ ਦੱਸਿਆ ਕਿ ਇਹ ਸਾਰਾ ਕੰਮ ਮਨਜੀਤ ਸਿੰਘ ਬਾਂਟੂ ਸਾਬਕਾ ਮੈਂਬਰ ਪੰਚਾਇਤ ਪਿੰਡ ਮਿਆਣੀ ਅਤੇ ਸੀਸਨ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤਾ ਜਾ ਰਿਹਾ ਹੈ। ਸਕੂਲ ਮੁਖੀ ਮੈਡਮ ਸ੍ਰੀਮਤੀ ਪਰਮਿੰਦਰ ਕੌਰ ਵਲੋਂ ਇਕਬਾਲ ਸਿੰਘ ,ਮਨਜੀਤ ਸਿੰਘ ਤੇ ਸੀਸਨ ਸਿੰਘ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਅਤੇ ਸਮੂਹ ਐਨ.ਆਰ.ਵੀਰਾਂ ਕੁਲਵੰਤ ਸਿੰਘ ਰੂਬੀ ਕੈਨੇਡਾ, ਸਤਵਿੰਦਰ ਸਿੰਘ ਸੋਨੀ ਪਿੰਡ ਕੈਰੋਂ, ਅੰਤਰ ਸਿੰਘ ਨੰਗਲੀਆ , ਦੇਸ ਰਾਜ ਬਿੰਦੂ, ਗੋਲਾ , ਅਮਰੀਕ ਸਿੰਘ ਭਟਨੂਰਾ, ਲਖਵਿੰਦਰ ਸਿੰਘ ਘੋਤੜਾ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਮੈਡਮ ਕਮਲਜੀਤ ਕੌਰ, ਸੀਤਲ ਕੌਰ, ਪਰਮਜੀਤ ਕੌਰ, ਰਜਿੰਦਰ ਕੌਰ, ਪਲਵਿੰਦਰ ਕੌਰ, ਸਾਲੂ, ਕਮਲੇਸ਼ ਕੌਰ, ਮਾਸਟਰ ਹਰੀਸ਼ ਕੁਮਾਰ, ਗੁਰਸੇਵਕ ਸਿੰਘ, ਪਰਵਿੰਦਰ ਸਿੰਘ, ਗੁਰਮੀਤ ਸਿੰਘ, ਗੁਰਦੀਪ ਸਿੰਘ ਅਤੇ ਬਿਮਲਾ ਹਾਜਰ ਸਨ।

# ਦੇਸ਼ ਭਗਤਾਂ ਦੇ ਸੰਜੋਏ ਸੁਪਨਿਆਂ ਨੂੰ ਅੱਗੇ ਵਧਾ ਰਹੇ ਪ੍ਰਧਾਨ ਮੰਤਰੀ : ਮਨੋਹਰ ਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸਾਲ 2022 ਤੋਂ 2047 ਤੱਕ ਦੇਸ਼ ਵਿਚ ਆਜਾਦੀ ਦਾ ਅੰਮ੍ਰਿਤ ਕਾਲ ਚਲਾਇਆ ਜਾ ਰਿਹਾ ਹੈ ਜਿਸ ਦਾ ਉਦੇਸ਼ ਨੌਜੁਆਨਾਂ ਵਿਚ ਦੇਸ਼ ਭਗਤੀ ਦੀ ਭਾਵਨਾ ਜਾਗ੍ਰਿਤ ਕਰਨਾ ਹੈ। ਇਸ ਅੰਮ੍ਰਿਤ ਕਾਲ ਵਿਚ ਦੇਸ਼ ਦੀ ਆਜਾਦੀ ਦੇ ਲੱਖਾਂ ਵੀਰ ਬਲਿਦਾਨੀਆਂ ਨੂੰ ਯਾਦ ਕੀਤਾ ਜਾ ਰਿਹਾ ਹੈ। ਆਜਾਦੀ ਦੇ ਬਾਅਦ ਜੋ ਸੁਪਨਾ ਦੇਸ਼ ਬਨਾਉਣ ਦਾ ਉਨ੍ਹਾਂ ਨੇ ਦੇਖਿਆ ਸੀ ਉਸ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਗੇ ਵਧਾ ਰਹੇ ਹਨ। ਹਰ ਘਰ ਤਿਰੰਗਾ ਦੇ ਬਾਅਦ ਹੁਣ ਮੇਰੀ ਮਾਟੀ-ਮੇਰਾ ਦੇਸ਼ ਪ੍ਰੋਗ੍ਰਾਮ ਰਾਹੀਂ ਨੌਜੁਆਨਾਂ ਵਿਚ ਦੇਸ਼ ਭਗਤੀ ਦੀ ਭਾਵਨਾ ਜਾਗ੍ਰਿਤ ਕੀਤੀ ਜਾ ਰਹੀ ਹੈ। ਮੰਤਰੀ ਮਨੋਹਰ ਲਾਲ ਰੋਹਤਕ ਵਿਚ ਪ੍ਰਬੰਧਿਤ ਰਾਜ ਪੱਧਰੀ ਮੇਰੀ ਮਾਟੀ ਮੇਰਾ ਦੇਸ਼ ਪ੍ਰੋਗ੍ਰਾਮ ਵਿਚ ਮੌਜੂਦ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ 'ਤੇ ਉਨ੍ਹਾਂ ਨੇ ਮੌਜੂਦ ਜਨਸਮੂਹ ਨੂੰ ਪੰਜ ਪ੍ਰਣ ਦੀ ਸੁੰਹ ਦਿਵਾਈ ਜੋ ਦ੍ਰਿੜਤਾ ਨਾਲ ਸਾਡੇ ਸਾਰਿਆਂ ਦੇ ਜੀਵਨ ਦਾ ਹਿੱਸਾ ਬਣੇਗੀ। ਉਨ੍ਹਾਂ ਨੇ ਕਿਹਾ ਕਿ ਇੱਥੇ ਪੂਰੇ ਸੂਬੇ ਦੇ ਕੋਨੇ-ਕੋਨੇ ਤੋਂ 242 ਕਲਸ਼ਾਂ ਵਿਚ ਹਰਿਆਣਾ ਦੀ ਪਵਿੱਤਰ ਮਿੱਟੀ ਨੂੰ ਸਵੈ ਸੇਵਕਾਂ ਵੱਲੋਂ ਲਿਆਂਦਾ ਗਿਆ ਹੈ ਜਿਸ ਨੂੰ 29 ਅਕਤੂਬਰ ਨੂੰ ਦਿੱਲੀ ਲੈ ਕੇ ਜਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਅੱਜ ਭਾਰਤ ਵਿਸ਼ਵ ਦੀ ਪੰਜਵੀਂ ਸੱਭ ਤੋਂ ਵੱਡੀ ਆਰਥਕ ਸ਼ਕਤੀ ਬਣ ਕੇ ਉਭਰਿਆ ਹੈ। ਇਸ ਮੌਕੇ 'ਤੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਡਾ. ਕਮਲ ਗੁਪਤਾ ਨੇ ਕਿਹਾ ਕਿ ਸਾਡੇ ਦੇਸ਼ ਦੀ ਮਿੱਟੀ ਸਵਰਗ ਤੋਂ ਵੀ ਮਹਾਨ ਹੈ। ਸਵਾਮੀ ਵਿਵੇਕਾਨੰਦ ਦਾ ਮਿੱਟੀ ਦੇ ਪ੍ਰਤੀ ਪ੍ਰੇਮ ਤੇ ਲਗਾਵ ਅਜਿਹਾ ਸੀ ਕਿ ਉਨ੍ਹਾਂ ਨੇ ਵਿਦੇਸ਼ ਤੋਂ ਪਰਤਦੇ ਹੀ ਮਿੱਟੀ ਨੂੰ ਗਲੇ ਲਗਾਇਆ।

ਵਿਕਾਸ ਅਤੇ ਪੰਚਾਇਤ ਮੰਤਰੀ ਦੇਵੇਂਦਰ ਬਬਲੀ ਨੇ ਕਿਹਾ ਕਿ ਸਾਡੇ ਖਿਡਾਰੀ ਅਤੇ ਪਹਿਲਵਾਨਾਂ ਨੇ ਦੇਸ਼ ਦਾ ਨਾਂਅ ਪੂਰੇ ਵਿਸ਼ਵ ਵਿਚ ਰੋਸ਼ਨ ਕੀਤਾ ਹੈ। ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਤੇ ਸੂਚਨਾ, ਜਨ ਸੰਪਰਕ ਤੇ ਭਾਸ਼ਾ ਵਿਭਾਗ ਦੇ ਮਹਾਨਿਦੇਸ਼ਕ ਡਾ. ਅਮਿਤ ਅਗਰਵਾਲ ਨੇ ਮੁੱਖ ਮੰਤਰੀ ਮਨੋਹਰ ਲਾਲ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਪੂਰੇ ਦੇਸ਼ ਵਿਚ ਇਹ ਪ੍ਰੋਗ੍ਰਾਮ ਜੋਸ਼ ਦੇ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ 'ਤੇ ਸਾਂਸਦ ਅਰਵਿੰਦ ਸ਼ਰਮਾ, ਰਾਜ ਸਭਾ ਮੈਂਬਰ ਰਾਮਚੰਦਰ ਜਾਂਗੜਾ, ਸਾਬਕਾ ਮੰਤਰੀ ਮਨੀਸ਼ ਗਰੋਵਰ ਤੇ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

# ਐੱਲ ਪੀ ਯੂ ਤੇ ਨੈਸ਼ਨਲ ਐਸੋਸੀਏਸ਼ਨ ਆਫ ਜਿਓਗ੍ਰਾਫਰਜ਼ ਵੱਲੋਂ ਭੂਗੋਲਿਕ ਮੁੱਦਿਆਂ 'ਤੇ ਅੰਤਰਰਾਸ਼ਟਰੀ ਕਾਨਫਰੰਸ



**ਜਲੰਧਰ (ਸ਼ੈਲੀ ਐਲਬਰਟ)**: -ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੇ ਸਕੂਲ ਆਫ ਲਿਬਰਲ ਐਂਡ ਕ੍ਰਿਏਟਿਵ ਆਰਟਸ ਦੇ ਭੂਗੋਲ ਵਿਭਾਗ ਨੇ ਨੈਸ਼ਨਲ ਐਸੋਸੀਏਸ਼ਨ ਆਫ ਜੀਓਗ੍ਰਾਫਰਜ ਆਫ ਇੰਡੀਆ (ਐਨ.ਏ.ਜੀ.ਆਈ.) ਦੇ ਸਹਿਯੋਗ ਨਾਲ ਇਕ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ। ਦੋ-ਰੋਜ਼ਾ ਕਾਨਫਰੰਸ ਦੇ ਇਸ 7ਵੇਂ ਸੰਸਕਰਨ ਦਾ ਉਦੇਸ਼ "ਸਾਫ ਪਾਣੀ, ਚੰਗੀ ਸਿਹਤ ਅਤੇ ਸਸਟੇਨੇਬਲ ਸਿਟੀਜ ਐਂਡ ਕਮਿਊਨਿਟੀਜ" ਸੀ। ਦੁਨੀਆ ਭਰ ਅਤੇ ਦੇਸ ਦੇ 25 ਉੱਘੇ ਬੁਲਾਰਿਆਂ ਨੇ ਵੱਖ-ਵੱਖ ਸੈਸ਼ਨਾਂ ਵਿੱਚ ਭਾਗ ਲਿਆ। ਕਾਨਫਰੰਸ ਦਾ ਮੰਤਵ ਧਰਤੀ ਦੇ ਮੁੱਦਿਆਂ ਅਤੇ ਚੁਣੌਤੀਆਂ ਨੂੰ ਸੰਬੋਧਿਤ ਕਰਨਾ ਸੀ, ਅਤੇ "ਵਸੁਧੈਵ ਕੁਟੁੰਬਕਮ" ਦੀ ਧਾਰਨਾ ਦੀ ਵਰਤੋਂ ਕਰਨ ਲਈ ਮਨੁੱਖਜਾਤੀ ਨੂੰ ਸੰਭਾਵਿਤ ਹੱਲ ਤੱਕ ਪਹੁੰਚਣ ਵਿੱਚ ਮਦਦ ਕਰਨਾ ਸੀ।

ਕਾਨਫਰੰਸ ਦੀ ਪ੍ਰਧਾਨਗੀ ਕਰਦੇ ਹੋਏ, ਐਲਪੀਯੂ ਦੀ ਪ੍ਰੋ ਚਾਂਸਲਰ ਸ੍ਰੀਮਤੀ ਰਸਮੀ ਮਿੱਤਲ ਨੇ ਆਯੋਜਕਾਂ ਅਤੇ ਭਾਗੀਦਾਰਾਂ ਨੂੰ ਇਸ ਧਰਤੀ ਨੂੰ ਟਿਕਾਊ ਬਣਾਉਣ ਲਈ ਵਿਸ਼ਵ ਭਰ ਦੇ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਮਿਲ ਕੇ ਕੰਮ ਕਰਨ ਲਈ ਵਧਾਈ ਦਿੱਤੀ। ਸ੍ਰੀਮਤੀ ਮਿੱਤਲ ਨੇ ਕਿਹਾ ਕਿ "ਇਹ ਤਾਂ ਹੀ ਸੰਭਵ ਹੈ ਜਦੋਂ ਵਿਕਸਤ ਅਤੇ ਵਿਕਾਸਸ਼ੀਲ ਅਰਥਚਾਰਿਆਂ ਦੇ ਸਾਰੇ ਹਿੱਸੇਦਾਰਾਂ ਨਾਲ ਉਚਿਤ ਤੌਰ 'ਤੇ ਸਲਾਹ ਕੀਤੀ ਜਾਂਦੀ ਹੈ।"

ਨੈਸ਼ਨਲ ਐਸੋਸੀਏਸ਼ਨ ਦੀ ਪ੍ਰਧਾਨ, ਪ੍ਰੋ. ਬੀ. ਹੇਮਾ ਮਾਲਿਨੀ ਨੇ ਦੱਸਿਆ ਕਿ ਇਸ ਕਾਨਫਰੰਸ ਦੇ ਨਾਲ, ਐਲਪੀਯੂ ਨੇ ਭੂਗੋਲਿਕ ਸੰਵਾਦ, ਸਹਿਯੋਗੀ ਪ੍ਰੋਗਰਾਮਾਂ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਲਈ ਇੱਕ ਬੇਹਤਰੀਨ ਪਲੇਟਫਾਰਮ ਪੇਸ਼ ਕੀਤਾ ਹੈ। ਇਹ ਖੋਜਕਰਤਾਵਾਂ ਨੂੰ ਜਲਵਾਯੂ ਪਰਿਵਰਤਨ, ਜਲ ਸਰੋਤ, ਭੋਜਨ ਸੁਰੱਖਿਆ, ਟਿਕਾਊਤਾ, ਸਿਹਤ, ਸੱਭਿਆਚਾਰ ਅਤੇ ਮਨੁੱਖੀ ਵਿਕਾਸ ਲਈ ਸਭਿਅਤਾ, ਆਫਤ ਪ੍ਰਬੰਧਨ, ਗਲੋਬਲ ਬਦਲਾਅ ਅਤੇ ਧਰਤੀ ਪ੍ਰਣਾਲੀ ਦੇ ਸੰਦਰਭ ਵਿੱਚ ਵਿਸਲੇਸਣ ਨਾਲ ਸਬੰਧਤ ਖੇਤਰਾਂ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਦਾ ਹੈ।

ਮੁੱਖ ਬੁਲਾਰੇ, ਪ੍ਰਧਾਨ ਸਾਊਦੀ ਜਿਓਗਰਾਫੀਕਲ ਸੁਸਾਇਟੀ, ਕਿੰਗ ਸਾਊਦ ਯੂਨੀਵਰਸਿਟੀ, ਰਿਆਦ ਸਾਊਦੀ ਅਰਬ; ਡਾ ਅਲੀ ਅਲਡੋਸਾਰੀ ਨੇ ਸਾਂਝਾ ਕੀਤਾ ਕਿ ਸ਼ਹਿਰੀ ਖੇਤੀਬਾੜੀ ਟਿਕਾਊ ਵਿਕਾਸ ਲਈ ਜਰੂਰੀ ਹੈ ਜਿਵੇਂ ਕਿ ਭੋਜਨ ਸੁਰੱਖਿਆ ਦਾ ਸਬੰਧ ਹੈ। ਇਹ ਭੋਜਨ ਸੁਰੱਖਿਆ ਦੇ ਮੁੱਦਿਆਂ ਵਿੱਚ ਵਿਆਪਕ ਤਬਦੀਲੀ ਅਤੇ ਸ਼ਹਿਰੀਕਰਨ ਦੇ ਕਾਰਨਾਂ ਕਾਰਨ ਜਮੀਨ ਦੀ ਵਰਤੋਂ, ਖੇਤਰ ਵਿੱਚ ਖੇਤੀਬਾੜੀ ਜਮੀਨ ਨੂੰ ਵੱਡੇ ਪੱਧਰ 'ਤੇ ਨੁਕਸਾਨ ਲਈ ਮਦਦਗਾਰ ਹੋ ਸਕਦਾ ਹੈ।

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਵਾਲੀਬਾਲ ਟੂਰਨਾਮੈਂਟ ਦਾ ਧੂਮਧਾਮ ਨਾਲ ਆਗਾਜ਼



**ਕਪੂਰਥਲਾ, ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ 19ਵਾਂ ਅੰਡਰ- 19 ਕਲਸਟਰ ਵਾਲੀਵਾਲ ਟੂਰਨਾਮੈਂਟ ਦਾ ਆਯੋਜਨ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਬੜੀ ਧੂਮਧਾਮ ਨਾਲ ਕੀਤਾ ਗਿਆ । ਇਸ ਦੌਰਾਨ ਨਾਇਬ ਤਹਿਸੀਲਦਾਰ ਕਪੂਰਥਲਾ ਕੁਲਵਿੰਦਰ ਸਿੰਘ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ । ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਜੰਮੂ, ਟਾਂਡਾ, ਗੁਰਦਾਸਪੁਰ, ਰਈਆ, ਫਗਵਾੜਾ, ਅੰਮ੍ਰਿਤਸਰ, ਹੁਸ਼ਿਆਰਪੁਰ, ਫਤਿਹਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਲੁਧਿਆਣਾ, ਨਵਾਂਸ਼ਹਿਰ ਅਤੇ ਪਠਾਨਕੋਟ ਦੀਆਂ ਟੀਮਾਂ ਬੜੇ ਉਤਸ਼ਾਹ ਨਾਲ ਪਹੁੰਚੀਆਂ ।

ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਟੂਰਨਾਮੈਂਟ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਵੱਜੋਂ ਸ਼ਾਮਲ ਹੋਏ। ਟੀਮਾਂ ਦੇ ਮਾਰਚ ਪਾਸਟ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਝੰਡਾ ਲਹਿਰਾਉਣ ਉਪਰੰਤ, ਗੁਬਾਰਿਆਂ ਨੂੰ ਅਸਮਾਨ ਵੱਲ ਉਡਾ ਕੇ ਟੂਰਨਾਮੈਂਟ ਦਾ ਰਸਮੀ ਆਗਾਜ਼ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ।

# ਸੀ ਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ, ਮੈਨੇਜਮੈਂਟ ਤੇ ਟੈਕਨਾਲੋਜੀ ਨੇ ਫੈਸਟੀਵਲ ਦੀ ਕੀਤੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**:-ਸੀਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ, ਮੈਨੇਜਮੈਂਟ ਅਤੇ ਟੈਕਨਾਲੋਜੀ ਨੇ ਆਈਕੇਜੀ ਪੀਟੀਯੂ ਯੂਥ ਫੈਸਟੀਵਲ ਨੌਰਥ ਜੋਨ ਦੀ ਮੇਜਬਾਨੀ ਕੀਤੀ। ਇਸ ਵਾਰ ਦਾ ਥੀਮ 'ਰੰਗਲਾ ਪੰਜਾਬ' ਰਿਹਾ। ਇਸ ਸੱਭਿਆਚਾਰ ਅਤੇ ਰਚਨਾਤਮਕਤਾ ਦੇ ਜਸ਼ਨ ਵਿੱਚ 700 ਤੋਂ ਵੱਧ ਉਤਸ਼ਾਹੀ ਵਿਦਿਆਰਥੀਆਂ ਨੇ ਭਾਗ ਲਿਆ। ਗਿੱਧਾ, ਵਨ ਐਕਟ ਪਲੇ, ਕੁਇਜ, ਸਾਹਿਤਕ ਮੁਕਾਬਲ , ਸ਼ਬਦ ਗਾਇਨ , ਕਲਾਸੀਕਲ ਵੋਕਲ, ਕਲੇ ਮਾਡਲਿੰਗ ਅਤੇ ਹੋਰ ਵੱਖ-ਵੱਖ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਪ੍ਰਤਿਭਾ ਅਤੇ ਏਕਤਾ ਦੀ ਭਾਵਨਾ ਦਾ ਇੱਕ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਪੂਰਥਲਾ, ਗੁਰਦਾਸਪੁਰ ਅਤੇ ਅੰਮ੍ਰਿਤਸਰ ਦੇ ਨਾਲ ਨਾਲ ਉੱਤਰੀ ਜੋਨ ਦੇ 70 ਪ੍ਰਸਿੱਧ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸ਼ੁਰੂਆਤ ਇੱਕ ਪਰੰਪਰਾਗਤ ਸ਼ਮ੍ਹਾ ਰੋਸ਼ਨ ਕਰ ਕੇ ਕੀਤੀ ਗਈ। ਇਸ ਤੋਂ ਬਾਅਦ ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ ਆਪਣੇ ਸੰਬੋਧਨ ਵਿੱਚ ਨਸ਼ੇ ਦੇ ਖਿਲਾਫ ਇਕਜੁੱਟ ਹੋਣ ਲਈ ਸਹੁੰ ਚੁਕਾਈ।

ਇਸ ਮੌਕੇ ਮੌਜੂਦ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਨੌਜਵਾਨਾਂ ਦੀ ਹੌਂਸਲਾ ਅਫਜਾਈ ਕੀਤੀ ਅਤੇ ਕਿਹਾ ਨੌਜਵਾਨ ਦੇਸ਼ ਦਾ ਭਵਿੱਖ ਹਨ, ਅਜਿਹੇ ਸਮਾਗਮਾਂ ਰਾਹੀਂ ਉਹਨਾਂ ਦੀ ਕਲਾ ਨੂੰ ਨਿਖਾਰਨ ਦਾ ਮੌਕਾ ਮਿਲਦਾ ਹੈ। ਇਸ ਮੌਕੇ ਸੀਟੀ ਗਰੁੱਪ ਦੀ ਕੋ-ਚੇਅਰਪਰਸਨ ਪਰਮਿੰਦਰ ਕੌਰ; ਵਾਈਸ ਚੇਅਰਮੈਨ ਹਰਪ੍ਰੀਤ ਸਿੰਘ; ਕੋਰ ਟੀਮ ਮੈਂਬਰ ਤਨਿਕਾ ਚੰਨੀ; ਕੈਂਪਸ ਡਾਇਰੈਕਟਰ ਡਾ. ਜੀ.ਐਸ ਸਿੱਧੂ

ਖੋਜ ਅਤੇ ਯੋਜਨਾ ਦੇ ਨਿਰਦੇਸ਼ਕ ਡਾ. ਧਾਮੀ, ਸੀਟੀ ਯੂਨੀਵਰਸਿਟੀ ਦੇ ਵਿਦਿਆਰਥੀ ਭਲਾਈ ਦੇ ਡਿਪਟੀ ਡਾਇਰੈਕਟਰ ਦਵਿੰਦਰ ਸਿੰਘ ਅਤੇ ਸੀਟੀ ਗਰੁੱਪ ਦੇ ਵਿਦਿਆਰਥੀ ਭਲਾਈ ਦੇ ਡੀਨ ਡਾ. ਅਰਜਨ ਸਿੰਘ ਮੌਜੂਦ ਰਹੇ।

# ਫੈਂਸੀ ਡਰੈੱਸ ਤੇ ਕਵਿਤਾ ਮੁਕਾਬਲੇ ਕਰਵਾਏ



**ਕਰਤਾਰਪੁਰ (ਹਰਮੇਸ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਕਰਤਾਰਪੁਰ ਵਿਖੇ ਫੈਂਸੀ ਡਰੈਸ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਨਰਸਰੀ ਕਲਾਸ ਤੋਂ ਯੂ.ਕੇ.ਜੀ. ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਪਹਿਲੀ ਕਲਾਸ ਅਤੇ ਦੂਸਰੀ ਕਲਾਸ ਦੇ ਵਿਦਿਆਰਥੀਆਂ ਦੇ ਵਿਚਕਾਰ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿੱਚ ਦੂਸਰੀ ਕਲਾਸ ਦੇ ਵਿਦਿਆਰਥੀ ਅਰਾਧਨਾ ਤੇ ਰਾਜਪ੍ਰੀਤ ਨੇ ਪਹਿਲਾ ਸਥਾਨ, ਨਵਰੀਤ ਤੇ ਜੱਸਦੀਪ ਨੇ ਦੂਸਰਾ ਅਤੇ ਯੁਵਰਾਜ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਡਾ. ਚਰਨ ਸਿੰਘ,ਡਾ. ਪਿਆਰਾ ਸਿੰਘ, ਕਮੇਟੀ ਮੈਂਬਰ ਸਤਨਾਮ ਸਿੰਘ,ਪ੍ਰਿੰਸੀਪਲ ਕੰਵਲਜੀਤ ਕੌਰ ਅਤੇ ਸਕੂਲ ਸਟਾਫ ਨੇ ਵਧਾਈ ਦਿੱਤੀ। ਇਸ ਮੌਕੇ ਚੇਅਰਪਰਸਨ ਸੁਰਿੰਦਰ ਕੌਰ, ਪਲਵਿੰਦਰ ਕੌਰ,ਦਿਵਾਸ਼ੂ ਸੇਠ,ਪੂਜਾ,ਨੇਹਾ,ਰੁਪਿੰਦਰ ਕੌਰ,ਰਣਜੀਤ ਕੌਰ,ਸਰਬਜੀਤ ਕੌਰ,ਗੁਰਜੀਤ ਕੌਰ,ਮਮਤਾ ਸ਼ਰਮਾ,ਆਨੰਦੀ ਅਤੇ ਸਕੂਲ ਸਟਾਫ ਹਾਜਰ ਸੀ।

# ਸੈਂਟਰ ਪੁਰਹੀਰਾਂ ਓਵਰਆਲ ਟਰਾਫੀ ਜਿੱਤਣ 'ਚ ਸਫਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—

ਤਿੰਨ ਦਿਨਾ ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਸੰਤ ਬਾਬਾ ਈਸ਼ਰ ਦਾਸ ਮੈਮੋਰੀਅਲ ਕਲੱਬ ਕਾਹਰੀ ਵਿਖੇ ਸ਼ਾਨੋ -ਸ਼ੌਕਤ ਨਾਲ ਖ਼ਤਮ ਹੋ ਗਈਆਂ। ਇਹਨਾਂ ਖੇਡਾਂ ਵਿੱਚ ਸੱਤ ਸੈਂਟਰਾਂ ਦੇ 57 ਸਕੂਲਾਂ ਨੇ ਭਾਗ ਲਿਆ। ਇਹਨਾਂ ਖੇਡਾਂ ਵਿੱਚ ਕਲੱਸਟਰ ਪੁਰਹੀਰਾਂ ਨੇ ਓਵਰ ਆਲ ਟ੍ਰਾਫੀ 'ਤੇ ਲਗਾਤਾਰ ਚੌਥੀ ਵਾਰ ਆਪਣਾ ਕਬਜ਼ਾ ਬਰਕਰਾਰ ਰੱਖਿਆ। ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸੰਜੀਵ ਗੌਤਮ ਦੇ ਦਿਸ਼ਾ -ਨਿਰਦੇਸ਼ਾਂ ਅਨੁਸਾਰ ਹੋਈਆਂ ਖੇਡਾਂ ਵਿੱਚ

ਸੈਂਟਰ ਪੁਰਹੀਰਾਂ ਦੀਆਂ ਅਹਿਮ ਪ੍ਰਾਪਤੀਆਂ ਵਿੱਚ 100 ਮੀ. ਦੌੜ ਮੁਕਾਬਲਿਆਂ ਵਿੱਚ ਮੁੰਡੇ ਅਤੇ ਕੁੜੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ, 200 ਮੀ. ਦੌੜਾਂ ਦੇ ਮੁਕਾਬਲੇ ਵਿਚ ਕੁੜੀਆਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਮੁੰਡਿਆਂ ਨੇ ਦੂਜਾ,400 ਮੀਟਰ ਦੌੜਾਂ 'ਚ ਮੁੰਡਿਆਂ ਨੇ ਪਹਿਲਾ ਸਥਾਨ ,600 ਮੀਟਰ ਦੌੜਾਂ ਦੇ ਮੁਕਾਬਲਿਆਂ ਵਿੱਚ ਕੁੜੀਆਂ ਅਤੇ ਮੁੰਡਿਆਂ ਦੀਆਂ ਦੋਵੇ ਟੀਮਾਂ ਨੇ ਪਹਿਲਾਂ ਸਥਾਨ , 400 ਮੀਟਰ ਰਿਲੇਅ ਦੌੜ ਮੁਕਾਬਲੇ ਵਿੱਚ ਕੁੜੀਆਂ ਅਤੇ ਮੁੰਡਿਆਂ ਦੀਆਂ ਦੋਵੇਂ ਟੀਮਾਂ ਨੇ ਪਹਿਲਾ ਸਥਾਨ , ਲੰਬੀ ਛਾਲ ਮੁਕਾਬਲਿਆਂ ਵਿੱਚ ਮੁੰਡਿਆਂ ਦੀ ਟੀਮ ਨੇ ਪਹਿਲਾ ਸਥਾਨ, ਗੋਲਾ ਸੁੱਟਣ ਦੇ ਮੁਕਾਬਲੇ ਵਿੱਚ ਮੁੰਡੇ ਅਤੇ ਕੁੜੀਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ,ਕੁਸ਼ਤੀਆਂ 30 ਕਿਲੋਗ੍ਰਾਮ ਵਿੱਚ ਇਸੇ ਸੈਂਟਰ ਨੇ ਪਹਿਲਾ ਅਤੇ 28 ਕਿਲੋਗ੍ਰਾਮ ਵਿੱਚ ਦੂਸਰਾ ਸਥਾਨ , ਕੱਬਡੀ ਨੈਸ਼ਨਲ ਸਟਾਇਲ ਵਿੱਚ ਵੀ ਸੈਂਟਰ ਪੁਰਹੀਰਾਂ ਦੇ ਮੁੰਡੇ ਅਤੇ ਕੁੜੀਆਂ ਦੀਆਂ ਟੀਮਾਂ ਪਹਿਲਾ ਸਥਾਨ,ਪੰਜਾਬ ਸਟਾਇਲ ਕੱਬਡੀ ਦੇ ਮੁਕਾਬਲੇ ਵਿੱਚ ਮੁੰਡੇ ਪਹਿਲਾ ਸਥਾਨ, ਖੋ-ਖੋ ਮੁੰਡੇ ਅਤੇ ਕੁੜੀਆਂ ਪਹਿਲਾ ਸਥਾਨ , ਮਿੰਨੀ ਹੈਂਡਬਾਲ ਵਿਚ ਮੁੰਡੇ ਅਤੇ ਕੁੜੀਆਂ ਪਹਿਲਾ ਸਥਾਨ, ਸ਼ਤਰੰਜ ਮੁੰਡੇ ਅਤੇ ਕੁੜੀਆਂ ਪਹਿਲਾ ਸਥਾਨ, ਯੋਗਾ ਅਤੇ ਜਿਮਨਾਸਟਿਕ ਕੁੜੀਆਂ ਅਤੇ ਮੁੰਡੇ ਪਹਿਲਾ ਸਥਾਨ , ਕਰਾਟੇ ਦੇ ਵੱਖ ਵੱਖ ਕਿਲੋਗ੍ਰਾਮ ਭਾਰ ਵਿੱਚ 9 ਗੋਲਡ ਮੈਡਲ ਅਤੇ 3 ਸਿਲਵਰ ਮੈਡਲ ਜਿੱਤੇ। ਇਹਨਾਂ ਖੇਡਾਂ ਦੀਆਂ ਅਹਿਮ ਪ੍ਰਾਪਤੀਆਂ ਵਿੱਚ ਸੰਤ ਬਾਬਾ ਨਿਰੰਜਨ ਦਾਸ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਚਰਨਜੀਤ ਸਿੰਘ, ਬੀ.ਐਨ.ਓ. ਜਗਤਾਰ ਸਿੰਘ, ਸਤੀਸ਼ ਕੁਮਾਰ,ਬਲਾਕ ਨੋਡਲ ਖੇਡ ਅਫਸਰ ਸ੍ਰੀਮਤੀ ਸਿੰਮੀ ਬਾਲਾ , ਸੀ.ਐਚ.ਟੀ. ਸ੍ਰੀਮਤੀ ਸੰਗੀਤਾ , ਐਚ.ਟੀ. ਸੁੰਦਰ ਨਗਰ ਸ੍ਰੀਮਤੀ ਪ੍ਰਭਜੋਤ ਕੌਰ , ਐੱਚ.ਟੀ. ਢੋਲਣਵਾਲ ਸ੍ਰੀ ਕਮਲ ਛਾਬੜਾ, ਐੱਚ.ਟੀ. ਮਹਿਮੋਵਾਲ ਸ੍ਰੀ ਰਮਨ ਕੁਮਾਰ, ਐੱਚ.ਟੀ. ਰਹੀਮਪੁਰ ਸ੍ਰੀਮਤੀ ਸੁਰੇਖਾ ਭਾਰਗਵ, ਅਧਿਆਪਕ ਸਾਹਿਬਾਨ ਨਰੇਸ਼ ਕੁਮਾਰ, ਹਰਮਿੰਦਰ ਸਿੰਘ, ਰਣਜੀਤ ਲਾਲ, ਸੁਖਵਿੰਦਰ ਸਿੰਘ, ਦਵਿੰਦਰ ਪਾਲ ਕੌਰ, ਸ਼ਬਨਮ ਰਾਣੀ, ਸਤਵੰਤ ਕੌਰ, ਪੂਜਾ ,ਰਾਜਵੀਰ ਕੌਰ, ਅਮਨਦੀਪ ਸਿੰਘ,ਜਸਨਜੀਤ ਸਿੰਘ, ਰੇਨੂੰ,ਇੰਦੂ ਠਾਕੁਰ, ਵਿਪਿਨ ਕੁਮਾਰ, ਰਮਿੰਦਰ ਕੌਰ,ਗੀਤਾ ਰਾਣੀ, ਅਨੁਰਾਧਾ ਬਡਿਆਲ, ਪੂਜਾ ਸ਼ਰਮਾ, ਬਲਵਿੰਦਰ ਕਪੂਰ,ਜਗਜੀਤ ਸਿੰਘ ਮਨਜੀਤ ਕੌਰ ਦਾ ਬਹੁਤ ਯੋਗਦਾਨ ਰਿਹਾ।

# ਖਾਲਸਾ ਕਾਲਜ ਵਿਖੇ ਯੂਥ ਭਾਜਪਾ ਵਿੰਗ ਸਥਾਪਤ



**ਅਨੰਦਪੁਰ ਸਾਹਿਬ..(ਅਰਵਿੰਦਰ ਸਿੰਘ ਬਿੰਦੀ)**—ਐਡਵੋਕੇਟ ਅਮਨਪ੍ਰੀਤ ਸਿੰਘ ਕਾਬੜਵਾਲ ਪ੍ਰਧਾਨ ਜ਼ਿਲ੍ਹਾ ਯੂਥ ਭਾਜਪਾ ਦੀ ਅਗਵਾਈ ਹੇਠ ਸ਼੍ਰੀ ਅਨੰਦਪੁਰ ਸਾਹਿਬ ਵਿੱਖੇ ਇਕ ਵਿਸ਼ੇਸ਼ ਬੈਠਕ ਕੀਤੀ ਗਈ ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੀ ਮਜਬੂਤੀ ਲਈ ਨੌਜਵਾਨਾਂ ਦੀ ਇਕੱਤਰਤਾ ਕਰ ਖਾਲਸਾ ਕਾਲਜ ਸ਼੍ਰੀ ਅਨੰਦਪੁਰ ਸਾਹਿਬ ਵਿੱਖੇ ਨੌਜਵਾਨ ਵਿੰਗ ਸਥਾਪਿਤ ਕੀਤਾ ਗਿਆ। ਕਾਬੜਵਾਲ ਨੇ ਦੱਸਿਆ ਕਿ ਤਰਨਪ੍ਰੀਤ ਸਿੰਘ ਸਧਰ਼ਾਂ ਨੂੰ ਖਾਲਸਾ ਕਾਲਜ ਅਨੰਦਪੁਰ ਸਾਹਿਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਇਸਦੇ ਨਾਲ ਹੀ ਦਿਲਬਰ ਸਿੰਘ ਕਲਮਾਂ ਨੂੰ ਮੀਤ ਪ੍ਰਧਾਨ , ਆਯੂਸ਼ ਕੁਮਾਰ ਸ਼ਰਮਾ ਨੂੰ ਚੇਅਰਮੈਨ ਲਗਾਇਆ ਗਿਆ। ਸਧਰ਼ਾ ਨੇ ਕਿਹਾ ਕਿ ਉਹਨਾਂ ਨੂੰ ਜੋ ਜਿੰਮੇਵਾਰੀ ਸੌਂਪੀ ਗਈ ਹੈ ਉਹ ਉਸ ਨੂੰ ਤਨਦੇਹੀ ਨਾਲ ਨਿਭਾਉਣਗੇ ਤੇ ਨੌਜਵਾਨਾਂ 'ਚ ਜਾਗ੍ਰਤੀ ਪੈਦਾ ਕਰਨਗੇ । ਇਸ ਮੌਕੇ ਅਰਸ਼ਵੀਰ ਸਿੰਘ ਅਰਸ਼ੀ ਆਜਮਪੁਰਾ ਜ਼ਿਲ੍ਹਾ ਕਾਲਜ ਇੰਚਾਰਜ, ਨਰੇਸ਼ ਚੌਧਰੀ , ਤਲਵਿੰਦਰ ਸਿੰਘ ਧਨੋਆ, ਸੁਖਵਿੰਦਰ ਸਿੰਘ ਸੈਣੀ , ਅਨਮੋਲ ਜੋਸ਼ੀ, ਸਤਬੀਰ ਰਾਣਾ ਸਰਕਲ ਪ੍ਰਧਾਨ ਸ਼੍ਰੀ ਅਨੰਦਪੁਰ ਸਾਹਿਬ , ਬਲਜੀਤ ਚੌਧਰੀ , ਯਾਦਵਿੰਦਰ ਸਿੰਘ ਰਾਣਾ ,ਮੋਹਿਤ ਕੁਮਾਰ, ਵੀਰ ਸਿੰਘ ਕਲਮਾ ,ਜੱਸੀ ਸਰਪੰਚ ,ਅਰਸ਼ੀ ਮਟੋਰ ,ਕਰਮਜੋਤ ਕਲਮਾ ,ਸੋਨੀ ਕਲਮਾ ,ਸੁਖਬੀਰ ਸਿੰਘ ਗਿੱਲ, ਦੀਪਾ ਕਲਮਾ , ਬਾਊ ਸੈਣੀ ,ਲੱਖਾ ,ਦਵਿੰਦਰ ਝੱਜ ਨੰਬਰਦਾਰ ਤੇ ਬਹੁਤ ਵੱਡੀ ਗਿਣਤੀ 'ਚ ਹੋਰ ਨੌਜਵਾਨ ਹਾਜਰ ਸਨ।

# ਬੇਲਾ ਕਾਲਜ ਦੇ ਖਿਡਾਰੀ ਨੇ ਚਾਂਦੀ ਦੇ ਤਮਗੇ ਜਿੱਤੇ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ ਖਿਡਾਰੀ ਗੁਰਦੀਪ ਸਿੰਘ ਨੇ ਐਥਲੈਟਿਕਸ ਚੈਂਪੀਅਨਸ਼ਿਪ ਦੇ ਈਵੈਂਟ ਹੈਮਰ ਥ੍ਰੋ ਵਿੱਚ ਚਾਂਦੀ ਦੇ ਦੋ ਤਗਮੇ ਪ੍ਰਾਪਤ ਕੀਤੇ । ਕਾਲਜ ਦੀ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਕਾਲਜ ਦੇ ਖਿਡਾਰੀ ਗੁਰਦੀਪ ਸਿੰਘ ਨੇ 34 ਵੇਂ ਨਾਰਥ ਜ਼ੋਨ ਜੂਨੀਅਰ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਹਾਸਿਲ ਕੀਤਾ ਜੋ ਖੇਡਾਂ ਜੰਮੂ ਵਿਖੇ ਕਰਵਾਈਆਂ ਗਈਆਂ ਸਨ। ਇਸ ਤੋਂ ਇਲਾਵਾ 98 ਵੇਂ ਜੂਨੀਅਰ ਐਥਲੈਟਿਕਸ ਚੈਂਪੀਅਨਸ਼ਿਪ (ਸਟੇਟ) ਵਿੱਚ ਸਿਲਵਰ ਮੈਡਲ ਪ੍ਰਾਪਤ ਕਰਕੇ ਨੈਸ਼ਨਲ ਲਈ ਕੁਆਲੀਫ਼ਾਈ ਕੀਤਾ। ਇਹ ਖੇਡਾਂ ਸੰਗਰੂਰ ਵਿਖੇ ਹੋਈਆਂ ਸਨ। ਡਾ. ਮਮਤਾ ਅਰੋੜਾ ਨੇ ਦੱਸਿਆ ਕਿ ਖਿਡਾਰੀ ਦੇ ਕਾਲਜ ਪਹੁੰਚਣ 'ਤੇ ਕਾਲਜ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਸਕੱਤਰ ਜਗਵਿੰਦਰ ਸਿੰਘ ਪੰਮੀ ਅਤੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਖਿਡਾਰੀ ਗੁਰਦੀਪ ਸਿੰਘ ਨੂੰ ਸਨਮਾਨਿਤ ਕੀਤਾ ਅਤੇ ਨੈਸ਼ਨਲ ਖੇਡਾਂ ਲਈ ਸ਼ੁਭ-ਇੱਛਾਵਾਂ ਦਿੱਤੀਆਂ।

ਇਸ ਮੌਕੇ ਪ੍ਰੋ. ਪ੍ਰਿਤਪਾਲ ਸਿੰਘ , ਪ੍ਰੋ. ਅਮਰਜੀਤ ਸਿੰਘ , ਪ੍ਰੋ. ਸੁਨੀਤਾ ਰਾਣੀ ਅਤੇ ਪ੍ਰੋ. ਗੁਰਲਾਲ ਸਿੰਘ ਆਦਿ ਹਾਜਰ ਸਨ ।



# ਲੋੜਵੰਦ ਪਰਵਾਰਾਂ ਨੂੰ ਫ੍ਰੀ ਰਾਸ਼ਨ ਵੰਡਿਆ



**ਆਦਮਪੁਰ (ਪਰਮਜੀਤ ਸਿੰਘ )**:- ਥਾਣਾ ਸਾਂਝ ਕੇਂਦਰ ਆਦਮਪੁਰ ਵੱਲੋਂ ਡੀ ਐਸ ਪੀ ਵਿਜੇ ਕੰਵਰ ਪਾਲ ਪੀ ਪੀ ਐਸ ਸਬ ਡਵੀਜ਼ਨ ਆਦਮਪੁਰ ਅਤੇ ਮੁੱਖ ਅਫਸਰ ਥਾਣਾ ਆਦਮਪੁਰ ਮਨਜੀਤ ਸਿੰਘ ਦੀ ਸੁਪਰਵਿਜ਼ਨ ਹੇਠ ਜ਼ਿਲ੍ਹਾ ਸਾਂਝ ਇੰਚਾਰਜ ਇੰਸਪੈਕਟਰ ਪੂਰਨ ਸਿੰਘ ਦੀ ਦੇਖ ਰੇਖ ਵਿੱਚ ਏ ਐੱਸ ਆਈ ਨਰਿੰਦਰ ਸਿੰਘ ਨੇ ਆਦਮਪੁਰ ਵਿਚ ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਮੁਹੱਈਆ ਕਰਵਾਇਆ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ ਗਿਆ। ਇਹਨਾਂ ਪਰਵਾਰਾਂ ਨੂੰ 112,181,1091 ਹੈਲਪਲਾਈਨ ਅਤੇ ਸ਼ਕਤੀ ਐਪ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਬਲਮੀਤ ਸਿੰਘ, ਗੁਰਵਿੰਦਰ ਸਿੰਘ, ਪ੍ਰੇਮ ਕਪੂਰ ਆਦਿ ਹਾਜਰ ਸਨ।

# ਸ਼ੋਭਾ ਯਾਤਰਾ ਮੌਕੇ ਸਰਕਾਰੀ ਛੁੱਟੀ ਦਾ ਐਲਾਨ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਬੰਧੀ 27 ਅਕਤੂਬਰ ਨੂੰ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵਲੋਂ ਜਲੰਧਰ ਨਗਰ ਨਿਗਮ ਦੀ ਹੱਦ ਅੰਦਰ ਸਰਕਾਰੀ ਸਕੂਲਾਂ, ਕਾਲਜਾਂ ਤੇ ਪ੍ਰਾਈਵੇਟ ਵਿਦਿਅਕ ਅਦਾਰਿਆਂ ਵਿਚ ਪੂਰੇ ਦਿਨ ਦੀ ਛੁੱਟੀ ਦਾ ਹੁਕਮ ਦਿੱਤਾ ਹੈ। ਜਾਰੀ ਹੁਕਮਾਂ ਅਨੁਸਾਰ 27 ਅਕਤੂਬਰ ਨੂੰ ਜਲੰਧਰ ਸ਼ਹਿਰ ਵਿਚ ਸ਼ੋਭਾ ਯਾਤਰਾ ਸਜਾਈ ਜਾਣੀ ਹੈ, ਜਿਸ ਲਈ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਕਾਰਪੋਰੇਸ਼ਨ ਦੀ ਹੱਦ ਅੰਦਰ ਸਮੂਹ ਵਿਦਿਅਕ ਅਦਾਰਿਆਂ ਅੰਦਰ ਛੁੱਟੀ ਦੇ ਨਿਰਦੇਸ਼ ਦਿੱਤੇ ਗਏ ਹਨ।

# ਬਾਬਾ ਸੈਣਿ ਭਗਤ ਦੇ ਸਾਲਾਨਾ ਜੋੜ ਮੇਲੇ 'ਤੇ ਛੁੱਟੀ ਐਲਾਨੀ ਜਾਵੇ : ਰਾਜੇਸ਼ ਰੋਕਸੀ



**ਫਿਲੌਰ ( ਨਿਰਮਲ )** ਪ੍ਰਸਿੱਧ ਇਤਿਹਾਸਕ ਦੇਹਰਾ ਬਾਬਾ ਸੈਣਿ ਭਗਤ ਜੀ ਪ੍ਰਤਾਬਪੁਰਾ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਵਿਖੇ ਬਾਬਾ ਸੈਣਿ ਭਗਤ ਜੀ ਦਾ ਸਾਲਾਨਾ ਜੋੜ ਮੇਲਾ ਹਰ ਸਾਲ ਮਨਾਇਆ ਜਾਂਦਾ ਹੈ। ਪੰਜਾਬ ਸਰਕਾਰ ਤੋਂ ਕੌਂਸਲਰ ਰਾਜੇਸ਼ ਰੋਕਸੀ, ਅਜੇ ਸਿੰਘ ਨਾਗੀ, ਜਸਵਿੰਦਰ ਸਿੰਘ, ਮਨਜੀਤ ਸਿੰਘ ਤੇ ਸਮੂਹ ਸੈਣਿ ਸਮਾਜ ਤੇ ਧਾਰਮਿਕ ਜਥੇਬੰਦੀਆਂ ਨੇ ਮੰਗ ਕੀਤੀ ਕਿ ਉਸ ਦਿਨ ਪੱਕੇ ਤੌਰ 'ਤੇ ਸਰਕਾਰੀ ਛੁੱਟੀ ਐਲਾਨੀ ਜਾਵੇ ਤੇ ਮੇਲਾ ਕੌਮੀ ਪੱਧਰ 'ਤੇ ਮਨਾਇਆ ਜਾਵੇ। ਪੰਜਾਬ ਸਰਕਾਰ ਤੇ ਪ੍ਰਸ਼ਾਸਨ ਕੋਲ ਮੰਗ ਕਰਦਿਆਂ ਕਿਹਾ ਕਿ ਉਸ ਦਿਨ ਫਿਲੌਰ ,ਲੁਧਿਆਣਾ, ਜਲੰਧਰ, ਫਗਵਾੜਾ, ਨੂਰਮਹਿਲ , ਨਕੋਦਰ ਤੇ ਹੋਰ ਜ਼ਿਲ੍ਹਿਆਂ ਤੋਂ ਸਰਕਾਰੀ ਬੱਸਾਂ ਪ੍ਰਤਾਬਪੁਰਾ ਤੱਕ ਚਲਾਈਆਂ ਜਾਣ ਤਾਂ ਜੋ ਸ਼ਰਧਾਲੂ ਲਾਹਾ ਲੈ ਸਕਣ।

# ਸੀਨੀਅਰ ਸਟੇਟ ਤੇ ਅੰਤਰ ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ ਲਈ ਟ੍ਰਾਇਲ 28 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਖੇਡ ਅਫਸਰ-ਕਮ -ਜਨਰਲ ਸਕੱਤਰ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਹੁਸ਼ਿਆਰਪੁਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਬੈਡਮਿੰਟਨ ਐਸੋਸੀਏਸਨ ਵੱਲੋਂ ਸੀਨੀਅਰ ਸਟੇਟ ਅਤੇ ਅੰਤਰ ਜ਼ਿਲ੍ਹਾ ਚੈਂਪੀਅਨਸ਼ਿਪ (ਲੜਕੇ/ਲੜਕੀਆਂ) 7 ਨਵੰਬਰ ਤੋਂ 10 ਨਵੰਬਰ ਤੱਕ ਸਾਧੂ ਸਿੰਘ ਸ਼ੇਰਗਿੱਲ ਅਕੈਡਮੀ ਮੁਕੰਦਪੁਰ (ਜ਼ਿਲ੍ਹਾ ਐੱਸ.ਬੀ.ਐੱਸ. ਨਗਰ) ਵਿਖੇ ਕਰਵਾਈ ਜਾਣੀ ਹੈ। ਜ਼ਿਲ੍ਹੇ ਦੇ ਖਿਡਾਰੀਆਂ ਦੀਆਂ ਐਂਟਰੀਆਂ ਭੇਜਣ ਲਈ 28 ਅਕਤੂਬਰ ਨੂੰ ਚੋਣ ਟ੍ਰਾਇਲ (ਲੜਕੇ/ਲੜਕੀਆਂ) ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ ਜੋ ਇਨਡੋਰ ਸਟੇਡੀਅਮ (ਬੈਡਮਿੰਟਨ ਹਾਲ), ਹੁਸ਼ਿਆਰਪੁਰ ਵਿਖੇ ਹੋਵੇਗਾ। ਖਿਡਾਰੀ ਉਕਤ ਮਿਤੀ ਨੂੰ ਸਵੇਰੇ 8 ਵਜੇ ਸਬੰਧਤ ਟ੍ਰਾਇਲ ਸਥਾਨ 'ਤੇ ਰਿਪੋਰਟ ਕਰਨ। ਸਾਰੇ ਖਿਡਾਰੀ ਸਬੂਤ ਵਜੋਂ ਆਪਣਾ ਅਸਲ ਆਧਾਰ ਕਾਰਡ ਅਤੇ ਇਕ ਕਾਪੀ ਲਿਆਉਣਾ ਯਕੀਨੀ ਬਣਾਉਣ। ਇਨ੍ਹਾਂ ਟ੍ਰਾਇਲਾਂ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਲਈ ਪੰਜਾਬ ਬੈਡਮਿੰਟਨ ਐਸੋਸੀਏਸਨ ਦੀ ਆਈ.ਡੀ ਜਾਂ ਬੈਡਮਿੰਟਨ ਐਸੋਸੀਏਸਨ ਆਫ ਇੰਡੀਆ ਆਈ.ਡੀ ਹੋਣੀ ਲਾਜਮੀ ਹੋਵੇਗੀ। ਇਨ੍ਹਾਂ ਟ੍ਰਾਇਲਾਂ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਕੋਈ ਟੀ.ਏ/ਡੀ.ਏ ਨਹੀਂ ਦਿੱਤਾ ਜਾਵੇਗਾ।

# ਪ੍ਰੋਫੈਸਰ ਬਲਵਿੰਦਰ ਕੌਰ ਖੁਦਕੁਸ਼ੀ ਮਾਮਲੇ 'ਚ ਅਸਲ ਦੋਸ਼ੀਆਂ ਨੂੰ ਮਿਲੇ ਸਖਤ ਸਜ਼ਾ : ਕੁਲਵਿੰਦਰ ਕੌਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-1158 ਪ੍ਰੋਫੈਸਰ ਅਤੇ ਲਾਈਬ੍ਰੇਰੀਅਨ ਮਾਮਲੇ ਵਿੱਚ ਖੁਦਕੁਸ਼ੀ ਕਰ ਚੁੱਕੀ ਪ੍ਰੋਫੈਸਰ ਬਲਿੰਦਰ ਕੌਰ ਦੇ ਮਾਮਲੇ ਵਿੱਚ ਅਸਲ ਦੋਸ਼ੀਆਂ ਨੂੰ ਸਖਤ ਸਜਾ ਮਿਲਣੀ ਚਾਹੀਦੀ ਹੈ। ਇਹ ਗੱਲ ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਕੌਰ ਨੇ ਕਹੀ। ਉਹਨਾਂ ਕਿਹਾ ਇਹ ਬਹੁਤ ਹੀ ਦੁਖਦਾਈ ਖਬਰ ਹੈ ਕਿ ਪੀਐਚਡੀ ਕਰਨ ਉਪਰੰਤ ਨੌਕਰੀਆਂ ਨਾ ਮਿਲਣ ਤੇ ਮਜਬੂਰੀ ਵਸ ਪਿਛਲੇ ਦੋ ਮਹੀਨੇ ਤੋਂ ਧਰਨੇ ਤੇ ਬੈਠੇ ਪ੍ਰੋਫੈਸਰ ਅਤੇ ਲਾਈਬ੍ਰੇਰੀਅਨ 'ਚੋਂ ਭੈਣ ਬਲਵਿੰਦਰ ਕੌਰ ਵੱਲੋਂ ਖੁਦਕੁਸ਼ੀ ਕਰਕੇ ਆਪਣੇ ਜੀਵਨ ਲੀਲਾ ਸਮਾਪਤ ਕਰ ਲਈ ਗਈ। ਉਹਨਾਂ ਕਿਹਾ ਜਿੱਥੇ ਇਹ ਸਰਕਾਰ ਪੰਜਾਬ ਸਰਕਾਰ ਦੇ ਮੱਥੇ 'ਤੇ ਕਲੰਕ ਹੈ ਉੱਥੇ ਸਾਡੇ ਸਮਾਜ ਨੂੰ ਵੀ ਇਹ ਸੋਚਣ ਦੀ ਲੋੜ ਹੈ ਕਿ ਪੰਜਾਬ ਦੀਆਂ ਧੀਆਂ ਪੜ੍ਹਨ ਲਿਖਣ ਉਪਰੰਤ ਇਸ ਤਰ੍ਹਾਂ ਖੁਦਕੁਸ਼ੀ ਕਰਨ ਲਈ ਮਜਬੂਰ ਕਿਉਂ ਹੋ ਰਹੀਆਂ ਹਨ। ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਖੁਦਕੁਸ਼ੀ ਨੋਟ ਦੇ ਆਧਾਰ 'ਤੇ ਪੁਲਸ ਵੱਲੋਂ ਕਾਰਵਾਈ ਕਰਨੀ ਬਣਦੀ ਹੈ।

# ਸਮਾਜ ਸੁਧਾਰ ਮੰਚ ਵੱਲੋਂ ਖ਼ੂਨਦਾਨ ਕੈਂਪ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)** ਸਮਾਜ ਸੁਧਾਰ ਮੰਚ ਪੰਜਾਬ ਜ਼ਿਲ੍ਹਾ ਰੂਪਨਗਰ ਵਲੋ ਨਹਿਰੂ ਯੁਵਾ ਕੇਂਦਰ ਦੇ ਸਹਿਯੋਗ ਨਾਲ ਬਾਬਾ ਅਜੀਤ ਸਿੰਘ ਜੀ ਬਾਬਾ ਜੁਝਾਰ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਦੁਸਹਿਰੇ ਦੇ ਤਿਉਹਾਰ 'ਤੇ ਸਾਲਾਨਾ ਖ਼ੂਨਦਾਨ ਕੈਂਪ ਗੁਰਦੁਵਾਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਲਗਾਇਆ । ਮੰਚ ਦੇ ਮੈਂਬਰ ਕੁਲਦੀਪ ਸਿੰਘ ਓਇੰਦ ਅਤੇ ਦੀਦਾਰ ਸਿੰਘ ਡਹਿਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸਮਾਜ ਸੇਵੀ ਕਲੱਬਾਂ ਦੇ ਸਹਿਯੋਗ ਨਾਲ 23ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਡਾਕਟਰ ਸਰਿੰਦਰ ਸਿੰਘ ਦੀ ਅਲਫਾ ਬਲੱਡ ਬੈਂਕ ਰੂਪਨਗਰ ਦੀ ਟੀਮ ਵਲੋ 52 ਯੂਨਿਟ ਖ਼ੂਨ ਇਕੱਤਰ ਕੀਤਾ । ਉਨ੍ਹਾਂ ਦੱਸਿਆ ਕਿ ਕੈਂਪ ਦਾ ਉਦਘਾਟਨ ਸੁਖਵਿੰਦਰ ਸਿੰਘ ਮੁੰਡੀਆ ਉੱਪ ਚੇਅਰਮੈਨ ਸ਼ੂਗਰ ਮਿੱਲ ਮੋਰਿੰਡਾ ਕਰਨ ਉਪਰੰਤ ਆਪ ਖ਼ੁਦ ਵੀ ਖ਼ੂਨਦਾਨ ਕੀਤਾ । ਕੈਂਪ ਦੌਰਾਨ ਮੁੱਖ ਮਹਿਮਾਨ ਵੱਜੋ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਪਹੁੰਚੇ , ਜਿਨ੍ਹਾਂ ਕੈਂਪ੍ਰ ਦੌਰਾਨ ਖ਼ੂਨਦਾਨੀਆ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦਿਆਂ ਮੰਚ ਵੱਲੋ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰੱਖਣ ਲਈ ਅਜਿਹੇ ਸਮਾਜ ਸੇਵੀ ਉਪਰਾਲੇ ਕਰਨੇ ਚਾਹੀਦੇ ਹਨ । ਇਸ ਮੌਕੇ ਡੀਐਸਪੀ ਮਨਜੀਤ ਸਿੰਘ ਔਲਖ , ਜਥੇ ਹਰਬੰਸ ਸਿੰਘ ਕੰਧੋਲਾ, ਅਕਾਲੀ ਆਗੂ ਅਮਨਦੀਪ ਸਿੰਘ ਮਾਂਗਟ, ਕਿਸਾਨ ਆਗੂ ਬਾਈ ਪਰਮਿੰਦਰ ਸਿੰਘ ਸੇਖੋਂ , ਵਰਲਡ ਸਿੱਖ ਮਿਸ਼ਨ ਦੇ ਪ੍ਰਧਾਨ ਜਥੇ ਨਰਿੰਦਰ ਸਿੰਘ ਹਰਨੌਲੀ, ਸਕੱਤਰ ਜਨਰਲ ਤੀਰਥ ਸਿੰਘ ਭਟੋਆ, ਵਿੱਤ ਸਕੱਤਰ ਕੁਲਵੰਤ ਸਿੰਘ, ਨਵਜੋਤ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜਰ ਸਨ ।

# ਚਰਨਜੀਤ ਅਰੋੜਾ ਨੂੰ ਭਰਪੂਰ ਸ਼ਰਧਾਂਜਲੀਆਂ





*ਸ਼ਰਧਾਂਜਲੀ ਸਮਾਗਮ ਦੌਰਾਨ ਧੰਨਵਾਦ ਕਰਦੇ ਹੋਏ ਜਤਿੰਦਰ ਪਾਲ ਸਿੰਘ ਬੱਲ੍ਹਾ ਅਤੇ ਹਾਜ਼ਰ ਪਤਵੰਤੇ।*

**ਸ਼ਾਹਕੋਟ (ਗਿਆਨ ਸੈਦਪੁਰੀ)** ਉੱਘੇ ਸਮਾਜ ਸੇਵਕ ਮਦਨ ਲਾਲ ਅਰੋੜਾ ਦੇ ਵੱਡੇ ਭਰਾਤਾ ਨੂੰ ਭਰਪੂਰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਉਹ 13 ਅਕਤੂਬਰ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸਥਾਨਕ ਡੇਰਾ ਮੁਰਲੀ ਦਾਸ, ਸ਼ਿਵ ਮੰਦਿਰ ਵਿੱਚ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਨੰਗਲੀ ਵਾਲੇ ਬਾਈ ਜੀ ਨੇ ਧਾਰਮਿਕ ਪ੍ਰਵਚਨ ਕੀਤੇ। ਇਸ ਮੌਕੇ ਸਰਧਾ ਦੇ ਫੁੱਲ ਭੇਂਟ ਕਰਨ ਲਈ ਵੱਖ ਵੱਖ ਸਿਆਸੀ, ਸਮਾਜੀ ਅਤੇ ਧਾਰਮਿਕ ਸੰਸਥਾਵਾਂ ਦੇ ਆਗੂ ਪਹੁੰਚੇ। ਇਨ੍ਹਾਂ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ, ਭਾਜਪਾ ਆਗੂ ਡਾ. ਜਗਤਾਰ ਸਿੰਘ ਚੰਦੀ, ਸਹਿਕਾਰੀ ਬੈਂਕ ਜਲੰਧਰ ਦੇ ਸਾਬਕਾ ਐਮ. ਡੀ. ਜਥੇਦਾਰ ਕੇਵਲ ਸਿੰਘ ਰੂਪੈਵਾਲੀ, ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਜਥੇਦਾਰ ਚਰਨ ਸਿੰਘ ਸਿੰਧੜ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਪਵਨ ਕੁਮਾਰ ਪੁਰੀ ਸ਼ਾਮਲ ਸਨ। ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਮੈਂਬਰ ਅਤੇ ਸਮਾਜ ਸੇਵੀ ਜਤਿੰਦਰ ਪਾਲ ਸਿੰਘ ਜੱਸਲ (ਬੱਲ੍ਹਾ) ਨੇ ਭਾਵਪੂਰਤ ਸ਼ਬਦਾਂ ਰਾਹੀਂ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਸਭ ਦਾ ਧੰਨਵਾਦ ਕੀਤਾ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਤਨ ਸਿੰਘ ਕਾਕੜ ਕਲਾਂ ਅਤੇ ਹਲਕਾ ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਸਵੇਰ ਵੇਲੇ ਮਦਨ ਲਾਲ ਅਰੋੜਾ ਦੇ ਘਰ ਜਾ ਕੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ। ਬਹੁਤ ਸਾਰੀਆਂ ਸੰਸਥਾਵਾਂ ਵੱਲੋ ਸ਼ੋਕ ਸੰਦੇਸ਼ ਆਏ। ਇਸ ਮੌਕੇ ਵੱਖ ਵੱਖ ਸੰਸਥਾਵਾਂ ਨੂੰ ਪ੍ਰਵਾਰ ਵੱਲੋਂ ਨਕਦ ਰਾਸ਼ੀ ਭੇਂਟ ਕੀਤੀ ਗਈ। ਇਸ ਮੌਕੇ ਹੋਰਨਾਂ ਤੋ ਇਲਾਵਾ ਆਜਾਦ ਸਪੋਰਟਸ ਕਲੱਬ ਦੇ ਪ੍ਰਧਾਨ ਬੂਟਾ ਸਿੰਘ ਕਲਸੀ, ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਹਰਦੇਵ ਸਿੰਘ ਪੀਟਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਯਸ਼ਪਾਲ ਗੁਪਤਾ ਸਾਬਕਾ ਵਾਇਸ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ, ਕਪਿਲ ਕੁਮਾਰ ਗੁਪਤਾ ਸਾਬਕਾ ਵਾਈਸ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ, ਸੁਖਦੀਪ ਸਿੰਘ ਕੰਗ ਪੀ.ਏ, ਪਵਨ ਅਗਰਵਾਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਖੁਸ਼ਦੀਪ ਸਿੰਘ ਧੰਜੂ, ਵੀਰ ਕੁਲਵੰਤ ਸਿੰਘ ਕੰਤਾ ਸੂਬਾ ਪ੍ਰਧਾਨ ਬੀ.ਆਰ ਅੰਬੇਡਕਰ ਆਰਮੀ, ਬੰਟੀ ਬੱਠਲਾ, ਦਵਿੰਦਰ ਰਿਹਾਨ, ਕੁਲਸਨ ਸਿੰਘ ਨਵਾਂ ਪਿੰਡ ਅਕਾਲੀਆ, ਜਗਮੋਹਨ ਡਾਬਰ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਰਮੇਸ਼ ਹੰਸ, ਪਵਨ ਜੁਨੇਜਾ, ਰਾਜ ਕੁਮਾਰ ਬਾਂਸਲ, ਕਪਿਲ ਚੋਪੜਾ, ਸੈਟੀ ਚਾਵਲਾ ਪ੍ਰਧਾਨ ਸੁਧਾਰ ਕਲੱਬ ਆਦਿ ਹਾਜਰ ਸਨ।